@Qpatrika
@qaumipatrika punjabi
instagram.com/qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Friday, 7 August 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸ਼ੁੱਕਰਵਾਰ 7 ਅਗਸਤ 2026, 23 ਸਾਵਣ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 274, qpatrika@gmail.com ਫੋਨ : 9971359517 www.qaumipatrika.org

## ਧਾਰਾ 370 ਨੂੰ ਰੱਦ ਕਰਨ ਤੋਂ ਬਾਅਦ ਜੰਮੂ-ਕਸ਼ਮੀਰ ਤੇ ਲੱਦਾਖ 'ਚ ਹੋਏ ਵੱਡੇ ਬਦਲਾਅ : ਪ੍ਰਧਾਨ ਮੰਤਰੀ ਮੋਦੀ

ਕੌਮੀ ਪਤ੍ਰਿਕਾ
ਸਿੰਮੀ ਕੌਰ ਬੱਬਰ

ਨਵੀਂ ਦਿੱਲੀ 6 ਅਗਸਤ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ 2019 ਵਿੱਚ ਧਾਰਾ 370 ਨੂੰ ਰੱਦ ਕਰਨ ਤੋਂ ਬਾਅਦ ਜੰਮੂ-ਕਸ਼ਮੀਰ ਅਤੇ ਲੱਦਾਖ ਦੇ ਲੋਕਾਂ ਦੇ ਜੀਵਨ ਵਿੱਚ ਮਹੱਤਵਪੂਰਨ ਬਦਲਾਅ ਆਏ ਹਨ। ਉਥੇ ਬੁਨਿਆਦੀ ਢਾਂਚੇ ਦਾ ਵਿਸਥਾਰ ਹੋਇਆ ਹੈ ਅਤੇ ਸਿੱਖਿਆ, ਸਿਹਤ ਸੰਭਾਲ, ਉੱਦਮਤਾ ਅਤੇ ਖੇਡਾਂ ਦੇ ਖੇਤਰਾਂ ਵਿੱਚ ਮੌਕੇ ਵਧੇ ਹਨ। ਧਾਰਾ 370 ਨੂੰ ਰੱਦ ਕੀਤੇ ਜਾਣ ਦੇ ਸੱਤ ਸਾਲ ਪੂਰੇ ਹੋਣ 'ਤੇ ਮੋਦੀ ਨੇ ਕਿਹਾ ਕਿ ਕੇਂਦਰ ਸਰਕਾਰ ਜੰਮੂ-ਕਸ਼ਮੀਰ ਅਤੇ ਲੱਦਾਖ ਦੇ ਵਿਕਾਸ ਲਈ ਵਚਨਬੱਧ ਹੈ। ਇਹ ਯਕੀਨੀ ਬਣਾਉਣ ਲਈ ਵੀ ਵਚਨਬੱਧ ਹੈ ਕਿ ਹਰੇਕ ਨਾਗਰਿਕ ਨੂੰ ਵੱਡੇ ਸੁਪਨੇ ਦੇਖਣ, ਉਨ੍ਹਾਂ ਨੂੰ ਪ੍ਰਾਪਤ ਕਰਨ ਅਤੇ ਵਿਕਸਤ ਭਾਰਤ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਦਾ ਮੌਕਾ ਮਿਲੇ। ਮੋਦੀ ਨੇ ਕਿਹਾ ਕਿ ਇਨ੍ਹਾਂ ਦੋਵਾਂ



ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਬੁਨਿਆਦੀ ਢਾਂਚੇ ਦਾ ਵਿਸਥਾਰ ਹੋਇਆ ਹੈ ਅਤੇ ਸਿੱਖਿਆ, ਸਿਹਤ ਸੰਭਾਲ, ਉੱਦਮਤਾ ਅਤੇ ਖੇਡਾਂ ਵਰਗੇ ਖੇਤਰਾਂ ਵਿੱਚ ਮੌਕੇ ਵਧੇ ਹਨ। ਭਾਵੇਂ ਉਹ ਔਰਤਾਂ ਹੋਣ ਜਾਂ ਹਾਸ਼ੀਏ 'ਤੇ ਰਹਿਣ ਵਾਲਾ ਭਾਈਚਾਰਾ, ਜਿਨ੍ਹਾਂ ਨੂੰ ਦਹਾਕਿਆਂ ਤੋਂ ਆਪਣੇ ਬੁਨਿਆਦੀ ਸੰਵਿਧਾਨਕ ਅਧਿਕਾਰਾਂ ਤੋਂ ਵਾਂਝਾ ਰੱਖਿਆ ਗਿਆ ਸੀ, ਉਨ੍ਹਾਂ ਨੂੰ ਭਾਰਤ ਦੇ ਸੰਵਿਧਾਨ ਦੇ ਪੂਰੀ ਤਰ੍ਹਾਂ ਲਾਗੂ ਕਰਨ ਨਾਲ ਸਸ਼ਕਤ ਬਣਾਇਆ ਗਿਆ ਹੈ। ਪ੍ਰਧਾਨ ਮੰਤਰੀ ਨੇ ✓ 'ਤੇ ਪੋਸਟ ਕੀਤਾ, ਸੱਤ ਸਾਲ ਪਹਿਲਾਂ, ਅੱਜ ਦੇ ਦਿਨ ਧਾਰਾ 370 ਅਤੇ 35(1) ਇਤਿਹਾਸ ਬਣ ਗਏ, ਜਿਸ ਨਾਲ ਜੰਮੂ-ਕਸ਼ਮੀਰ ਅਤੇ ਲੱਦਾਖ ਦੀ ਯਾਤਰਾ ਵਿੱਚ ਇੱਕ ਨਿਰਣਾਇਕ ਨਵੇਂ ਅਧਿਆਇ ਦੀ ਸ਼ੁਰੂਆਤ ਹੋਈ...। ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ 6 ਅਗਸਤ, 2019 ਨੂੰ ਧਾਰਾ 370 ਨੂੰ ਰੱਦ ਕਰ ਦਿੱਤਾ ਅਤੇ ਪੁਰਾਣੇ ਰਾਜ ਨੂੰ ਦੋ ਕੇਂਦਰ ਸ਼ਾਸਤ ਪ੍ਰਦੇਸ਼ਾਂ – ਜੰਮੂ ਅਤੇ ਕਸ਼ਮੀਰ ਅਤੇ ਲੱਦਾਖ ਵਿੱਚ ਵੰਡ ਦਿੱਤਾ। ਧਾਰਾ 370 ਦੇ ਤਹਿਤ ਜੰਮੂ-ਕਸ਼ਮੀਰ ਨੂੰ ਪਹਿਲਾਂ ਵਿਸ਼ੇਸ਼ ਦਰਜਾ ਪ੍ਰਾਪਤ ਸੀ। ਪ੍ਰਧਾਨ ਮੰਤਰੀ ਨੇ ਕਿਹਾ, ਅਸੀਂ ਜੰਮੂ-ਕਸ਼ਮੀਰ ਅਤੇ ਲੱਦਾਖ ਦੀ ਤਰੱਕੀ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹਾਂ ਅਤੇ ਇਹ ਯਕੀਨੀ ਬਣਾਉਣ ਲਈ ਆਪਣਾ ਇਰਾਦਾ ਪ੍ਰਗਟ ਕਰਦੇ ਹਾਂ ਕਿ ਹਰੇਕ ਨਾਗਰਿਕ ਨੂੰ ਵੱਡੇ ਸੁਪਨੇ ਦੇਖਣ, ਉਨ੍ਹਾਂ ਨੂੰ ਪ੍ਰਾਪਤ ਕਰਨ ਅਤੇ 'ਵਿਕਸਤ ਭਾਰਤ' ਬਣਾਉਣ ਵਿੱਚ ਯੋਗਦਾਨ ਪਾਉਣ ਦਾ ਮੌਕਾ ਮਿਲੇ। ਉਨ੍ਹਾਂ ਕਿਹਾ, ਇਸ ਸਾਲ 6 ਅਗਸਤ ਹੋਰ ਵੀ ਮਹੱਤਵਪੂਰਨ ਹੈ, ਕਿਉਂਕਿ ਦੇਸ਼ ਸ਼ਿਆਮਾ ਪ੍ਰਸਾਦ ਮੁਖਰਜੀ ਦੀ 125ਵੀਂ ਜਨਮ ਵਰ੍ਹੇਗੰਢ ਮਨਾ ਰਿਹਾ ਹੈ। ਉਨ੍ਹਾਂ ਕਿਹਾ, ਦੇਸ਼ ਦੀ ਏਕਤਾ ਲਈ ਉਨ੍ਹਾਂ ਦਾ ਜੀਵਨ ਭਰ ਦਾ ਸਮਰਪਣ ਪੀੜ੍ਹੀਆਂ ਨੂੰ ਪ੍ਰੇਰਿਤ ਕਰਦਾ ਰਹੇਗਾ। ਦਹਾਕਿਆਂ ਪਹਿਲਾਂ ਉਨ੍ਹਾਂ ਦੁਆਰਾ ਦੇਖਿਆ ਗਿਆ ਸੁਪਨਾ 6 ਅਗਸਤ, 2019 ਨੂੰ ਇੱਕ ਇਤਿਹਾਸਕ ਹਕੀਕਤ ਬਣ ਗਿਆ। ਮੁਖਰਜੀ ਭਾਰਤੀ ਜਨ ਸੰਘ ਦੇ ਸੰਸਥਾਪਕ ਸਨ। ਜਨ ਸੰਘ ਬਾਅਦ ਵਿੱਚ ਭਾਰਤੀ ਜਨਤਾ ਪਾਰਟੀ ਬਣ ਗਿਆ।

## ਅਵਾਰਾ ਕੁੱਤਿਆਂ ਦੀ ਹੋਵੇਗੀ ਨਸਬੰਦੀ, ਦਿੱਲੀ ਹਾਈ ਕੋਰਟ ਦਾ ਵੱਡਾ ਫੈਸਲਾ

ਕੌਮੀ ਪਤ੍ਰਿਕਾ

ਨਵੀਂ ਦਿੱਲੀ 6 ਅਗਸਤ। ਦਿੱਲੀ ਹਾਈ ਕੋਰਟ ਨੇ ਰਾਜਧਾਨੀ ਵਿੱਚ ਅਵਾਰਾ ਕੁੱਤਿਆਂ ਦੀ ਸਮੱਸਿਆ ਦੇ ਹੱਲ ਲਈ ਇੱਕ ਵੱਡਾ ਕਦਮ ਚੁੱਕਦਿਆਂ ਨਗਰ ਨਿਗਮ ਦਿੱਲੀ ($34) ਅਤੇ ਨਵੀਂ ਦਿੱਲੀ ਨਗਰ ਪ੍ਰੀਸ਼ਦ (©4$3) ਨੂੰ ਹਰ ਵਾਰਡ ਵਿੱਚ ਵਿਸ਼ੇਸ਼ ਕੈਂਪ ਲਗਾਉਣ ਦੇ ਨਿਰਦੇਸ਼ ਦਿੱਤੇ ਹਨ। ਇਨ੍ਹਾਂ ਕੈਂਪਾਂ ਦਾ ਮੁੱਖ ਉਦੇਸ਼ ਅਵਾਰਾ ਕੁੱਤਿਆਂ ਦਾ ਟੀਕਾਕਰਨ ਅਤੇ ਨਸਬੰਦੀ ਕਰਨਾ ਹੋਵੇਗਾ। ਜਸਟਿਸ ਦਿਨੇਸ਼ ਮਹਿਤਾ ਅਤੇ ਜਸਟਿਸ ਰਜਨੀਸ਼ ਕੁਮਾਰ ਗੁਪਤਾ ਦੀ ਬੈਂਚ ਨੇ ਇਹ ਹੁਕਮ ਅਵਾਰਾ ਕੁੱਤਿਆਂ ਦੇ ਪ੍ਰਬੰਧਨ ਨਾਲ ਸਬੰਧਤ ਇੱਕ ਜਨਹਿਤ ਪਟੀਸ਼ਨ ਦੀ ਸੁਣਵਾਈ ਦੌਰਾਨ ਦਿੱਤਾ। ਅਦਾਲਤ ਨੇ ਕਿਹਾ ਕਿ ਇਸ ਨੂੰ ਫਿਲਹਾਲ ਇੱਕ ਪਾਇਲਟ ਪ੍ਰੋਜੈਕਟ ਵਜੋਂ ਲਾਗੂ ਕੀਤਾ ਜਾਵੇ। ਅਦਾਲਤ ਨੇ ਹਦਾਇਤ ਕੀਤੀ ਕਿ ਕੈਂਪ ਸ਼ੁਰੂ ਕਰਨ ਤੋਂ ਪਹਿਲਾਂ ਇਸ ਦਾ ਵਿਆਪਕ ਪ੍ਰਚਾਰ ਕੀਤਾ ਜਾਵੇ ਅਤੇ ਪ੍ਰਮੁੱਖ ਥਾਵਾਂ 'ਤੇ ਬੋਰਡ ਲਗਾਏ ਜਾਣ, ਜਿਨ੍ਹਾਂ 'ਤੇ ਸਪੱਸ਼ਟ ਲਿਖਿਆ ਹੋਵੇ ਕਿ ਕੁੱਤਿਆਂ ਨੂੰ ਸਿਰਫ਼ ਟੀਕਾਕਰਨ ਅਤੇ ਨਸਬੰਦੀ ਲਈ ਲਿਆਂਦਾ ਜਾ ਰਿਹਾ ਹੈ, ਨਾ ਕਿ ਉਨ੍ਹਾਂ ਨੂੰ ਕਿਸੇ ਡੌਗ ਪਾਉਂਡ ਵਿੱਚ ਭੇਜਣ ਲਈ। ਹਾਈ ਕੋਰਟ ਨੇ ਸੁਝਾਅ ਦਿੱਤਾ ਕਿ ਇਸ ਮੁਹਿੰਮ ਦੀ ਸ਼ੁਰੂਆਤ ਉਨ੍ਹਾਂ ਇਲਾਕਿਆਂ ਤੋਂ ਕੀਤੀ ਜਾਵੇ ਜਿੱਥੇ ਲੋਕਾਂ ਦੀ ਆਮਦ ਜ਼ਿਆਦਾ ਹੈ, ਜਿਵੇਂ ਕਿ ਕਨਾਟ ਪਲੇਸ ਅਤੇ ਇੰਡੀਆ ਗੇਟ। ਅਦਾਲਤ ਨੇ ਕਿਹਾ ਕਿ ਪਹਿਲਾਂ ਛੋਟੇ ਖੇਤਰਾਂ ਤੋਂ ਸ਼ੁਰੂਆਤ ਕਰਕੇ ਸਾਰੇ ਕੁੱਤਿਆਂ ਦੀ ਨਸਬੰਦੀ ਯਕੀਨੀ ਬਣਾਈ ਜਾਵੇ। ਸੁਣਵਾਈ ਦੌਰਾਨ ਜਸਟਿਸ ਦਿਨੇਸ਼ ਮਹਿਤਾ ਨੇ ਕੁੱਤਿਆਂ ਦੇ ਵੱਢਣ ਦੀਆਂ ਵਧਦੀਆਂ ਘਟਨਾਵਾਂ 'ਤੇ ਡੂੰਘੀ ਚਿੰਤਾ ਪ੍ਰਗਟਾਈ। ਉਨ੍ਹਾਂ ਆਪਣਾ ਨਿੱਜੀ ਤਜ਼ਰਬਾ ਸਾਂਝਾ ਕਰਦਿਆਂ ਦੱਸਿਆ ਕਿ ਉਨ੍ਹਾਂ ਦੀ ਮਾਤਾ ਨੂੰ ਵੀ ਤਿੰਨ ਵਾਰ ਕੁੱਤਿਆਂ ਨੇ ਵੱਢਿਆ ਹੈ। ਉਨ੍ਹਾਂ ਕਿਹਾ ਕਿ ਹਾਲਾਂਕਿ ਉਹ ਕੁੱਤਿਆਂ ਦੀ ਮੌਤ ਨਹੀਂ ਚਾਹੁੰਦੇ ਅਤੇ ਅਗਲੀ ਪੀੜ੍ਹੀ ਲਈ ਉਨ੍ਹਾਂ ਨੂੰ



ਬਚਾਉਣਾ ਵੀ ਜ਼ਰੂਰੀ ਹੈ, ਪਰ ਲੋਕਾਂ ਦੀ ਸੁਰੱਖਿਆ ਵੀ ਉਨੀ ਹੀ ਅਹਿਮ ਹੈ। ਅਵਾਰਾ ਕੁੱਤਿਆਂ ਦੇ ਨਾਲ-ਨਾਲ ਅਦਾਲਤ ਨੇ ਦਿੱਲੀ ਅਤੇ ਦੇਸ਼ ਦੇ ਹੋਰ ਹਿੱਸਿਆਂ ਵਿੱਚ ਘਟ ਰਹੇ ਪੰਛੀਆਂ ਦੀ ਗਿਣਤੀ ਵੱਲ ਵੀ ਇਸ਼ਾਰਾ ਕੀਤਾ। ਬੈਂਚ ਨੇ ਸਵਾਲ ਪੁੱਛਿਆ ਕਿ ਚਿੜੀਆਂ ਅਤੇ ਕਾਂ ਕਿੱਥੇ ਗਏ ਹਨ? ਅਦਾਲਤ ਅਨੁਸਾਰ ਪੂਰੀ ਦੁਨੀਆ ਕੁੱਤਿਆਂ ਦੇ ਪਿੱਛੇ ਪਈ ਹੈ ਪਰ ਪੰਛੀਆਂ ਦੀ ਘੱਟ ਰਹੀ ਆਬਾਦੀ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਮਾਮਲੇ ਦੀ ਅਗਲੀ ਸੁਣਵਾਈ ਹੁਣ 1 ਸਤੰਬਰ ਨੂੰ ਹੋਵੇਗੀ।

## ਮਮਤਾ ਬੈਨਰਜੀ ਨੂੰ ਵੱਡਾ ਝਟਕਾ, 4 ਮਹੀਨਿਆਂ 'ਚ ਹੀ ਨੇਤਾਜੀ ਦੇ ਪੜਪੋਤੇ ਨੇ ਛੱਡਿਆ ਸਾਥ

ਕੋਲਕਾਤਾ 6 ਅਗਸਤ। ਪੱਛਮੀ ਬੰਗਾਲ ਦੀ ਸਿਆਸਤ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ। ਨੇਤਾਜੀ ਸੁਭਾਸ਼ ਚੰਦਰ ਬੋਸ ਦੇ ਪਰਿਵਾਰ ਦੇ ਪ੍ਰਮੁੱਖ ਮੈਂਬਰ ਅਤੇ ਸਾਬਕਾ ਭਾਜਪਾ ਆਗੂ ਚੰਦਰ ਕੁਮਾਰ ਬੋਸ ਨੇ ਨਿੱਜੀ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਤ੍ਰਿਣਮੂਲ ਕਾਂਗਰਸ ਤੋਂ ਅਸਤੀਫ਼ਾ ਦੇ ਦਿੱਤਾ ਹੈ। ਮਹਿਜ਼ 4 ਮਹੀਨੇ ਪਹਿਲਾਂ ਮਮਤਾ ਬੈਨਰਜੀ ਦੀ ਪਾਰਟੀ ਵਿਚ ਸ਼ਾਮਲ ਹੋਣ ਵਾਲੇ ਬੋਸ ਦਾ ਇਹ ਫ਼ੈਸਲਾ ਮਮਤਾ ਬੈਨਰਜੀ ਅਤੇ ਉਨ੍ਹਾਂ ਦੀ ਪਾਰਟੀ ਲਈ ਇਕ ਵੱਡਾ ਝਟਕਾ ਮੰਨਿਆ ਜਾ ਰਿਹਾ ਹੈ। ਚੰਦਰ ਕੁਮਾਰ ਬੋਸ ਨੇ ਸੋਮਵਾਰ ਨੂੰ ਜਾਰੀ ਆਪਣੇ ਅਧਿਕਾਰਤ ਅਸਤੀਫ਼ੇ ਵਿਚ



ਸਾਫ਼ ਲਿਖਿਆ ਹੈ ਕਿ ਮੈਂ ਨਿੱਜੀ ਕਾਰਨਾਂ ਕਰ ਕੇ, ਤੁਰੰਤ ਪ੍ਰਭਾਵ ਤੋਂ ਆਲ ਇੰਡੀਆ ਤ੍ਰਿਣਮੂਲ ਕਾਂਗਰਸ ਦੀ ਪ੍ਰਾਇਮਰੀ ਮੈਂਬਰਸ਼ਿਪ ਤੋਂ ਆਪਣਾ ਅਸਤੀਫ਼ਾ ਦਿੰਦਾ ਹਾਂ। ਉਨ੍ਹਾਂ ਨੇ ਕਿਸੇ ਸਿਆਸੀ ਮਤਭੇਦ ਜਾਂ ਪਾਰਟੀ ਦੇ ਅੰਦਰੂਨੀ ਵਿਵਾਦ ਦਾ ਜ਼ਿਕਰ ਨਹੀਂ ਕੀਤਾ, ਸਗੋਂ ਪੂਰੀ ਤਰ੍ਹਾਂ 'ਨਿੱਜੀ ਕਾਰਨ' ਦੱਸਿਆ ਹੈ। ਹਾਲਾਂਕਿ ਤ੍ਰਿਣਮੂਲ ਵੱਲੋਂ ਅਜੇ ਤੱਕ ਉਨ੍ਹਾਂ ਦੇ ਅਸਤੀਫ਼ੇ 'ਤੇ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਗਿਆ ਹੈ।

## ਤਰੁਣ ਤੇਜਪਾਲ ਜਬਰ-ਜ਼ਨਾਹ ਮਾਮਲੇ 'ਚ ਦੋਸ਼ੀ ਕਰਾਰ, 10 ਸਾਲ ਦੀ ਸਜ਼ਾ

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਪਣਜੀ, 6 ਅਗਸਤ। ਬੰਬੇ ਹਾਈ ਕੋਰਟ ਨੇ ਅਖ਼ਬਾਰ 'ਤਹਿਲਕਾ' ਦੇ ਸਾਬਕਾ ਸੰਪਾਦਕ ਤਰੁਣ ਤੇਜਪਾਲ ਨੂੰ 2013 'ਚ ਆਪਣੀ ਇਕ ਸਾਥੀ ਮਹਿਲਾ ਮੁਲਾਜ਼ਮ ਨਾਲ ਜਬਰ-ਜ਼ਨਾਹ ਦਾ ਦੋਸ਼ੀ ਠਹਿਰਾਉਂਦੇ ਹੋਏ 10 ਸਾਲ ਦੀ ਸਖ਼ਤ ਕੈਦ ਦੀ ਸਜ਼ਾ ਸੁਣਾਈ ਹੈ। ਅਦਾਲਤ ਨੇ ਗੋਆ ਦੀ ਇਕ ਸੈਸ਼ਨ ਅਦਾਲਤ ਵੱਲੋਂ 5 ਸਾਲ ਪਹਿਲਾਂ ਉਸ ਨੂੰ ਬਰੀ ਕਰਨ ਦੇ ਫੈਸਲੇ ਨੂੰ ਵੀ ਰੱਦ ਕਰ ਦਿੱਤਾ। ਅਦਾਲਤ ਨੇ ਪਹਿਲਾਂ ਤਰੁਣ ਤੇਜਪਾਲ ਨੂੰ 2 ਹਫ਼ਤਿਆਂ 'ਚ ਆਤਮ-ਸਮਰਪਣ ਕਰਨ ਦਾ ਹੁਕਮ ਦਿੱਤਾ ਸੀ ਪਰ ਉਨ੍ਹਾਂ ਦੇ ਵਕੀਲਾਂ ਦੀ ਅਪੀਲ 'ਤੇ ਇਹ ਸਮਾਂ ਵਧਾ ਕੇ 4 ਹਫ਼ਤੇ ਕਰ ਦਿੱਤਾ ਗਿਆ। ਅਦਾਲਤ ਨੇ ਘੱਟੋ-ਘੱਟ ਸਜ਼ਾ ਸੁਣਾਉਂਦੇ ਹੋਏ ਕਿਹਾ ਕਿ ਇਹ ਘਟਨਾ 13 ਸਾਲ ਪਹਿਲਾਂ



ਹੋਈ ਸੀ ਅਤੇ ਉਦੋਂ ਤੋਂ ਤੇਜਪਾਲ ਨੇ ਕੋਈ ਹੋਰ ਅਪਰਾਧ ਨਹੀਂ ਕੀਤਾ ਹੈ। ਅਦਾਲਤ ਨੇ ਇਹ ਵੀ ਕਿਹਾ, "ਸੰਭਵ ਹੈ ਕਿ ਪੀੜਤਾ ਅਤੇ ਤੇਜਪਾਲ ਦੋਵੇਂ ਹੁਣ ਆਪਣੇ-ਆਪਣੇ ਜੀਵਨ 'ਚ ਅੱਗੇ ਵਧ ਚੁੱਕੇ ਹੋਣ।" ਹਾਈ ਕੋਰਟ ਨੇ ਤੇਜਪਾਲ 'ਤੇ 10,21,000 ਰੁਪਏ ਦਾ ਜੁਰਮਾਨਾ ਵੀ ਲਾਇਆ ਅਤੇ ਹੁਕਮ ਦਿੱਤਾ ਕਿ ਇਹ ਪੂਰੀ ਰਾਸ਼ੀ ਪੀੜਤਾ ਨੂੰ ਦਿੱਤੀ ਜਾਵੇਗੀ। ਸੁਣਵਾਈ ਦੌਰਾਨ ਤੇਜਪਾਲ ਨੇ ਖ਼ੁਦ ਨੂੰ 'ਰਾਜਨੀਤਕ ਤਸ਼ੱਦਦ ਦਾ ਸ਼ਿਕਾਰ' ਦੱਸਿਆ ਅਤੇ 2 ਧੀਆਂ ਦਾ ਪਿਤਾ ਹੋਣ ਦਾ ਹਵਾਲਾ ਦਿੰਦੇ ਹੋਏ ਅਦਾਲਤ ਤੋਂ ਨਰਮੀ ਵਰਤਣ ਦੀ ਅਪੀਲ ਕੀਤੀ ਸੀ। ਹਾਈ ਕੋਰਟ ਦੇ ਫੈਸਲੇ ਤੋਂ ਬਾਅਦ ਅਦਾਲਤ ਦੇ ਬਾਹਰ ਪੱਤਰਕਾਰਾਂ ਨਾਲ ਗੱਲਬਾਤ 'ਚ ਤੇਜਪਾਲ ਨੇ ਕਿਹਾ ਕਿ ਉਹ ਇਸ ਫੈਸਲੇ ਨੂੰ ਸੁਪਰੀਮ ਕੋਰਟ 'ਚ ਚੁਣੌਤੀ ਦੇਣਗੇ। ਇਹ ਮਾਮਲਾ ਨਵੰਬਰ 2013 'ਚ ਗੋਆ 'ਚ ਆਯੋਜਿਤ 'ਥਿੰਕਫੈਸਟ' ਪ੍ਰੋਗਰਾਮ ਦੌਰਾਨ ਇਕ ਹੋਟਲ ਦੀ ਲਿਫ਼ਟ 'ਚ ਤੇਜਪਾਲ ਦੀ ਇਕ ਸਾਬਕਾ ਜੂਨੀਅਰ ਸਾਥੀ ਮਹਿਲਾ ਮੁਲਾਜ਼ਮ ਦੇ ਕਥਿਤ ਸਰੀਰਕ ਸ਼ੋਸ਼ਣ ਅਤੇ ਜਬਰ-ਜ਼ਨਾਹ ਨਾਲ ਸਬੰਧਤ ਹੈ।

## ਸ਼ੇਖ ਹਸੀਨਾ ਦੇ ਬਿਆਨ 'ਤੇ ਭਾਰਤ ਦਾ ਵੱਡਾ ਸਟੈਂਡ ! ਬੰਗਲਾਦੇਸ਼ ਦੇ ਇਤਰਾਜ਼ 'ਤੇ ਵਿਦੇਸ਼ ਮੰਤਰਾਲੇ ਨੇ ਦਿੱਤਾ ਜਵਾਬ

ਨੈਸ਼ਨਲ ਡੈਸਕ 6 ਅਗਸਤ। ਭਾਰਤ ਨੇ ਕਿਹਾ ਕਿ ਇਸ ਹਫ਼ਤੇ ਨਵੀਂ ਦਿੱਲੀ ਵਿੱਚ ਬੰਗਲਾਦੇਸ਼ ਦੀ ਸਾਬਕਾ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਦੀ ਯੋਜਨਾਬੱਧ ਔਨਲਾਈਨ ਪ੍ਰੈੱਸ ਕਾਨਫਰੰਸ ਨਾਲ ਉਸਦਾ ਕੋਈ ਲੈਣਾ-ਦੇਣਾ ਨਹੀਂ ਹੈ। ਹਸੀਨਾ ਭਾਰਤ ਆਉਣ ਤੋਂ ਬਾਅਦ ਬੁੱਧਵਾਰ ਸ਼ਾਮ ਨੂੰ ਪਹਿਲੀ ਵਾਰ ਮੀਡੀਆ ਨਾਲ ਗੱਲਬਾਤ ਕਰਨ ਵਾਲੀ ਹੈ। ਇਹ ਪ੍ਰੈੱਸ ਕਾਨਫਰੰਸ ਬੰਗਲਾਦੇਸ਼ ਵਿੱਚ ਵਿਆਪਕ ਸਰਕਾਰ ਵਿਰੋਧੀ ਵਿਰੋਧ ਪ੍ਰਦਰਸ਼ਨਾਂ ਤੋਂ ਬਾਅਦ ਹਸੀਨਾ ਦੇ ਢਾਕਾ ਤੋਂ ਭਾਰਤ



ਆਉਣ ਤੋਂ ਦੋ ਸਾਲ ਬਾਅਦ ਹੋ ਰਹੀ ਹੈ। ਢਾਕਾ ਨੇ ਇਸ ਮਾਮਲੇ 'ਤੇ ਭਾਰਤ ਤੋਂ ਸਪੱਸ਼ਟੀਕਰਨ ਮੰਗਿਆ। ਬੰਗਲਾਦੇਸ਼ ਦੇ ਪ੍ਰਧਾਨ ਮੰਤਰੀ ਤਾਰਿਕ ਰਹਿਮਾਨ ਦੇ ਵਿਦੇਸ਼ ਮਾਮਲਿਆਂ ਦੇ ਸਲਾਹਕਾਰ ਹੁਮਾਯੂੰ ਕਬੀਰ ਨੇ ਕਿਹਾ ਕਿ ਭਾਰਤ ਵਿੱਚ ਇਹ ਪ੍ਰਸਤਾਵਿਤ ਜਨਤਕ ਗੱਲਬਾਤ ਹਾਲ ਹੀ ਦੇ ਮਹੀਨਿਆਂ ਵਿੱਚ ਦੋਵਾਂ ਧਿਰਾਂ ਦੇ ਸਬੰਧਾਂ ਵਿੱਚ ਸਕਾਰਾਤਮਕ ਮਾਹੌਲ ਨੂੰ ਨੁਕਸਾਨ ਪਹੁੰਚਾ ਸਕਦੀ ਹੈ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ, ਤੁਸੀਂ ਜਿਸ ਪ੍ਰੈੱਸ ਕਾਨਫਰੰਸ ਬਾਰੇ ਗੱਲ ਕਰ ਰਹੇ ਹੋ, ਉਹ ਇੱਕ ਨਿੱਜੀ ਮੀਡੀਆ ਸੰਗਠਨ ਦੁਆਰਾ ਆਯੋਜਿਤ ਕੀਤੀ ਜਾ ਰਹੀ ਹੈ। ਇਸ ਵਿੱਚ ਸਰਕਾਰ ਦੀ ਕੋਈ ਭੂਮਿਕਾ ਨਹੀਂ ਹੈ ਅਤੇ ਨਾ ਹੀ ਇਹ ਇਸ ਪਲੇਟਫਾਰਮ 'ਤੇ ਪ੍ਰਗਟ ਕੀਤੇ ਗਏ ਕਿਸੇ ਵੀ ਵਿਚਾਰਾਂ ਦਾ ਸਮਰਥਨ ਕਰਦੀ ਹੈ। ਜੈਸਵਾਲ ਆਪਣੀ ਪ੍ਰੈੱਸ ਕਾਨਫਰੰਸ ਦੌਰਾਨ ਹਸੀਨਾ ਨਾਲ ਸਬੰਧਤ ਇੱਕ ਸਵਾਲ ਦਾ ਜਵਾਬ ਦੇ ਰਹੇ ਸਨ। ਹਸੀਨਾ ਵਿਦੇਸ਼ੀ ਪੱਤਰਕਾਰਾਂ ਦੇ ਕਲੱਬ ਵਿੱਚ ਆਨਲਾਈਨ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਨ ਦੀ ਯੋਜਨਾ ਬਣਾ ਰਹੀ ਹੈ। ਸਾਬਕਾ ਪ੍ਰਧਾਨ ਮੰਤਰੀ ਹਸੀਨਾ ਦੇ ਪੁੱਤਰ ਸਜੀਬ ਵਾਜੇਦ ਜੋਏ ਅਤੇ ਕਈ ਹੋਰ ਅਵਾਮੀ ਲੀਗ ਨੇਤਾ, ਜਿਨ੍ਹਾਂ ਵਿੱਚ ਮੋਹਿਬੁਲ ਹਸਨ ਚੌਧਰੀ ਨੌਫੇਲ ਤੇ ਸ਼ਾਕਿਬ ਅਲ ਹਸਨ ਸ਼ਾਮਲ ਹਨ, ਪ੍ਰੈੱਸ ਕਾਨਫਰੰਸ ਵਿੱਚ ਬੋਲ ਸਕਦੇ ਹਨ। ਹਸੀਨਾ (78) ਅਗਸਤ 2024 ਵਿੱਚ ਢਾਕਾ ਤੋਂ ਭਾਰਤ ਆਈ ਸੀ ਜਦੋਂ ਇੱਕ ਵਿਆਪਕ ਸਰਕਾਰ ਵਿਰੋਧੀ ਅੰਦੋਲਨ ਕਾਰਨ ਉਸਦੀ ਸਰਕਾਰ ਡਿੱਗ ਗਈ ਸੀ।

## ਕੋਈ ਵੀ ਧਰਮ ਨਿਰਦੋਸ਼ ਲੋਕਾਂ ਦੇ ਕਤਲ ਦੀ ਇਜਾਜ਼ਤ ਨਹੀਂ ਦਿੰਦਾ: ਉਮਰ ਅਬਦੁੱਲਾ

ਸ੍ਰੀਨਗਰ 6 ਅਗਸਤ। ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਕਿਹਾ ਕਿ ਕੋਈ ਵੀ ਧਰਮ ਨਿਰਦੋਸ਼ ਲੋਕਾਂ ਦੀ ਹੱਤਿਆ ਦੀ ਇਜਾਜ਼ਤ ਨਹੀਂ ਦਿੰਦਾ ਅਤੇ ਅਜਿਹੀਆਂ ਘਟਨਾਵਾਂ ਨੂੰ ਰੋਕਣਾ ਅਤੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਸੁਰੱਖਿਆ ਏਜੰਸੀਆਂ ਦੀ ਜ਼ਿੰਮੇਵਾਰੀ ਹੈ। ਦੱਖਣੀ ਕਸ਼ਮੀਰ ਵਿੱਚ ਪਿਛਲੇ 10 ਦਿਨਾਂ ਵਿੱਚ ਦੋ ਅੱਤਵਾਦੀ ਹਮਲੇ ਹੋਏ ਹਨ। ਅਮਰਨਾਥ ਯਾਤਰਾ ਲਈ ਸੁਰੱਖਿਆ ਡਿਊਟੀ 'ਤੇ ਤਾਇਨਾਤ ਹੈੱਡ ਕਾਂਸਟੇਬਲ ਆਸ਼ਿਕ ਹੁਸੈਨ ਕੁਰੈਸ਼ੀ ਨੂੰ 22 ਜੁਲਾਈ ਨੂੰ ਅਨੰਤਨਾਗ ਦੇ ਲਾਲ ਚੌਕ ਨੇੜੇ ਅੱਤਵਾਦੀਆਂ ਨੇ ਗੋਲੀ ਮਾਰ ਦਿੱਤੀ ਸੀ। ਇਸ ਦੇ ਨੌਂ ਦਿਨਾਂ ਬਾਅਦ 31 ਜੁਲਾਈ ਨੂੰ ਛੱਤੀਸਗੜ੍ਹ ਦੇ ਦੋ ਗੈਰ-ਸਥਾਨਕ ਮਜ਼ਦੂਰਾਂ ਨੂੰ



ਕੁਲਗਾਮ ਜ਼ਿਲ੍ਹੇ ਦੇ ਕਿਲਮ ਖੇਤਰ ਵਿੱਚ ਸ਼ੱਕੀ ਅੱਤਵਾਦੀਆਂ ਨੇ ਗੋਲੀ ਮਾਰ ਦਿੱਤੀ। ਇਨ੍ਹਾਂ ਵਿੱਚੋਂ ਇੱਕ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਦੂਜੇ ਦੀ ਅਗਲੇ ਦਿਨ ਇਲਾਜ ਦੌਰਾਨ ਮੌਤ ਹੋ ਗਈ। ਸ੍ਰੀਨਗਰ ਵਿੱਚ ਇੱਕ ਗੋਲਫ਼ ਟੂਰਨਾਮੈਂਟ ਦੌਰਾਨ ਪੱਤਰਕਾਰਾਂ ਨਾਲ ਗੱਲ ਕਰਦਿਆਂ ਸ੍ਰੀ ਅਬਦੁੱਲਾ ਨੇ ਕਿਹਾ ਕਿ ਉਹ ਇਨ੍ਹਾਂ ਹੱਤਿਆਵਾਂ ਤੋਂ ਬਹੁਤ ਦੁਖੀ ਹਨ ਅਤੇ ਜਿੰਨੀ ਵੀ ਨਿੰਦਾ ਕੀਤੀ ਜਾਵੇ ਉਹ ਕਾਫ਼ੀ ਨਹੀਂ ਹੈ। ਉਨ੍ਹਾਂ ਕਿਹਾ, ਜਿਨ੍ਹਾਂ ਲੋਕਾਂ ਨੂੰ ਮਾਰਿਆ ਗਿਆ ਉਨ੍ਹਾਂ ਦੀ ਹੱਤਿਆ ਬਹੁਤ ਦੁਖਦਾਈ ਹੈ। ਅਜਿਹਾ ਨਹੀਂ ਹੋਣਾ ਚਾਹੀਦਾ ਸੀ। ਸ੍ਰੀ ਅਬਦੁੱਲਾ ਨੇ ਕਿਹਾ ਕਿ ਨਿਰਦੋਸ਼ ਲੋਕਾਂ ਨੂੰ ਨਿਸ਼ਾਨਾ ਬਣਾਉਣਾ ਕਿਸੇ ਵੀ ਹਾਲਤ ਵਿੱਚ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਉਨ੍ਹਾਂ ਕਿਹਾ, ਕੋਈ ਵੀ ਧਰਮ ਇਸ ਤਰੀਕੇ ਨਾਲ ਨਿਰਦੋਸ਼ ਲੋਕਾਂ ਨੂੰ ਮਾਰਨ ਦੀ ਇਜਾਜ਼ਤ ਨਹੀਂ ਦਿੰਦਾ। ਇਸ ਵਿਰੁੱਧ ਜਿੰਨੀ ਵੀ ਨਿੰਦਾ ਜਾਂ ਸ਼ਬਦ ਕਹੇ ਜਾਣ, ਉਹ ਕਾਫ਼ੀ ਨਹੀਂ ਹੋਣਗੇ। ਸ੍ਰੀ ਅਬਦੁੱਲਾ ਨੇ ਕਿਹਾ ਕਿ ਜੰਮੂ-ਕਸ਼ਮੀਰ ਵਿੱਚ ਸੁਰੱਖਿਆ ਵਿਵਸਥਾ ਦੀ ਜ਼ਿੰਮੇਵਾਰੀ ਜਿਨ੍ਹਾਂ ਏਜੰਸੀਆਂ 'ਤੇ ਹੈ, ਉਨ੍ਹਾਂ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ ਇਸ ਤਰ੍ਹਾਂ ਦੇ ਹਮਲਿਆਂ ਨੂੰ ਰੋਕਣਗੇ ਅਤੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਗੇ।

## ਉਜ਼ਬੇਕਿਸਤਾਨ ਦੇ ਵਿਦੇਸ਼ ਮੰਤਰੀ ਭਾਰਤ ਦੌਰੇ 'ਤੇ ਵਪਾਰ ਤੇ ਕੁਨੈਕਟੀਵਿਟੀ ਨੂੰ ਮਜ਼ਬੂਤ ਕਰਨ 'ਤੇ ਰਹੇਗਾ ਜ਼ੋਰ

ਕੌਮੀ ਪਤ੍ਰਿਕਾ

ਨਵੀਂ ਦਿੱਲੀ 6 ਅਗਸਤ। ਉਜ਼ਬੇਕਿਸਤਾਨ ਦੇ ਵਿਦੇਸ਼ ਮੰਤਰੀ ਬਖਤਿਆਰ ਸੈਦੋਵ ਚਾਰ ਦਿਨਾਂ ਦੇ ਅਹਿਮ ਦੌਰੇ 'ਤੇ ਨਵੀਂ ਦਿੱਲੀ ਪਹੁੰਚ ਗਏ ਹਨ। ਇਸ ਦੌਰੇ ਦਾ ਮੁੱਖ ਉਦੇਸ਼ ਭਾਰਤ ਅਤੇ ਉਜ਼ਬੇਕਿਸਤਾਨ ਵਿਚਕਾਰ ਵਪਾਰ, ਨਿਵੇਸ਼, ਕੁਨੈਕਟੀਵਿਟੀ, ਊਰਜਾ ਅਤੇ ਖੇਤਰੀ ਸੁਰੱਖਿਆ ਦੇ ਖੇਤਰਾਂ ਵਿੱਚ ਸਹਿਯੋਗ ਨੂੰ ਹੋਰ ਡੂੰਘਾ ਕਰਨਾ ਹੈ। ਸੈਦੋਵ ਦੇ ਕਾਰਜਕ੍ਰਮ ਵਿੱਚ ਭਾਰਤ ਦੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਅਤੇ ਇੱਕ ਵਪਾਰਕ ਫੋਰਮ ਵਿੱਚ ਸ਼ਮੂਲੀਅਤ ਸ਼ਾਮਲ ਹੈ। ਉਹ ਹੈਦਰਾਬਾਦ ਹਾਊਸ ਵਿਖੇ ਭਾਰਤ ਦੇ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨਾਲ ਵਿਆਪਕ ਦੁਵੱਲੀ ਗੱਲਬਾਤ ਕਰਨਗੇ। ਇਨ੍ਹਾਂ ਚਰਚਾਵਾਂ ਵਿੱਚ ਦੋਵਾਂ ਦੇਸ਼ਾਂ ਦੇ ਸਿਆਸੀ ਸਬੰਧਾਂ, ਆਰਥਿਕ ਸਹਿਯੋਗ ਅਤੇ ਆਪਸੀ ਰੁਝੇਵਿਆਂ ਨੂੰ ਤੇਜ਼ ਕਰਨ ਦੇ ਤਰੀਕਿਆਂ 'ਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ। ਭਾਰਤ ਅਤੇ ਉਜ਼ਬੇਕਿਸਤਾਨ ਵਿਚਕਾਰ ਕੂਟਨੀਤਕ ਸਬੰਧ 1992



ਵਿੱਚ ਸਥਾਪਿਤ ਹੋਏ ਸਨ, ਜਿਨ੍ਹਾਂ ਨੂੰ 2011 ਵਿੱਚ 'ਰਣਨੀਤਕ ਸਾਂਝੇਦਾਰੀ' ਦਾ ਦਰਜਾ ਦਿੱਤਾ ਗਿਆ ਸੀ। ਇਹ ਦੌਰਾ ਉੱਚ ਪੱਧਰੀ ਆਦਾਨ-ਪ੍ਰਦਾਨ ਦੀ ਲੜੀ ਨੂੰ ਅੱਗੇ ਵਧਾਉਂਦਾ ਹੈ; ਜ਼ਿਕਰਯੋਗ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਉਜ਼ਬੇਕ ਰਾਸ਼ਟਰਪਤੀ ਸ਼ਵਕਤ ਮਿਰਜ਼ੀਯੋਏਵ ਨੇ ਪਿਛਲੇ ਸਾਲ ਸਤੰਬਰ 2025 ਵਿੱਚ ਐੱਸ.ਸੀ.ਓ. ਸੰਮੇਲਨ ਦੌਰਾਨ ਮੁਲਾਕਾਤ ਕੀਤੀ ਸੀ। ਹਾਲਾਂਕਿ ਦੋਵਾਂ ਦੇਸ਼ਾਂ ਦੇ ਸਿਆਸੀ ਸਬੰਧ ਮਜ਼ਬੂਤ ਹੋ ਰਹੇ ਹਨ, ਪਰ ਆਰਥਿਕ ਰੁਝੇਵੇਂ ਅਜੇ ਵੀ ਸਮਰੱਥਾ ਤੋਂ ਘੱਟ ਹਨ। ਮੌਜੂਦਾ ਦੁਵੱਲਾ ਵਪਾਰ ਲਗਭਗ 756.6 ਮਿਲੀਅਨ ਅਮਰੀਕੀ ਡਾਲਰ ਹੈ। ਭਾਰਤ ਉਜ਼ਬੇਕਿਸਤਾਨ ਨੂੰ ਫਾਰਮਾਸਿਊਟੀਕਲ, ਇੰਜੀਨੀਅਰਿੰਗ ਸਮਾਨ, ਵਾਹਨਾਂ ਦੇ ਪੁਰਜ਼ੇ ਅਤੇ ਮੋਬਾਈਲ ਫੋਨ ਨਿਰਯਾਤ ਕਰਦਾ ਹੈ। ਉਜ਼ਬੇਕਿਸਤਾਨ ਤੋਂ ਭਾਰਤ ਫਲ, ਸਬਜ਼ੀਆਂ, ਖਾਦਾਂ ਅਤੇ ਲੁਬਰੀਕੈਂਟਸ ਦੀ ਦਰਾਮਦ ਕਰਦਾ ਹੈ। ਰਿਸ਼ਤਿਆਂ ਵਿੱਚ ਨਵੀਂ ਤੇਜ਼ੀ ਉਦੋਂ ਆਈ ਜਦੋਂ ਇਸੇ ਸਾਲ ਮਈ ਵਿੱਚ ਦੋਵਾਂ ਦੇਸ਼ਾਂ ਨੇ ਵਿਸ਼ਵ ਵਪਾਰ ਸੰਗਠਨ ਵਿੱਚ ਉਜ਼ਬੇਕਿਸਤਾਨ ਦੀ ਸ਼ਮੂਲੀਅਤ ਲਈ ਇੱਕ ਮਾਰਕੀਟ ਐਕਸੈਸ ਪ੍ਰੋਟੋਕੋਲ 'ਤੇ ਦਸਤਖਤ ਕੀਤੇ, ਜਿਸ ਨਾਲ ਕਾਰੋਬਾਰਾਂ ਲਈ ਨਵੇਂ ਮੌਕੇ ਪੈਦਾ ਹੋਣ ਦੀ ਉਮੀਦ ਹੈ। ਮਾਹਿਰਾਂ ਅਨੁਸਾਰ, ਇਹ ਦੌਰਾ ਮੱਧ ਏਸ਼ੀਆ ਵਿੱਚ ਭਾਰਤ ਦੀ ਵਧ ਰਹੀ ਪਹੁੰਚ ਅਤੇ ਰਣਨੀਤਕ ਸਹਿਯੋਗ ਲਈ ਬਹੁਤ ਮਹੱਤਵਪੂਰਨ ਹੈ। ਉਜ਼ਬੇਕਿਸਤਾਨ ਇਸ ਖੇਤਰ ਵਿੱਚ ਭਾਰਤ ਦਾ ਇੱਕ ਪ੍ਰਮੁੱਖ ਹਿੱਸੇਦਾਰ ਹੈ, ਜੋ ਯੂਰਪ ਅਤੇ ਏਸ਼ੀਆ ਦੇ ਚੌਰਾਹੇ 'ਤੇ ਸਥਿਤ ਹੈ।

## ਭਾਰਤ-ਉਜ਼ਬੇਕਿਸਤਾਨ ਨੂੰ ਅਗਲੇ 3 ਸਾਲਾਂ 'ਚ ਵਪਾਰ ਦੁੱਗਣਾ ਕਰਨ ਦਾ ਰੱਖਣਾ ਚਾਹੀਦਾ ਟੀਚਾ : ਗੋਇਲ

ਕੌਮੀ ਪਤ੍ਰਿਕਾ

ਨਵੀਂ ਦਿੱਲੀ 6 ਅਗਸਤ। ਵਣਜ ਅਤੇ ਉਦਯੋਗ ਮੰਤਰੀ ਪੀਊਸ਼ ਗੋਇਲ ਨੇ ਕਿਹਾ ਕਿ ਭਾਰਤ ਅਤੇ ਉਜ਼ਬੇਕਿਸਤਾਨ ਨੂੰ ਅਗਲੇ 3 ਸਾਲਾਂ 'ਚ ਦੋ-ਪੱਖੀ ਵਪਾਰ ਦੁੱਗਣਾ ਕਰਨ ਦਾ ਟੀਚਾ ਰੱਖਣਾ ਚਾਹੀਦਾ। ਉਨ੍ਹਾਂ ਕਿਹਾ ਕਿ ਖਣਨ, ਦਵਾਈ ਅਤੇ ਸਿਹਤ ਸੇਵਾ ਵਰਗੇ ਖੇਤਰਾਂ 'ਚ ਸਹਿਯੋਗ ਵਧਾਉਣ ਦੀਆਂ ਸੰਭਾਵਨਾਵਾਂ ਹਨ। ਦੋਵਾਂ ਦੇਸ਼ਾਂ ਵਿਚਾਲੇ ਦੋ-ਪੱਖੀ ਵਪਾਰ ਲਗਭਗ 1.5 ਅਰਬ ਅਮਰੀਕੀ ਡਾਲਰ ਦਾ ਹੈ। ਉਨਾਂ ਕਿਹਾ ਕਿ ਦੋਵਾਂ ਦੇਸ਼ਾਂ ਦੇ ਆਰਥਿਕ ਸੰਬੰਧਾਂ ਨੂੰ ਮਜ਼ਬੂਤ ਕਰਨ 'ਚ ਵਪਾਰ ਨੂੰ ਮੋਹਰੀ ਭੂਮਿਕਾ ਨਿਭਾਉਣੀ ਹੋਵੇਗੀ। ਵਣਜ ਅਤੇ ਉਦਯੋਗ ਮੰਤਰੀ ਨੇ ਇੱਥੇ 'ਇੰਡੀਆ-ਉਜ਼ਬੇਕਿਸਤਾਨ ਬਿਜ਼ਨੈੱਸ ਫੋਰਮ' ਦੀ ਬੈਠਕ ਨੂੰ ਸੰਬੋਧਨ ਕਰਦੇ ਹੋਏ ਕਿਹਾ,"ਆਓ, ਅਗਲੇ ਤਿੰਨ ਸਾਲਾਂ 'ਚ ਦੋ-ਪੱਖੀ ਵਪਾਰ ਦੁੱਗਣਾ ਕਰਨ ਦਾ ਟੀਚਾ ਰੱਖੀਏ।" ਉਨ੍ਹਾਂ ਨੇ ਦੋਵਾਂ ਦੇਸ਼ਾਂ ਦੇ ਕਾਰੋਬਾਰੀਆਂ ਨੂੰ ਇਕ-ਦੂਜੇ



ਦੀ ਅਰਥਵਿਵਸਥਾ 'ਚ ਨਿਵੇਸ਼ ਕਰਨ ਦੀ ਵੀ ਅਪੀਲ ਕੀਤੀ। ਗੋਇਲ ਨੇ ਕਿਹਾ ਕਿ ਜਿੱਥੇ ਭਾਰਤ ਸੂਚਨਾ ਤਕਨਾਲੋਜੀ (ਆਈਟੀ) ਅਤੇ ਡਿਜੀਟਲ ਜਨਤਕ ਬੁਨਿਆਦੀ ਢਾਂਚੇ ਵਰਗੇ ਖੇਤਰਾਂ 'ਚ ਮਜ਼ਬੂਤ ਹੈ... ਉੱਥੇ ਹੀ ਉਜ਼ਬੇਕਿਸਤਾਨ ਖਣਨ ਅਤੇ ਕਪਾਹ ਉਤਪਾਦਨ ਵਰਗੇ ਖੇਤਰਾਂ 'ਚ ਮੌਕੇ ਪ੍ਰਦਾਨ ਕਰਦਾ ਹੈ। ਮੰਤਰੀ ਨੇ ਕਿਹਾ ਕਿ ਜੇਕਰ ਦੋਵੇਂ ਦੇਸ਼ ਮੁਕਤ ਵਪਾਰ ਸਮਝੌਤੇ (ਐੱਫਟੀਏ) ਲਈ ਗੱਲਬਾਤ ਸ਼ੁਰੂ ਕਰਨ 'ਤੇ ਵਿਚਾਰ ਕਰਨ ਤਾਂ ਇਹ ਇਕ ਚੰਗਾ ਵਿਚਾਰ ਹੈ। ਅਸੀਂ ਇਸ ਵੱਲ ਅੱਗੇ ਵਧ ਸਕਦੇ ਹਾਂ।" ਪ੍ਰੋਗਰਾਮ 'ਚ ਉਜ਼ਬੇਕਿਸਤਾਨ ਦੇ ਨਿਵੇਸ਼, ਉਦਯੋਗ ਅਤੇ ਵਪਾਰ ਮੰਤਰੀ ਲਾਜ਼ਿਜ਼ ਕੁਦਰਾਤੋਵ ਨੇ ਕਿਹਾ ਕਿ ਦੋਵੇਂ ਦੇਸ਼ਾਂ ਵਿਚਾਲੇ ਮੌਜੂਦਾ ਵਪਾਰ ਅਸਲ ਸੰਭਾਵਨਾਵਾਂ ਦੀ ਤੁਲਨਾ 'ਚ ਕਾਫ਼ੀ ਘੱਟ ਹੈ ਅਤੇ ਇਸ ਨੂੰ ਵਧਾਉਣ ਲਈ ਦੋਵੇਂ ਪੱਖਾਂ ਨੂੰ ਮਿਲ ਕੇ ਕੰਮ ਕਰਨਾ ਚਾਹੀਦਾ। ਉਨ੍ਹਾਂ ਕਿਹਾ ਕਿ ਉਜ਼ਬੇਕਿਸਤਾਨ 'ਚ ਕਰੀਬ 400 ਭਾਰਤੀ ਕੰਪਨੀਆਂ ਕੰਮ ਕਰ ਰਹੀਆਂ ਹਨ। ਕੁਦਰਾਤੋਵ ਨੇ ਇਸਪਾਤ, ਦਵਾਈ, ਸਿਹਤ ਸੇਵਾ, ਖਣਨ ਅਤੇ ਵਾਹਨ ਖੇਤਰ 'ਚ ਭਾਰਤੀ ਨਿਵੇਸ਼ ਦੀ ਅਪੀਲ ਕੀਤੀ।

## ਨੀਟ ਪੇਪਰ ਲੀਕ ਪ੍ਰਦਰਸ਼ਨਾਂ 'ਚ ਸ਼ਾਮਲ ਵਿਦਿਆਰਥੀਆਂ ਖ਼ਿਲਾਫ਼ ਐੱਫਆਈਆਰ ਵਾਪਸ ਲੈ ਸਕਦੀਆਂ ਹਨ ਸਰਕਾਰਾਂ : ਸੁਪਰੀਮ ਕੋਰਟ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਨਵੀਂ ਦਿੱਲੀ 6 ਅਗਸਤ। ਸੁਪਰੀਮ ਕੋਰਟ ਨੇ ਸਪੱਸ਼ਟ ਕੀਤਾ ਕਿ ਦਿੱਲੀ ਅਤੇ ਹੋਰ ਰਾਜਾਂ ਦੀਆਂ ਸਰਕਾਰਾਂ ਰਾਸ਼ਟਰੀ ਯੋਗਤਾ ਕਮ ਪ੍ਰਵੇਸ਼ ਪ੍ਰੀਖਿਆ ਪੇਪਰ ਲੀਕ ਦਾ ਵਿਰੋਧ ਕਰ ਰਹੇ ਵਿਦਿਆਰਥੀਆਂ ਵਿਰੁੱਧ ਦਰਜ ਐੱਫਆਈਆਰ ਨੂੰ ਵਾਪਸ ਲੈ ਸਕਦੀਆਂ ਹਨ, ਬਸ਼ਰਤੇ ਉਨ੍ਹਾਂ ਦਾ ਗੰਭੀਰ ਅਤੇ ਘਿਨਾਉਣੇ ਅਪਰਾਧਾਂ ਲਈ ਅਪਰਾਧਿਕ ਰਿਕਾਰਡ ਨਾ ਹੋਵੇ। ਚੀਫ਼ ਜਸਟਿਸ ਸੂਰਿਆ ਕਾਂਤ, ਜਸਟਿਸ ਜੋਇਮਲਿਆ ਬਾਗਚੀ ਅਤੇ ਵੀ. ਮੋਹਨਾ ਦੀ ਬੈਂਚ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਪਰਾਧਿਕ ਰਿਕਾਰਡ ਸਿਰਫ ਗੰਭੀਰ ਅਤੇ ਘਿਨਾਉਣੇ ਅਪਰਾਧਾਂ ਨੂੰ ਦਰਸਾਉਂਦਾ ਹੈ। ਮਾਮਲੇ ਦੀ ਸੁਣਵਾਈ ਦੌਰਾਨ ਸਾਲਿਸੀਟਰ ਜਨਰਲ ਤੁਸ਼ਾਰ ਮਹਿਤਾ ਨੇ ਸ਼ੁਰੂ 'ਚ ਸੁਪਰੀਮ ਕੋਰਟ ਨੂੰ ਦੱਸਿਆ ਕਿ ਕੇਂਦਰ ਸਰਕਾਰ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਵਿਰੁੱਧ ਐੱਫਆਈਆਰ 'ਤੇ ਅੱਗੇ ਨਹੀਂ ਵਧਣ ਦੀ ਆਪਣੀ ਵਚਨਬੱਧਤਾ ਨੂੰ ਲੈ ਕੇ ਗੰਭੀਰ ਹੈ, ਸਿਵਾਏ ਉਨ੍ਹਾਂ ਵਿਦਿਆਰਥੀਆਂ ਦੇ ਜਿਨ੍ਹਾਂ ਦਾ ਅਪਰਾਧਿਕ ਰਿਕਾਰਡ ਰਿਹਾ ਹੋਵੇ। ਮਹਿਤਾ ਨੇ ਕਿਹਾ ਕਿ ਗੰਭੀਰ ਅਤੇ ਘਿਨਾਉਣੇ ਅਪਰਾਧਾਂ ਨਾਲ ਸਬੰਧਤ ਅਪਰਾਧਿਕ ਰਿਕਾਰਡ ਵਾਲੇ 2,700 ਤੋਂ ਵੱਧ ਲੋਕਾਂ ਵਿਰੁੱਧ ਦਰਜ ਐੱਫਆਈਆਰ ਵਾਪਸ ਨਹੀਂ ਲਈਆਂ ਜਾਣਗੀਆਂ। ਸੁਣਵਾਈ ਦੌਰਾਨ ਸੀਨੀਅਰ ਵਕੀਲ ਗੋਪਾਲ ਸ਼ੰਕਰਨਾਰਾਇਣਨ ਨੇ ਦੱਸਿਆ ਕਿ ਵਿਰੋਧ ਪ੍ਰਦਰਸ਼ਨਾਂ ਦੌਰਾਨ ਵਕੀਲਾਂ ਦੇ ਬੱਚਿਆਂ ਨੂੰ ਵੀ ਕੁੱਟਿਆ ਗਿਆ ਸੀ। ਉਨ੍ਹਾਂ ਕਿਹਾ,ਵੀਡੀਓ ਬਹੁਤ ਹੀ ਹੈਰਾਨ ਕਰਨ ਵਾਲੇ ਹਨ। ਅਸੀਂ ਅਦਾਲਤ ਨੂੰ 300 ਵੀਡੀਓ ਸੌਂਪੇ ਹਨ। ਕਿਉਂਕਿ ਉੱਪਰੋਂ ਹਦਾਇਤਾਂ



ਆਈਆਂ ਹਨ, ਇਸ ਲਈ ਪੁਲਸ ਕਮਿਸ਼ਨਰ ਨੂੰ ਉਨ੍ਹਾਂ ਸਾਰਿਆਂ ਦਾ ਧਿਆਨ ਰੱਖਣਾ ਚਾਹੀਦਾ ਹੈ। ਸ਼ੰਕਰਨਾਰਾਇਣਨ ਨੇ ਅੱਗੇ ਕਿਹਾ,ਅਸੀਂ ਵਰਦੀਧਾਰੀ ਲੋਕਾਂ ਦੀ ਪਛਾਣ ਕੀਤੀ ਹੈ ਜੋ ਕਥਿਤ ਪੁਲਸ ਬੇਰਹਿਮੀ 'ਚ ਸ਼ਾਮਲ ਸਨ। ਪੁਲਸ ਕਮਿਸ਼ਨਰ ਅਤੇ ਆਰਏਐੱਫ (ਰੈਪਿਡ ਐਕਸ਼ਨ ਫੋਰਸ) ਦੇ ਡਾਇਰੈਕਟਰ ਨੂੰ ਇਹ ਦੱਸਣ ਲਈ ਨਿਰਦੇਸ਼ ਦਿੱਤੇ ਜਾਣੇ ਚਾਹੀਦੇ ਹਨ ਕਿ ਪੁਲਸ ਨੇ ਪੈਲੇਟ ਗਨ ਆਦਿ ਦੀ ਵਰਤੋਂ ਕਿਉਂ ਕੀਤੀ। ਮਾਮਲੇ ਦੀ ਅਗਲੀ ਸੁਣਵਾਈ ਹੁਣ 18 ਅਗਸਤ ਨੂੰ ਹੋਵੇਗੀ। ਸੁਪਰੀਮ ਕੋਰਟ ਨੇ ਪਹਿਲਾਂ ਕਿਹਾ ਸੀ ਕਿ ਪੁਲਸ ਦੇ ਲਾਠੀਚਾਰਜ ਨੂੰ ਸਿਰਫ਼ ਇਸ ਲਈ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ ਕਿਉਂਕਿ ਵਿਰੋਧ ਪ੍ਰਦਰਸ਼ਨ ਹੋ ਰਿਹਾ ਹੈ। ਅਦਾਲਤ ਨੇ ਇਹ ਵੀ ਸਪੱਸ਼ਟ ਕੀਤਾ ਕਿ ਸ਼ਾਂਤੀਪੂਰਨ ਵਿਰੋਧ ਪ੍ਰਦਰਸ਼ਨ ਦੇ ਅਧਿਕਾਰ ਦੀ ਪੂਰੀ ਗਾਰੰਟੀ ਹੈ। 20 ਜੁਲਾਈ ਨੂੰ ਦਿੱਲੀ 'ਚ ਕਾਕਰੋਚ ਜਨਤਾ ਪਾਰਟੀ ਦੀ ਅਗਵਾਈ 'ਚ ਕੱਢੇ ਗਏ ਮਾਰਚ ਦੌਰਾਨ ਪ੍ਰਦਰਸ਼ਨਕਾਰੀਆਂ ਅਤੇ ਸੁਰੱਖਿਆ ਕਰਮਚਾਰੀਆਂ ਵਿਚਕਾਰ ਝੜਪਾਂ ਹੋਈਆਂ। ਸੁਰੱਖਿਆ ਕਰਮਚਾਰੀਆਂ ਨੇ ਸੰਸਦ ਵੱਲ ਵਧਣ ਦੀ ਕੋਸ਼ਿਸ਼ ਕਰ ਰਹੀ ਭੀੜ ਨੂੰ ਦੌੜਾਉਣ ਲਈ ਲਾਠੀਆਂ ਅਤੇ ਹੰਝੂ ਗੈਸ ਦੇ ਗੋਲਿਆਂ ਦੀ ਵਰਤੋਂ ਕੀਤੀ ਸੀ।

# ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਨੇੜੇ ਸਿੱਖ ਨੌਜਵਾਨ ਦੀ ਮਿਲੀ ਲਾਸ਼, ਪਰਿਵਾਰ ਵੱਲੋਂ ਕਤਲ ਦਾ ਖ਼ਦਸ਼ਾ

ਕੌਮੀ ਪਤ੍ਰਿਕਾ

ਸ੍ਰੀ ਅਨੰਦਪੁਰ ਸਾਹਿਬ 6 ਅਗਸਤ। ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਬਿਲਕੁਲ ਸਾਹਮਣੇ ਪੈਂਦੀ ਰੇਲਵੇ ਲਾਈਨ ਦੇ ਪਾਰ ਇਕ ਸਿੱਖ ਨੌਜਵਾਨ ਦੀ ਲਾਸ਼ ਮਿਲਣ ਨਾਲ ਇਲਾਕੇ ਅੰਦਰ ਹੜਕੰਪ ਮੱਚ ਗਿਆ ਅਤੇ ਵੇਖਦਿਆਂ ਹੀ ਵੇਖਦਿਆਂ ਦੇਰ ਰਾਤ ਤੱਕ ਘਟਨਾ ਸਥਾਨ 'ਤੇ ਪਰਿਵਾਰ ਵਾਲਿਆਂ ਅਤੇ ਸ਼ਹਿਰ ਵਾਲਿਆਂ ਦਾ ਭਾਰੀ ਇਕੱਠ ਹੋ ਗਿਆ। ਇਸ ਗੱਲ ਨੂੰ ਲੈ ਕੇ ਪਰਿਵਾਰ ਵਾਲਿਆਂ ਨੇ ਰੇਲਵੇ ਲਾਈਨ ਪਾਰ ਬਣੀਆਂ ਝੁੱਗੀਆਂ ਵਾਲਿਆਂ 'ਤੇ ਉਨ੍ਹਾਂ ਦੇ ਮੁੰਡੇ ਦਾ ਕਤਲ ਕਰਨ ਦਾ ਦੋਸ਼ ਲਗਾਇਆ ਹੈ। ਇਨਸਾਫ਼ ਦੀ ਮੰਗ ਨੂੰ ਲੈ ਕੇ ਬੀਤੇ ਦਿਨ ਦੁਪਹਿਰ ਵੇਲੇ ਪਰਿਵਾਰ ਅਤੇ ਉਨ੍ਹਾਂ ਦੇ ਰਿਸ਼ਤੇਦਾਰਾਂ ਵੱਲੋਂ ਇਕੱਠੇ ਹੋ ਕੇ ਨੰਗਲ-ਚੰਡੀਗੜ੍ਹ ਮੁੱਖ ਮਾਰਗ 'ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਬਿਲਕੁਲ ਸਾਹਮਣੇ ਪੈਂਦੇ ਵੇਰਕਾ ਚੌਕ ਵਿਚ ਜਾਮ ਲਗਾ ਦਿੱਤਾ, ਜਿਸ ਕਾਰਨ ਮੁੱਖ ਮਾਰਗ ਦੇ ਦੋਨੋਂ ਪਾਸੇ ਵਾਹਨਾਂ ਦੀਆਂ ਲੰਬੀਆਂ ਲੰਬੀਆਂ ਲਾਈਨਾਂ ਲੱਗ ਗਈਆਂ। ਜਾਮ ਲਗਾ ਕੇ ਬੈਠੇ ਮ੍ਰਿਤਕ ਨੌਜਵਾਨ ਦੇ ਪਰਿਵਾਰ ਵਾਲਿਆਂ ਨੇ ਦੋਸ਼ ਲਗਾਉਂਦਿਆਂ ਕਿਹਾ ਕਿ ਰੇਲਵੇ ਲਾਈਨਾਂ ਦੇ ਪਾਰ ਬਣੀਆਂ



ਨਾਜਾਇਜ਼ ਝੁੱਗੀਆਂ ਵਿਚ ਰਹਿੰਦੇ ਪ੍ਰਵਾਸੀ ਲੋਕਾਂ ਵੱਲੋਂ ਪਿਛਲੇ ਕਈ ਸਾਲਾਂ ਤੋਂ ਸ਼ਰਾਬ ਅਤੇ ਹੋਰ ਕਈ ਤਰ੍ਹਾਂ ਦੇ ਜ਼ਹਿਰੀਲੇ ਨਸ਼ੇ ਵੇਚੇ ਜਾ ਰਹੇ ਹਨ, ਜਿਨ੍ਹਾਂ ਨੂੰ ਵੇਚਣ ਤੋਂ ਰੋਕਣ ਲਈ ਉਨ੍ਹਾਂ ਦਾ ਲੜਕਾ ਬਲਜੀਤ ਸਿੰਘ (45) ਪੁੱਤਰ ਦਿਲਬਾਗ ਸਿੰਘ ਵਾਸੀ ਮੁਹੱਲਾ ਨਵੀਂ ਆਬਾਦੀ ਬੀਤੀ ਦੇਰ ਸ਼ਾਮ ਝੁੱਗੀਆਂ ਵੱਲ ਗਿਆ ਸੀ ਪਰ ਜਦੋਂ ਕਾਫ਼ੀ ਸਮਾਂ ਲੰਘ ਜਾਣ ਦੇ ਬਾਵਜੂਦ ਬਲਜੀਤ ਸਿੰਘ ਘਰ ਵਾਪਸ ਨਾ ਆਇਆ ਤਾਂ ਪਰਿਵਾਰ ਵਾਲਿਆਂ ਨੇ ਜਾ ਕੇ ਜਦੋਂ ਵੇਖਿਆ ਤਾਂ ਉਨ੍ਹਾਂ ਦੇ ਮੁੰਡੇ ਦੀ ਲਾਸ਼ ਝੁੱਗੀਆਂ ਨੇੜੇ ਪਈ ਹੋਈ ਸੀ, ਜਿਸ ਦੀ ਸੂਚਨਾ ਉਨ੍ਹਾਂ ਵੱਲੋਂ ਤੁਰੰਤ ਪੁਲਸ ਨੂੰ ਦਿੱਤੀ ਗਈ। ਮ੍ਰਿਤਕ ਨੌਜਵਾਨ ਬਲਜੀਤ ਸਿੰਘ ਦੇ ਕਾਤਲਾਂ ਨੂੰ ਫੜਨ ਅਤੇ ਪਰਿਵਾਰ ਲਈ ਇਨਸਾਫ਼ ਦੀ ਮੰਗ ਨੂੰ ਲੈ ਕੇ ਪਰਿਵਾਰ ਅਤੇ ਰਿਸ਼ਤੇਦਾਰਾਂ ਵੱਲੋਂ ਇਕੱਠੇ ਹੋ ਕੇ ਨੰਗਲ-ਚੰਡੀਗੜ੍ਹ ਮੁੱਖ ਮਾਰਗ 'ਤੇ ਪੈਂਦੇ ਵੇਰਕਾ ਚੌਕ ਦੇ ਵਿਚਕਾਰ ਵਾਲਿਆਂ ਦਾ ਭਾਰੀ ਇਕੱਠ ਹੋ ਗਿਆ। ਇਸ ਗੱਲ ਨੂੰ ਲੈ ਕੇ ਪਰਿਵਾਰ ਵਾਲਿਆਂ ਨੇ ਰੇਲਵੇ ਲਾਈਨ ਪਾਰ ਬਣੀਆਂ ਝੁੱਗੀਆਂ ਵਾਲਿਆਂ 'ਤੇ ਉਨ੍ਹਾਂ ਦੇ ਮੁੰਡੇ ਦਾ ਕਤਲ ਕਰਨ ਦਾ ਦੋਸ਼ ਲਗਾਇਆ ਹੈ। ਇਨਸਾਫ਼ ਦੀ ਮੰਗ ਨੂੰ ਲੈ ਕੇ ਬੀਤੇ ਦਿਨ ਦੁਪਹਿਰ ਵੇਲੇ ਪਰਿਵਾਰ ਅਤੇ ਉਨ੍ਹਾਂ ਦੇ ਰਿਸ਼ਤੇਦਾਰਾਂ ਵੱਲੋਂ ਇਕੱਠੇ ਹੋ ਕੇ ਨੰਗਲ-ਚੰਡੀਗੜ੍ਹ ਮੁੱਖ ਮਾਰਗ 'ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਬਿਲਕੁਲ ਸਾਹਮਣੇ ਪੈਂਦੇ ਵੇਰਕਾ ਚੌਕ ਵਿਚ ਜਾਮ ਲਗਾ ਦਿੱਤਾ,ਜਾਮ ਲਗਾ ਦਿੱਤਾ ਅਤੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਮੌਕੇ 'ਤੇ ਪਹੁੰਚੇ ਥਾਣਾ ਮੁਖੀ ਇੰਸਪੈਕਟਰ ਜਤਿਨ ਕਪੂਰ ਨੇ ਸਥਿਤੀ ਨੂੰ ਸੰਭਾਲਿਆ ਅਤੇ ਪਰਿਵਾਰ ਵਾਲਿਆਂ ਨੂੰ ਬਣਦੀ ਕਾਰਵਾਈ ਦਾ ਵਿਸ਼ਵਾਸ ਦਿਵਾਇਆ। ਧਰਨਾਕਾਰੀਆਂ ਵੱਲੋਂ ਤਕਰੀਬਨ ਪੌਣੇ ਘੰਟੇ ਬਾਅਦ ਜਾਮ ਨੂੰ ਖੋਲ੍ਹਿਆ ਗਿਆ, ਜਿਸ 'ਤੇ ਜਾਮ ਵਿਚ ਫਸੀਆਂ ਗੱਡੀਆਂ ਵਾਲਿਆਂ ਨੇ ਸੁੱਖ ਦਾ ਸਾਹ ਲਿਆ। ਜਾਮ ਲਗਾਉਣ ਵਾਲੇ ਧਰਨਾਕਾਰੀਆਂ ਵਿਚ ਰਵਿੰਦਰ ਸਿੰਘ, ਮਹਿੰਦਰ ਪ੍ਰਤਾਪ ਸਿੰਘ, ਕੁਲਦੀਪ ਸਿੰਘ, ਭਾਗ ਸਿੰਘ, ਗੁਲਾਬ ਸਿੰਘ, ਗੁਰਪ੍ਰਤਾਪ ਸਿੰਘ, ਰੇਸ਼ਮ ਸਿੰਘ, ਨਰਿੰਦਰ ਕੌਰ, ਦਿਲਰਜੀਤ ਸਿੰਘ, ਬਲਜਿੰਦਰ ਸਿੰਘ, ਪਰਮਜੀਤ ਸਿੰਘ, ਮਨਪ੍ਰੀਤ ਸਿੰਘ, ਪਰਮਜੀਤ ਸਿੰਘ ਪੰਮਾ, ਮਹਿੰਦਰ ਸਿੰਘ ਸਮੇਤ ਵੱਡੀ ਗਿਣਤੀ ਪਰਿਵਾਰ ਅਤੇ ਰਿਸ਼ਤੇਦਾਰ ਸ਼ਾਮਲ ਸਨ। ਜਦੋਂ ਇਸ ਸਬੰਧੀ ਡੀ. ਐੱਸ. ਪੀ. ਜਸ਼ਨਦੀਪ ਸਿੰਘ ਮਾਨ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਮ੍ਰਿਤਕ ਨੌਜਵਾਨ ਦਾ ਸਥਾਨਕ ਭਾਈ ਜੈਤਾ ਜੀ ਸਿਵਲ ਹਸਪਤਾਲ ਵਿਖੇ ਪੋਸਟਮਾਰਟਮ ਕਰਵਾਇਆ ਜਾ ਰਿਹਾ ਹੈ ਤੇ ਰਿਪੋਰਟ ਆਉਣ 'ਤੇ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

# ਨਿਊਜ਼ੀਲੈਂਡ ਭੇਜਣ ਦੇ ਬਹਾਨੇ ਕੀਤੀ ਲੱਖਾਂ ਰੁਪਏ ਦੀ ਠੱਗੀ, ਟਰੈਵਲ ਏਜੰਟ ਖ਼ਿਲਾਫ਼ ਮਾਮਲਾ ਦਰਜ

ਕੌਮੀ ਪਤ੍ਰਿਕਾ

ਨਵਾਂਸ਼ਹਿਰ 6 ਅਗਸਤ। ਟੂਰਿਸਟ ਵੀਜ਼ੇ 'ਤੇ ਨਿਊਜ਼ੀਲੈਂਡ ਭੇਜਣ ਦੇ ਬਹਾਨੇ 1.70 ਲੱਖ ਰੁਪਏ ਦੀ ਠੱਗੀ ਮਾਰਨ ਵਾਲੇ ਟਰੈਵਲ ਏਜੰਟ ਖ਼ਿਲਾਫ਼ ਥਾਣਾ ਸਦਰ ਦੀ ਪੁਲਸ ਨੇ ਧੋਖਾਦੇਹੀ ਦਾ ਮਾਮਲਾ ਦਰਜ ਕੀਤਾ ਹੈ। ਐੱਸ. ਐੱਸ. ਪੀ. ਨੂੰ ਦਿੱਤੀ ਸ਼ਿਕਾਇਤ ਵਿਚ ਜਸਵੰਤ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਪਿੰਡ ਸ਼ਾਹਪੁਰ ਪੱਟੀ ਤਹਿਸੀਲ ਨਵਾਂਸ਼ਹਿਰ ਨੇ ਦੱਸਿਆ ਕਿ ਉਹ ਨਿਊਜ਼ੀਲੈਂਡ ਜਾਣਾ ਚਾਹੁੰਦਾ ਸੀ, ਜਿਸ ਸਬੰਧੀ ਉਸ ਨੇ ਪਿੰਡ ਬੜੂਰਾ ਭੁੰਗਲਾ (ਨੂਰਮਹਿਲ) ਦੇ ਰਹਿਣ ਵਾਲੇ ਟਰੈਵਲ ਏਜੰਟ ਅਮਰਜੀਤ ਨਾਲ ਗੱਲ ਕੀਤੀ। ਉਸ ਨੇ ਦੱਸਿਆ ਕਿ ਉਸ ਦੇ ਨਿਊਜ਼ੀਲੈਂਡ ਜਾਣ ਦਾ ਸੌਦਾ 11 ਲੱਖ ਰੁਪਏ ਵਿਚ ਤੈਅ ਹੋਇਆ ਸੀ, ਜਿਸ ਤੋਂ ਬਾਅਦ ਸ਼ਿਕਾਇਤ ਵਿਚ ਜਸਵੰਤ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਪਿੰਡ ਸ਼ਾਹਪੁਰ ਪੱਟੀ ਤਹਿਸੀਲ ਨਵਾਂਸ਼ਹਿਰ ਨੇ ਦੱਸਿਆ ਕਿ ਉਹ ਨਿਊਜ਼ੀਲੈਂਡ ਜਾਣਾ ਚਾਹੁੰਦਾ ਸੀ, ਜਿਸ ਸਬੰਧੀ ਉਸ ਨੇ ਪਿੰਡ ਬੜੂਰਾ ਉਸ ਨੇ ਉਕਤ ਏਜੰਟ ਨੂੰ 35 ਹਜ਼ਾਰ ਰੁਪਏ ਅਤੇ ਆਪਣਾ ਪਾਸਪੋਰਟ ਦੇ ਦਿੱਤਾ। ਉਸ ਨੇ ਦੱਸਿਆ ਕਿ ਇਸ ਤੋਂ ਬਾਅਦ ਉਸ ਨੇ ਗੂਗਲ ਪੇਅ ਰਾਹੀਂ 1.35 ਲੱਖ ਰੁਪਏ ਅਦਾ ਕੀਤੇ। ਉਸ ਨੇ ਦੱਸਿਆ ਕਿ ਉਕਤ ਏਜੰਟ ਨੇ ਉਸ ਨੂੰ ਵੀਜ਼ਾ ਵਟਸਐਪ 'ਤੇ ਭੇਜਿਆ




ਸੀ, ਜਿਸ ਦੀ ਜਾਂਚ ਕੀਤੀ ਗਈ ਤਾਂ ਇਹ ਜਾਅਲੀ ਨਿਕਲਿਆ। ਉਸ ਨੇ ਦੱਸਿਆ ਕਿ ਉਕਤ ਏਜੰਟ ਨੇ ਨਾ ਤਾਂ ਉਸ ਨੂੰ ਵਿਦੇਸ਼ ਭੇਜਿਆ ਅਤੇ ਨਾ ਹੀ ਉਸ ਦੇ ਪੈਸੇ ਵਾਪਸ ਕਰ ਰਿਹਾ ਹੈ। ਉਸ ਨੇ ਉਸ ਨੂੰ 1 ਲੱਖ ਰੁਪਏ ਦਾ ਚੈੱਕ ਦਿੱਤਾ ਜੋ ਬੈਂਕ ਵਿਚ ਬਾਊਂਸ ਹੋ ਗਿਆ। ਉਨ੍ਹਾਂ ਐੱਸ. ਐੱਸ. ਪੀ. ਨੂੰ ਦਿੱਤੀ ਸ਼ਿਕਾਇਤ ਵਿਚ ਆਪਣੇ ਪੈਸੇ ਵਾਪਸ ਕਰਨ ਅਤੇ ਏਜੰਟ ਖ਼ਿਲਾਫ਼ ਕਾਨੂੰਨ ਮੁਤਾਬਕ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਉਕਤ ਸ਼ਿਕਾਇਤ ਦੀ ਪੜਤਾਲ ਉਪਰੰਤ ਡੀ. ਐੱਸ. ਪੀ. ਪੱਧਰ ਦੇ ਅਧਿਕਾਰੀ ਵੱਲੋਂ ਦਿੱਤੀ ਗਈ ਨਤੀਜਾ ਰਿਪੋਰਟ ਦੇ ਆਧਾਰ 'ਤੇ ਥਾਣਾ ਸਿਟੀ ਨਵਾਂਸ਼ਹਿਰ ਦੀ ਪੁਲਸ ਨੇ ਦੋਸ਼ੀ ਏਜੰਟ ਅਮਰਜੀਤ ਪੁੱਤਰ ਲਛਮਣ ਵਾਸੀ ਪਿੰਡ ਬੜੂਰਾ (ਫਿਲੌਰ), ਜ਼ਿਲ੍ਹਾ ਜਲੰਧਰ ਖ਼ਿਲਾਫ਼ ਭਾਰਤੀ ਦੰਡਾਵਲੀ ਬੀ. ਐੱਨ. ਐੱਸ. 2023 ਦੀ ਧਾਰਾ 318 (4) ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਟਾਸਕ ਫ਼ੋਰਸ ਨੇ ਬਾਲ ਮਜ਼ਦੂਰੀ ਤੋਂ ਆਜ਼ਾਦ ਕਰਵਾਏ 6 ਮਾਸੂਮ

ਲੁਧਿਆਣਾ 6 ਅਗਸਤ। ਜ਼ਿਲ੍ਹਾ ਟਾਸਕ ਫੋਰਸ ਟੀਮ ਵਿਚ ਸ਼ਾਮਲ ਵੱਖ-ਵੱਖ ਵਿਭਾਗਾਂ ਦੇ



ਅਧਿਕਾਰੀਆਂ ਅਤੇ ਮੁਲਾਜ਼ਮਾਂ ਵੱਲੋਂ ਕਾਕੋਵਾਲ ਰੋਡ ਸਥਿਤ ਵਿਸ਼ਾਲ ਨਗਰ ਦੀ ਗਲੀ ਨੰ. 3 ਵਿਚ ਪੈਂਦੇ ਐੱਨ. ਕੇ. ਐਂਟਰਪ੍ਰਾਈਜ਼ਿਜ਼ ਨਾਮੀ ਉਦਯੋਗਿਕ ਘਰਾਣੇ 'ਚ ਛਾਪੇਮਾਰੀ ਕਰਦੇ ਹੋਏ 6 ਮਾਸੂਮ ਬੱਚਿਆਂ ਨੂੰ ਬਾਲ ਮਜ਼ਦੂਰੀ ਦੇ ਬੰਧਨਾਂ ਤੋਂ ਆਜ਼ਾਦ ਕਰਵਾਉਣ ਵਿਚ ਸਫਲਤਾ ਹਾਸਲ ਕੀਤੀ ਹੈ। ਜਾਣਕਾਰੀ ਮੁਤਾਬਕ ਜ਼ਿਲ੍ਹਾ ਟਾਸਕ ਫੋਰਸ ਟੀਮ ਵੱਲੋਂ ਉਕਤ ਕਾਰਵਾਈ ਨੂੰ ਐਸੋਸੀਏਸ਼ਨ ਫਾਰ ਵਲੰਟਰੀ ਐਕਸ਼ਨ ਦੇ ਪੰਜਾਬ ਹੈੱਡ ਯਾਦਵਿੰਦਰ ਸਿੰਘ ਦੀ ਸ਼ਿਕਾਇਤ 'ਤੇ ਅੰਜਾਮ ਦਿੱਤਾ ਗਿਆ ਹੈ। ਯਾਦਵਿੰਦਰ ਸਿੰਘ ਨੇ ਦਾਅਵਾ ਕੀਤਾ ਹੈ ਕਿ ਆਜ਼ਾਦ ਕਰਵਾਏ ਗਏ ਸਾਰੇ ਬੱਚਿਆਂ ਦੀ ਉਮਰ 12 ਤੋਂ 16 ਸਾਲ ਦੇ ਦਰਮਿਆਨ ਲੱਗ ਰਹੀ ਹੈ, ਜੋ ਸਿੱਧੇ ਤੌਰ 'ਤੇ ਚਾਈਲਡ ਲੇਬਰ ਐਕਟ 1955 ਖ਼ਿਲਾਫ਼ ਹੈ, ਜਿਸ ਦੇ ਤਹਿਤ ਮੁਲਜ਼ਮ ਪਾਏ ਜਾਣ ਵਾਲੇ ਖ਼ਿਲਾਫ਼ ਵਿਭਾਗੀ ਅਤੇ ਕਾਨੂੰਨੀ ਕਾਰਵਾਈ ਦੀ ਵਿਵਸਥਾ ਸ਼ਾਮਲ ਹੈ। ਇਸ ਵਿਚ ਮੁਲਜ਼ਮ ਨੂੰ 3 ਸਾਲ ਤੱਕ ਦੀ ਸਜ਼ਾ ਅਤੇ ਜੁਰਮਾਨਾ ਇਕੱਠੇ ਹੋ ਸਕਦੇ ਹਨ। ਵਿਭਾਗੀ ਅਧਿਕਾਰੀਆਂ ਵੱਲੋਂ ਉਕਤ ਕਾਰਵਾਈ ਨੂੰ ਛਾਪੇਮਾਰੀ ਦੌਰਾਨ ਆਜ਼ਾਦ ਕਰਵਾਏ ਗਏ ਸਾਰੇ ਬੱਚਿਆਂ ਦਾ ਸਥਾਨਕ ਸਿਵਲ ਹਸਪਤਾਲ ਤੋਂ ਮੈਡੀਕਲ ਚੈੱਕਅਪ ਕਰਵਾਉਣ ਤੋਂ ਬਾਅਦ ਬੱਚਿਆਂ ਨੂੰ ਸੀ. ਡਬਲਯੂ. ਸੀ. ਚਾਈਲਡ ਵੈੱਲਫੇਅਰ ਕਮੇਟੀ ਦੇ ਅਧਿਕਾਰੀਆਂ ਨੂੰ ਸੌਂਪ ਦਿੱਤਾ ਗਿਆ ਹੈ। ਇਥੇ ਅਧਿਕਾਰੀਆਂ ਵੱਲੋਂ ਵਿਭਾਗੀ ਕਾਰਵਾਈ ਕਰਨ ਤੋਂ ਬਾਅਦ ਬੱਚਿਆਂ ਨੂੰ ਬਾਲ ਘਰ ਜਮਾਲਪੁਰ ਵਿਚ ਸ਼ਿਫਟ ਕੀਤਾ ਗਿਆ ਹੈ। ਇਸ ਮੌਕੇ ਲੇਬਰ ਵਿਭਾਗ, ਸਿਹਤ ਵਿਭਾਗ, ਸਿੱਖਿਆ ਵਿਭਾਗ, ਚਾਈਲਡ ਵੈੱਲਫੇਅਰ ਕਮੇਟੀ ਸਮੇਤ ਮਨੁੱਖੀ ਸਮੱਗਲਿੰਗ ਵਿਰੋਧੀ ਪੁਲਸ ਦਸਤੇ ਦੇ ਜਵਾਨ ਮੁੱਖ ਤੌਰ 'ਤੇ ਸ਼ਾਮਲ ਰਹੇ।

# ਮੋਹਾਲੀ ਨਿਗਮ ਭਵਨ ਤੇ ਸਕੂਲਾਂ ਨੂੰ ਉਡਾਉਣ ਦੀ ਧਮਕੀ ਦੇਣ ਦੇ ਮਾਮਲੇ 'ਚ ਪਰਚਾ

ਮੋਹਾਲੀ 6 ਅਗਸਤ। ਮੋਹਾਲੀ ਨਿਗਮ ਦਫ਼ਤਰ ਅਤੇ ਨਿੱਜੀ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਭਰੀ ਈਮੇਲ ਭੇਜਣ ਦੇ ਮਾਮਲੇ 'ਚ ਥਾਣਾ ਫੇਜ਼-8 ਪੁਲਸ ਨੇ ਐੱਫ. ਆਈ. ਆਰ. ਦਰਜ ਕਰ ਲਈ ਹੈ। ਪੁਲਸ ਸ਼ਿਕਾਇਤ 'ਚ ਨਿਗਮ ਦੇ ਸਹਾਇਕ ਕਮਿਸ਼ਨਰ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਕਮਿਸ਼ਨਰ ਦੀ ਈਮੇਲ ਆਈ. ਡੀ 'ਤੇ ਸੁਨੇਹਾ ਪ੍ਰਾਪਤ ਹੋਇਆ ਸੀ, ਜਿਸ 'ਚ ਮੋਹਾਲੀ ਨਿਗਮ ਭਵਨ, ਸਕੂਲਾਂ ਤੇ ਹੋਰ ਜਨਤਕ ਥਾਂਵਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਹੈ। ਈਮੇਲ 'ਚ ਖਾਲਿਸਤਾਨ ਦਾ ਜ਼ਿਕਰ ਕੀਤਾ ਗਿਆ ਹੈ। ਈਮੇਲ ਦੇ ਅਖ਼ੀਰ 'ਚ ਖਾਲਿਸਤਾਨ ਨੈਸ਼ਨਲ ਆਰਮੀ ਇੰਜ. ਗੁਰਅਣਖ ਸਿੰਘ ਰੁਕਾਂ ਸਾਹਵਾਲਾ ਤੇ ਡਾ. ਗੁਰਨਿਰਵੈਰ ਸਿੰਘ ਖਾਨ ਰਜਾਦਾ ਦੇ ਨਾਮ ਲਿਖੇ ਹਨ। ਸਕੂਲਾਂ 'ਚ ਧਮਾਕਾ ਕਰਨ ਦਾ ਸਮਾਂ 1.11 ਦੁਪਹਿਰ ਦਾ ਸਮਾਂ ਲਿਖਿਆ ਸੀ, ਜਦਕਿ




ਨਿਗਮ ਮੋਹਾਲੀ 'ਚ ਧਮਾਕਾ ਕਰਨ ਦਾ ਸਮਾਂ 3.11 ਵਜੇ ਦਿੱਤਾ ਗਿਆ ਸੀ। ਇਸ ਈਮੇਲ 'ਚ ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਬਾਰੇ ਵੀ ਗਲਤ ਸ਼ਬਦਾਵਲੀ ਵਰਤੀ ਗਈ ਹੈ ਤੇ ਪੁਲਸ ਨੇ ਸ਼ਿਕਾਇਤ ਦੇ ਆਧਾਰ 'ਤੇ ਇੰਜ. ਗੁਰਅਣਖ ਸਿੰਘ ਰੁਕਾਂ ਸਾਹਵਾਲਾ ਤੇ ਡਾ. ਗੁਰਨਿਰਵੈਰ ਸਿੰਘ ਤੇ ਅਣਪਛਾਤਿਆਂ ਖ਼ਿਲਾਫ਼ ਪਰਚਾ ਦਰਜ ਕਰ ਲਿਆ ਹੈ। ਇਸ ਸਬੰਧੀ ਥਾਣਾ ਫੇਜ਼-8 ਦੇ ਮੁਖੀ ਸਤਨਾਮ ਸਿੰਘ ਨੇ ਦੱਸਿਆ ਕਿ ਈਮੇਲ ਦੀ ਜਾਂਚ ਸਾਈਬਰ ਸੈਲ ਦੀ ਟੀਮ ਕਰ ਰਹੀ ਹੈ ਕਿ ਇਹ ਈਮੇਲ ਕਿਸ ਆਈ.ਡੀ ਤੋਂ ਭੇਜੀ ਗਈ ਹੈ। ਦੱਸਣਯੋਗ ਹੈ ਕਿ ਮੋਹਾਲੀ ਦੇ ਸਕੂਲਾਂ ਨੂੰ ਇਸ ਤੋਂ ਪਹਿਲਾਂ ਵੀ 2 ਵਾਰ ਤੇ ਮੋਹਾਲੀ ਅਦਾਲਤੀ ਕੰਪਲੈਕਸ ਨਾਲ ਨਾਲ ਖਰੜ ਕੋਰਟ ਤੇ ਡੇਰਾਬਸੀ ਕੋਰਟ ਕੰਪਲੈਕਸ ਨੂੰ ਵੀ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਜਾ ਚੁੱਕੀ ਹੈ।

# ਨੰਗਲ ਥਾਣਾ ਗੰਗਾਜਲ ਨਾਲ ਧੋਣ ਪਹੁੰਚਣਗੇ ਭਾਜਪਾ ਆਗੂ ਬਲਰਾਮ ਪਰਾਸ਼ਰ

ਨੰਗਲ 6 ਅਗਸਤ। ਭਾਜਪਾ ਦੇ ਮੁੱਖ ਬੁਲਾਰੇ ਬਲਰਾਮ ਪਰਾਸ਼ਰ ਬੁੱਧਵਾਰ ਨੂੰ ਆਪਣੇ ਸਮਰਥਕਾਂ ਨਾਲ ਨੰਗਲ ਪੁਲਿਸ ਸਟੇਸ਼ਨ ਨੂੰ ਗੰਗਾ ਜਲ ਨਾਲ ਧੋਣ ਲਈ ਪਹੁੰਚ ਰਹੇ ਹਨ। ਪ੍ਰਸਤਾਵਿਤ ਵਿਰੋਧ ਪ੍ਰਦਰਸ਼ਨ ਦੇ ਮੱਦੇਨਜ਼ਰ, ਪੁਲਿਸ ਪ੍ਰਸ਼ਾਸਨ ਨੂੰ ਹਾਈ ਅਲਰਟ 'ਤੇ ਰੱਖਿਆ ਗਿਆ ਹੈ ਅਤੇ ਨੰਗਲ ਪੁਲਿਸ ਸਟੇਸ਼ਨ ਦੇ ਬਾਹਰ ਵਾਧੂ ਪੁਲਿਸ ਬਲ ਤਾਇਨਾਤ ਕਰਕੇ ਸੁਰੱਖਿਆ ਸਖ਼ਤ ਕਰ ਦਿੱਤੀ ਗਈ ਹੈ। ਭਾਜਪਾ ਨੇ ਕਿਹਾ ਹੈ ਕਿ ਇਹ ਵਿਰੋਧ ਪ੍ਰਦਰਸ਼ਨ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਉਨ੍ਹਾਂ ਦੇ ਚੋਣ ਵਾਅਦੇ ਦੀ ਯਾਦ ਦਿਵਾਉਣ ਲਈ ਕੀਤਾ ਜਾ ਰਿਹਾ ਹੈ। ਭਾਜਪਾ ਦੇ ਮੁੱਖ ਬੁਲਾਰੇ ਬਲਰਾਮ ਪਰਾਸ਼ਰ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਹਰਜੋਤ ਸਿੰਘ ਬੈਂਸ ਨੇ ਸ੍ਰੀ ਅਨੰਦਪੁਰ ਸਾਹਿਬ ਵਿਧਾਨ ਸਭਾ ਹਲਕੇ ਦੇ ਪੁਲਿਸ ਸਟੇਸ਼ਨਾਂ ਨੂੰ ਗੰਗਾ ਜਲ ਨਾਲ ਧੋ ਕੇ ਪੁਲਿਸ ਸਟੇਸ਼ਨਾਂ ਨੂੰ ਭ੍ਰਿਸ਼ਟਾਚਾਰ ਮੁਕਤ ਬਣਾਉਣ ਦਾ ਵਾਅਦਾ ਕੀਤਾ ਸੀ। ਬਲਰਾਮ ਪਰਾਸ਼ਰ ਨੇ ਕਿਹਾ ਕਿ ਮੰਤਰੀ ਨੇ ਅਜੇ ਤੱਕ ਆਪਣਾ ਵਾਅਦਾ ਪੂਰਾ ਨਹੀਂ ਕੀਤਾ ਹੈ। ਸਿੱਟੇ ਵਜੋਂ, ਭਾਜਪਾ ਵਰਕਰ ਨੰਗਲ ਪੁਲਿਸ ਸਟੇਸ਼ਨ ਪਹੁੰਚ ਕੇ ਗੰਗਾ ਦੇ ਪਾਣੀ ਨਾਲ ਪੁਲਿਸ ਸਟੇਸ਼ਨ ਨੂੰ ਧੋਣ ਦਾ ਪ੍ਰਤੀਕਾਤਮਕ ਪ੍ਰਦਰਸ਼ਨ ਕਰਨਗੇ ਅਤੇ ਮੰਤਰੀ ਤੋਂ ਆਪਣਾ ਚੋਣ ਵਾਅਦਾ ਪੂਰਾ ਕਰਨ ਦੀ ਮੰਗ ਕਰਨਗੇ।

# ਅੰਡੇ ਤੇ ਚਿਕਨ ਹੋ ਵਾਲੇ ਹਨ ਮਹਿੰਗੇ, ਘਟ ਸਕਦੀਆਂ ਹਨ ਕੀਮਤਾਂ

ਕੌਮੀ ਪਤ੍ਰਿਕਾ

ਬਿਜ਼ਨਸ ਡੈਸਕ 6 ਅਗਸਤ। ਜੇਕਰ ਅੰਡੇ ਤੁਹਾਡੀ ਖੁਰਾਕ ਦਾ ਰੋਜ਼ਾਨਾ ਹਿੱਸਾ ਹਨ, ਤਾਂ ਇਹ ਆਉਣ ਵਾਲੇ ਦਿਨਾਂ ਵਿੱਚ ਤੁਹਾਡੀ ਜੇਬ 'ਤੇ ਅਸਰ ਪਾ ਸਕਦਾ ਹੈ। ਦੇਸ਼ ਦੇ ਕਈ ਹਿੱਸਿਆਂ ਵਿੱਚ ਅੰਡੇ ਦੀਆਂ ਕੀਮਤਾਂ ਲਗਾਤਾਰ ਵੱਧ ਰਹੀਆਂ ਹਨ, ਪ੍ਰਚੂਨ ਬਾਜ਼ਾਰ ਵਿੱਚ ਇੱਕ ਆਂਡਾ 8.5 ਤੋਂ 9 ਰੁਪਏ ਵਿੱਚ ਵਿਕ ਰਿਹਾ ਹੈ। ਪੋਲਟਰੀ ਉਦਯੋਗ ਦਾ ਕਹਿਣਾ ਹੈ ਕਿ ਚਿਕਨ ਫੀਡ ਦੀ ਵਧਦੀ ਕੀਮਤ ਨੇ ਉਤਪਾਦਨ ਲਾਗਤਾਂ ਵਿੱਚ ਵਾਧਾ ਕੀਤਾ ਹੈ, ਜਿਸਦਾ ਸਿੱਧਾ ਅਸਰ ਬਾਜ਼ਾਰ ਦੀਆਂ ਕੀਮਤਾਂ 'ਤੇ ਪੈ ਰਿਹਾ ਹੈ। ਪੋਲਟਰੀ ਕੰਪਨੀਆਂ ਅਨੁਸਾਰ, ਪਿਛਲੇ ਕੁਝ ਮਹੀਨਿਆਂ ਵਿੱਚ ਮੱਕੀ, ਸੋਇਆਬੀਨ ਮੀਲ ਅਤੇ ਚਿਕਨ ਫੀਡ ਵਿੱਚ ਵਰਤੇ ਜਾਣ ਵਾਲੇ ਹੋਰ ਜ਼ਰੂਰੀ ਆਯਾਤ ਫੀਡ ਸਮੱਗਰੀ ਦੀਆਂ ਕੀਮਤਾਂ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਪੱਛਮੀ ਏਸ਼ੀਆ ਵਿੱਚ ਚੱਲ ਰਹੇ ਤਣਾਅ ਨੇ ਸਪਲਾਈ ਲੜੀ ਨੂੰ ਵਿਗਾੜ ਦਿੱਤਾ ਹੈ, ਜਿਸ ਨਾਲ ਬਹੁਤ ਸਾਰੇ ਕੱਚੇ ਮਾਲ ਦੀ ਉਪਲਬਧਤਾ ਅਤੇ ਕੀਮਤ ਦੋਵਾਂ 'ਤੇ ਅਸਰ ਪਿਆ ਹੈ। ਰਾਸ਼ਟਰੀ ਅੰਡਾ ਤਾਲਮੇਲ ਕਮੇਟੀ (©533) ਦੇ ਅੰਕੜਿਆਂ ਅਨੁਸਾਰ, ਹੈਦਰਾਬਾਦ ਵਿੱਚ ਅੰਡਿਆਂ ਦੀ ਐਕਸ-ਫਾਰਮ ਕੀਮਤ ਪਿਛਲੇ ਮਹੀਨੇ ਲਗਭਗ 15% ਅਤੇ ਪਿਛਲੇ ਸਾਲ ਦੇ ਮੁਕਾਬਲੇ ਲਗਭਗ 40% ਵਧੀ ਹੈ। ਉਦਯੋਗ ਅਨੁਸਾਰ, ਮੱਕੀ, ਜੋ ਕਿ ਪੋਲਟਰੀ ਫੀਡ ਦਾ ਲਗਭਗ 55% ਹੈ, ਮਾਰਚ ਤੋਂ ਕੀਮਤ ਵਿੱਚ 35% ਤੋਂ ਵੱਧ ਦਾ ਵਾਧਾ ਹੋਇਆ ਹੈ। ਇਸ ਦੌਰਾਨ, ਸੋਇਆਬੀਨ ਮੀਲ, ਜੋ ਕਿ ਲਗਭਗ 22% ਹੈ, 64% ਤੋਂ ਵੱਧ ਮਹਿੰਗਾ ਹੋ ਗਿਆ ਹੈ। ਇਸ ਤੋਂ ਇਲਾਵਾ, ਫੀਡ ਵਿੱਚ ਵਰਤੇ ਜਾਣ ਵਾਲੇ ਜ਼ਰੂਰੀ ਅਮੀਨੋ ਐਸਿਡ ਦੀਆਂ ਕੀਮਤਾਂ ਵੀ ਮਾਰਚ ਤੋਂ ਲਗਭਗ 3.5 ਗੁਣਾ ਵਧੀਆਂ ਹਨ। ਮਾਹਰਾਂ ਅਨੁਸਾਰ, ਮੱਕੀ ਦੀ ਮੰਗ ਹੁਣ ਪੋਲਟਰੀ ਸੈਕਟਰ ਤੱਕ ਸੀਮਤ ਨਹੀਂ ਹੈ। ਈਥਾਨੌਲ



ਉਤਪਾਦਨ ਲਈ ਵਧਦੀ ਖਪਤ ਨੇ ਵੀ ਕੀਮਤਾਂ ਵਿੱਚ ਵਾਧੇ ਵਿੱਚ ਯੋਗਦਾਨ ਪਾਇਆ ਹੈ। ਇਸ ਦੌਰਾਨ, ਇੱਕ ਅਨਿਸ਼ਚਿਤ ਮਾਨਸੂਨ ਨੇ ਸਾਉਣੀ ਅਤੇ ਹਾੜ੍ਹੀ ਦੀਆਂ ਫਸਲਾਂ ਦੇ ਉਤਪਾਦਨ ਬਾਰੇ ਚਿੰਤਾਵਾਂ ਪੈਦਾ ਕੀਤੀਆਂ ਹਨ। ਪਿਛਲੇ ਸਾਲ ਦੇ ਕਮਜ਼ੋਰ ਉਤਪਾਦਨ ਕਾਰਨ ਸੋਇਆਬੀਨ ਦੀਆਂ ਕੀਮਤਾਂ ਵੀ ਪ੍ਰਭਾਵਿਤ ਹੋਈਆਂ ਹਨ। ਉਦਯੋਗ ਦਾ ਅਨੁਮਾਨ ਹੈ ਕਿ ਭਾਰਤ ਵਿੱਚ ਸੋਇਆਬੀਨ ਦਾ ਉਤਪਾਦਨ ਪਿਛਲੇ ਸਾਲ ਲਗਭਗ 20% ਘੱਟ ਸੀ। ਜੇਕਰ ਇਸ ਸਾਲ ਮਾਨਸੂਨ ਵੀ ਉਮੀਦ ਅਨੁਸਾਰ ਨਹੀਂ ਰਿਹਾ, ਤਾਂ ਫੀਡ ਦੀਆਂ ਕੀਮਤਾਂ ਹੋਰ ਵਧ ਸਕਦੀਆਂ ਹਨ। ਤੇਜ਼ ਗਰਮੀ ਨੇ ਬ੍ਰਾਇਲਰ ਚਿਕਨ ਉਤਪਾਦਨ ਨੂੰ ਵੀ ਪ੍ਰਭਾਵਿਤ ਕੀਤਾ ਹੈ। ਘਟੇ ਹੋਏ ਉਤਪਾਦਨ ਕਾਰਨ, ਕਈ ਸ਼ਹਿਰਾਂ ਵਿੱਚ ਚਿਕਨ ਦੀ ਪ੍ਰਚੂਨ ਕੀਮਤ 250 ਤੋਂ 260 ਰੁਪਏ ਪ੍ਰਤੀ ਕਿਲੋਗ੍ਰਾਮ ਤੱਕ ਪਹੁੰਚ ਗਈ ਹੈ। ਪੋਲਟਰੀ ਉਦਯੋਗ ਨੂੰ ਉਮੀਦ ਹੈ ਕਿ ਜੁਲਾਈ ਦੇ ਅੰਤ ਤੋਂ ਅੰਡੇ ਦੀਆਂ ਕੀਮਤਾਂ ਕੁਝ ਘੱਟ ਹੋਣਗੀਆਂ। ਸਾਵਣ ਦੇ ਮਹੀਨੇ ਦੌਰਾਨ, ਉੱਤਰੀ ਭਾਰਤ ਵਿੱਚ ਵੱਡੀ ਗਿਣਤੀ ਵਿੱਚ ਲੋਕ ਧਾਰਮਿਕ ਕਾਰਨਾਂ ਕਰਕੇ ਆਪਣੇ ਅੰਡੇ ਅਤੇ ਮਾਸ ਦੀ ਖਪਤ ਘਟਾਉਂਦੇ ਹਨ, ਜਿਸ ਨਾਲ ਮੰਗ ਘੱਟ ਸਕਦੀ ਹੈ ਅਤੇ ਕੀਮਤਾਂ 'ਤੇ ਦਬਾਅ ਪੈ ਸਕਦਾ ਹੈ। ਹਾਲਾਂਕਿ, ਜੇਕਰ ਮਾਨਸੂਨ ਆਮ ਨਹੀਂ ਰਹਿੰਦਾ ਅਤੇ ਮੱਕੀ ਅਤੇ ਸੋਇਆਬੀਨ ਦੀਆਂ ਕੀਮਤਾਂ ਉੱਚੀਆਂ ਰਹਿੰਦੀਆਂ ਹਨ, ਤਾਂ ਆਉਣ ਵਾਲੇ ਮਹੀਨਿਆਂ ਵਿੱਚ ਅੰਡੇ ਅਤੇ ਚਿਕਨ ਦੋਵਾਂ ਦੀਆਂ ਕੀਮਤਾਂ ਵਿੱਚ ਇੱਕ ਹੋਰ ਵਾਧਾ ਹੋ ਸਕਦਾ ਹੈ।

# ਨਦੀ 'ਚ ਪੈਰ ਧੋਣ ਗਏ ਮੁੰਡੇ ਨੂੰ ਖਿੱਚ ਕੇ ਲੈ ਗਿਆ ਮਗਰਮੱਛ ! ਕਈ ਘੰਟਿਆਂ ਬਾਅਦ ਮਿਲੀ ਲਾਸ਼

ਬਹਿਰਾਇਚ 6 ਅਗਸਤ। ਉੱਤਰ ਪ੍ਰਦੇਸ਼ ਦੇ ਬਹਿਰਾਇਚ ਜ਼ਿਲ੍ਹੇ 'ਚ ਘਾਘਰਾ ਨਦੀ 'ਚ ਮਗਰਮੱਛ ਦੇ ਹਮਲੇ 'ਚ 12 ਸਾਲਾ ਮੁੰਡੇ ਦੀ ਮੌਤ ਹੋ ਗਈ। ਪੁਲਸ ਨੇ ਸ਼ੁੱਕਰਵਾਰ ਨੂੰ ਇਹ ਜਾਣਕਾਰੀ ਦਿੱਤੀ। ਥਾਣਾ ਇੰਚਾਰਜ ਟੀਐੱਨ ਮੌਰਿਆ ਨੇ ਦੱਸਿਆ ਕਿ ਟਿਕੁਰੀ ਪਿੰਡ ਵਾਸੀ ਸੁਨੀਲ (12) ਵੀਰਵਾਰ ਸ਼ਾਮ ਆਪਣੇ ਚਾਚੇ ਵਿਜੇ ਸਿੰਘ ਨਾਲ ਖੇਤ 'ਚ ਝੋਨਾ ਲਗਾਉਣ ਤੋਂ ਬਾਅਦ ਘਾਘਰਾ ਨਦੀ 'ਚ ਹੱਥ-ਪੈਰ ਧੋਣ ਗਿਆ ਸੀ। ਇਸ ਦੌਰਾਨ ਮਗਰਮੱਛ ਨੇ ਉਸ 'ਤੇ ਹਮਲਾ ਕਰ ਦਿੱਤਾ ਅਤੇ ਜਬਾੜਿਆਂ 'ਚ ਦਬੋਚ ਲਿਆ। ਉਨ੍ਹਾਂ ਦੱਸਿਆ ਕਿ ਬੱਚੇ ਦੇ ਚਾਚਾ ਅਤੇ ਨੇੜੇ-ਤੇੜੇ ਮੌਜੂਦ ਪਿੰਡ ਵਾਸੀਆਂ ਨੇ ਰੌਲਾ ਪਾ ਕੇ ਅਤੇ ਇੱਟ-ਪੱਥਰ ਸੁੱਟ ਕੇ ਉਸ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਪਰ ਮਗਰਮੱਛ ਉਸ ਨੂੰ ਡੂੰਘੇ ਪਾਣੀ 'ਚ ਖਿੱਚ ਕੇ ਲੈ ਗਿਆ। ਥਾਣਾ ਇੰਚਾਰਜ ਨੇ ਦੱਸਿਆ ਕਿ ਪਿੰਡ ਵਾਸੀਆਂ ਦੀ ਮਦਦ ਨਾਲ ਕਈ ਘੰਟਿਆਂ ਦੀ ਤਲਾਸ਼ੀ ਮੁਹਿੰਮ ਚਲਾਈ ਗਈ ਅਤੇ ਕਾਫ਼ੀ ਕੋਸ਼ਿਸ਼ਾਂ ਤੋਂ ਬਾਅਦ ਰਾਤ ਨੂੰ ਨਦੀ 'ਚੋਂ ਮੁੰਡੇ ਦੀ ਲਾਸ਼ ਬਰਾਮਦ ਹੋਈ। ਇਸ ਘਟਨਾ ਦਾ ਵੀਡੀਓ ਸ਼ੁੱਕਰਵਾਰ ਸਵੇਰੇ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਿਹਾ ਹੈ, ਜਿਸ ਦੀ ਪੁਲਸ ਨੇ ਪੁਸ਼ਟੀ ਕੀਤੀ ਹੈ। ਉਨ੍ਹਾਂ ਦੱਸਿਆ ਕਿ ਮਗਰਮੱਛ ਨੇ ਮੁੰਡੇ ਦਾ ਸੱਜਾ ਪੈਰ ਚਬਾ ਦਿੱਤਾ ਅਤੇ ਕਮਰ ਦੇ ਹੇਠ ਦਾ ਕੁਝ ਹਿੱਸਾ ਜ਼ਖ਼ਮੀ ਕਰ ਦਿੱਤਾ ਸੀ। ਮਗਰਮੱਛ ਨੇ ਮ੍ਰਿਤ ਸਰੀਰ ਦਾ ਉੱਪਰੀ ਹਿੱਸਾ ਨਹੀਂ ਖਾਧਾ ਸੀ। ਪੁਲਸ ਨੇ ਕਾਨੂੰਨੀ ਕਾਰਵਾਈ ਮਗਰੋਂ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਪਿੰਡ ਵਾਸੀਆਂ ਅਨੁਸਾਰ, ਸੁਨੀਲ ਦੇ ਮਾਤਾ-ਪਿਤਾ ਦਾ ਪਹਿਲਾਂ ਹੀ ਦਿਹਾਂਤ ਹੋ ਚੁੱਕਿਆ ਸੀ ਅਤੇ ਪਿੰਡ 'ਚ ਉਹ ਆਪਣੇ ਚਾਚਾ ਦੇ ਇੱਥੇ ਰਹਿੰਦਾ ਸੀ। ਉੱਪ ਜ਼ਿਲ੍ਹਾ ਅਧਿਕਾਰੀ ਪ੍ਰਕਾਸ਼ ਸਿੰਘ ਨੇ ਦੱਸਿਆ ਕਿ ਘਟਨਾ ਦੀ ਸੂਚਨਾ ਸੀਨੀਅਰ ਅਧਿਕਾਰੀਆਂ ਨੂੰ ਦੇ ਦਿੱਤੀ ਗਈ ਹੈ ਅਤੇ ਪੀੜਤ ਪਰਿਵਾਰ ਨੂੰ ਨਿਯਮ ਅਨੁਸਾਰ ਚਾਰ ਲੱਖ ਰੁਪਏ ਦੀ ਆਰਥਿਕ ਮਦਦ ਉਪਲੱਬਧ ਕਰਵਾਈ ਜਾਵੇਗੀ।

# ਡੋਡਾ 'ਚ ਯਾਤਰੀ ਬੱਸ ਅਤੇ ਘਰ 'ਤੇ ਡਿੱਗੀਆਂ ਚੱਟਾਨਾਂਜੰਮੂ-ਕਸ਼ਮੀਰ: ਡੋਡਾ 'ਚ ਯਾਤਰੀ ਬੱਸ ਅਤੇ ਘਰ 'ਤੇ ਡਿੱਗੀਆਂ ਚੱਟਾਨਾਂ

ਜੰਮੂ 6 ਅਗਸਤ। ਜੰਮੂ-ਕਸ਼ਮੀਰ ਦੇ ਡੋਡਾ ਜ਼ਿਲ੍ਹੇ ਵਿੱਚ ਸੋਮਵਾਰ ਨੂੰ ਦੋ ਵੱਖ-ਵੱਖ ਘਟਨਾਵਾਂ ਵਿੱਚ ਚੱਟਾਨਾਂ ਡਿੱਗਣ ਨਾਲ ਇੱਕ ਯਾਤਰੀ ਬੱਸ ਅਤੇ ਇੱਕ ਘਰ ਨੂੰ ਨੁਕਸਾਨ ਪਹੁੰਚਿਆ, ਜਿਸ ਵਿੱਚ ਤਿੰਨ ਲੋਕ ਮਾਰੇ ਗਏ ਅਤੇ ਛੇ ਹੋਰ ਜ਼ਖਮੀ ਹੋ ਗਏ। ਅਧਿਕਾਰੀਆਂ ਨੇ ਇਸ ਦੀ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਪਹਿਲੀ ਘਟਨਾ ਵਿੱਚ ਭਾਰੀ ਬਾਰਿਸ਼ ਦੌਰਾਨ ਸੋਮਵਾਰ ਸਵੇਰੇ 9:30 ਵਜੇ ਦੇ ਕਰੀਬ ਜੰਮੂ-ਕਿਸ਼ਤਵਾੜ ਰਾਸ਼ਟਰੀ ਰਾਜਮਾਰਗ 'ਤੇ ਰਾਗੀ ਨਾਲਾ ਨੇੜੇ ਇੱਕ ਪਹਾੜੀ ਤੋਂ ਇੱਕ ਚੱਟਾਨ ਡਿੱਗ ਕੇ ਇੱਕ ਯਾਤਰੀ ਬੱਸ ਨਾਲ ਟਕਰਾ ਗਈ। ਉਨ੍ਹਾਂ ਕਿਹਾ ਕਿ ਤੁਰੰਤ ਬਚਾਅ ਕਾਰਜ ਸ਼ੁਰੂ ਕੀਤਾ ਗਿਆ ਅਤੇ ਸੱਤ ਜ਼ਖ਼ਮੀਆਂ ਨੂੰ ਨੇੜਲੇ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਮਨੀਸ਼ ਕੁਮਾਰ ਵਜੋਂ ਪਛਾਣੇ ਗਏ ਇੱਕ ਵਿਅਕਤੀ ਨੂੰ ਮ੍ਰਿਤਕ ਐਲਾਨ ਦਿੱਤਾ। ਅਧਿਕਾਰੀਆਂ ਨੇ ਦੱਸਿਆ ਕਿ ਨੁਕਸਾਨੇ ਗਏ ਵਾਹਨ ਵਿੱਚੋਂ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਵੀ ਬਰਾਮਦ ਕੀਤੀ ਗਈ। ਮ੍ਰਿਤਕ ਦੀ ਪਛਾਣ ਕਰਨ ਦੀ ਕੋਸ਼ਿਸ਼ ਜਾਰੀ ਹੈ। ਅਧਿਕਾਰੀਆਂ ਨੇ ਦੱਸਿਆ ਕਿ ਹਾਈਵੇਅ ਬੰਦ ਰਿਹਾ,



ਕਿਉਂਕਿ ਇਲਾਕੇ ਵਿੱਚ ਕੁਝ ਨਿੱਜੀ ਵਾਹਨ ਵੀ ਪੱਥਰਾਂ ਨਾਲ ਟਕਰਾ ਗਏ ਸਨ। ਹਾਲਾਂਕਿ, ਇਨ੍ਹਾਂ ਵਾਹਨਾਂ ਵਿੱਚ ਸਵਾਰ ਲੋਕ ਵਾਲ-ਵਾਲ ਬਚ ਗਏ। ਅਧਿਕਾਰੀਆਂ ਨੇ ਦੱਸਿਆ ਕਿ ਇੱਕ ਹੋਰ ਘਟਨਾ ਵਿੱਚ ਜ਼ਿਲ੍ਹੇ ਦੇ ਕਾਸ਼ਤੀਗੜ੍ਹ ਖੇਤਰ ਵਿੱਚ ਇੱਕ ਔਰਤ ਸ਼ਿਵ ਦੇਵੀ ਆਪਣੇ ਘਰ ਵਿੱਚ ਸੀ ਤਾਂ ਚੱਟਾਨ ਨਾਲ ਟਕਰਾਉਣ ਕਾਰਨ ਉਸਦੀ ਮੌਤ ਹੋ ਗਈ। ਉਨ੍ਹਾਂ ਕਿਹਾ ਕਿ ਇਸ ਘਟਨਾ ਵਿੱਚ ਘਰ ਨੂੰ ਵੀ ਨੁਕਸਾਨ ਪਹੁੰਚਿਆ ਹੈ।

# ਭਵਾਨੀਗੜ੍ਹ ਪੁਲਸ ਵੱਲੋਂ ਕਾਲਾਝਾੜ ਟੋਲ 'ਤੇ ਵਾਹਨਾਂ ਦੀ ਚੈਕਿੰਗ

ਕੌਮੀ ਪਤ੍ਰਿਕਾ

ਭਵਾਨੀਗੜ੍ਹ 6 ਅਗਸਤ। ਜ਼ਿਲ੍ਹੇ 'ਚ ਅਮਨ-ਕਾਨੂੰਨ ਦੀਸਥਿਤੀ ਨੂੰ ਬਰਕਰਾਰ ਰੱਖਣ ਤੇ ਨਸ਼ਾ ਸਮੱਗਲਰਾਂ ਅਤੇ ਸਮਾਜ ਵਿਰੋਧੀ ਅਨਸਰਾਂ 'ਤੇ ਸ਼ਿਕੰਜਾ ਕੱਸਣ ਦੇ ਮਕਸਦ ਨਾਲ ਸੰਗਰੂਰ ਪੁਲਸ ਵੱਲੋਂ ਬੁੱਧਵਾਰ ਨੂੰ ਜ਼ਿਲ੍ਹੇ ਦੀਆਂ ਸਰਹੱਦਾਂ 'ਤੇ ਵਿਸ਼ੇਸ਼ ਨਾਕਾਬੰਦੀ ਕਰ ਕੇ ਸਖ਼ਤ ਵਾਹਨ ਚੈਕਿੰਗ ਮੁਹਿੰਮ ਚਲਾਈ ਗਈ। ਐੱਸ.ਐੱਸ.ਪੀ. ਗਰੇਵਾਲ ਦੀ ਅਗਵਾਈ ਹੇਠ ਭਵਾਨੀਗੜ੍ਹ ਦੇ ਕਾਲਾਝਾੜ ਟੋਲ ਪਲਾਜ਼ਾ ਨੇੜੇ ਚੰਡੀਗੜ੍ਹ-ਬਠਿੰਡਾ ਕੌਮੀ ਰਾਜਮਾਰਗ 'ਤੇ ਵਿਸ਼ੇਸ਼ ਨਾਕਾਬੰਦੀ ਕੀਤੀ ਗਈ। ਇਸ ਦੌਰਾਨ ਜ਼ਿਲ੍ਹੇ 'ਚ ਦਾਖਲ ਹੋਣ ਵਾਲੇ ਵਾਹਨਾਂ ਦੀ ਗਹਿਰਾਈ ਨਾਲ ਜਾਂਚ ਕੀਤੀ ਗਈ ਤੇ ਸ਼ੱਕੀ ਵਿਅਕਤੀਆਂ ਤੋਂ ਪੁੱਛਗਿੱਛ ਵੀ



ਕੀਤੀ ਗਈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ 'ਚ ਦਾਖਲ ਹੋਣ ਵਾਲੇ ਸਾਰੇ ਮੁੱਖ ਮਾਰਗਾਂ 'ਤੇ ਸਬੰਧਤ ਥਾਣਾ ਮੁਖੀਆਂ ਦੀ ਅਗਵਾਈ ਹੇਠ ਪੁਲਸ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਇਸ ਮੁਹਿੰਮ ਦਾ ਉਦੇਸ਼ ਜ਼ਿਲ੍ਹੇ 'ਚ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣਾ ਤੇ ਨਸ਼ਾ ਸਮੱਗਲਰਾਂ ਤੇ ਸਮਾਜ ਵਿਰੋਧੀ ਅਨਸਰਾਂ ਦੀ ਆਵਾਜਾਈ 'ਤੇ ਪ੍ਰਭਾਵਸ਼ਾਲੀ ਰੋਕ ਲਗਾਉਣਾ ਹੈ। ਜਾਂਚ ਦੌਰਾਨ ਪੁਲਸ ਵੱਲੋਂ ਵਾਹਨਾਂ ਦੀਆਂ ਡਿੱਗੀਆਂ, ਦਸਤਾਵੇਜ਼ਾਂ ਤੇ ਸਾਮਾਨ ਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ। ਉਨ੍ਹਾਂ ਕਿਹਾ ਕਿ ਅਪਰਾਧਾਂ ਦੀ ਰੋਕਥਾਮ ਅਤੇ ਜ਼ਿਲ੍ਹੇ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇਸ ਤਰ੍ਹਾਂ ਦੀਆਂ ਮੁਹਿੰਮਾਂ ਲਗਾਤਾਰ ਜਾਰੀ ਰਹਿਣਗੀਆਂ। ਇਸ ਸਮੇਂ ਐੱਸ. ਪੀ. (ਡੀ) ਦਵਿੰਦਰ ਅੱਤਰੀ, ਡੀ.ਐੱਸ.ਪੀ. ਭਵਾਨੀਗੜ੍ਹ ਸਤਨਾਮ ਸਿੰਘ, ਥਾਣਾ ਮੁਖੀ ਭਵਾਨੀਗੜ੍ਹ ਇੰਸਪੈਕਟਰ ਰਮਨਦੀਪ ਸਿੰਘ, ਚੌਕੀ ਇੰਚਾਰਜ ਕਾਲਾਝਾੜ ਏ.ਐੱਸ.ਆਈ. ਸਰਵੰਤ ਸਿੰਘ ਸਮੇਤ ਹੋਰ ਪੁਲਸ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

# ਬਲੱਡ ਪ੍ਰੈਸ਼ਰ ਦੀਆਂ ਫਰਜ਼ੀ ਦਵਾਈਆਂ ਦੀ ਸਪਲਾਈ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼

ਕੌਮੀ ਪਤ੍ਰਿਕਾ

ਗੁਰੂਗ੍ਰਾਮ 6 ਅਗਸਤ। ਹਰਿਆਣਾ ਫੂਡ ਐਂਡ ਡਰੱਗ ਪ੍ਰਸ਼ਾਸਨ (ਐੱਫ.ਡੀ.ਏ.) ਨੇ ਗੁਰੂਗ੍ਰਾਮ ਅਤੇ ਦਿੱਲੀ ਪੁਲਸ ਨਾਲ ਸੰਯੁਕਤ ਕਾਰਵਾਈ 'ਚ ਨਕਲੀ ਬਲੱਡ ਪ੍ਰੈਸ਼ਰ ਦੀਆਂ ਦਵਾਈਆਂ ਸਪਲਾਈ ਕਰਨ ਵਾਲੇ ਇਕ ਅੰਤਰਰਾਜੀ ਗਿਰੋਹ ਦਾ ਪਰਦਾਫਾਸ਼ ਕੀਤਾ। ਇਕ ਅਧਿਕਾਰੀ ਨੇ ਸੋਮਵਾਰ ਨੂੰ ਦੱਸਿਆ ਕਿ ਰਾਸ਼ਟਰੀ ਰਾਜਧਾਨੀ ਅਤੇ ਉੱਤਰ ਪ੍ਰਦੇਸ਼ ਦੇ ਮੁਰਾਦਾਬਾਦ ਤੋਂ 2 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਐੱਫ.ਡੀ.ਏ. ਦੇ ਇਕ ਸੀਨੀਅਰ ਅਧਿਕਾਰੀ ਨੇ ਕਿਹਾ ਕਿ ਦੋਸ਼ੀ ਹਾਈ ਬਲੱਡ ਪ੍ਰੈਸ਼ਰ ਦੇ ਇਲਾਜ ਲਈ ਵਰਤੀ ਜਾਣ ਵਾਲੀ ਨਕਲੀ ਦਵਾਈ, 'ਟੈਲਮੀਸਾਰਟਨ ਏਐੱਮ' ਦੀ ਖੇਪ ਹਰਿਆਣਾ ਅਤੇ ਦਿੱਲੀ ਦੇ ਬਾਜ਼ਾਰਾਂ 'ਚ ਸਪਲਾਈ ਕਰ ਰਹੇ ਸਨ। ਇਹ ਦਵਾਈ ਹਾਈ ਬਲੱਡ ਪ੍ਰੈਸ਼ਰ ਦੇ ਇਲਾਜ 'ਚ ਇਸਤੇਮਾਲ ਕੀਤੀ ਜਾਂਦੀ ਹੈ। ਪੁਲਸ ਨੇ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਦਿੱਲੀ ਦੇ ਰਹਿਣ ਵਾਲੇ ਸੁਬਰਤ ਦਿਵੇਦੀ ਅਤੇ ਉੱਤਰ ਪ੍ਰਦੇਸ਼ ਦੇ ਮੁਰਾਦਾਬਾਦ ਦੇ ਰਹਿਣ ਵਾਲੇ ਜ਼ੁਬੈਰ ਵਜੋਂ ਹੋਈ ਹੈ। ਜ਼ਿਲ੍ਹਾ ਡਰੱਗ ਕੰਟਰੋਲਰ ਅਮਨਦੀਪ ਚੌਹਾਨ ਨੇ ਕਿਹਾ, ਹੁਣ ਤੱਕ, ਅਸੀਂ ਨਕਲੀ ਟੈਲਮਾ-ਏਐੱਮ ਦੀਆਂ 178 ਗੋਲੀਆਂ ਬਰਾਮਦ ਕੀਤੀਆਂ ਹਨ। ਜਾਂਚ ਤੋਂ ਪਤਾ ਲੱਗਾ ਹੈ ਕਿ 350 ਰੁਪਏ ਦੀ ਐੱਮਆਰਪੀ ਵਾਲੇ ਕੁੱਲ 1,700 ਪੱਤੇ ਖਰੀਦੇ ਗਏ ਸਨ। ਮਾਮਲੇ ਦੀ ਜਾਂਚ ਜਾਰੀ ਹੈ। ਐੱਫਡੀਏ ਨੂੰ ਸੂਚਨਾ ਮਿਲੀ ਸੀ ਕਿ ਗੁਰੂਗ੍ਰਾਮ 'ਚ 'ਸ਼੍ਰੀ ਬਾਲਾਜੀ ਫ਼ਾਰਮ' ਨਾਂ ਤੋਂ ਚੱਲ ਰਹੀ ਇਕ ਥੋਕ ਦਵਾਈ



ਸੰਬੰਧਤ ਏਜੰਸੀ ਕੋਲ ਦਵਾਈਆਂ ਦਾ ਕਾਰੋਬਾਰ ਕਰਨ ਲਈ ਜ਼ਰੂਰੀ ਜਾਇਜ਼ ਲਾਇਸੈਂਸ ਨਹੀਂ ਸੀ। ਐੱਫਡੀਏ ਅਧਿਕਾਰੀਆਂ ਅਨੁਸਾਰ, ਨਕਲੀ ਦਵਾਈਆਂ ਦੀ ਵਿਕਰੀ ਦੀ ਸੂਚਨਾ ਮਿਲਣ ਤੋਂ ਬਾਅਦ ਸੀਨੀਅਰ ਅਧਿਕਾਰੀਆਂ ਦੇ ਨਿਰਦੇਸ਼ 'ਤੇ ਤਿੰਨ ਅਧਿਕਾਰੀਆਂ ਦੀ ਸੰਯੁਕਤ ਟੀਮ ਗਠਿਤ ਕੀਤੀ ਗਈ ਅਤੇ ਮਾਮਲੇ ਦੀ ਜਾਂਚ ਸ਼ੁਰੂ ਕੀਤੀ ਗਈ। ਉਨ੍ਹਾਂ ਦੱਸਿਆ ਕਿ ਮਾਮਲੇ ਦੀ ਜਾਂਚ ਦੌਰਾਨ ਟੀਮ ਦੋਸ਼ੀਆਂ ਤੱਕ ਪਹੁੰਚੀ ਅਤੇ ਦਿੱਲੀ ਤੇ ਮੁਰਾਦਾਬਾਦ ਤੋਂ 2 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ। ਅਧਿਕਾਰੀਆਂ ਅਨੁਸਾਰ, ਸ਼ੁਰੂਆਤੀ ਪੁੱਛ-ਗਿੱਛ 'ਚ ਦੋਸ਼ੀਆਂ ਨੇ ਦੱਸਿਆ ਕਿ ਨਕਲੀ ਦਵਾਈਆਂ ਦਾ ਨਿਰਮਾਣ ਉਤਰਾਖੰਡ ਦੇ ਰੁੜਕੀ 'ਚ ਕੀਤਾ ਜਾਂਦਾ ਸੀ ਅਤੇ ਇਸ ਤੋਂ ਬਾਅਦ ਇਨ੍ਹਾਂ ਨੂੰ ਲਖਨਊ ਦੇ ਰਸਤੇ ਹਰਿਆਣਾ, ਦਿੱਲੀ ਅਤੇ ਹੋਰ ਇਲਾਕਿਆਂ 'ਚ ਪਹੁੰਚਾਇਆ ਜਾਂਦਾ ਸੀ। ਅਧਿਕਾਰੀਆਂ ਨੇ ਦੱਸਿਆ ਕਿ ਹੁਣ ਇਸ ਨੈੱਟਵਰਕ ਨਾਲ ਜੁੜੇ ਹੋਰ ਲੋਕਾਂ ਅਤੇ ਉਸ ਫੈਕਟਰੀ ਦੀ ਪਛਾਣ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿੱਥੇ ਇਨ੍ਹਾਂ ਨਕਲੀ ਦਵਾਈਆਂ ਦਾ ਨਿਰਮਾਣ ਕੀਤਾ ਜਾਂਦਾ ਸੀ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰੀਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ੀਆਬਾਦ ਤੋਂ ਛਾਪ ਕੇ 5, ਬਹਾਦੁਰ ਸ਼ਾਹ ਜ਼ਫ਼ਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਨਸ਼ੇ ਦੀ ਹਾਲਤ ਵਿਚ ਘੁੰਮ ਰਹੇ ਨੌਜਵਾਨ ਨੂੰ ਪੁਲਸ ਨੇ ਕੀਤਾ ਕਾਬੂ, ਡੋਪ ਟੈਸਟ 'ਚ ਹੋਈ ਪੁਸ਼ਟੀ

ਕੌਮੀ ਪਤ੍ਰਿਕਾ

ਸ੍ਰੀ ਮੁਕਤਸਰ ਸਾਹਿਬ 6 ਅਗਸਤ। ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਅਧੀਨ ਆਉਂਦੇ ਥਾਣਾ ਬਰੀਵਾਲਾ ਦੀ ਪੁਲਸ ਵੱਲੋਂ ਨਸ਼ਿਆਂ ਖ਼?ਲਾਫ਼ ਚਲਾਈ ਮੁਹਿੰਮ ਤਹਿਤ ਇਕ ਨੌਜਵਾਨ ਨੂੰ ਨਸ਼ੇ ਦੀ ਹਾਲਤ ਵਿਚ ਕਾਬੂ ਕਰਕੇ ਉਸ ਵਿਰੁੱਧ ਐੱਨ.ਡੀ.ਪੀ.ਐੱਸ. ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਕਾਬੂ ਕੀਤੇ ਗਏ ਨੌਜਵਾਨ ਦੀ ਪਛਾਣ ਜੀਵਨ ਉਰਫ਼ ਜਿੰਮੀ ਪੁੱਤਰ ਜਗਸੀਰ ਸਿੰਘ ਵਾਸੀ ਕੋਟਲੀ ਸੰਘਰ ਵਜੋਂ ਹੋਈ ਹੈ। ਮਿਲੀ ਜਾਣਕਾਰੀ ਅਨੁਸਾਰ ਲੇਡੀ ਹੈੱਡ ਕਾਂਸਟੇਬਲ ਕਿਰਨਦੀਪ ਕੌਰ ਦੀ ਅਗਵਾਈ ਹੇਠ ਪੁਲਸ ਪਾਰਟੀ ਜਿਸ ਵਿੱਚ ਹੈੱਡ ਕਾਂਸਟੇਬਲ ਬਲਜਿੰਦਰ ਸਿੰਘ, ਸੀਨੀਅਰ ਕਾਂਸਟੇਬਲ ਮਨਪ੍ਰੀਤ ਸਿੰਘ ਅਤੇ ਪੀ.ਐੱਚ.ਜੀ. ਇਕਬਾਲ ਸਿੰਘ ਸ਼ਾਮਲ ਸਨ, ਸਰਕਾਰੀ ਗੱਡੀ ਰਾਹੀਂ ਇਲਾਕੇ ਵਿਚ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਅਤੇ ਗਸ਼ਤ ਕਰ ਰਹੀ ਸੀ। ਜਦੋਂ ਪੁਲਸ ਪਾਰਟੀ ਮੰਡੀ ਬਰੀਵਾਲਾ ਤੋਂ ਪਿੰਡ ਵੜਿੰਗ ਵੱਲ ਜਾ ਰਹੇ ਰੇਲਵੇ ਫਾਟਕ ਕੋਲ ਪੁੱਜੀ, ਤਾਂ ਉੱਥੇ ਕੱਚੀ ਪਟੜੀ 'ਤੇ ਇਕ ਨੌਜਵਾਨ ਨਸ਼ੇ ਦੀ ਲੋਰ ਵਿੱਚ ਡਿੱਕ-ਡੋਲੇ ਖਾਂਦਾ ਹੋਇਆ ਆਉਂਦਾ ਦਿਖਾਈ ਦਿੱਤਾ। ਪੁਲਸ ਕਰਮਚਾਰੀਆਂ ਨੇ ਉਕਤ ਨੌਜਵਾਨ ਨੂੰ ਮੌਕੇ 'ਤੇ ਹੀ ਕਾਬੂ ਕਰ ਲਿਆ। ਪੁਲਸ ਵੱਲੋਂ ਕਾਬੂ ਕੀਤੇ ਗਏ ਨੌਜਵਾਨ ਜੀਵਨ ਉਰਫ਼ ਜਿੰਮੀ ਨੂੰ ਤੁਰੰਤ ਸਰਕਾਰੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੂੰ ਉਸ ਦਾ ਡੋਪ ਟੈਸਟ ਕਰਨ ਲਈ ਲਿਖਤੀ ਦਰਖਾਸਤ ਦਿੱਤੀ ਗਈ। ਡਾਕਟਰੀ ਜਾਂਚ ਅਤੇ ਡੋਪ ਟੈਸਟ ਦੌਰਾਨ ਉਕਤ ਨੌਜਵਾਨ ਦੀ ਰਿਪੋਰਟ ਪੋਸਟਿਵ ਆਈ, ਜਿਸ ਤੋਂ ਸਪੱਸ਼ਟ ਹੋਇਆ ਕਿ ਉਹ ਨਸ਼ਾ ਕਰਨ ਦਾ ਆਦੀ ਹੈ ਅਤੇ ਉਸ ਨੇ ਨਸ਼ੇ ਦਾ ਸੇਵਨ ਕੀਤਾ ਹੋਇਆ ਸੀ। ਕਾਨੂੰਨੀ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਉਣ ਲਈ, ਪੁਲਸ ਵੱਲੋਂ ਇਸ ਸਾਰੀ ਕਾਰਵਾਈ ਅਤੇ ਨਸ਼ੇ ਦੀ ਹਾਲਤ ਦੀ ਵੀਡੀਓਗ੍ਰਾਫੀ/ਫੋਟੋਗ੍ਰਾਫੀ ਸੀਨੀਅਰ ਕਾਂਸਟੇਬਲ ਮਨਪ੍ਰੀਤ ਸਿੰਘ ਵੱਲੋਂ ਸਰਕਾਰੀ ਨਿਯਮਾਂ ਅਨੁਸਾਰ ਮੋਬਾਇਲ ਫੋਨ ਵਿੱਚ 'ਈ-ਸਾਕਸ਼ਿਆ' ਐਪ ਰਾਹੀਂ ਰਿਕਾਰਡ ਕੀਤੀ ਗਈ।




## ਵਿਦਿਆਰਥਣ ਦਾ ਜ਼ਬਰ-ਜਨਾਹ ਮਗਰੋਂ ਕਤਲ ! ਅਸਾਮ ਪੁਲਸ ਨੇ 3 ਮੁਲਜ਼ਮਾਂ ਨੂੰ ਕੀਤਾ ਗ੍ਰਿਫ਼ਤਾਰ

ਨੈਸ਼ਨਲ ਡੈਸਕ 6 ਅਗਸਤ। ਆਸਾਮ ਦੇ ਹੈਲਾਕਾਂਡੀ ਜ਼ਿਲ੍ਹੇ 'ਚ 15 ਸਾਲਾ ਵਿਦਿਆਰਥਣ ਨਾਲ ਸਮੂਹਿਕ ਜਬਰ-ਜ਼ਨਾਹ ਅਤੇ ਕਤਲ ਦੇ ਦੋਸ਼ ਹੇਠ ਨਾਬਾਲਗ ਸਮੇਤ 3 ਲੋਕਾਂ ਨੂੰ ਹਿਰਾਸਤ 'ਚ ਲਿਆ ਗਿਆ ਹੈ। ਪੁਲਸ ਨੇ ਦੱਸਿਆ ਕਿ ਪੀੜਤਾ ਦੀ ਮਾਂ ਸ਼ਨੀਵਾਰ ਰਾਤ ਗੁਆਂਢ 'ਚ ਇਕ ਪ੍ਰੋਗਰਾਮ ਵਿਚ ਗਈ ਸੀ ਅਤੇ ਘਰ ਪਰਤਣ 'ਤੇ ਉਸ ਨੇ ਲੜਕੀ ਦੀ ਲਾਸ਼ ਬਿਨਾਂ ਕੱਪੜਿਆਂ ਦੇ ਬਿਸਤਰੇ 'ਤੇ ਪਈ ਦੇਖੀ। ਪੁਲਸ ਨੇ ਦੱਸਿਆ ਕਿ ਪਿੰਡ ਵਾਸੀਆਂ ਨੇ ਤੁਰੰਤ ਕਟਲੀਚੇਰਾ ਪੁਲਸ ਥਾਣੇ ਨੂੰ ਸੂਚਨਾ ਦਿੱਤੀ। ਪੁਲਸ ਨੇ ਲਾਸ਼ ਨੂੰ ਪੋਸਟਮਾਰਟਮ ਲਈ ਐੱਸ.ਕੇ. ਰੌਏ ਸਿਵਲ ਹਸਪਤਾਲ ਭੇਜਿਆ। ਉਨ੍ਹਾਂ ਮੁਤਾਬਕ ਲਾਸ਼ 'ਤੇ ਸੱਟਾਂ ਦੇ ਨਿਸ਼ਾਨ ਵੀ ਸਨ। ਪੁਲਸ ਨੇ ਕਿਹਾ ਕਿ ਇਸ ਮਾਮਲੇ ਦੀ ਜਾਂਚ ਲਈ ਵਿਸ਼ੇਸ਼ ਜਾਂਚ ਟੀਮ (ਐੱਸ.ਆਈ.ਟੀ.) ਗਠਿਤ ਕੀਤੀ ਗਈ ਅਤੇ ਸੋਮਵਾਰ ਨੂੰ 3 ਮੁਲਜ਼ਮਾਂ ਨੂੰ ਫੜ ਲਿਆ ਗਿਆ।

## ਕਾਦੀਆਂ 'ਚ ਚੋਰਾਂ ਦੇ ਹੌਸਲੇ ਬੁਲੰਦ, ਕਰਿਆਨਾ ਦੁਕਾਨ ਦਾ ਸ਼ਟਰ ਤੋੜ ਕੇ ਨਗਦੀ ਚੋਰੀ

ਕਾਦੀਆਂ 6 ਅਗਸਤ। ਕਾਦੀਆਂ ਦੇ ਮੁਹੱਲਾ ਧਰਮਪੁਰਾ ਵਿੱਚ ਬੀਤੀ ਰਾਤ ਚੋਰਾਂ ਨੇ ਅੰਮ੍ਰਿਤ ਕਰਿਆਨਾ ਸਟੋਰ ਦਾ ਸ਼ਟਰ ਤੋੜ ਕੇ ਗੱਲੇ ਵਿੱਚੋਂ ਕਰੀਬ 3 ਤੋਂ 4 ਹਜ਼ਾਰ ਰੁਪਏ ਦੀ ਨਗਦੀ ਚੋਰੀ ਕਰ ਲਈ। ਚੋਰਾਂ ਨੇ ਦੁਕਾਨ ਦੇ ਬਾਹਰ ਲੱਗੇ ਸੀਸੀਟੀਵੀ ਕੈਮਰੇ ਦੀਆਂ ਤਾਰਾਂ ਤੋੜ ਕੇ ਕੈਮਰੇ ਨੂੰ ਵੀ ਨੁਕਸਾਨ ਪਹੁੰਚਾਇਆ। ਦੁਕਾਨ ਮਾਲਕ ਅੰਮ੍ਰਿਤ ਨੇ ਦੱਸਿਆ ਕਿ ਸਵੇਰੇ ਦੁਕਾਨ ਖੋਲ੍ਹਣ ਸਮੇਂ ਚੋਰੀ ਦਾ ਪਤਾ ਲੱਗਾ, ਜਿਸ ਤੋਂ ਬਾਅਦ ਪੁਲਸ ਨੂੰ ਸੂਚਿਤ ਕੀਤਾ ਗਿਆ। ਪੁਲਸ ਆਸ-ਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕਰ ਰਹੀ ਹੈ। ਘਟਨਾ ਤੋਂ ਬਾਅਦ ਚੋਰ ਆਪਣਾ ਪੇਚਕਸ ਵੀ ਮੌਕੇ 'ਤੇ ਹੀ ਛੱਡ ਗਏ। ਇਲਾਕੇ ਦੇ ਦੁਕਾਨਦਾਰਾਂ ਨੇ ਵਧ ਰਹੀਆਂ ਚੋਰੀਆਂ 'ਤੇ ਚਿੰਤਾ ਜਤਾਉਂਦਿਆਂ ਪੁਲਸ ਤੋਂ ਰਾਤ ਸਮੇਂ ਗਸ਼ਤ ਵਧਾਉਣ ਅਤੇ ਚੋਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ।

## ਸੁਪਰ ਐਕਸਪ੍ਰੈੱਸ ਦੀ ਲਪੇਟ 'ਚ ਆਉਣ ਨਾਲ ਅਣਪਛਾਤੇ ਨੌਜਵਾਨ ਦੀ ਮੌਤ

ਗੁਰਦਾਸਪੁਰ 6 ਅਗਸਤ। ਬਟਾਲਾ ਨੇੜੇ ਛੀਨਾ ਰੇਲਵੇ ਸਟੇਸ਼ਨ 'ਤੇ ਪਠਾਨਕੋਟ-ਅੰਮ੍ਰਿਤਸਰ ਸੁਪਰ ਐਕਸਪ੍ਰੈੱਸ ਟ?ਰੇਨ ਦੀ ਟੱਕਰ ਨਾਲ ਇੱਕ ਅਣਪਛਾਤੇ ਨੌਜਵਾਨ ਦੀ ਮੌਤ ਹੋ ਗਈ। ਜਾਣਕਾਰੀ ਦਿੰਦੇ ਹੋਏ ਜੀਆਰਪੀ ਬਟਾਲਾ ਦੇ ਇੰਚਾਰਜ ਏਐੱਸਆਈ ਕੁਲਦੀਪ ਸਿੰਘ ਅਤੇ ਏਐੱਸਆਈ ਸਫੀ ਮਸੀਹ ਨੇ ਦੱਸਿਆ ਕਿ ਛੀਨਾ ਰੇਲਵੇ ਸਟੇਸ਼ਨ ਦੇ ਨੇੜੇ ਆਉਂਦੇ ਹੀ ਨੌਜਵਾਨ ਨੂੰ ਪਠਾਨਕੋਟ-ਅੰਮ੍ਰਿਤਸਰ ਸੁਪਰ ਐਕਸਪ੍ਰੈਸ ਟ?ਰੇਨ ਨੇ ਟੱਕਰ ਮਾਰ ਦਿੱਤੀ। ਉਨ੍ਹਾਂ ਦੱਸਿਆ ਕਿ ਟੱਕਰ ਇੰਨੀ ਜ਼ਬਰਦਸਤ ਸੀ ਕਿ ਨੌਜਵਾਨ ਨੇੜਲੀਆਂ ਝਾੜੀਆਂ ਵਿੱਚ ਡਿੱਗ ਗਿਆ ਅਤੇ ਮੌਕੇ 'ਤੇ ਹੀ ਉਸਦੀ ਮੌਤ ਹੋ ਗਈ।

# ਪੰਜਾਬ ਪੁਲਸ ਦੇ ਥਾਣੇਦਾਰ ਨੇ ਨਹਿਰ 'ਚ ਮਾਰੀ ਛਾਲ, ਪਹਿਲਾਂ ਬਣਾਈ ਸਨਸਨੀਖੇਜ਼ ਵੀਡੀਓ ਨੇ ਮਚਾ 'ਤੀ ਤੜਥੱਲੀ

ਫਿਰੋਜ਼ਪੁਰ 6 ਅਗਸਤ। ਫਿਰੋਜ਼ਪੁਰ ਦੇ ਹਲਕਾ ਜ਼ੀਰਾ ਦੇ ਕਸਬਾ ਮੱਖੂ ਤੋਂ ਇਕ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਇੱਥੇ ਪੰਜਾਬ ਪੁਲਸ ਦੇ ਥਾਣੇਦਾਰ (ਏ. ਐੱਸ. ਆਈ.) ਗੁਰਦਿਆਲ ਸਿੰਘ ਨੇ ਫਿਰੋਜ਼ਪੁਰ ਫੀਡਰ ਨਹਿਰ 'ਚ ਛਾਲ ਮਾਰ ਦਿੱਤੀ। ਫਿਲਹਾਲ ਉਸ ਦਾ ਅਜੇ ਤੱਕ ਕੁੱਝ ਪਤਾ ਨਹੀਂ ਲੱਗ ਸਕਿਆ ਹੈ। ਥਾਣੇਦਾਰ ਗੁਰਦਾਸਪੁਰ ਜ਼ਿਲ੍ਹੇ ਦੇ ਬਟਾਲਾ ਹਲਕੇ ਦਾ ਰਹਿਣ ਵਾਲਾ ਸੀ ਅਤੇ ਫਿਰੋਜ਼ਪੁਰ ਮੱਖੂ 'ਚ 112 ਹੈਲਪਲਾਈਨ 'ਤੇ ਤਾਇਨਾਤ ਸੀ। ਗੁਰਦਿਆਲ ਸਿੰਘ ਆਪਣੀ ਪਤਨੀ ਦੇ ਚੋਣਾਂ ਲੜਨ ਤੋਂ ਬਾਅਦ ਵਿਰੋਧੀਆਂ ਵਲੋਂ ਲਗਾਤਾਰ ਬਲੈਕਮੇਲਿੰਗ, ਬਦਨਾਮੀ ਅਤੇ ਮਾਨਸਿਕ ਪਰੇਸ਼ਾਨੀ ਤੋਂ ਦੁਖੀ ਸੀ। ਨਹਿਰ 'ਚ ਛਾਲ ਮਾਰਨ ਤੋਂ ਪਹਿਲਾਂ ਥਾਣੇਦਾਰ ਵਲੋਂ ਇਕ ਵੀਡੀਓ ਪਾਈ ਗਈ ਸੀ, ਜਿਸ 7 ਲੋਕਾਂ 'ਤੇ ਗੰਭੀਰ ਦੋਸ਼ ਲਾਏ ਗਏ ਹਨ ਅਤੇ ਥਾਣੇਦਾਰ ਨੇ ਕਿਹਾ ਸੀ ਕਿ ਉਕਤ ਲੋਕਾਂ ਵਲੋਂ ਉਸ ਨੂੰ ਇਹ ਕਦਮ ਚੁੱਕਣ ਲਈ ਮਜਬੂਰ ਕੀਤਾ ਗਿਆ ਹੈ। ਥਾਣੇਦਾਰ ਨੇ ਦੋਸ਼ ਲਾਇਆ ਕਿ ਉਕਤ ਲੋਕਾਂ ਵਲੋਂ ਉਸ ਨੂੰ ਬਦਨਾਮ ਕੀਤਾ ਜਾ ਰਿਹਾ ਸੀ ਅਤੇ ਉਸ ਤੋਂ 30-35 ਲੱਖ ਰੁਪਏ ਦੀ ਮੰਗ ਕੀਤੀ ਜਾ ਰਹੀ ਸੀ। ਐੱਸ. ਪੀ. (ਡੀ) ਮਨਜੀਤ ਸਿੰਘ ਨੇ ਦੱਸਿਆ ਕਿ ਅਜੇ ਤੱਕ ਥਾਣੇਦਾਰ ਦਾ ਪਤਾ ਨਹੀਂ ਲੱਗ ਸਕਿਆ ਹੈ ਅਤੇ ਪੁਲਸ ਅਤੇ ਗੋਤਾਖੋਰਾਂ ਦੀਆਂ ਟੀਮਾਂ ਨਹਿਰ 'ਚ ਲਗਾਤਾਰ ਉਸ ਦੀ ਭਾਲ ਕਰਨ 'ਚ ਲੱਗੀਆਂ ਹੋਈਆਂ ਹਨ। ਫਿਲਹਾਲ ਥਾਣੇਦਾਰ ਗੁਰਦਿਆਲ ਸਿੰਘ ਦੀ ਪਤਨੀ ਦੇ ਬਿਆਨਾਂ ਦੇ ਆਧਾਰ 'ਤੇ ਪੁਲਸ ਨੇ 7 ਲੋਕਾਂ ਖ਼?ਲਾਫ਼ ਮਾਮਲਾ ਦਰਜ ਕਰ ਲਿਆ ਹੈ। ਪੂਰੇ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ।


**NAME CHANGE**

I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

**NAME CHANGE**

I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

**NAME CHANGE**

I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

**NAME CHANGE**

I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**

I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**

I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**

I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**

It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**

It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

**PUBLIC NOTICE**

It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**NAME CHANGE**

I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

**NAME CHANGE**

It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

**PUBLIC NOTICE**

It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**

I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**

I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**

I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**

I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**

I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**

I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

**NAME CHANGE**

I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

**NAME CHANGE**

It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

**PUBLIC NOTICE**

It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

**NAME CHANGE**

I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**

I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

**NAME CHANGE**

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**

I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**

I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**

I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**

I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**

I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

**NAME CHANGE**

I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

**NAME CHANGE**

I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

**NAME CHANGE**

I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

**NAME CHANGE**

I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**

I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

**NAME CHANGE**

I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**

I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**

Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**

My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

**NAME CHANGE**

I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**PUBLIC NOTICE**

Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**NAME CHANGE**

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**PUBLIC NOTICE**

It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**

I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**

I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**

I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**

I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**

I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

**NAME CHANGE**

It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

**PUBLIC NOTICE**

Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

**NAME CHANGE**

I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**

I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**

I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**

I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**

I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**

I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

**NAME CHANGE**

I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**

I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

**NAME CHANGE**

I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**PUBLIC NOTICE**

My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

**Shyam Sharma (Adv)**

**PUBLIC NOTICE**

I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

**NAME CHANGE**

I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

**NAME CHANGE**

I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

**NAME CHANGE**

I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

**NAME CHANGE**

I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

**NAME CHANGE**

I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**

I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**

I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**

I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**

I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**

I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**

I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

**PUBLIC NOTICE**

My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

**NAME CHANGE**

I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.

**NAME CHANGE**

I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**

I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**

I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**

I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**

I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**

I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**

I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**

I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**

MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

**PINKI LAMBA MANN**
ADVOCATE
OFF. A-205A, NORTH
EX.MALL, SECTOR-9,
ROHINI, NEW DELHI

ਮਿੰਨੀ ਕਹਾਣੀ

# ਅੱਧੀ ਆਜ਼ਾਦੀ

• ਮਾਸਟਰ ਪਿਆਰਾ ਸਿੰਘ

ਆਜ਼ਾਦੀ ਦਿਵਸ ਵਾਲੇ ਦਿਨ ਮਨਾਏ ਜਾ ਰਹੇ ਜਸ਼ਨਾਂ ਵਿਚ ਸ਼ਾਮਲ ਹੋਣ ਲਈ ਮੈਂ ਨਿਸ਼ਚਿਤ ਸਥਾਨ ਦੇ ਗੇਟ ਕੋਲ ਪੁੱਜ ਗਿਆ ਸੀ। ਕਾਰ ਵਿਚ ਮੇਰੇ ਨਾਲ ਮੇਰੀ ਛੇ ਸਾਲਾਂ ਦੀ ਬੇਟੀ ਵੀ ਬੈਠੀ ਸੀ।

ਗੱਡੀ ਇਕ ਪਾਸੇ ਲਾਉਂਦਿਆਂ ਬਾਰੀ ਦਾ ਸ਼ੀਸ਼ਾ ਥੱਲੇ ਹੁੰਦਿਆਂ ਹੀ ਇਕ ਛੋਟੀ ਜਿਹੀ ਬੱਚੀ ਜੋ ਕਿ ਪੈਰੋਂ ਨੰਗੀ, ਜਟਾਂ ਵਾਲੇ ਵਾਲ਼ ਤੇ ਘਸੇ-ਪੁਰਾਣੇ ਕਪੜੇ ਪਾਈ ਮੇਰੀ ਬੇਟੀ ਕੋਲ ਪੁੱਜ ਚੁੱਕੀ ਸੀ। ਹੱਥ ਵਿਚ ਤਿਰੰਗੇ ਫੜੀ ਇਕ ਝੰਡਾ ਖ਼ਰੀਦਣ ਲਈ ਮੇਰੀ ਬੇਟੀ ਨੂੰ ਤਰਲੇ ਕਰਨ ਲੱਗੀ।

ਉਸ ਦੀ ਤਰਸਯੋਗ ਹਾਲਤ ਦੇਖਦਿਆਂ ਮੇਰੀ ਬੇਟੀ ਹਾਉਕਾ ਭਰਦਿਆਂ ਬੋਲੀ, "ਪਾਪਾ, ਅੱਜ ਤਾਂ ਆਜ਼ਾਦੀ ਦਿਵਸ ਐ, ਸਾਰੇ ਬੱਚੇ ਨਵੇਂ ਕੱਪੜੇ ਪਾ ਕੇ ਆਏ ਨੇ ਪਰ ਇਹ...।"



ਬੇਟਾ ਸਾਡਾ ਦੇਸ਼ ਅਜੇ ਅੱਧਾ ਆਜ਼ਾਦ ਹੋਇਆ ਹੈ। ਇਹ ਲੋਕ ਅਜੇ ਵੀ ਗ਼ਰੀਬੀ ਅਤੇ ਭੁੱਖਮਰੀ ਦੇ ਗੁਲਾਮ ਹਨ। ਪੂਰਾ ਦੇਸ਼ ਉਦੋਂ ਆਜ਼ਾਦ ਹੋਣ ਹੈ ਜਦੋਂ ਲੋਕਾਂ ਨੂੰ ਰਹਿਣ ਲਈ ਪੱਕੀ ਛੱਤ, ਦੋ ਡੰਗ ਪੇਟ ਭਰ ਰੋਟੀ ਤੇ ਪੀਣ ਨੂੰ ਸਾਫ਼ ਪਾਣੀ ਮਿਲੇਗਾ।

ਜਦੋਂ ਇਹ ਬੱਚੇ ਵੀ ਸਕੂਲ ਪੜ੍ਹਣ ਜਾਣ ਲੱਗ ਪਏ। ਜਦੋਂ ਨੇਤਾ ਲੋਕ ਇਮਾਨਦਾਰ, ਤਿਆਗ, ਬਲੀਦਾਨ ਦੀ ਭਾਵਨਾ ਨਾਲ ਕੰਮ ਕਰਨ ਲੱਗ ਪਏ। ਗੱਡੀ ਵਿਚ ਬੈਠਾ ਮੈਂ ਅਜੇ ਵੀ ਬੁੜਬੁੜਾ ਰਿਹਾ ਸੀ ਪਰ ਮੇਰੀ ਬੇਟੀ ਹੱਥ ਵਿਚ ਤਿਰੰਗਾ ਲਹਿਰਾਉਂਦੀ ਆਜ਼ਾਦੀ ਜਸ਼ਨਾਂ ਵਿਚ ਸ਼ਾਮਿਲ ਹੋਣ ਲਈ ਭੱਜੀ ਜਾ ਰਹੀ ਸੀ।

99148-33670

## ਗ਼ਜ਼ਲਾਂ

ਯਾਦ ਉਸ ਦੀ ਨੂੰ ਸਲਾਮ ਹੋ ਗਿਆ!
ਰਾਤ ਭਰ ਦਾ ਇੰਤਜ਼ਾਮ ਹੋ ਗਿਆ!

ਮੇਰਾ ਦਿਲ ਛੋਟਾ ਜਿਹਾ ਸੀ ਦੋਸਤੋ!
ਹੁਣ ਤਾਂ ਦੁੱਖਾਂ ਦਾ ਗੁਦਾਮ ਹੋ ਗਿਆ!

ਕੱਲ੍ਹ ਨੂੰ ਤੈਨੂੰ ਮਿਲਾਂਗੇ ਸਾਕੀਆ!
ਅੱਜ ਦਾ ਤਾਂ ਇੰਤਜ਼ਾਮ ਹੋ ਗਿਆ!

ਦੇਖ ਕੇ ਤੇਰੇ ਲ਼ਬਾਂ ਦੀ ਤਾਜ਼ਗੀ,
ਤੇਰਾ ਤਾਂ ਗੁਲਸ਼ਨ ਗੁਲਾਮ ਹੋ ਗਿਆ!

ਮਰ ਗਈ ਤਹਿਜ਼ੀਬ ਮੇਰੇ ਸ਼ਹਿਰ ਦੀ,
ਹਰ ਬਸ਼ਰ ਹੀ ਬਦ-ਕਲਾਮ ਹੋ ਗਿਆ!

ਇਸ ਤਰ੍ਹਾਂ ਲੱਗਦਾ ਹਿਜਰ ਦੀ ਰਾਤ ਵਿਚ,
ਵਕਤ ਦਾ ਪਹੀਆ ਹੀ ਜਾਮ ਹੋ ਗਿਆ!

ਹੁਸਨ ਤੇ ਜਦ ਇਸ਼ਕ ਹੋਏ ਸਾਹਮਣੇ,
ਲ਼ਬ ਨਹੀਂ ਖੁੱਲ੍ਹੇ ਕਲਾਮ ਹੋ ਗਿਆ!



• ਇਕਵਿੰਦਰ ਸਿੰਘ

# ਧਰਤੀ ਦਾ ਗੀਤ ਸੁਰਜੀਤ ਪਾਤਰ



ਜਸਪ੍ਰੀਤ

*ਪਾਤਰ ਜਦੋਂ ਅੰਬਰ ਵੱਲ ਤੱਕਦੇ ਨੇ ਤਾਂ ਕੋਰੇ ਕਾਗਜ਼ 'ਤੇ ਤਾਰਿਆਂ ਦੀ ਇਬਾਰਤ ਖ਼ੁਦ-ਬਖ਼ੁਦ ਉਤਰ ਆਉਂਦੀ ਹੈ। ਜਦੋਂ ਉਹ ਕਿਸੇ ਬਿਰਖ ਦੇ ਰੂਬਰੂ ਹੋਣ ਤਾਂ ਉਸ ਦੀਆਂ ਸ਼ਾਖਾਵਾਂ ਬੰਸਰੀ ਬਣ ਜਾਂਦੀਆਂ ਹਨ। ਕਾਇਨਾਤ 'ਚ ਸਰੋਦ ਅਠਖੇਲੀਆਂ ਕਰਦਾ ਹੈ।*

ਪਦਮਸ਼੍ਰੀ ਸੁਰਜੀਤ ਪਾਤਰ ਧਰਤੀ ਦਾ ਗੀਤ ਹੈ। ਰੁੱਖਾਂ-ਬੂਟਿਆਂ ਵਿਚ ਸਮਾਇਆ ਹੋਇਆ ਕੋਈ ਅਲੌਕਿਕ ਸੰਗੀਤ ਹੈ ਉਹ। ਬਿਰਖਾਂ ਨਾਲ ਜਦੋਂ ਪਾਤਰ ਜੀ ਸੰਵਾਦ ਰਚਾਉਂਦੇ ਹਨ ਤਾਂ ਉਹ ਅੱਗੋਂ ਹੁੰਗਾਰਾ ਭਰਦੇ ਹਨ। ਪਿੰਡ, ਜੰਗਲ-ਬੇਲੇ ਉਨ੍ਹਾਂ ਦੇ ਹੱਡੀਂ ਰਚੇ ਹੋਏ ਹਨ। ਆਪਣੇ ਪਾਤਰਾਂ ਦੇ ਸਾਹਾਂ ਨਾਲ ਸਾਹ ਲੈਣ ਵਾਲਾ ਪਾਤਰ ਲੋਕਾਈ ਦੇ ਦਰਦ ਨੂੰ ਹਰਫ਼ਾਂ ਵਿਚ ਢਾਲਦਾ ਹੈ। ਖ਼ੂਬਸੂਰਤ ਹਰਫ਼ ਪਾਤਰ ਦੀ ਤਾਬਿਆ ਬੈਠੇ ਰਹਿੰਦੇ ਹਨ।

ਪਾਤਰ ਜੀ ਜਦੋਂ ਅੰਬਰ ਵੱਲ ਤੱਕਦੇ ਹਨ ਤਾਂ ਕੋਰੇ ਕਾਗਜ਼ 'ਤੇ ਤਾਰਿਆਂ ਦੀ ਇਬਾਰਤ ਖ਼ੁਦ-ਬਖ਼ੁਦ ਉਤਰ ਆਉਂਦੀ ਹੈ। ਜਦੋਂ ਉਹ ਕਿਸੇ ਬਿਰਖ ਦੇ ਰੂਬਰੂ ਹੋਣ ਤਾਂ ਉਸ ਦੀਆਂ ਸ਼ਾਖਾਵਾਂ ਬੰਸਰੀ ਬਣ ਜਾਂਦੀਆਂ ਹਨ। ਕਾਇਨਾਤ 'ਚ ਸਰੋਦ ਅਠਖੇਲੀਆਂ ਕਰਦਾ ਹੈ। ਉਨ੍ਹਾਂ ਦੀ ਕਿਸੇ ਗ਼ਜ਼ਲ ਵਿਚ ਝਰਨਿਆਂ ਦੀ ਕਲਕਲ ਹੁੰਦੀ ਹੈ ਤਾਂ ਕਿਸੇ ਨਜ਼ਮ 'ਚ ਦਰਿਆ ਸ਼ੂਕਦਾ ਹੈ। ਆਮ ਕ੍ਰਾਂਤੀਕਾਰੀ ਕਵੀਆਂ ਵਾਂਗ ਉਨ੍ਹਾਂ ਨੇ ਨਾਅਰੇਬਾਜ਼ੀ ਤੋਂ ਸਦਾ ਗੁਰੇਜ਼ ਕੀਤਾ ਹੈ। ਇਸ ਦੇ ਉਲਟ ਉਨ੍ਹਾਂ ਦੀਆਂ ਕਵਿਤਾਵਾਂ, ਗੀਤ ਤੇ ਗ਼ਜ਼ਲਾਂ ਵਿਚ ਸ਼ਾਇਸਤਗੀ ਬਰਕਰਾਰ ਰਹਿੰਦੀ ਹੈ। ਕਈ ਸਤਰਾਂ 'ਚੋਂ ਲਕੋਕਤੀਆਂ, ਅਖਾਣਾਂ ਅਤੇ ਮੁਹਾਵਰਿਆਂ ਦੀ ਝਲਕ ਮਿਲਦੀ ਹੈ। ਨਕਸਲਬਾੜੀ ਲਹਿਰ ਵੇਲੇ ਪਾਤਰ ਬਲ਼ਦੇ ਹੱਥਾਂ ਨਾਲ ਹਵਾ ਵਿਚ ਅਮਿੱਟ ਹਰਫ਼ ਲਿਖਣ ਵਾਲਾ ਸ਼ਾਇਰ ਅਖਵਾਇਆ ਤੇ ਪੰਜਾਬ ਦੇ ਕਾਲੇ ਦਿਨਾਂ ਵਿਚ ਰਿਸ਼ਮਾਂ ਬਿਖੇਰਨ ਵਾਲਾ ਸ਼ਬਦਾਂ ਦਾ ਵਣਜਾਰਾ। ਪੰਜਾਬ 'ਚੋਂ ਉੱਠੀ ਹਰ ਲਹਿਰ ਨੂੰ ਪਾਤਰ ਜੀ ਨੇ ਬਹਿਰ ਵਿਚ ਢਾਲਿਆ ਹੈ। ਪੰਜਾਬ ਹੋਵੇ ਜਾਂ ਦਿੱਲੀ, ਬੇਦੋਸ਼ਿਆਂ ਦਾ ਜਦੋਂ ਵੀ ਖ਼ੂਨ ਡੁੱਲ੍ਹਿਆ ਹੈ, ਉਸ ਨੂੰ ਪਾਤਰ ਦੀ ਕਲਮ ਨੇ ਬੋਲ ਦਿੱਤੇ ਹਨ। ਜਦੋਂ ਕੋਈ ਡਾਲੀਆਂ 'ਚੋਂ ਹਵਾ ਵਾਂਗ ਲੰਘਦਾ ਹੈ ਤਾਂ ਪਾਤਰ ਜੀ ਬਿਰਖ ਵਾਲੀ ਹਾਅ ਬਣ ਜਾਂਦੇ ਹਨ। ਪਾਤਰ ਦੀ ਕਾਵਿ-ਸ਼ੈਲੀ ਦਾ ਕਮਾਲ ਵੇਖੋ-ਬਲਦਾ ਬਿਰਖ ਹਾਂ/ਖ਼ਤਮ ਹਾਂ/ਬਸ ਸ਼ਾਮ ਤੀਕ ਹਾਂ/ਫਿਰ ਵੀ ਕਿਸੇ ਬਹਾਰ ਦੀ ਕਰਦਾ ਉਡੀਕ ਹਾਂ। ਕਚਹਿਰੀਆਂ ਵਿਚ ਤਰੀਕਾਂ ਭੁਗਤ ਰਹੇ ਲਾਚਾਰ ਲੋਕ ਉਨ੍ਹਾਂ ਨੂੰ ਫ਼ੈਸਲਿਆਂ ਦੀ ਉਡੀਕ ਕਰਦਿਆਂ ਖੜ-ਸੁੱਕ ਰੁੱਖ ਲੱਗਦੇ ਹਨ। ਪਾਤਰ ਦੀ ਕਲਮ ਹੱਕ-ਸੱਚ ਦੀ ਲੜਾਈ ਲੜਦਿਆਂ ਵਿਦਾ ਹੋ ਚੁੱਕੇ ਸਾਥੀਆਂ ਦੀਆਂ ਰੂਹਾਂ ਦੇ ਰੂਬਰੂ ਹੁੰਦਿਆਂ ਹੰਝੂਆਂ ਵਰਗੇ ਹਰਫ਼ ਕੇਰਦੀ ਹੈ, ਜੋ ਗੀਤ ਬਣ ਜਾਂਦੇ ਹਨ। ਕਹਿਣ ਤੋਂ ਭਾਵ, ਉਹ ਕਿਹੜਾ ਸਮਕਾਲੀ ਵਿਸ਼ਾ ਹੈ ਜਿਸ 'ਤੇ ਪਾਤਰ ਨੇ ਕਲਮ ਨਹੀਂ ਅਜ਼ਮਾਈ। ਪਾਤਰ ਨੂੰ ਦੇਸ਼-ਵਿਦੇਸ਼ ਵਿਚ ਅਣਗਿਣਤ ਮਾਣ-ਸਨਮਾਨ ਮਿਲੇ। ਪਦਮਸ਼੍ਰੀ ਵਰਗੇ ਵੱਕਾਰੀ ਸਨਮਾਨ ਤੋਂ ਬਾਅਦ ਵੀ ਪਾਤਰ ਜੀ ਦੇ ਪੈਰ ਜ਼ਮੀਨ 'ਤੇ ਹੀ ਟਿਕੇ ਰਹੇ।

*ਅਮੜੀ ਮੈਨੂੰ ਆਖਣ ਲੱਗੀ*
*ਤੂੰ ਧਰਤੀ ਦਾ ਗੀਤ ਰਹੇਂਗਾ*
*ਪਦਮਸ਼੍ਰੀ ਹੋ ਕੇ ਵੀ ਪਾਤਰ*
*ਤੂੰ ਮੇਰਾ ਸੁਰਜੀਤ ਰਹੇਂਗਾ।*





ਗੀਤ-ਸੰਗੀਤ, ਸੁਰਜੀਤ ਪਾਤਰ ਹੁਰਾਂ ਦੇ ਖ਼ੂਨ ਵਿਚ ਰਚਿਆ ਹੋਇਆ ਹੈ। ਬਚਪਨ ਤੋਂ ਹੀ ਪਿਤਾ ਗਿਆਨੀ ਹਰਭਜਨ ਸਿੰਘ ਜੀ ਵੱਲੋਂ ਗਾਈ ਜਾਂਦੀ ਧੁਰ ਕੀ ਬਾਣੀ ਦੇ ਇਲਾਹੀ ਸੰਗੀਤ ਨੇ ਉਨ੍ਹਾਂ ਦੀ ਰੂਹ ਨੂੰ ਪ੍ਰਭਾਵਿਤ ਕੀਤਾ। ਮਾਤਾ ਜੀ ਦੀ ਸਹਿਣਸ਼ੀਲਤਾ ਅਤੇ ਸੱਚੇ-ਸੁੱਚੇ ਸੰਸਕਾਰਾਂ 'ਚੋਂ ਗੁਜ਼ਰਦੀ ਹੋਈ ਪਾਤਰ ਦੀ ਸੰਵੇਦਨਸ਼ੀਲਤਾ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੀ ਧਰੋਹਰ ਹੋ ਨਿਬੜਦੀ ਹੈ।

ਸੁਰਜੀਤ ਪਾਤਰ ਜੀ ਦੇ ਪਰਿਵਾਰ ਨੂੰ ਮਿਲਿਆਂ ਇੰਜ ਲੱਗਦਾ ਹੈ ਕਿ ਸਰਸਵਤੀ ਦੀ ਉਨ੍ਹਾਂ 'ਤੇ ਵਿਸ਼ੇਸ਼ ਮਿਹਰ ਹੈ। ਉਨ੍ਹਾਂ ਦੀ ਜੀਵਨ ਸਾਥਣ ਭੁਪਿੰਦਰ ਪਾਤਰ ਜੀ ਬਹੁਤ ਹੀ ਸੁਰੀਲੀ ਆਵਾਜ਼ ਦੇ ਮਾਲਿਕ ਹਨ, ਜੋ ਅਕਸਰ ਪਾਤਰ ਸਾਹਬ ਦੀਆਂ ਗ਼ਜ਼ਲਾਂ ਬੜੇ ਚਾਅ ਤੇ ਮਲ੍ਹਾਰ ਨਾਲ ਗਾਉਂਦੇ ਹਨ। ਵੱਡਾ ਬੇਟਾ ਅੰਕੁਰ ਸਿੰਘ ਪਾਤਰ ਡਿਜੀਟਲ ਆਰਟਿਸਟ ਹੈ। ਛੋਟਾ ਬੇਟਾ ਮਨਰਾਜ ਸਿੰਘ ਗਾਇਕੀ ਵਿਚ ਵਿਲੱਖਣ ਪਛਾਣ ਬਣਾ ਕੇ ਅਣਗਿਣਤ ਇਨਾਮ ਜਿੱਤ ਚੁੱਕਾ ਹੈ। ਪਾਤਰ ਜੀ ਦੀ ਨੂੰਹ ਰਾਣੀ ਵੀ ਸਾਹਿਤ ਰਸੀਆ ਹੈ। ਉਨ੍ਹਾਂ ਦਾ ਨੰਨ੍ਹਾ ਮੁੰਨਾ ਪੋਤਰਾ ਅਵੀਰ ਪਾਤਰ ਤਬਲੇ 'ਤੇ ਤਾਲ ਦਿੰਦਾ ਹੈ ਤਾਂ ਘਰ ਦੀ ਫ਼ਿਜ਼ਾ 'ਚ ਰਸ ਘੁਲ ਜਾਂਦਾ ਹੈ। ਛੋਟਾ ਜਿਹਾ ਪਰਿਵਾਰ, ਪਰ ਪੂਰਾ ਸੰਸਾਰ ਹੈ। ਕਿਸੇ ਵੀ ਵਿਰਾਸਤ ਦੀ ਅਮੀਰੀ ਉਸ ਦੇ ਵਾਰਿਸਾਂ ਦੀ ਕਾਬਲੀਅਤ 'ਤੇ ਨਿਰਭਰ ਕਰਦੀ ਹੈ। ਪੰਜਾਬੀ ਸੱਭਿਆਚਾਰ ਇਕ ਅਮੀਰ ਵਿਰਸਾ ਹੈ। ਸਾਨੂੰ ਮਾਣ ਹੈ ਕਿ ਭਵਿੱਖ ਵਿਚ ਪੰਜਾਬ ਦੇ ਇਸ ਵਾਰਿਸ ਦੀ ਰਹਿਨੁਮਾਈ ਵਿਚ ਪੰਜਾਬੀ ਵਿਰਸਾ ਨਵੀਆਂ ਸਿਖ਼ਰਾਂ ਛੋਹੇਗਾ। •

ਅੰਦਰ ਜੇ ਤਰਥੱਲ ਨਹੀਂ।
ਸ਼ਾਇਰੀ ਤੇਰੇ ਵੱਲ ਨਹੀਂ।

ਆਵੇਂ ਜਦ ਖੜਕਾਵੇਂ ਤਦ,
ਮੈਂ ਮੰਦਿਰ ਦਾ ਟੱਲ ਨਹੀਂ।

ਰੋਸੇ ਸ਼ਿਕਵੇ ਹੁਣੇ ਮੁਕਾ,
ਅੱਜ ਖੜ੍ਹਾ ਵਾ ਕੱਲ ਨਹੀਂ।

ਉਲਝੇ ਮਸਲਾ ਜਿੰਨਾ ਵੀ,
ਗੋਲੀ ਕੋਈ ਹੱਲ ਨਹੀਂ।

ਪਿਆਰ ਨਹੀਂ, ਤੂੰ ਜੇ ਸੋਚੇਂ,
ਤੇਰੀ ਮਰਜ਼ੀ, ਚੱਲ ਨਹੀਂ।

ਤੇਰੇ ਬਿਨ ਰਹਿ ਨਹੀਂ ਸਕਦਾ,
ਐਡੀ ਵੀ ਕੋਈ ਗੱਲ ਨਹੀਂ।

ਰੋਣ ਦਵੇਂ ਨਾ, ਛਮਕਾਂ ਮਾਰ,
ਸਾਡੀ ਪੱਥਰ ਖੱਲ ਨਹੀਂ।

ਖ਼ਾਦਿਮ ਛੱਡ ਸ਼ਾਇਰੀ ਕਰਨੀ,
ਤੇਰੇ ਵਸ ਦੀ ਗੱਲ ਨਹੀਂ।



• ਪਾਲੀ ਖ਼ਾਦਿਮ
9914310063

ਜਦ ਮੁਖੌਟਾ ਲੱਥਿਆ ਤਾਂ ਰਾਜ਼ ਸਾਰੇ ਖੁੱਲ੍ਹ ਗਏ
ਪੱਥਰਾਂ ਦੇ ਸ਼ਹਿਰ ਹੀਰੇ, ਰੁਲ ਗਏ ਜੀ ਰੁਲ ਗਏ

ਸੁਣ ਸੁਨੇਹਾ ਬੱਦਲਾਂ ਦਾ, ਮੁੜ ਕੇ ਸਾਵਣ ਆ ਗਿਆ
ਪੌਣ ਪਾਣੀ ਹੋਏ ਸੁੱਚੇ, ਰੁੱਖ ਪੌਦੇ ਧੁਲ ਗਏ

ਇਸ਼ਕ ਮਾਰੇ ਰੋਣ ਭੁੱਬੀਂ, ਬੇਵਫਾਈਆਂ ਯਾਦ ਕਰ
ਹੰਝੂਆਂ ਦਾ ਕੀ ਇਹ ਚੰਦਰੇ, ਕਿਣਮਿਣੀ ਵਿਚ ਡੁੱਲ੍ਹ ਗਏ

ਬੇਮੁਰੱਵਤ ਆਣ ਬੈਠਾ, ਫੇਰ ਅੱਖਾਂ ਸਾਹਮਣੇ
ਅੱਜ ਉਹੀ ਫਿਰ ਪੀੜ ਉੱਠੀ, ਫਿਰ ਜ਼ਖ਼ਮ ਉਹ ਖੁੱਲ੍ਹ ਗਏ

ਦੋ ਕੁ ਘੁੱਟ ਪੀ ਕੇ, ਦਿਵਾਨਾ ਬਣ ਗਿਆ ਸ਼ਾਇਰ ਨਵਾਬ
ਹੱਸਿਆ, ਫਿਰ ਦੱਸਿਆ, ਫਿਰ ਪਾਜ ਸਾਰੇ ਖੁੱਲ੍ਹ ਗਏ

ਮੈਂ ਤਾਂ ਉਸ ਦੇ ਨਾਲ ਸੱਚਾ ਇਸ਼ਕ ਕੀਤਾ ਸੀ ਜਨਾਬ
ਕੀ ਪਤਾ ਸੀ ਉਹ ਮੇਰੀ, ਦੌਲਤ ਦੇ ਉੱਤੇ ਡੁੱਲ੍ਹ ਗਏ



• ਪਰਮਜੀਤ ਸਿੰਘ ਢਿੱਲੋਂ, 98887-09191

ਤੂੰ ਜਿਨਾ ਨੂੰ ਚੀਰਿਆ ਖ਼ਾਤਿਰ ਬਸੇਰੇ
ਹਾਅ ਉਨ੍ਹਾਂ ਰੁੱਖਾਂ ਦੀ ਹੈ ਹੁਣ ਮਗਰ ਤੇਰੇ

ਬੇਜ਼ੁਬਾਨੇ ਚੀਰਦਾ ਹੈ ਬਿਰਖ ਜਦ ਤੂੰ
ਕਾਤਿਲਾ ਕਿਉਂ ਕੰਬਦੇ ਨਾ ਹੱਥ ਤੇਰੇ

ਸ਼ਹਿਰ ਤੇਰਾ ਰੁੱਖ ਸਾਰੇ ਖਾ ਗਿਆ ਹੈ
ਕੌਣ ਰੋਕੇ ਬਾਂਹ ਫੜ੍ਹ ਬੱਦਲ ਘਨੇਰੇ

ਤੂੰ ਮਨਾਉਂਦਾ ਜਸ਼ਨ ਜਿੱਥੇ ਘਰ ਬਣਾ ਕੇ
ਓਸ ਥਾਂ ਪੰਛੀ ਬੇਚਾਰਾ ਨੀਰ ਕੇਰੇ

ਰੇਤ ਦਾ ਦਰਿਆ ਵਹੇਗਾ ਇਸ ਜਗ੍ਹਾ 'ਤੇ
ਨਾ ਰਹੇ ਦਰਵੇਸ਼ ਜੇਕਰ ਰੁੱਖ ਚੁਫੇਰੇ



• ਅੰਮ੍ਰਿਤਪਾਲ ਸਿੰਘ ਸੰਧੂ ਬਾੜੀਆਂ, 94649-29718

ਸਮਿਆਂ ਦੇ ਕਾਰਵਾਂ ਕਦੇ ਰੁਕਦੇ ਨਹੀਂ ਹੁੰਦੇ,
ਦੋ ਦਿਲਾਂ ਚੋਂ ਪਿਆਰ ਕਦੇ ਮੁੱਕਦੇ ਨਹੀਂ ਹੁੰਦੇ।

ਸਮਿਆਂ ਦੇ ਝੱਖੜ ਵਿਛੋੜ ਦਿੰਦੇ ਨੇ ਦਿਲਾਂ ਨੂੰ,
ਵਿਛੜ ਕੇ ਪਿਆਰ ਕਦੇ ਝੁਕਦੇ ਨਹੀਂ ਹੁੰਦੇ

ਮੈਂ ਪੁੱਛਾਂ ਸੱਚੇ ਆਸਮਾਨ ਨੂੰ ਲਾ ਜਾਂਦੇ ਉਡਾਰੀ,
ਕਾਹਤੋਂ ਪੰਛੀਆਂ ਵਾਂਗ ਸੱਜਣ ਉੱਕਦੇ ਨਹੀਂ ਹੁੰਦੇ।

ਪੜ੍ਹ ਕੇ ਰੋਂਦੇ ਪੁਰਾਣੇ ਖ਼ਤ ਤੱਕ ਨਿਸ਼ਾਨੀਆਂ ਨੂੰ,
ਆਪ ਸੱੜਦੇ ਨਿਸ਼ਾਨੀਆਂ ਫੂਕਦੇ ਨਹੀਂ ਹੁੰਦੇ।

ਦਰਦ ਬਣ ਕੇ ਲਾਉਂਦੇ ਨੇ ਦਿਲਾਂ ਵਿਚ ਡੇਰੇ,
ਯਾਦਾਂ ਦੇ ਨਾਸੂਰ ਕਦੇ ਸੁੱਕਦੇ ਨਹੀਂ ਹੁੰਦੇ।

ਝੱਲ ਲੈਂਦੇ ਜਸਵਿੰਦਰ ਮੀਤ ਤਾਹਨਿਆਂ ਨੂੰ,
ਦੁਨੀਆ ਤੋਂ ਪਿਆਰ ਕਦੇ ਲੁਕਦੇ ਨਹੀਂ ਹੁੰਦੇ।



• ਜਸਵਿੰਦਰ ਮੀਤ, ਭਗਵਾਨ ਪੁਰਾ, 9056705657

ਸੋਚਦਾ ਹਾਂ ਮੁਹੱਬਤ ਦੋਬਾਰਾ ਕਰ ਲਵਾਂ।
ਦਿਲ ਨਾਲ ਦਿਲੀ ਬਟਵਾਰਾ ਕਰ ਲਵਾਂ।

ਗ਼ਰਬਖ਼ਸ਼ੇ ਰਹਿਮਤ ਗੁਲਬਦਨ ਕੋਈ,
ਤੁਆਰਫ਼ਿ-ਇ-ਸ਼ਬਾਬ ਗਵਾਰਾ ਕਰ ਲਵਾਂ।

ਜ਼ਨਤ 'ਚੋਂ ਮਿਲੇ ਨਜ਼ਰਾਨਾ ਅਨੁਰਾਗ ਦਾ,
ਹਿਜ਼ਰਾਂ 'ਚੋਂ ਯਾਰਾ ਛੁਟਕਾਰਾ ਕਰ ਲਵਾਂ।

ਜਫ਼ਾ ਅਤੇ ਵਫ਼ਾ ਦਾ ਰਾਜ਼ ਹੈ ਡੂੰਘਾ,
ਮੁਹੱਬਤ ਦਾ ਕਿਉਂ ਨਾ ਚਾਰਾ ਕਰ ਲਵਾਂ।

ਖੰਭਾਂ ਤੇ ਪਰਵਾਜ਼ ਦੀ ਦੋਸਤੀ ਅਜ਼ਲ ਤੋਂ,
ਬੰਧਨਾਂ 'ਚੋਂ ਸੋਚ ਨੂੰ ਅਵਾਰਾ ਕਰ ਲਵਾਂ।

ਆਬਿ - ਹਿਯਾਤ ਜੁਦਾਈ ਵਿਚ ਜ਼ਹਿਰ ਹੈ,
ਚਾਹੁੰਦਾ ਇਹ ਪਿਆਲਾ ਪਰੇ ਦੋਬਾਰਾ ਕਰ ਲਵਾਂ।



• ਕਸ਼ਮੀਰ ਘੇਸਲ, ਮੋ: 94636 56047

# ਅੱਜ ਆਖਾਂ ਵਾਰਿਸ ਸ਼ਾਹ ਨੂੰ... ਅੰਮ੍ਰਿਤਾ ਪ੍ਰੀਤਮ

31 ਅਗਸਤ ਜਨਮ ਦਿਨ 'ਤੇ ਵਿਸ਼ੇਸ਼

ਅੰਮ੍ਰਿਤਾ ਪ੍ਰੀਤਮ ਵੀਹਵੀਂ ਸਦੀ ਦੀ ਇਕ ਮਹਾਨ ਕਵੀਤਰੀ, ਗਲਪਕਾਰ, ਕਹਾਣੀਕਾਰ, ਅਨੁਵਾਦਕ ਤੇ ਚਿੰਤਕ ਸੀ। ਅੰਮ੍ਰਿਤਾ ਦਾ ਜਨਮ 31 ਅਗਸਤ 1919 ਨੂੰ ਗੁੱਜਰਾਂਵਾਲਾ ਪਾਕਿਸਤਾਨ ਵਿਚ ਪਿਤਾ ਕਰਤਾਰ ਸਿੰਘ ਹਿਤਕਾਰੀ (ਜੋ ਪੰਚਖੰਡ ਭਸੌੜ ਦੇ ਸਕੂਲ ਵਿਚ ਅਧਿਆਪਕ ਸੀ, ਇਕ ਕਵੀ ਤੇ ਸਿੱਖ ਧਰਮ ਦੇ ਬਹੁਤ ਅੱਛੇ ਪ੍ਰਚਾਰਕ ਵੀ ਸਨ) ਤੇ ਮਾਤਾ ਰਾਜ ਕੌਰ ਦੀ ਕੁੱਖੋਂ ਹੋਇਆ। ਅੰਮ੍ਰਿਤਾ ਦਸ ਸਾਲ ਦੀ ਸੀ, ਜਦ 1929 ਵਿਚ ਮਾਂ ਦਾ ਸਾਇਆ ਸਿਰ ਤੋਂ ਉੱਠ ਗਿਆ। ਮਾਂ ਦੇ ਦੇਹਾਂਤ ਤੋਂ ਬਾਅਦ ਹੀ ਅੰਮ੍ਰਿਤਾ ਦੇ ਅੰਦਰ ਦੀ ਕਵੀਤਰੀ ਨੇ ਅੰਗੜਾਈਆਂ ਲੈਣੀਆਂ ਸ਼ੁਰੂ ਕੀਤੀਆਂ। ਕਵਿਤਾ ਦੀ ਛੰਦਾ-ਬੰਦੀ ਦਾ ਗਿਆਨ ਉਸ ਨੇ ਆਪਣੇ ਪਿਤਾ ਕਰਤਾਰ ਸਿੰਘ ਹਿਤਕਾਰੀ ਤੋਂ ਲਿਆ। ਅੰਮ੍ਰਿਤਾ ਨੇ ਪਹਿਲਾਂ ਕਲਾਸਕੀ ਨਾਚ ਵੀ ਸਿੱਖਣਾ ਚਾਹਿਆ ਪਰ ਘਰੋਂ ਮਨਜ਼ੂਰੀ ਨਾ ਮਿਲੀ। ਫਿਰ ਸੰਗੀਤ (ਸਿਤਾਰ) ਵਿਚ ਰੁਚੀ ਪੈਦਾ ਹੋਈ, ਉਹ ਵੀ ਪ੍ਰਵਾਨ ਨਾ ਚੜ੍ਹੀ। ਫਿਰ ਫੋਟੋਗ੍ਰਾਫੀ ਦਾ ਸ਼ੌਕ ਵੀ ਜਾਗਿਆ, ਫਿਰ ਟੈਨਿਸ ਖੇਡਣ ਦਾ ਸ਼ੌਕ ਵੀ ਜਾਗਿਆ ਪਰ ਬਾਅਦ 'ਚ ਲੇਖਣੀ ਵਿਚ ਰੁਚੀ ਵੱਧਦੀ ਗਈ ਤੇ ਅੰਮ੍ਰਿਤਾ ਇਕ ਮਹਾਨ ਲੇਖਿਕਾ ਬਣ ਗਈ।

ਸੰਨ 1932 ਵਿਚ ਪੰਜਾਬੀ ਦੀ ਵਿਦਵਾਨੀ ਪਾਸ ਕੀਤੀ, 1933 ਵਿਚ ਗਿਆਨੀ ਪਾਸ ਕੀਤੀ। ਖ਼ਾਲਸਾ ਕਾਲਜ ਫ਼ਾਰ ਗਰਲਜ਼ ਲਾਹੌਰ ਤੋਂ ਮੈਟ੍ਰਿਕ ਪਾਸ ਕੀਤੀ। ਪੰਦਰਾਂ ਵਰ੍ਹੇ ਦੀ ਉਮਰ ਵਿਚ ਉਸ ਦਾ ਮੇਲ ਰਬਿੰਦਰ ਨਾਥ ਟੈਗੋਰ ਨਾਲ ਹੋਇਆ। ਜਦ ਰਬਿੰਦਰ ਨਾਥ ਟੈਗੋਰ ਹੋਰਾਂ ਨੂੰ ਅੰਮ੍ਰਿਤਾ ਨੇ ਆਪਣੀ ਲਿਖੀ ਇਕ ਕਵਿਤਾ ਸੁਣਾਈ ਤਾਂ ਉਹ ਅੱਸ਼-ਅੱਸ਼ ਕਰ ਉੱਠੇ। ਸੰਨ 1936 ਵਿਚ 'ਅੰਮ੍ਰਿਤ ਲਹਿਰਾਂ' ਦੀ ਪ੍ਰਕਾਸ਼ਨਾ ਹੋਈ ਤੇ ਇਸੇ ਸਾਲ ਹੀ ਪ੍ਰੀਤਮ ਸਿੰਘ ਕਵਾਤੜਾ ਨਾਲ ਅੰਮ੍ਰਿਤਾ ਵਿਆਹ ਬੰਧਨ ਵਿਚ ਬੱਝ ਗਈ ਤੇ ਉਸ ਦਿਨ ਤੋਂ ਅੰਮ੍ਰਿਤਾ, ਅੰਮ੍ਰਿਤਾ ਪ੍ਰੀਤਮ ਹੋ ਗਈ ਤੇ ਆਪਣੇ ਨਾਂ ਨਾਲ ਪ੍ਰੀਤਮ ਲਿੱਖਣ ਲੱਗ ਪਈ। ਅੰਮ੍ਰਿਤਾ ਦੇ ਘਰ ਦੋ ਬੱਚਿਆਂ ਬੇਟਾ ਨਵਰਾਜ ਤੇ ਬੇਟੀ ਕੰਦਲਾ ਨੇ ਜਨਮ ਲਿਆ। ਸੰਨ 1938 ਵਿਚ ਪਿਤਾ ਨਾਲ ਮਿਲ ਕੇ 'ਨਵੀਂ ਦੁਨੀਆਂ' ਨਾਂ ਦੀ ਮਾਸਿਕ ਪੱਤ੍ਰਿਕਾ ਵੀ ਕੱਢੀ। ਇਸੇ ਸਾਲ ਹੀ ਅੰਮ੍ਰਿਤਾ ਪ੍ਰੀਤਮ ਆਲ ਇੰਡੀਆ ਰੇਡੀਓ ਲਾਹੌਰ ਨਾਲ ਦੇਸ਼ ਦੀ ਵੰਡ 1947 ਤੱਕ ਜੁੜੀ ਰਹੀ।

ਦੇਸ਼ ਦੀ ਵੰਡ ਨੇ ਅੰਮ੍ਰਿਤਾ ਪ੍ਰੀਤਮ ਨੂੰ ਬਹੁਤ ਬੁਰੀ ਤਰ੍ਹਾਂ ਝੰਜੋੜ ਕੇ ਰੱਖ ਦਿੱਤਾ। ਉਹ ਵੀ ਬਾਕੀ ਲੋਕਾਂ ਦੀ ਤਰ੍ਹਾਂ ਉੱਜੜ ਕੇ ਪਰਿਵਾਰ ਸਮੇਤ ਪਹਿਲਾਂ ਦੇਹਰਾਦੂਨ ਤੇ ਫਿਰ ਦਿੱਲੀ ਵੱਸ ਗਈ। ਜਦ ਉਹ ਲਾਹੌਰ ਤੋਂ ਦੇਹਰਾਦੂਨ ਤੇ ਦਿੱਲੀ ਵਿਚ ਕੋਈ ਟਿਕਾਣਾ ਲੱਭਣ ਲਈ ਕੋਸ਼ਿਸ਼ ਕਰ ਰਹੀ ਸੀ ਤਾਂ ਰੇਲ ਗੱਡੀ ਦੇ ਸਫ਼ਰ ਦੌਰਾਨ ਕੰਬਦੀ ਤੇ ਹਿੱਲਦੀ ਰੇਲ ਗੱਡੀ ਵਿਚ ਇਕ ਨਜ਼ਮ ਲਿਖੀ ਜੋ ਦੋਹਾਂ ਪੰਜਾਬਾਂ ਵਿਚ ਖ਼ੂਬ ਸਰਾਹੀ ਗਈ। ਨਜ਼ਮ ਸੀ...



*ਅੱਜ ਆਖਾਂ ਵਾਰਿਸ ਸ਼ਾਹ ਨੂੰ,*
*ਕਿਤੋਂ ਕਬਰਾਂ ਵਿਚੋਂ ਬੋਲ।*
*ਤੇ ਅੱਜ ਕਿਤਾਬੇ ਇਸ਼ਕ ਦਾ,*
*ਕੋਈ ਅਗਲਾ ਵਰਕਾ ਫੋਲ।*
*ਇਕ ਰੋਈ ਸੀ ਧੀ ਪੰਜਾਬ ਦੀ,*
*ਤੂੰ ਲਿਖ-ਲਿਖ ਮਾਰੇ ਵੈਣ।*
*ਅੱਜ ਲੱਖਾਂ ਧੀਆਂ ਰੋਂਦੀਆਂ,*
*ਤੈਨੂੰ ਵਾਰਿਸ ਸ਼ਾਹ ਨੂੰ ਕਹਿਣ।*
*ਉੱਠ ਦਰਦਮੰਦਾਂ ਦਿਆ ਦਰਦੀਆ,*
*ਉੱਠ ਤੱਕ ਆਪਣਾ ਪੰਜਾਬ*
*ਅੱਜ ਬੇਲੇ ਲਾਸ਼ਾਂ ਵਿਛੀਆਂ,*
*ਤੇ ਲਹੂ ਦੀ ਭਰੀ ਚਨਾਬ।*

ਕਹਿੰਦੇ ਹਨ ਕਿ ਇਹ ਨਜ਼ਮ ਦੋਹਾਂ ਪੰਜਾਬਾਂ ਦੇ ਲੋਕ ਆਪਣੀ ਜੇਬ ਵਿਚ ਰੱਖਦੇ ਸਨ ਤੇ ਇਕ ਦੂਜੇ ਨੂੰ ਸਣਾਉਂਦੇ ਸਮੇਂ ਰੋ ਪੈਂਦੇ ਸਨ। 1948 'ਚ ਆਲ ਇੰਡੀਆ ਰੇਡੀਓ ਦਿੱਲੀ ਵਿਚ ਨੌਕਰੀ ਵੀ ਕੀਤੀ। ਅੰਮ੍ਰਿਤਾ ਨੇ ਕਵਿਤਾ, ਨਾਵਲ, ਕਹਾਣੀਆਂ ਤੇ ਵਾਰਤਕ ਆਦਿ ਦੀਆਂ 100 ਤੋਂ ਵੱਧ ਪੁਸਤਕਾਂ ਲਿਖ ਕੇ ਸਾਹਿਤ ਜਗਤ ਦੀ ਝੋਲੀ ਪਾਈਆਂ। ਉਸ ਦੀਆਂ ਲਿਖਤਾਂ ਦਾ ਬੁਲਗਾਰੀਅਨ, ਯੋਗੋਸਲਾਵ, ਪੋਲਿਸ਼, ਸਪੈਨਿਸ਼, ਫਰੈਂਚ, ਬੰਗਾਲੀ, ਮਰਾਠੀ, ਗੁਜਰਾਤੀ, ਮਲਿਆਲਮ, ਕੰਨੜ, ਸਿੰਧੀ, ਅਸਾਮੀ, ਉੜੀਆ, ਹਿੰਦੀ ਤੇ ਉਰਦੂ ਸਮੇਤ ਲਗਪਗ 34 ਭਾਸ਼ਾਵਾਂ ਵਿਚ ਅਨੁਵਾਦ ਕੀਤਾ ਗਿਆ।

ਅੰਮ੍ਰਿਤਾ ਦੀਆਂ ਕਵਿਤਾ ਵਿਆਹ ਤੋਂ ਪਹਿਲਾਂ ਹੀ 'ਰਣਜੀਤ ਨਗਾਰਾ' ਨਾਂ ਦੀ ਪੱਤ੍ਰਿਕਾ ਵਿਚ ਛਪਣੀਆਂ ਸ਼ੁਰੂ ਹੋ ਗਈਆਂ ਸਨ। ਇੱਥੋਂ ਹੀ ਉਸ ਦੀਆਂ ਕਵਿਤਾਵਾਂ ਦਾ ਸਫ਼ਰ ਸ਼ੁਰੂ ਹੋਇਆ। ਫਿਰ ਤਾਂ ਬੱਸ ਚੱਲ ਸੋ ਚੱਲ, ਅੰਮ੍ਰਿਤਾ ਨੇ ਕਵਿਤਾਵਾਂ ਦੀਆਂ ਅਨੇਕਾਂ ਕਿਤਾਬਾਂ ਲਿਖੀਆਂ ਜਿਵੇਂ: ਠੰਡੀਆਂ ਕਿਰਨਾਂ (1935), ਅੰਮ੍ਰਿਤ ਲਹਿਰਾਂ (1936), ਜਿਉਂਦਾ ਜੀਵਨ (1939), ਤ੍ਰੇਲ ਧੋਤੇ ਫੁੱਲ (1941), ਓ ਗੀਤਾਂ ਵਾਲਿਓ (1942), ਬੱਦਲਾਂ ਦੇ ਪੱਲੇ ਵਿਚ, ਸੰਝ ਦੀ ਲਾਲੀ (1943), ਲੋਕ ਪੀੜ (1949), ਮੈਂ ਤਵਾਰੀਖ ਹਾਂ ਹਿੰਦ ਦੀ (1950), ਸਰਘੀ ਵੇਲਾ (1951), ਸੁਨੇਹੜੇ (1955), ਅਸ਼ੋਕਾ ਚੇਤੀ (1957), ਕਸਤੂਰੀ (1959), ਨਾਗਮਣੀ (1964), ਨਵੀਂ ਸਵੇਰ (1968), ਛੇ ਰੁੱਤਾਂ (1969), ਕਾਗਜ਼ ਤੇ ਕੈਨਵਸ (1970), ਮੈਂ ਜਮ੍ਹਾਂ ਤੂੰ (1977), ਮੈਂ ਤੈਨੂੰ ਫਿਰ ਮਿਲਾਂਗੀ (2004) ਆਦਿ। ਇਨ੍ਹਾਂ ਕਵਿਤਾਵਾਂ ਵਿਚ ਅੰਮ੍ਰਿਤਾ ਨੇ ਕਦੀ ਧੀਆਂ ਦੇ ਦਰਦ ਨੂੰ ਬਿਆਨਿਆਂ ਹੈ ਤੇ ਕਿਧਰੇ ਦੇਸ਼ ਦੀ ਵੰਡ ਦੌਰਾਨ ਬੇਘਰੇ ਹੋਏ ਲੋਕਾਂ ਦੀਆਂ ਚੀਕਾਂ ਸੁਣ ਕੇ ਆਪਣੇ ਦਿਲ ਦਾ ਦਰਦ ਕਲਮ ਰਾਹੀਂ ਕਾਗਜ਼ ਦੀ ਹਿੱਕ 'ਤੇ ਉਲੀਕਿਆ ਹੈ। ਅੰਮ੍ਰਿਤਾ ਪ੍ਰੀਤਮ ਨੇ ਕਈ ਨਾਵਲ ਵੀ ਲਿਖੇ। ਉਨ੍ਹਾਂ ਜੈ ਸ਼੍ਰੀ (1946), ਡਾਕਟਰ (1949), ਆਲ੍ਹਣਾ (1952), ਅਸ਼ੂ (1958), ਪਿੰਜਰ (1959), ਇਕ ਸਵਾਲ (1959), ਬੰਦ ਦਰਵਾਜ਼ਾ (1961), ਰੰਗ ਦਾ ਪੱਤਾ (1963), ਇਕ ਸੀ ਅਨੀਤਾ, ਚੱਕ ਨੰ. ਛੱਤੀ (1964), ਧਰਤੀ ਸਾਗਰ ਤੇ ਸਿੱਪੀਆਂ (1965), ਦਿੱਲੀ ਦੀਆ ਗਲੀਆਂ (1968), ਧੁੱਪ ਦੀ ਕਾਤਰ (1969), ਜਲਾਵਤਨ (1970), ਯਾਤਰੀ, ਜੇਬ ਕਤਰਾ (1971), ਪੱਕੀ ਹਵੇਲੀ, ਅੱਕ ਦਾ ਬੂਟਾ (1972), ਅੱਗ ਦੀ ਲਕੀਰ (1973), ਕੱਚੀ ਸੜਕ (1974), ਕੋਈ ਨਹੀਂ ਜਾਣਦਾ, ਉਨ੍ਹਾਂ ਦੀ ਕਹਾਣੀ (1975), ਇਹ ਸੱਚ ਹੈ, ਤੇਰ੍ਹਵਾਂ ਸੂਰਜ (1977), ਉਨਿੰਜਾ ਦਿਨ (1978), ਕੋਰੇ ਕਾਗਜ਼ (1982) ਆਦਿ ਕਈ ਨਾਵਲ ਸਾਹਿਤ ਜਗਤ ਦੀ ਝੋਲੀ ਪਾਏ।

ਉਨ੍ਹਾਂ ਦੇ ਨਾਵਲ 'ਪਿੰਜਰ' 'ਤੇ 2003 ਵਿਚ ਫਿਲਮ ਬਣੀ ਜੋ ਬੇਹੱਦ ਮਕਬੂਲ ਹੋਈ। ਉਨ੍ਹਾਂ ਦੇ ਜੀਵਨ, ਕਹਾਣੀਆਂ, ਨਾਵਲਾਂ ਤੇ 10 ਦੇ ਕਰੀਬ ਫਿਲਮਾਂ ਬਣੀਆਂ। ਕਹਾਣੀਆਂ ਦੀਆਂ ਵੀ ਕਈ ਕਿਤਾਬਾਂ ਲਿਖੀਆਂ। ਅੰਮ੍ਰਿਤਾ ਦੀ ਸਵੈ-ਜੀਵਨੀ ਸਮੇਤ ਕਈ ਹੋਰ ਲਿਖਤਾਂ ਵੀ ਹਨ ਜਿਵੇਂ ਭਾਰਤ ਦੇ ਉਸਰਈਏ, ਕਾਲਾ ਗੁਲਾਬ, ਦਸਤਾਵੇਜ਼, ਰਸੀਦੀ ਟਿਕਟ (ਸਵੈ-ਜੀਵਨੀ), ਬਾਰੀਆਂ ਝਰੋਖੇ, ਅੱਗ ਦੀਆਂ ਲੀਕਾਂ, ਇੱਕੀ ਪੱਤੀਆਂ ਦਾ ਗੁਲਾਬ, ਲਾਲ ਧਾਗੇ ਦਾ ਰਿਸ਼ਤਾ, ਦਰਵੇਸ਼ਾਂ ਦੀ ਮਹਿੰਦੀ, ਕਾਲ ਚੇਤਨਾ, ਅਵਾਜ਼ ਦੀ ਦੁਨੀਆ, ਉੱਠ ਨੀ ਸਾਹਿਬਾਂ ਸੁੱਤੀਏ, ਪ੍ਰਤੀਕ ਵਿਗਿਆਨ, ਸੱਤ ਮੁਸਾਫਰ, ਦੇਖ ਕਬੀਰਾ, ਪ੍ਰਸ਼ਨ ਲੀਲ੍ਹਾ, ਮੇਰੇ ਕਾਲ ਮੁਕਤ ਸਮਕਾਲੀ, ਇਕ ਉਦਾਸ ਕਿਤਾਬ ਆਦਿ। ਅੰਮ੍ਰਿਤਾ ਦੀਆਂ ਹਿੰਦੀ ਪੁਸਤਕਾਂ ਦੀ ਸੂਚੀ ਵੀ ਲੰਬੀ ਹੈ। ਉਨ੍ਹਾਂ ਨੂੰ ਕਾਵਿ ਸੰਗ੍ਰਹਿ 'ਸੁਨੇਹੜੇ' ਲਈ ਸਾਹਿਤ ਅਕਾਦਮੀ ਦਾ ਪੁਰਸਕਾਰ ਮਿਲਿਆ। ਸੰਨ 1958 ਵਿਚ ਭਾਸ਼ਾ ਵਿਭਾਗ ਵੱਲੋਂ 'ਸ਼੍ਰੋਮਣੀ ਪੰਜਾਬੀ ਸਾਹਿਤਕਾਰ', 1969 ਵਿਚ ਭਾਰਤ ਸਰਕਾਰ ਵੱਲੋਂ 'ਪਦਮਸ਼੍ਰੀ', ਸੰਨ 1982 ਵਿਚ 'ਭਾਰਤੀ ਗਿਆਨਪੀਠ' ਪੁਰਸਕਾਰ ਪ੍ਰਾਪਤ ਹੋਇਆ। ਸੰਨ 1986 ਵਿਚ ਰਾਜ ਸਭਾ ਦੀ ਮੈਂਬਰ ਬਣੀ। ਵੱਖ-ਵੱਖ ਸਮੇਂ 'ਤੇ ਛੇ ਯੂਨੀਵਰਸਿਟੀਆਂ ਨੇ ਡੀ-ਲਿਟ ਦੀ ਉਪਾਧੀ ਦਿੱਤੀ।

ਸੰਨ 2002 ਵਿਚ ਪੰਜਾਬ ਸਰਕਾਰ ਨੇ 'ਲਾਈਫ ਟਾਈਮ ਅਚੀਵਮੈਂਟ' ਦਾ ਸਨਮਾਨ ਦਿੱਤਾ। ਆਪਣੀ ਸਵੈ-ਜੀਵਨੀ 'ਰਸੀਦੀ ਟਿਕਟ' ਵਿਚ ਅੰਮ੍ਰਿਤਾ ਨੇ ਇਸ ਰਾਜ਼ ਦਾ ਜ਼ਿਕਰ ਕੀਤਾ ਕਿ 1960 ਵਿਚ ਉਸਦਾ ਝੁਕਾਅ ਸਾਹਿਰ ਲੁਧਿਆਣਵੀ ਵੱਲ ਹੋਣ ਕਰ ਕੇ ਉਸਦਾ ਆਪਣੇ ਪਤੀ ਪ੍ਰੀਤਮ ਨਾਲੋਂ ਤਲਾਕ ਹੋ ਗਿਆ, ਪਰ ਸਾਹਿਰ ਲੁਧਿਆਣਵੀ ਸੁਧਾ ਮਲਹੋਤਰਾ ਜੋ ਸਿੰਗਰ ਸੀ, ਦੀ ਤਰਫ਼ ਖਿੱਚਿਆ ਚਲਿਆ ਗਿਆ। ਫਿਰ ਜ਼ਿੰਦਗੀ ਦੇ ਆਖਰੀ 40 ਸਾਲ ਅੰਮ੍ਰਿਤਾ ਨੇ ਇਮਰੋਜ਼ ਨਾਲ ਬਿਤਾਏ। ਅੰਮ੍ਰਿਤਾ ਆਪਣੀ ਜ਼ਿੰਦਗੀ ਦੇ 86ਵੇਂ ਵਰ੍ਹੇ ਨੂੰ ਪਹੁੰਚ ਚੁੱਕੀ ਸੀ। ਉਮਰ ਜ਼ਿਆਦਾ ਹੋ ਜਾਣ ਕਰ ਕੇ ਅੰਮ੍ਰਿਤਾ ਬਿਮਾਰ ਰਹਿਣ ਲੱਗੀ, ਅੰਤ 31 ਅਕਤੂਬਰ 2005 ਨੂੰ ਉਹ ਸਾਥੋਂ ਸਦਾ ਲਈ ਵਿਛੜ ਗਈ ਪਰ ਆਪਣੀਆਂ ਬਿਤਹਰੀਨ ਲਿਖਤਾਂ ਕਰਕੇ ਅੰਮ੍ਰਿਤਾ ਪ੍ਰੀਤਮ ਹਮੇਸ਼ਾ ਸਾਡੇ ਚੇਤਿਆਂ ਵਿਚ ਵੱਸੀ ਰਹੇਗੀ। •

*ਉਨ੍ਹਾਂ ਨੂੰ ਕਾਵਿ ਸੰਗ੍ਰਹਿ 'ਸੁਨੇਹੜੇ' ਲਈ ਭਾਰਤੀ ਸਾਹਿਤ ਅਕਾਦਮੀ ਦਾ ਪੁਰਸਕਾਰ ਮਿਲਿਆ। ਸੰਨ 1958 ਵਿਚ ਭਾਸ਼ਾ ਵਿਭਾਗ ਪੰਜਾਬ ਵੱਲੋਂ 'ਸ਼੍ਰੋਮਣੀ ਪੰਜਾਬੀ ਸਾਹਿਤਕਾਰ', 1969 ਵਿਚ ਭਾਰਤ ਸਰਕਾਰ ਵੱਲੋਂ 'ਪਦਮਸ਼੍ਰੀ', 1982 ਵਿਚ 'ਭਾਰਤੀ ਗਿਆਨਪੀਠ' ਪੁਰਸਕਾਰ ਪ੍ਰਾਪਤ ਹੋਇਆ। ਸੰਨ 1986 ਵਿਚ ਉਹ ਰਾਜ ਸਭਾ ਮੈਂਬਰ ਬਣੇ...*



ਧਰਮਿੰਦਰ ਸਿੰਘ ਚੱਬਾ

ਮਿੰਨੀ ਕਹਾਣੀ

## ਅਗਲਾ ਜਨਮ

ਉਹ ਦੋਵੇਂ ਅਨਾਥ ਸਨ ਅਤੇ ਗ਼ਰੀਬ ਅੱਤ ਦਰਜੇ ਦੇ। ਮਾਂ ਦੇ ਮਰਨ ਤੋਂ ਛੇਤੀ ਬਾਅਦ ਪਿਓ ਨੇ ਦੂਜਾ ਵਿਆਹ ਕਰਾ ਲਿਆ ਸੀ ਅਤੇ ਦੋਵੇਂ ਬਾਲ ਨਿੱਕੀ ਉਮਰੇ ਹੀ ਘਰੋਂ ਬੇਘਰ ਹੋ ਗਏ। ਸਾਰਾ ਦਿਨ ਸੜਕਾਂ ਨਾਪਦੇ ਤੇ ਰਾਤ ਨੂੰ ਕਿਸੇ ਨਾ ਕਿਸੇ ਦੁਕਾਨ ਦੇ ਸ਼ਟਰ ਅੱਗੇ ਪੈ ਜਾਂਦੇ। "ਮੈਂ ਤਾਂ ਅਗਲੇ ਜਨਮ 'ਚ ਮਾਂ ਬਣਾਂਗਾ।" ਕਿਉਂ? ਛੋਟੇ ਨੇ ਹੈਰਾਨ ਹੁੰਦੇ ਹੋਏ ਪੁੱਛਿਆ। "ਇਸ ਲਈ ਕਿ ਮਾਂ ਬਹੁਤ ਚੰਗੀ ਹੁੰਦੀ ਐ। ਤੈਨੂੰ ਚੇਤਾ ਨਹੀਂ, ਮਾਂ ਆਪ ਭੁੱਖੀ ਰਹਿ ਜਾਂਦੀ ਸੀ ਪਰ ਸਾਨੂੰ ਕਦੇ ਭੁੱਖੇ ਨਹੀਂ ਸੀ ਸੌਣ ਦਿੱਤਾ। ਮਾਂ ਸੀ ਤੇ ਸਾਡੇ ਸਿਰ 'ਤੇ ਛੱਤ ਸੀ।"



ਉਸ ਨੇ ਦੁਕਾਨ ਦੇ ਸ਼ਟਰ ਨਾਲ ਢੋਅ ਲਾਉਂਦਿਆਂ ਆਖਿਆ। "ਉਦੋਂ ਤਾਂ ਸਾਡੇ ਕੱਪੜੇ ਵੀ ਲੀਰੋ-ਲੀਰ ਨਹੀ ਸਨ ਹੁੰਦੇ।" "ਪਰ ਮੈਂ ਤਾਂ ਅਗਲੇ ਜਨਮ 'ਚ ਗਾਂ ਬਣਾਂਗਾ।" ਛੋਟਾ ਕਿਸੇ ਡੂੰਘੀ ਸੋਚ 'ਚ ਡੁੱਬਿਆ ਬੋਲਿਆ।

ਵੇਖ ਨਾ, ਨਾ ਤਾਂ ਮੈਨੂੰ ਭੁੱਖਾ ਮਰਨਾ ਪਏਗਾ, ਲੋਕ ਮੈਨੂੰ ਪੱਠਿਆਂ ਤੋਂ ਇਲਾਵਾ ਹੋਰ ਵੀ ਬਥੇਰਾ ਕੁਝ ਚਾਰਦਿਆ ਕਰਨਗੇ, ਰਹਿਣ ਲਈ ਗਊਸ਼ਾਲਾ ਦੀ ਛੱਤ ਹੋਵੇਗੀ ਤੇ ਕੱਪੜੇ ਦੀ ਤਾਂ ਵੈਸੇ ਈ ਲੋੜ ਨਹੀਂ ਰਹਿਣੀ। ਉੱਤੋਂ ਦੀ ਕੋਈ ਕੰਮ ਵੀ ਨਹੀਂ ਕਰਨਾ ਪੈਣਾ, ਬਸ ਖਾ ਲਿਆ ਤੇ ਸੌਂ ਲਿਆ। ਇੱਜ਼ਤ ਤੇ ਪਿਆਰ ਵਾਧੂ।" ਉਸਨੇ ਆਕਾਸ਼ ਵੱਲ ਨਿਗਾਹ ਮਾਰੀ, ਆਪਣੇ ਢਿੱਡ ਨਾਲ ਬੱਝਾ ਪਰਨਾ ਹੋਰ ਕੱਸਿਆ ਤੇ ਸੌਣ ਦੀ ਕੋਸ਼ਿਸ਼ ਕਰਨ ਲੱਗਾ।

• ਗੁਰਵਿੰਦਰ ਸਿੰਘ (ਡਾ.)

# ਮਾਂ ਬੋਲੀ ਦਾ ਮਹਾਨ ਸੇਵਾਦਾਰ ਭਾਈ ਕਾਨ੍ਹ ਸਿੰਘ ਨਾਭਾ

• ਡਾ. ਰਵਿੰਦਰ ਕੌਰ ਰਵੀ

30 ਅਗਸਤ ਜਨਮ ਦਿਨ 'ਤੇ ਵਿਸ਼ੇਸ਼

ਮਾਂ ਬੋਲੀ ਪੰਜਾਬੀ ਦੇ ਅਣਥੱਕ ਸੇਵਾਦਾਰ ਭਾਈ ਕਾਨ੍ਹ ਸਿੰਘ ਨਾਭਾ ਪੁਰਾਤਨ ਵਿਸ਼ਿਆ ਦੇ ਪੁੰਜ ਹੁੰਦੇ ਹੋਏ ਵੀ ਆਧੁਨਿਕ ਵਿਚਾਰਾਂ ਦੇ ਧਾਰਨੀ ਸਨ। ਆਪ ਦੀਆਂ ਲਿਖਤਾਂ ਜਿੱਥੇ ਇਕ ਤਰਫ ਗੁਰਮਤਿ, ਸਿੱਖ ਇਤਿਹਾਸ ਤੇ ਸਿੱਖ ਅਧਿਆਤਮਵਾਦ ਨਾਲ ਸਬੰਧਤ ਡੂੰਘੀ ਖੋਜ ਦਾ ਬਹੁਮੁੱਲਾ ਖਜ਼ਾਨਾ ਹਨ, ਉੱਥੇ ਦੂਸਰੀ ਤਰਫ ਇਨ੍ਹਾਂ ਲਿਖਤਾਂ ਵਿਚੋਂ ਕਲਾ ਤੇ ਸੰਗੀਤ ਦੇ ਦਾਰਸ਼ਨਿਕ ਪੱਖ ਵੀ ਉਜਾਗਰ ਹੁੰਦੇ ਸਾਫ਼ ਨਜ਼ਰ ਆਉਂਦੇ ਹਨ। ਉਨ੍ਹਾਂ ਦਾ ਜੱਦੀ ਪਿੰਡ ਪਿੱਥੋ (ਜ਼ਿਲ੍ਹਾ ਬਠਿੰਡਾ) ਹੈ ਅਤੇ ਆਪਣੇ ਸਮੇਂ ਦੀਆਂ ਸ਼੍ਰੋਮਣੀ ਸ਼ਖ਼ਸੀਅਤਾਂ ਵਿਚੋਂ ਉਹ ਪ੍ਰਮੁੱਖ ਸਨ। ਆਪ ਦੇ ਪਿਤਾ ਬਾਬਾ ਨਾਰਾਇਣ ਸਿੰਘ ਉਸ ਮੌਕੇ ਡੇਰਾ ਬਾਬਾ ਅਜਾਪਾਲ ਸਿੰਘ ਨਾਭਾ ਦੇ ਪ੍ਰਮੁੱਖ ਸੇਵਾਦਾਰ ਸਨ ਅਤੇ ਨਾਭਾ ਰਿਆਸਤ 'ਚ ਇਕ ਉਚ ਕੋਟੀ ਦੇ ਵਿਦਵਾਨ ਤੇ ਸੰਤ ਪੁਰਸ਼ ਵਜੋਂ ਜਾਣੇ ਜਾਂਦੇ ਸਨ।

ਭਾਈ ਕਾਨ੍ਹ ਸਿੰਘ ਨਾਭਾ ਦਾ ਜਨਮ 30 ਅਗਸਤ 1861 ਈਸਵੀ ਨੂੰ ਉਨ੍ਹਾਂ ਦੇ ਨਾਨਕੇ ਘਰ ਪਿੰਡ ਬਨੇਰਾ ਖੁਰਦ ਵਿਖੇ ਮਾਤਾ ਹਰਿ ਕੌਰ ਦੀ ਕੁੱਖੋਂ ਹੋਇਆ। ਸਮੇਂ ਦੇ ਪ੍ਰਸਿੱਧ ਵਿਦਵਾਨਾਂ ਭਾਈ ਭੂਪ ਸਿੰਘ, ਰਾਮ ਸਿੰਘ, ਭਗਵਾਨ ਸਿੰਘ ਦੁੱਗ, ਜਵਾਹਰ ਸਿੰਘ, ਪੰਡਿਤ ਸ੍ਰੀ ਧਰ, ਬੰਸੀ ਧਰ, ਵੀਰ ਸਿੰਘ ਜਲਾਲਕੇ ਤੇ ਬਾਵਾ ਕਲਿਆਣ ਦਾਸ ਪਾਸੋਂ ਸਰਬਪੱਖੀ ਵਿਦਿਆ ਹਾਸਿਲ ਕਰਕੇ ਜਵਾਨੀ ਦੀ ਉਮਰ ਤੱਕ ਪਹੁੰਚਦਿਆਂ ਭਾਈ ਸਾਹਿਬ ਸ਼ਬਦ ਅਤੇ ਅਰਥ ਦੇ ਚੰਗੇ ਕਾਰੀਗਰ ਬਣ ਚੁੱਕੇ ਸਨ। ਪਹਿਲੀਆਂ ਦੋ ਪਤਨੀਆਂ ਦੀ ਮੌਤ ਉਪਰੰਤ ਆਪ ਦਾ ਤੀਜਾ ਵਿਆਹ ਪਿੰਡ ਰਾਮਗੜ੍ਹ ਰਿਆਸਤ ਪਟਿਆਲਾ ਦੇ ਸਰਦਾਰ ਹਰਦਮ ਸਿੰਘ ਦੀ ਸਪੁੱਤਰੀ ਬੀਬੀ ਬਸੰਤ ਕੌਰ ਨਾਲ ਹੋਇਆ, ਜਿਸ ਦੀ ਕੁੱਖੋਂ ਭਾਈ ਸਾਹਿਬ ਦੇ ਇਕਲੌਤੇ ਬੇਟੇ ਭਗਵੰਤ ਸਿੰਘ ਹਰੀ ਦਾ ਜਨਮ 1892 ਈਂ ਚ ਹੋਇਆ।

ਉਸ ਸਮੇਂ ਦੀਆਂ ਸੁਧਾਰਕ ਸਿੱਖ ਲਹਿਰਾਂ ਦੇ ਆਗੂ, ਪ੍ਰੋ. ਗੁਰਮੁਖ ਸਿੰਘ ਓਰੀਐਂਟਲ ਕਾਲਜ ਲਾਹੌਰ ਅਤੇ ਮਹਾਰਾਜਾ ਹੀਰਾ ਸਿੰਘ ਰਿਆਸਤ ਨਾਭਾ, ਭਾਈ ਸਾਹਿਬ ਦੀ ਵਿਦਵਤਾ ਤੋਂ ਬੇਹੱਦ ਪ੍ਰਭਾਵਿਤ ਹੋਏ। ਇਥੋਂ ਤਕ ਕਿ ਇਕ ਪ੍ਰਸਿੱਧ ਅੰਗਰੇਜ਼ ਵਿਦਵਾਨ ਮਿਸਟਰ ਮੈਕਸ ਆਰਥਰ ਮੈਕਾਲਫ ਗੁਰਬਾਣੀ ਦੀ ਸਿੱਖਿਆ ਲਈ ਭਾਈ ਸਾਹਿਬ ਦੇ ਸ਼ਿਸ਼ ਬਣੇ, ਜਿਸਨੇ ਬਾਅਦ ਵਿਚ ਅੰਗਰੇਜ਼ੀ 'ਚ ਵਿਸ਼ਵ ਪ੍ਰਸਿੱਧ ਪੁਸਤਕ 'ਦਿ ਸਿੱਖ ਰਿਲੀਜਨ' ਦੀ ਰਚਨਾ ਕੀਤੀ।

ਉਨ੍ਹਾਂ ਵੱਲੋਂ ਰਚੀਆਂ ਕਈ ਦਰਜਨਾਂ ਪੁਸਤਕਾਂ ਨੂੰ ਵੇਖ ਕੇ ਆਪ ਦੀ ਸਮੁੱਚੀ ਸ਼ਖ਼ਸੀਅਤ ਇਕ ਸਾਹਿਤਕ ਥੰਮ੍ਹ ਵਾਂਗ ਜਾਪਦੀ ਹੈ। ਨਾਭਾ ਦਰਬਾਰ 'ਚ ਰਹਿੰਦਿਆਂ ਜੀਵਨ ਦੇ ਮੁੱਢਲੇ ਦੌਰ 'ਚ ਰਾਜ ਧਰਮ (1884 ਈ.) ਟੀਕਾ ਜੈਮਨੀ ਅਸ਼ਵਮੇਧ (1886 ਈ.) ਅਤੇ ਨਾਟਕ ਭਾਵਾਰਥ ਦੀਪਕਾ (1897 ਈ.) ਆਦਿ ਗ੍ਰੰਥਾਂ ਦੀ ਰਚਨਾ ਕੀਤੀ। ਸਿੰਘ ਸਭਾ ਲਹਿਰ ਦੇ ਪ੍ਰਭਾਵ ਅਧੀਨ ਹਮ ਹਿੰਦੂ ਨਹੀਂ (1897 ਈ.), ਗੁਰੁਮਤ ਪ੍ਰਭਾਕਰ (1898 ਈ.), ਗੁਰੂਮਤ ਸੁਧਾਕਰ (1899 ਈ.), ਗੁਰੂਗਿਰਾ ਕਸੌਟੀ (1899 ਈ.) ਸੱਦ ਦਾ ਪਰਮਾਰਥ (1901 ਈ.) ਆਦਿ ਗੁਰਮਤਿ ਪ੍ਰਚਾਰ ਹਿਤ ਸਾਹਿਤ ਰਚਨਾ ਕੀਤੀ ਅਤੇ ਸ਼ਰਾਬ ਨਿਸ਼ੇਧ (1907 ਈ.) ਵਰਗੀਆਂ ਪੁਸਤਕਾਂ ਲਿਖ ਕੇ ਸਮਾਜ ਸੁਧਾਰ ਦੇ ਖੇਤਰ ਵਿਚ ਵੀ ਯੋਗਦਾਨ ਪਾਇਆ। ਭਾਈ ਸਾਹਿਬ ਦੀ ਕਲਾਤਮਕ ਰੁਚੀ ਦਾ ਘੇਰਾ ਅਤਿ ਵਿਸ਼ਾਲ ਹੈ, ਜਿਸ ਵਿਚ ਧਰਮ, ਖੰਡਨ, ਮੰਡਨ, ਇਤਿਹਾਸ, ਟੀਕਾਕਾਰੀ, ਕੋਸ਼ਕਾਰੀ, ਰਾਜਨੀਤੀ ਅਤੇ ਸੰਗੀਤ ਆਦਿ ਅਨੇਕ ਵਿਸ਼ੇ ਸ਼ਾਮਲ ਹਨ। ਬੇਸ਼ੱਕ ਉਨ੍ਹਾਂ ਕਿਸੇ ਕਾਲਜ, ਯੂਨੀਵਰਸਿਟੀ ਪਾਸੋਂ ਵਿਦਿਆ ਹਾਸਲ ਨਹੀਂ ਕੀਤੀ, ਪਰੰਤੂ ਵਿਦਿਆ ਨਾਲ ਸਬੰਧਤ ਜਿਸ ਖੇਤਰ ਵਿਚ ਵੀ ਉਨ੍ਹਾਂ ਪ੍ਰਵੇਸ਼ ਕੀਤਾ, ਉਸ ਦੀਆਂ ਤੈਹਾਂ ਫਰੋਲਦੇ ਹੋਏ ਉਹ ਅਖ਼ੀਰ ਤਕ ਅੱਪੜੇ। ਆਪਣੇ ਜੀਵਨ ਦੇ ਅਖ਼ੀਰਲੇ ਦੌਰ ਵਿਚ ਆਪ ਨੇ ਗੁਰਛੰਦ ਦਿਵਾਕਰ (1924 ਈ.) ਗੁਰਸ਼ਬਦਾਲੰਕਾਰ (1925 ਈ.) ਆਦਿ ਪੁਸਤਕਾਂ ਦੀ ਰਚਨਾ ਕਰਕੇ ਮਹਾਨ ਛੰਦ ਸ਼ਾਸਤਰੀ ਤੇ ਅਲੰਕਾਰ ਸ਼ਾਸਤਰੀ ਹੋਣ ਦਾ ਸਬੂਤ ਦਿੱਤਾ। ਅਨੇਕਾਰਥ ਤੇ ਨਾਮ ਮਾਲਾ ਆਦਿ ਕੋਸ਼ਾਂ ਦਾ ਸੰਪਾਦਨ ਅਤੇ ਰੂਪ ਦੀਪ ਪਿੰਗਲ (1925 ਈ.) ਦੀ ਸੁਧਾਈ ਕੀਤੀ। ਆਪ ਦੀ ਜੀਵਨ ਭਰ ਦੀ ਤਪੱਸਿਆ ਦਾ ਫਲ ਗੁਰੁਸ਼ਬਦ ਰਤਨਾਕਰ ਮਹਾਨ ਕੋਸ਼ ਗਿਆਨ ਦੇ ਖੇਤਰ ਵਿਚ ਇਕ ਮੀਲ ਪੱਥਰ ਹੈ। ਜਿਸ ਦੀ ਰਚਨਾ ਲਈ ਆਪ ਨੇ 14 ਵਰ੍ਹੇ ਸਖ਼ਤ ਮਿਹਨਤ ਕੀਤੀ। ਪੰਜਾਬੀ ਕੋਸ਼ਕਾਰੀ ਵਿਚ ਵਿਸ਼ਵਕੋਸ਼ ਦੇ ਨਾਂ ਨਾਲ ਪਛਾਣੀ ਜਾਣ ਵਾਲੀ ਪਹਿਲੀ ਕਿਰਤ, ਭਾਈ ਕਾਨ੍ਹ ਸਿੰਘ ਨਾਭਾ ਰਚਿਤ 'ਗੁਰੁਸ਼ਬਦ ਰਤਨਾਕਰ ਮਹਾਨ ਕੋਸ਼' ਹੈ। ਇਸ ਵਿਚ ਹੋਰਨਾਂ ਅਨੇਕ ਵਿਸ਼ਿਆਂ ਦੇ ਨਾਲ ਨਾਲ ਸੰਗੀਤ ਦੀ ਵੀ ਵਿਸਤ੍ਰਿਤ ਜਾਣਕਾਰੀ ਮਿਲਦੀ ਹੈ ਕਿਉਂਕਿ ਆਪ ਨੂੰ ਸੈਰ ਅਤੇ ਬਾਗਬਾਨੀ ਦੇ ਨਾਲ ਨਾਲ ਸ਼ਾਸਤਰੀ ਸੰਗੀਤ ਦਾ ਵੀ ਬੇਹੱਦ ਸ਼ੌਕ ਸੀ। ਆਪ ਨੇ ਦਰਬਾਰ ਪਟਿਆਲਾ ਦੇ ਨਾਮਵਰ ਤਾਊਸ ਵਾਦਕ ਮਹੰਤ ਗੱਜਾ ਸਿੰਘ ਪਾਸੋਂ ਸੰਗੀਤ ਦੀ ਸਿੱਖਿਆ ਹਾਸਲ ਕੀਤੀ ਅਤੇ ਮਹਾਨ ਕੋਸ਼ ਵਿਚ ਸੰਗੀਤਕ ਜਾਣਕਾਰੀ ਉਪਲਬਧ ਕਰਾਉਣ ਲਈ, ਮਹੰਤ ਗੱਜਾ ਸਿੰਘ ਰਚਿਤ ਗ੍ਰੰਥ 'ਗੁਰਮਤਿ ਸੰਗੀਤ' ਤੋਂ ਭਰਪੂਰ ਲਾਭ ਉਠਾਇਆ।



*ਵਿਸ਼ਵਕੋਸ਼ ਦੇ ਨਾਂ ਨਾਲ ਜਾਣੀ ਜਾਣ ਵਾਲੀ ਪਹਿਲੀ ਕਿਰਤ, ਭਾਈ ਕਾਨ੍ਹ ਸਿੰਘ ਨਾਭਾ ਰਚਿਤ 'ਗੁਰੁਸ਼ਬਦ ਰਤਨਾਕਰ ਮਹਾਨ ਕੋਸ਼' ਹੈ। ਇਸ 'ਚ ਅਨੇਕ ਵਿਸ਼ਿਆਂ ਦੇ ਨਾਲ ਨਾਲ ਸੰਗੀਤ ਦੀ ਵੀ ਵਿਸਤ੍ਰਿਤ ਜਾਣਕਾਰੀ ਮਿਲਦੀ ਹੈ...*

ਵਿਸ਼ਵਕੋਸ਼ੀ ਗਿਆਨਧਾਰਾ ਨਾਲ ਜੁੜੇ ਬਹੁਮੁਖੀ ਚਿੰਤਕ ਤੇ ਖੋਜੀ ਭਾਈ ਕਾਨ੍ਹ ਸਿੰਘ ਨਾਭਾ ਨੂੰ ਸਿੱਖ ਕੌਮ ਵਿਚ 'ਪੰਥ ਰਤਨ', 'ਭਾਈ ਸਾਹਿਬ' ਅਤੇ 'ਸਰਦਾਰ ਬਹਾਦਰ' ਦੀ ਉਪਾਧੀ ਨਾਲ ਯਾਦ ਕੀਤਾ ਜਾਂਦਾ ਹੈ। ਆਪਣੀ ਸੂਝ ਅਤੇ ਸੁਘੜਤਾ ਦੇ ਅਸਰ ਨਾਲ ਭਾਈ ਸਾਹਿਬ ਨੇ ਨਾਭਾ ਰਿਆਸਤ ਵਿਚ 1886 ਈ. ਤੋਂ 1923 ਈ. ਤਕ ਕਈ ਉੱਚ ਅਹੁਦਿਆਂ 'ਤੇ ਸ਼ਾਨਦਾਰ ਸੇਵਾ ਨਿਭਾਈ ਅਤੇ ਨਾਲੋ ਨਾਲ ਸਾਹਿਤ ਰਚਨਾ ਦਾ ਕੰਮ ਵੀ ਜਾਰੀ ਰੱਖਿਆ, ਜਿਹੜਾ ਕਿ ਉਨ੍ਹਾਂ ਦੇ ਦੇਹਾਂਤ 23 ਨਵੰਬਰ 1938 ਈ. ਤਕ ਨਿਰੰਤਰ ਜਾਰੀ ਰਿਹਾ। ਆਪਣੇ ਜੀਵਨ ਕਾਲ ਦੌਰਾਨ ਮਾਂ ਬੋਲੀ ਪੰਜਾਬੀ ਦੀ ਸੇਵਾ ਲਈ ਭਾਈ ਸਾਹਿਬ ਅਨੇਕ ਅਖ਼ਬਾਰਾਂ ਮੈਗਜ਼ੀਨਾਂ ਲਈ ਸਮੇਂ ਦੀ ਮੰਗ ਅਨੁਸਾਰ ਨਿਬੰਧ ਵੀ ਲਿਖਦੇ ਰਹੇ ਜੋ ਹੁਣ ਸਾਡੇ ਪਾਸ 'ਬਿਖਰੇ ਮੋਤੀ' ਪੁਸਤਕ ਰੂਪ ਵਿਚ ਮੌਜੂਦ ਹਨ। ਭਾਈ ਸਾਹਿਬ ਦਾ ਖੋਜ-ਕਾਰਜ ਸਦੀਵੀਂ ਪ੍ਰਭਾਵ ਸਿਰਜਣ ਦੀ ਭਰਪੂਰ ਸਮਰੱਥਾ ਰੱਖਦਾ ਹੈ ਕਿਉਂਕਿ ਇਹ ਕਾਰਜ ਪਹਿਲੇ ਸਮਿਆਂ ਵਿਚ ਵੀ ਸਾਰਥਕ ਸੀ, ਅੱਜ ਵੀ ਸਾਰਥਕ ਹੈ ਤੇ ਭਵਿੱਖ ਵਿਚ ਵੀ ਇਸਦੀ ਸਾਰਥਿਕਤਾ ਬਣੀ ਰਹੇਗੀ।

*ਅਸਿਸਟੈਂਟ ਪ੍ਰੋਫੈਸਰ ਸੰਗੀਤ ਵਿਭਾਗ,*
*ਪੰਜਾਬੀ ਯੂਨੀਵਰਸਿਟੀ ਪਟਿਆਲਾ।*
*ਸੰਪਰਕ ਨੰ:- 84378-22296*



# ਹੱਥ ਨਾਲ ਖਾਣਾ ਖਾਣ ਦੇ 5 ਫਾਇਦੇ

ਖਾਣਾ ਖਾਂਦੇ ਸਮੇਂ ਹੱਥ ਖਰਾਬ ਨਾ ਹੋ ਜਾਣ ਅਤੇ ਤੁਸੀਂ ਸਲੀਕੇ ਨਾਲ ਖਾਣਾ ਖਾ ਸਕੋ, ਇਸਦੇ ਲਈ ਅੱਜ-ਕੱਲ੍ਹ ਚਮਚਾ (ਸਪੂਨ) ਇਕ ਜ਼ਰੂਰੀ ਸਾਧਨ ਹੋ ਗਿਆ ਹੈ ਪਰ ਫਿਰ ਵੀ ਹੱਥ ਨਾਲ ਖਾਣਾ ਖਾਣ ਦਾ ਮਜ਼ਾ ਹੀ ਕੁਝ ਹੋਰ ਹੁੰਦਾ ਹੈ। ਸਿਰਫ਼ ਮਜ਼ਾ ਹੀ ਨਹੀਂ ਹੱਥ ਨਾਲ ਖਾਣਾ ਖਾਣ ਦੇ ਫਾਇਦੇ ਵੀ ਨੇ...

- ਚਮਚੇ ਨਾਲ ਖਾਣਾ ਖਾਣ ਦੀ ਜਗ੍ਹਾ ਹੱਥ ਨਾਲ ਖਾਣਾ ਖਾਂਦੇ ਹਾਂ ਤਾਂ ਮੂੰਹ ਨਹੀਂ ਸੜਦਾ ਕਿਉਂਕਿ ਚਮਚੇ ਦਾ ਤਾਪਮਾਨ ਖਾਣੇ ਦੇ ਅਨੁਸਾਰ ਬਦਲਦਾ ਹੈ ਅਤੇ ਇਸਦਾ ਪਤਾ ਨਹੀਂ ਚਲਦਾ, ਜਦਕਿ ਹੱਥ ਨਾਲ ਖਾਣਾ ਖਾਂਦੇ ਸਮੇਂ ਸਾਨੂੰ ਤਾਪਮਾਨ ਦਾ ਪਤਾ ਲੱਗਦਾ ਹੈ।
- ਜਦੋਂ ਹੱਥ ਨਾਲ ਖਾਣਾ ਖਾਂਦੇ ਹਾਂ ਤੇ ਉਂਗਲੀਆਂ ਅਤੇ ਹੱਥ ਦੇ ਅੰਗੂਠੇ ਆਪਸ 'ਚ ਜੁੜਨ ਨਾਲ ਜੋ ਮੁਦਰਾ ਬਣਦੀ ਹੈ, ਉਸ ਕਾਰਨ ਸਰੀਰ 'ਚ ਵਿਸ਼ੇਸ਼ ਰੂਪ 'ਚ ਊਰਜਾ ਪੈਦਾ ਹੁੰਦੀ ਹੈ, ਜੋ ਸਰੀਰ ਨੂੰ ਤੰਦਰੁਸਤ ਰੱਖਣ 'ਚ ਮਦਦ ਕਰਦੀ ਹੈ।
- ਹੱਥ ਨਾਲ ਖਾਣਾ ਖਾਣ ਲਈ ਅਸੀਂ ਹੱਥ ਧੋਣ 'ਤੇ ਵਿਸ਼ੇਸ਼ ਧਿਆਨ ਦਿੰਦੇ ਹਾਂ ਜਦਕਿ ਚਮਚੇ ਨਾਲ ਖਾਣਾ ਖਾਂਦੇ ਸਮੇਂ ਅਸੀਂ ਰੱਖੇ ਹੋਏ ਚਮਚੇ ਦਾ ਪ੍ਰਯੋਗ ਕਰਦੇ ਹਾਂ, ਜੋ ਕਿ ਕੀਟਾਣੂਆਂ ਨਾਲ ਭਰਪੂਰ ਹੋ ਸਕਦਾ ਹੈ।
- ਹੱਥ ਨਾਲ ਖਾਣਾ ਖਾਣ ਨਾਲ ਸਾਡੇ ਸਰੀਰ 'ਚ ਪੰਜ ਤੱਤਾਂ ਦਾ ਸੰਤੁਲਨ ਸਹੀ ਹੁੰਦਾ ਹੈ ਜਦਕਿ ਚਮਚ ਨਾਲ ਖਾਣਾ ਖਾਂਦੇ ਸਮੇਂ ਇਹ ਲਾਭ ਵੀ ਨਹੀਂ ਹੁੰਦਾ।
- ਹੱਥ ਨਾਲ ਭੋਜਨ ਖਾਣਾ ਸਪਰਸ਼ ਚਿਕਿਤਸਾ ਦੇ ਬਰਾਬਰ ਹੈ। ਇਸ ਨਾਲ ਹੱਥ, ਮੂੰਹ, ਪੇਟ ਅਤੇ ਦਿਮਾਗ਼ 'ਚ ਵੀ ਇਕ ਤਰ੍ਹਾਂ ਦਾ ਸਬੰਧ ਬਣਦਾ ਹੈ। ਸਰੀਰ ਤੰਦਰੁਸਤ ਰਹਿੰਦਾ ਹੈ।



• ਫ਼ੀਚਰ ਡੈਸਕ

# ਸਿਹਤ ਦੀ ਦੋਸਤ ਹੈ ਸੌਂਫ

ਡਾ. ਸ਼ਾਲੂ ਅਰੋੜਾ

ਦੇਸ਼ 'ਚ ਸਦੀਆਂ ਤੋਂ ਸੌਂਫ ਦਾ ਇਸਤੇਮਾਲ ਹੋ ਰਿਹਾ ਹੈ। ਸੌਂਫ ਆਪਣੇ ਗੁਣਾਂ ਕਾਰਨ ਭਾਰਤੀ ਰਸੋਈ ਘਰਾਂ 'ਚ ਆਪਣਾ ਅਹਿਮ ਸਥਾਨ ਬਣਾ ਚੁੱਕੀ ਹੈ। ਸੌਂਫ ਭੁੱਖ ਨੂੰ ਵਧਾਉਂਦੀ ਹੈ। ਜਿਨ੍ਹਾਂ ਲੋਕਾਂ ਨੂੰ ਖੁੱਲ੍ਹ ਕੇ ਭੁੱਖ ਨਹੀਂ ਲੱਗਦੀ, ਉਨ੍ਹਾਂ ਨੂੰ ਖਾਣੇ ਤੋਂ ਲਗਪਗ ਅੱਧਾ ਘੰਟਾ ਪਹਿਲਾਂ ਇਕ ਛੋਟਾ ਚਮਚ ਸੌਂਫ ਖਾਣੀ ਚਾਹੀਦੀ ਹੈ।

ਸੌਂਫ ਦੇ ਅਰਕ ਦਾ ਸੇਵਨ ਵੀ ਲਾਭਦਾਇਕ ਹੈ। ਬਰਸਾਤ ਦੇ ਮੌਸਮ 'ਚ ਜਦੋਂ ਅਸਮਾਨ ਖੁੱਲ੍ਹਾ ਰਹਿੰਦਾ ਹੈ ਉਦੋਂ ਕਾਫੀ ਹੁੰਮਸ ਤੇ ਗਰਮੀ ਮਹਿਸੂਸ ਹੁੰਦੀ ਹੈ। ਸੌਂਫ ਗਰਮੀ ਤੋਂ ਰਾਹਤ ਪ੍ਰਦਾਨ ਕਰਦੀ ਹੈ। ਇਕ ਛੋਟਾ ਚਮਚ ਸੌਂਫ ਲੈਣ ਤੋਂ ਬਾਅਦ ਠੰਡਾ ਪਾਣੀ ਪੀਣ ਤੋਂ ਬਾਅਦ ਸੌਂਫ ਦੀ ਤਾਸੀਰ ਵੀ ਠੰਡੀ ਹੋ ਜਾਂਦੀ ਹੈ। ਉੱਥੇ ਗਰਮ ਪਾਣੀ ਦੇ ਨਾਲ ਸੌਂਫ ਲੈਣ ਨਾਲ ਇਸ ਦੀ ਤਾਸੀਰ ਵੀ ਗਰਮ ਹੋ ਜਾਂਦੀ ਹੈ।

ਇਹੀ ਨਹੀਂ, ਸੌਂਫ ਪੇਚਿਸ਼ ਅਤੇ ਪੇਟ ਨਾਲ ਸਬੰਧਤ ਸ਼ਿਕਾਇਤਾਂ 'ਚ ਵੀ ਲਾਭਦਾਇਕ ਹੈ। ਇਨ੍ਹਾਂ ਸ਼ਿਕਾਇਤਾਂ ਤੋਂ ਰਾਹਤ ਪਾਉਣ ਲਈ 50 ਗ੍ਰਾਮ ਕੱਚੀ ਸੌਂਫ 'ਚ 50 ਗ੍ਰਾਮ ਭੁੰਨੀ ਸੌਂਫ ਮਿਲਾ ਕੇ ਇਸ ਨੂੰ ਬਾਰੀਕ ਕਰਕੇ ਚੂਰਣ ਬਣਾ ਲਵੋ। ਇਸ ਤੋਂ ਬਾਅਦ ਸਵੇਰੇ-ਸ਼ਾਮ ਇਕ ਛੋਟੇ ਚਮਚ ਦੀ ਮਾਤਰਾ 'ਚ ਇਸਦਾ ਸੇਵਨ ਕਰੋ। ਇਹ ਗੱਲ ਤਾਂ ਲਗਪਗ ਹਰ ਵਿਅਕਤੀ ਨੂੰ ਹੀ ਪਤਾ ਹੁੰਦੀ ਹੈ ਕਿ ਸੌਂਫ ਦੇ ਸੇਵਨ ਨਾਲ ਹਾਜ਼ਮਾ ਬਿਲਕੁਲ ਠੀਕ ਰਹਿੰਦਾ ਹੈ। •



# ਅਦਰਕ ਦੇ ਲਾਭ...

*ਅਦਰਕ ਵਿਚ ਮਿਲਣ ਵਾਲੇ ਪਦਾਰਥ ਜਿੰਜਰੋਲ ਅਤੇ ਸੋਗੋਲ ਬੁਖਾਰ ਨੂੰ ਨਸ਼ਟ ਕਰਦੇ ਹਨ। ਅਦਰਕ ਲਹੂ ਨੂੰ ਸਾਫ ਸ਼ੁੱਧ ਕਰਦਾ ਹੈ ਅਤੇ ਮੂਤਰ ਵਰਧਕ ਹੈ। ਇਸ ਦੀ ਵਰਤੋਂ ਨਾਲ ਸੋਜ਼ਕਾਰਕ ਗ੍ਰੰਥੀਆਂ ਨਹੀਂ ਬਣਦੀਆਂ। ਇਹ ਵਧੀਆ ਐਂਟੀ ਆਕਸੀਡੈਂਟ ਹੈ। ਅਦਰਕ ਦੀ ਥਾਂ 'ਤੇ ਸੁੰਢ ਵੀ ਵਰਤੀ ਜਾ ਸਕਦੀ ਹੈ। ਚਾਹ ਬਣਾਉਂਦੇ ਸਮੇਂ ਅਦਰਕ ਪਾ ਕੇ ਬਣਾਈ ਗਈ ਚਾਹ ਪੀਣ ਨਾਲ ਯਾਦਸ਼ਕਤੀ ਵਿਚ ਵਾਧਾ ਹੁੰਦਾ ਹੈ। ਅਦਰਕ ਕੋਲੈਸਟਰੋਲ ਨੂੰ ਕੰਟਰੋਲ ਕਰਦਾ ਹੈ। ਜੀਅ ਕੱਚਾ ਹੋਣਾ ਅਤੇ ਗਰਭ ਅਵਸਥਾ ਦੀਆਂ ਉਲਟੀਆਂ ਨੂੰ ਰੋਕਦਾ ਹੈ।*



# ਲਾਪਰਵਾਹੀ ਠੀਕ ਨਹੀਂ

ਡਾ. ਪੰਕਜ ਤ੍ਰਿਵੇਦੀ

ਰੀੜ੍ਹ ਦੀ ਹੱਡੀ ਸਾਡੇ ਸਰੀਰ ਦਾ ਉਹ ਹਿੱਸਾ ਹੈ ਜਿਸ ਨਾਲ ਸਾਡੇ ਹੱਥਾਂ ਪੈਰਾਂ ਦੀਆਂ ਹਰਕਤਾਂ ਨੂੰ ਤਾਕਤ ਪ੍ਰਾਪਤ ਹੁੰਦੀ ਹੈ। ਇਸ 'ਤੇ ਲੱਗੀ ਹਲਕੀ ਜਿਹੀ ਸੱਟ ਪ੍ਰਤੀ ਵਰਤੀ ਲਾਪਰਵਾਹੀ ਕਾਰਨ ਇਹ ਸਾਡੀ ਜ਼ਿੰਦਗੀ 'ਚ ਹਮੇਸ਼ਾਂ ਲਈ ਹਨੇਰਾ ਲਿਆ ਸਕਦੀ ਹੈ। ਰੀੜ੍ਹ ਦੀ ਹੱਡੀ 'ਤੇ ਲੱਗੀ ਸੱਟ ਨੂੰ ਲਾਪਰਵਾਹੀ ਨਾਲ ਲੈਣ ਅਤੇ ਛੇਤੀ ਉਸ ਦਾ ਇਲਾਜ ਨਾ ਕੀਤੇ ਜਾਣ 'ਤੇ ਮਰੀਜ਼ ਦੇ ਹੱਥਾਂ ਪੈਰਾਂ ਦੀ ਤਾਕਤ ਵੀ ਜਾ ਸਕਦੀ ਹੈ ਤੇ ਮਰੀਜ਼ ਦੀ ਜ਼ਿੰਦਗੀ 'ਚ ਹਮੇਸ਼ਾਂ ਲਈ ਹਨੇਰਾ ਛਾ ਸਕਦਾ ਹੈ। ਜੇ ਮਰੀਜ਼ ਦੀ ਰੀੜ੍ਹ ਦੀ ਹੱਡੀ 'ਤੇ ਸੱਟ ਲੱਗਦੀ ਹੈ ਤੇ ਉਸ ਨਾਲ ਹੱਥਾਂ-ਪੈਰਾਂ 'ਚ ਸੁੰਨਪਨ ਆਉਂਦਾ ਹੈ ਜਾਂ ਹੱਥਾਂ-ਪੈਰਾਂ 'ਚ ਜਾਨ ਨਹੀਂ ਰਹਿੰਦੀ ਤਾਂ ਮਰੀਜ਼ ਨੂੰ ਉਸੇ ਵੇਲੇ ਸਪਾਈਨ ਸਰਜਨ ਦੀ ਸਲਾਹ ਲੈਣੀ ਚਾਹੀਦੀ ਹੈ ਤੇ ਉਸੇ ਵੇਲੇ ਹੀ ਦਵਾਈ ਵੀ ਸ਼ੁਰੂ ਕਰ ਦੇਣੀ ਚਾਹੀਦੀ ਹੈ।

ਕਈ ਵਾਰ ਡਾਕਟਰਾਂ ਕੋਲ ਅਜਿਹੇ ਮਰੀਜ਼ ਆਏ ਹਨ, ਜਿਨ੍ਹਾਂ ਦੀ ਰੀੜ੍ਹ ਦੀ ਹੱਡੀ 'ਤੇ ਗੰਭੀਰ ਸੱਟ ਲੱਗੀ, ਪਰ ਮਰੀਜ਼ ਨੂੰ ਸਮੇਂ ਸਿਰ ਹਸਪਤਾਲ ਲਿਆਂਦਾ ਗਿਆ, ਜਿਸ ਕਰਕੇ ਉਨ੍ਹਾਂ ਦੇ ਸਰੀਰ ਨੂੰ ਹੋਰ ਕੋਈ ਨੁਕਸਾਨ ਨਹੀ ਹੋਇਆ। ਜੇ ਰੀੜ੍ਹ ਦੀ ਹੱਡੀ ਦੀ ਸੱਟ ਪ੍ਰਤੀ ਲਾਪਰਵਾਹੀ ਕੀਤੀ ਜਾਂਦੀ ਹੈ ਜਾਂ ਸਮੇਂ ਸਿਰ ਇਸ ਦਾ ਇਲਾਜ ਨਹੀ ਕੀਤਾ ਜਾਂਦਾ ਤਾਂ ਇਸ ਨਾਲ ਮਰੀਜ਼ ਦੇ ਹੱਥਾਂ-ਪੈਰਾਂ ਦੀ ਤਾਕਤ ਹਮੇਸ਼ਾਂ ਲਈ ਜਾ ਸਕਦੀ ਹੈ। ਇਸ ਲਈ ਜ਼ਰੂਰੀ ਹੈ ਕਿ ਜਦੋਂ ਵੀ ਕਦੇ ਰੀੜ੍ਹ ਦੀ ਹੱਡੀ ਦੀ ਸੱਟ ਲੱਗੇ ਤਾਂ ਕੁਝ ਘੰਟਿਆਂ ਵਿਚ ਹੀ ਸਪਾਈਨ ਸਰਜਨ ਨੂੰ ਵਿਖਾਇਆ ਜਾਵੇ। ਹੱਥਾਂ-ਪੈਰਾਂ 'ਚ ਜਾਨ ਨਾ ਰਹਿਣਾ, ਸੁੰਨਪਨ ਹੋਣਾ, ਕਮਰ ਦਰਦ, ਪਿਸ਼ਾਬ ਅਤੇ ਪਖਾਨੇ 'ਤੇ ਕਾਬੂ ਨਾ ਰਹਿਣਾ, ਕਮਰ ਦਰਦ ਹੋਣ ਜਾਂ ਚੱਲਣ ਲੱਗਿਆਂ ਦਰਦ ਹੋਣਾ, ਕੁਝ ਹੀ ਪੈਂਡੇ ਚੱਲ ਸਕਣਾ ਆਦਿ ਰੀੜ੍ਹ ਦੀ ਹੱਡੀ ਦੀਆਂ ਬਿਮਾਰੀਆਂ ਦੇ ਲੱਛਣ ਹਨ ਜਿਸ ਦਾ ਇਲਾਜ ਜ਼ਰੂਰੀ ਹੈ ਕਿਉਂਕਿ ਇਸ ਤਰ੍ਹਾਂ ਦੀ ਬਿਮਾਰੀ 'ਚ ਕੀਤੀ ਗਈ ਦੇਰੀ ਜ਼ਿੰਦਗੀ ਭਰ ਦਾ ਪਛਤਾਵਾ ਬਣ ਜਾਂਦੀ ਹੈ।

ਇਸ ਤਰ੍ਹਾਂ ਦੀਆਂ ਗੱਲਾਂ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ ਤੇ ਮਾਲਿਸ਼ ਜਾਂ ਕਿਸੇ ਹੋਰ ਤਰ੍ਹਾਂ ਦੀਆਂ ਖਿੱਚਾਂ ਪਵਾਉਣ ਆਦਿ ਦੇ ਚੱਕਰਾਂ 'ਚ ਨਹੀਂ ਪੈਣਾ ਚਾਹੀਦਾ ਨਹੀਂ ਤਾਂ ਇਹ ਬਿਮਾਰੀ ਹੋ ਗੰਭੀਰ ਰੂਪ ਲੈ ਸਕਦੀ ਹੈ ਤੇ ਮਰੀਜ਼ ਹਮੇਸ਼ਾ ਲਈ ਚੱਲਣ ਤੋਂ ਲਾਚਾਰ ਹੋ ਸਕਦਾ ਹੈ। ਇਸ ਵਾਸਤੇ ਕਦੇ ਵੀ ਰੀੜ੍ਹ ਦੀ ਹੱਡੀ ਦੀ ਸੱਟ ਨੂੰ ਲਾਪਰਵਾਹੀ ਨਾਲ ਨਾ ਲਵੋ ਤੇ ਇਸ ਤਰ੍ਹਾਂ ਦੇ ਲੱਛਣ ਨਜ਼ਰ ਆਉਣ 'ਤੇ ਉਸੇ ਵੇਲੇ ਸਪਾਈਨ ਸਰਜਨ ਦੀ ਸਲਾਹ ਲਵੋ। •



# ਮੌਤ ਨੂੰ ਸੱਦਾ ਸਿਗਰਟਨੋਸ਼ੀ

ਡਾ. ਅਜੀਤਪਾਲ ਸਿੰਘ ਐੱਮ.ਡੀ.

ਸਿਗਰਟ 'ਚ ਲਗਪਗ ਚਾਰ ਹਜ਼ਾਰ ਵੱਖ-ਵੱਖ ਤਰ੍ਹਾਂ ਦੇ ਹਾਨੀਕਾਰਕ ਰਸਾਇਣ ਹੁੰਦੇ ਹਨ ਜਿਵੇਂ ਕਿ ਨਿਕੋਟੀਨ, ਆਰਸੇਨਿਕ, ਮੋਨੋਆਕਸਾਈਡ, ਬੇਂਜਪਾਈਰਨ ਤੇ ਅਮੋਨੀਆ ਆਦਿ। ਭਾਰਤ 'ਚ ਵਿਕਦੀਆਂ ਜ਼ਿਆਦਾਤਰ ਸਿਗਰਟਾਂ ਵਿਚ ਇਕ ਤਾਂ ਟਾਰ ਦੀ ਮਾਤਰਾ ਜ਼ਿਆਦਾ ਹੁੰਦੀ ਹੈ ਅਤੇ ਦੂਜੀ ਗੱਲ ਇਨ੍ਹਾਂ ਵਿਚ ਫਿਲਟਰ ਨਹੀਂ ਹੁੰਦਾ। ਇਸ ਨਾਲ ਤੰਬਾਕੂ ਤੋਂ ਹੋਣ ਵਾਲੀਆਂ ਬਿਮਾਰੀਆਂ ਦਾ ਖ਼ਤਰਾ ਕਾਫੀ ਵਧ ਜਾਂਦਾ ਹੈ। ਸਿਗਰਟ ਦੇ ਧੂੰਏਂ 'ਚ 45 ਅਜਿਹੇ ਤੱਤ ਹੁੰਦੇ ਹਨ ਜੋ ਕੈਂਸਰ ਪੈਦਾ ਕਰਦੇ ਹਨ। ਨਿਕੋਟੀਨ ਧੂੰਏਂ ਰਾਹੀਂ ਅੰਦਰ ਜਾਣ ਪਿਛੋਂ ਸਿਰਫ਼ 10 ਸੈਕਿੰਡ 'ਚ ਦਿਮਾਗ਼ 'ਚ ਪਹੁੰਚ ਜਾਂਦੀ ਹੈ ਅਤੇ ਸਰੀਰ ਦੇ ਹਰ ਅੰਗ 'ਚ ਵੀ। ਧੂੰਏਂ ਅੰਦਰ ਮੌਜੂਦ ਨਿਕੋਟੀਨ ਤੇ ਕਾਰਬਨ ਮੋਨੋਆਕਸਾਈਡ ਦੇ ਮਿਸ਼ਰਣ ਨਾਲ ਕੁਝ ਸਮੇਂ ਲਈ ਦਿਲ ਦੀ ਧੜਕਣ ਤੇ ਬਲੱਡ ਪ੍ਰੈਸ਼ਰ 'ਚ ਵਾਧਾ ਹੋ ਜਾਂਦਾ ਹੈ। ਜ਼ਾਹਿਰ ਹੈ ਇਸ ਨਾਲ ਦਿਲ ਤੇ ਖ਼ੂਨ ਸਪਲਾਈ ਦੀਆਂ ਨਾਲੀਆਂ ਬੇਲੋੜੇ ਤਣਾਅ ਵਿਚ ਆ ਜਾਂਦੀਆਂ ਹਨ। ਤੰਬਾਕੂ ਦੇ ਧੂੰਏਂ 'ਚ ਮੌਜੂਦ ਕੈਂਸਰ ਪੈਦਾ ਕਰਨ ਵਾਲੇ ਤੱਤ (ਕਾਰਸੀਨੋਜਨ) ਸੈੱਲਾਂ ਦੇ ਵਿਕਾਸ ਲਈ ਜ਼ਰੂਰੀ ਜੀਨਸ ਨੂੰ ਨੁਕਸਾਨ ਪਹੁੰਚਾਉਂਦੇ ਹਨ, ਜਿਸ ਨਾਲ ਅਜਿਹੇ ਸੈੱਲ ਬਣਾਉਣ ਲੱਗਦੇ ਹਨ। ਸਿਗਰਟਨੋਸ਼ੀ ਨਾਲ ਫੇਫੜਿਆਂ 'ਚ ਵਿਗਾੜ ਪੈਦਾ ਹੋ ਜਾਂਦੇ ਹਨ। ਸਿਗਰਟਨੋਸ਼ੀ ਕਰਨ ਵਾਲਿਆਂ ਦੇ ਖ਼ੂਨ ਵਿਚ ਹੋਰਾਂ ਲੋਕਾਂ ਦੇ ਮੁਕਾਬਲੇ ਐਂਟੀਆਕਸਾਈਡ ਦੀ ਘਾਟ ਦੇਖਣ ਨੂੰ ਮਿਲਦੀ ਹੈ, ਜਿਸ ਦਾ ਕੰਮ ਨੁਕਸਾਨੇ ਸੈੱਲਾਂ ਦੀ ਮੁਰੰਮਤ ਕਰਨਾ ਹੁੰਦਾ ਹੈ। ਸਿਗਰਟਨੋਸ਼ੀ ਨਾਲ 25 ਦੇ ਲਗਪਗ ਬਿਮਾਰੀਆਂ ਹੋ ਸਕਦੀਆਂ ਹਨ। ਇਹ ਦਿਲ ਦੇ ਦੌਰੇ, ਸਟੋਕ, ਦਮਾ, ਬ੍ਰੌਂਕਾਈਟਿਸ, ਕੈਂਸਰ ਖ਼ਾਸ ਕਰਕੇ ਫੇਫੜਿਆ ਦਾ ਕੈਂਸਰ, ਮੂੰਹ ਦਾ ਕੈਂਸਰ, ਪੇਟ ਦਾ ਕੈਂਸਰ, ਫੂਡ ਪਾਈਪ ਦਾ ਕੈਂਸਰ ਤੇ ਪੈਨਕਰੀਆਜ਼ ਦੇ ਕੈਂਸਰ ਦਾ ਮੁੱਖ ਕਾਰਨ ਹੈ। ਇਹ ਹੈ ਕਿ ਜਿਸ ਤਰ੍ਹਾਂ ਸਿਗਰਟ ਪੀਂਦੇ ਰਹਿਣ ਨਾਲ ਸਬੰਧਤ ਬਿਮਾਰੀਆਂ ਦੀ ਗਿਣਤੀ ਵਧਦੀ ਹੈ ਤੇ ਇਨ੍ਹਾਂ ਦਾ ਅਰਸਾ ਵੀ ਵਧਦਾ ਹੈ, ਉਸੇ ਤਰ੍ਹਾਂ ਸਿਗਰਟ ਪੀਣੀ ਛੱਡ ਦੇਣ ਨਾਲ ਇਸ ਨਾਲ ਹੋਏ ਨੁਕਸਾਨ ਦਾ ਖ਼ਤਰਾ ਵੀ ਹੌਲੀ-ਹੌਲੀ ਘੱਟਦਾ ਹੈ।

- ਇਸ ਨਾਲ ਸਰੀਰ 'ਚ ਪੌਸ਼ਟਿਕ ਤੱਤਾਂ ਦੀ ਘਾਟ ਪੈਦਾ ਹੋ ਜਾਂਦੀ ਹੈ।



***ਸਿਗਰਟ ਦੇ ਧੂੰਏਂ 'ਚ 45 ਅਜਿਹੇ ਤੱਤ ਹੁੰਦੇ ਹਨ ਜੋ ਕੈਂਸਰ ਪੈਦਾ ਕਰਦੇ ਹਨ। ਨਿਕੋਟੀਨ ਧੂੰਏਂ ਰਾਹੀਂ ਅੰਦਰ ਜਾਣ ਪਿਛੋਂ ਸਿਰਫ਼ 10 ਸੈਕਿੰਡ 'ਚ ਦਿਮਾਗ਼ 'ਚ ਪਹੁੰਚ ਜਾਂਦੀ ਹੈ ਅਤੇ ਸਰੀਰ ਦੇ ਹਰ ਅੰਗ 'ਚ ਵੀ...***

- ਦਿਨ ਭਰ 'ਚ ਪੰਜ ਮਿੰਟ ਸਿਗਰਟ ਪੀਣ ਨਾਲ ਸਰੀਰ ਦੀ ਬਿਮਾਰੀਆਂ ਨਾਲ ਲੜਨ ਦੀ ਸਮਰੱਥਾ ਘੱਟ ਜਾਂਦੀ ਹੈ।
- ਸਿਗਰਟ ਪੀਣ ਨਾਲ ਸਰੀਰ ਦੀ ਲੋਹ ਤੱਤ ਗ੍ਰਹਿਣ ਕਰਨ ਦੀ ਸਮਰੱਥਾ ਘੱਟਦੀ ਹੈ, ਜਿਸ ਨਾਲ ਥਕਾਵਟ ਕਮਜ਼ੋਰੀ ਤੇ ਹੋਰ ਲੱਛਣ ਦਿਸਦੇ ਹਨ।
- ਇਕ ਸਿਗਰਟ ਪੀਣ ਨਾਲ ਸਰੀਰ 'ਚ 25 ਐੱਮਜੀ ਵਿਟਾਮਿਨ-ਸੀ ਦੀ ਘੱਟ ਹੁੰਦੀ ਹੈ, ਨਤੀਜੇ ਵਜੋਂ ਸਰੀਰ 'ਚ ਐਂਟੀਆਕਸੀਡੈਂਟ ਦੀ ਘਾਟ ਹੁੰਦੀ ਜਾਂਦੀ ਹੈ।
- ਸਿਗਰਟ ਪੀਣ ਵਾਲਿਆਂ 'ਚ ਹੱਡੀਆਂ ਦੀ ਕਮਜ਼ੋਰੀ ਹੋਣ ਦਾ ਖ਼ਤਰਾ ਵੱਧ ਹੁੰਦਾ ਹੈ। ਮੂੰਹ ਦਾ ਕੈਂਸਰ ਹੋਣ ਦਾ ਖ਼ਤਰਾ ਵੀ ਕਈ ਗੁਣਾਂ ਵੱਧ ਜਾਂਦਾ ਹੈ।

ਭਾਰਤ 'ਚ ਹਰ ਸਾਲ ਤੰਬਾਕੂ ਕਾਰਨ ਲਗਪਗ 1.5 ਲੱਖ ਲੋਕ ਕੈਂਸਰ, 42 ਲੱਖ ਲੋਕ ਦਿਲ ਦੇ ਰੋਗਾਂ ਦੇ ਸ਼ਿਕਾਰ ਹੋ ਜਾਂਦੇ ਹਨ। ਭਾਰਤ ਸੰਸਾਰ 'ਚ ਮੂੰਹ ਦੇ ਕੈਂਸਰ ਦੀ ਰਾਜਧਾਨੀ ਬਣ ਚੁੱਕਾ ਹੈ। ਸਿਹਤ ਮੰਤਰਾਲੇ ਦੇ ਅੰਕੜਿਆਂ 'ਤੋਂ ਪਤਾ ਲੱਗਦਾ ਹੈ ਕਿ ਭਾਰਤ 'ਚ ਹਰੇਕ ਸਾਲ ਦਰਜ ਹੋਣ ਵਾਲੇ ਕੁੱਲ ਕੈਂਸਰ ਦੇ ਕੇਸਾਂ 'ਚ 30 ਫੀਸਦੀ ਕੇਸ ਮੂੰਹ ਦੇ ਕੈਂਸਰ ਨਾਲ ਸਬੰਧਤ ਹੁੰਦੇ ਹਨ। ਇਸ ਦੀ ਸਭ ਤੋਂ ਵੱਡੀ ਸਮੱਸਿਆ ਇਹ ਹੈ ਕਿ ਇਸ ਦਾ ਪਤਾ ਲੇਟ ਹੀ ਲੱਗਦਾ ਹੈ, ਜਿਸ ਕਾਰਨ ਮਰੀਜ਼ਾਂ ਕੋਲ ਸਮਾਂ ਘੱਟ ਬਚਦਾ ਹੈ। ਮੂੰਹ ਦੇ ਕੈਂਸਰ ਦੇ ਵਿਚ ਵੱਧ ਪ੍ਰਭਾਵਿਤ ਅੰਗ ਬੁਲ੍ਹ, ਗਲ੍ਹ, ਜੀਭ ਆਦਿ ਹੁੰਦੇ ਹਨ। ਤੰਬਾਕੂ, ਗੁਟਖ਼ਾ ਜਾਂ ਪਾਨ ਮਸਾਲਾ ਖਾਣ ਨਾਲ ਟਿਸ਼ੂਆਂ 'ਚ ਤਬਦੀਲੀ ਆਉਣ ਨਾਲ ਵੀ ਕੈਂਸਰ ਹੁੰਦਾ ਹੈ।

**ਸੰਪਰਕ** - 815629301

## ਪਛਾਣ ਅਤੇ ਰੋਕਥਾਮ

*__ਪਹਿਲੇ__ ਪੜਾਅ 'ਚ ਗਲੇ ਦਾ ਅਲਟਰਾਸਾਊਂਡ, ਛਾਤੀ ਦੇ ਐਕਸਰੇ ਤੇ ਖ਼ੂਨ ਦੀ ਜਾਂਚ ਨਾਲ ਇਸ ਦਾ ਪਤਾ ਲੱਗ ਜਾਂਦਾ ਹੈ। ਜੇ ਕੈਂਸਰ ਗਲੇ ਤਕ ਨਹੀਂ ਪਹੁੰਚਿਆ ਹੁੰਦਾ ਤਾਂ ਸਰਜਰੀ ਰਾਹੀਂ ਠੀਕ ਕਰ ਦਿੱਤਾ ਜਾਂਦਾ ਹੈ। ਦੂਜੇ ਪੜਾਅ 'ਚ ਪਤਾ ਲੱਗਣ 'ਤੇ ਇਹ ਪਤਾ ਇਹ ਪਤਾ ਲੱਗ ਜਾਂਦਾ ਹੈ ਕਿ ਕਿਹੜੇ ਨੋਡ 'ਤੇ ਕਿੰਨਾ ਅਸਰ ਹੋਇਆ ਹੈ? ਗਰਦਨ ਵਿਚਕਾਰ ਜਾਂ ਗਰਦਨ ਦੇ ਹੇਠਾਂ ਇਥੇ ਵੀ ਸਰਜਰੀ ਦੇ ਨਾਲ-ਨਾਲ ਰੇਡੀਓਥੈਰੇਪੀ ਦਿੱਤੀ ਜਾਂਦੀ ਹੈ। ਕੇਸ ਨੂੰ ਵੇਖਦੇ ਹੋਏ ਕੀਮੋਥੈਰੇਪੀ ਵੀ ਕੈਂਸਰ ਦੇ ਇਲਾਜ 'ਚ ਕੀਤੀ ਜਾਣ ਵਾਲੀ ਵਿਧੀ ਹੈ। ਸਿਗਰਟਨੋਸ਼ੀ ਛੱਡਣ ਲਈ ਦ੍ਰਿੜ ਫੈਸਲਾ ਲੈਣਾ ਹੁੰਦਾ ਹੈ। ਮਾਨਸਿਕ ਮਜ਼ਬੂਤੀ ਨਾਲ ਤੁਸੀਂ ਇਸ ਤੋਂ ਛੁਟਕਾਰਾ ਪਾ ਸਕਦੇ ਹੋ। ਨਿਕੋ ਗਮ, ਨਿਕੋ ਏਅਰੋਸੋਲ ਤੇ ਇਨਹੇਲਰ ਸਿਗਰਟਨੋਸ਼ੀ ਦੀ ਲਤ ਤੋਂ ਛੁਟਕਾਰਾ ਪਾਉਣ 'ਚ ਮਦਦ ਕਰਦੇ ਹਨ। ਫਲ਼ ਵਧੇਰੇ ਮਾਤਰਾ ਵਿਚ ਖਾਣੇ ਸ਼ੁਰੂ ਕਰੋ। ਇਸ ਨਾਲ ਨਿਕੋਟੀਨ ਦੀ ਤਲਬ ਘੱਟਦੀ ਹੈ। ਰੈਗੂਲਰ ਸੈਰ ਤੇ ਕਸਰਤ ਕਰੋ। ਵਿਗਿਆਨਕ ਅੱਜ-ਕੱਲ੍ਹ ਜੀਨ ਥੈਰੇਪੀ ਰਾਹੀਂ ਮੂੰਹ ਦੇ ਕੈਂਸਰ ਦਾ ਇਲਾਜ ਕਰਨ 'ਚ ਜੁਟੇ ਹੋਏ ਹਨ। ਸਿਗਰਟਨੋਸ਼ੀ ਨਾ ਸਿਰਫ਼ ਤੁਹਾਡੇ ਲਈ ਬਲਕਿ ਆਉਣ ਵਾਲੀ ਪੀੜ੍ਹੀ ਨੂੰ ਵੀ ਵਿਗੜੇ ਹੋਏ ਡੀ.ਐੱਨ.ਏ ਦੇ ਰਹੀ ਹੈ। 2030 ਤਕ ਸਿਗਰਟ ਨਾਲ ਹੋਣ ਵਾਲੀਆਂ ਮੌਤਾਂ ਦੀ ਗਿਣਤੀ 80 ਲੱਖ ਤਕ ਪਹੁੰਚ ਜਾਵੇਗੀ। ਭਾਰਤ 12 ਕਰੋੜ ਦੇ ਲਗਪਗ ਲੋਕ ਸਿਗਰਟ ਪੀਂਦੇ ਹਨ। ਭਾਵ ਸੰਸਾਰ ਦੇ 12 ਫੀਸਦੀ ਸਿਗਰਟਨੋਸ਼ ਭਾਰਤੀ ਹਨ।*

# ਬਦਲਦੇ ਮੌਸਮ 'ਚ ਰਹੋ ਸੁਚੇਤ

ਬਰਸਾਤ ਦਾ ਮੌਸਮ ਜਾਂਦੇ ਹੀ ਖੰਘ-ਜ਼ੁਕਾਮ ਹੋਣਾ ਸਧਾਰਣ ਗੱਲ ਹੈ। ਬੱਚਾ ਹੋਵੇ ਜਾਂ ਕੋਈ ਵੱਡਾ ਵਿਅਕਤੀ ਜੇ ਬਾਹਰ ਤੋਂ ਭਿੱਜ ਕੇ ਆ ਰਿਹਾ ਹੈ ਅਤੇ ਗਿੱਲੇ ਕਪੜਿਆਂ 'ਚ ਲਗਾਤਾਰ ਰਿਹਾ ਹੈ ਤਾਂ ਉਸਨੂੰ ਕਾਮਨ ਫਲੂ ਖੰਘ-ਜ਼ੁਕਾਮ ਹੋ ਸਕਦਾ ਹੈ।

ਫਲੂ ਦੇ ਤਿੰਨ ਮੁੱਖ ਵਾਇਰਸ ਹੁੰਦੇ ਹਨ। ਇਨ੍ਹਾਂ 'ਚ ਏ, ਬੀ ਅਤੇ ਸੀ ਟਾਈਪ ਸ਼ਾਮਲ ਹਨ। ਏ ਵਾਇਰਸ ਜਾਨਵਰਾਂ ਅਤੇ ਇਨਸਾਨਾਂ ਦੋਵਾਂ 'ਚ ਅਤੇ ਬੀ ਤੇ ਸੀ ਵਾਇਰਸ ਸਿਰਫ਼ ਇਨਸਾਨਾਂ 'ਚ ਹੁੰਦਾ ਹੈ। ਸਭ ਤੋਂ ਖ਼ਤਰਨਾਕ ਟਾਈਪ ਏ ਵਾਇਰਸ ਹੁੰਦਾ ਹੈ। ਜੇ ਮਰੀਜ਼ ਨੂੰ ਕੋਈ ਬਿਮਾਰੀ ਹੈ ਤਾਂ ਟਾਈਪ ਬੀ ਵੀ ਗੰਭੀਰ ਹੋ ਸਕਦਾ ਹੈ। ਸੀ ਘੱਟ ਖਤਰਨਾਕ ਹੁੰਦਾ ਹੈ। ਏ ਅਤੇ ਸੀ ਦੀ ਲਪੇਟ 'ਚ ਆਉਣ ਵਾਲੇ ਜ਼ਿਆਦਾਤਰ ਬੱਚਿਆਂ 'ਚ ਛਿੱਕ ਆਉਣ, ਸਰੀਰ ਦਰਦ, ਖੰਘ, ਨੱਕ ਵਗਣ ਅਤੇ ਤੇਜ਼ ਬੁਖਾਰ ਦੇ ਲੱਛਣ ਨਜ਼ਰ ਆਉਂਦੇ ਹਨ ਪਰ ਟਾਈਪ ਸੀ ਤੋਂ ਪ੍ਰਭਾਵਿਤ ਲੋਕਾਂ 'ਚ ਲੱਛਣ ਸਪਸ਼ਟ ਨਹੀਂ ਦਿਖਦੇ।

ਮੌਸਮ 'ਚ ਤਬਦੀਲੀ ਦੇ ਸਮੇਂ ਟਾਈਪ ਸੀ ਜ਼ਿਆਦਾ ਸਰਗਰਮ ਹੁੰਦਾ ਹੈ ਅਤੇ 5-7 ਦਿਨ 'ਚ ਜ਼ਿਆਦਾਤਰ ਲੋਕ ਬਿਨਾਂ ਦਵਾਈ ਤੋਂ ਵੀ ਠੀਕ ਹੋ ਜਾਂਦੇ ਹਨ। ਨੱਕ ਰਾਹੀਂ ਪਾਣੀ ਵਗਣ, ਗਲੇ 'ਚ ਖਾਰਸ਼ ਹੋਣ ਅਤੇ ਪੀਲੀ ਬਲਗਮ ਦੇ ਨਾਲ ਖੰਘ ਆਵੇ ਤਾਂ ਇਸਦਾ ਮਤਲਬ ਹੈ ਕਿ ਇਨਫੈਕਸ਼ਨ ਬੈਕਟੀਰੀਅਲ ਹੈ। ਸਾਹ ਦੀ ਨਾਲੀ ਦੇ ਹੇਠਲੇ ਹਿੱਸੇ 'ਚ ਇਨਫੈਕਸ਼ਨ ਹੋਣ 'ਤੇ ਤੇਜ਼ ਬੁਖਾਰ ਤੇ ਸਰੀਰ 'ਚ ਤੇਜ਼ ਦਰਦ ਹੁੰਦਾ ਹੈ ਅਤੇ ਬਲਗਮ ਜ਼ਿਆਦਾ ਬਣਦੀ ਹੈ। ਇਸ 'ਚ ਐਂਟੀ ਬੈਕਟੀਰੀਅਲ ਟਰੀਟਮੈਂਟ ਦਿੱਤਾ ਜਾਂਦਾ ਹੈ।

ਸਾਹ ਦੀ ਨਾਲੀ ਦੇ ਉੱਪਰੀ ਹਿੱਸੇ 'ਚ ਇਨਫੈਕਸ਼ਨ ਹੋਣ 'ਤੇ ਨੱਕ ਵਹਿੰਦਾ ਹੈ। ਇਹ ਆਮ ਤੌਰ 'ਤੇ ਵਾਇਰਲ ਹੁੰਦਾ ਹੈ। ਇਸ 'ਚ ਐਂਟੀ ਐਲਰਜਿਕ ਦਵਾਈਆਂ ਦਿੱਤੀਆਂ ਜਾਂਦੀਆਂ ਹਨ। ਜੇ ਸਿਰਫ ਗਲੇ 'ਚ ਖਾਰਸ਼ ਹੈ ਤਾਂ ਇਹ ਇਨਫੈਕਸ਼ਨ ਬੈਕਟੀਰੀਅਲ ਹੁੰਦੀ ਹੈ। ਇਸ 'ਚ ਵੀ ਐਂਟੀਬਾਇਟਕਸ ਦਵਾਈਆਂ ਦਿੱਤੀਆਂ ਜਾਂਦੀਆਂ ਹਨ।



## ਸਾਵਧਾਨੀਆਂ

- ਬਾਰਸ਼ ਤੋਂ ਭਿੱਜਣ ਤੋਂ ਬਚੋ ਅਤੇ ਦੇਰ ਤਕ ਪਾਣੀ 'ਚ ਨਾ ਰਹੋ।
- ਘਰ ਤੋਂ ਬਾਹਰ ਨਿਕਲਣ ਤੋਂ ਪਹਿਲਾਂ ਛੱਤਰੀ ਜਾਂ ਰੇਨਕੋਟ ਨਾਲ ਲੈ ਕੇ ਨਿਕਲੋ।
- ਇਕ ਤਰ੍ਹਾਂ ਦੇ ਵਾਤਾਵਰਣ 'ਚੋਂ ਦੂਜੇ ਵਾਤਾਵਰਣ 'ਚ ਦਾਖਲ ਹੋਣ ਤੋਂ ਪਹਿਲਾਂ ਥੋੜ੍ਹੀ ਦੇਰ ਰੁਕੋ।
- ਖਾਣ-ਪੀਣ ਦਾ ਖਾਸ ਖਿਆਲ ਰੱਖੋ।
- ਜੇ ਭਿੱਜ ਜਾਓ ਤਾਂ ਤੁਰੰਤ ਕਪੜੇ ਬਦਲੋ ਅਤੇ ਗਿੱਲੇ ਸਿਰ ਨੂੰ ਤੌਲੀਏ ਨਾਲ ਪੂੰਝ ਕੇ ਸੁਕਾ ਲਵੋ।
- ਡਾਕਟਰ ਤੋਂ ਹੀ ਲੱਛਣਾਂ ਦੇ ਹਿਸਾਬ ਨਾਲ ਇਲਾਜ ਕਰਾਉਣਾ ਜ਼ਰੂਰੀ ਹੈ।

• ਫ਼ੀਚਰ ਡੈਸਕ

# ਕੰਜਕਟੀਵਾਈਟਿਸ ਤੋਂ ਬਚਾਅ

***ਜਦੋਂ ਅੱਖ ਦੇ ਡੇਲੇ ਵਿਚ ਸੋਜਿਸ਼ ਹੁੰਦੀ ਹੈ ਤਾਂ ਅੱਖਾਂ ਲਾਲ ਹੋ ਜਾਂਦੀਆਂ ਹਨ ਅਤੇ ਇਹੀ ਕੰਜਕਟੀਵਾਈਟਿਸ ਹੁੰਦਾ ਹੈ...***

ਕੰਜਕਟੀਵਾਈਟਿਸ ਅੱਖਾਂ ਦਾ ਅਜਿਹਾ ਰੋਗ ਹੈ ਜਿਹੜਾ ਬੜੀ ਤੇਜ਼ੀ ਨਾਲ ਫੈਲਦਾ ਹੈ। ਅੱਖ ਦੇ ਡੇਲੇ ਦੇ ਸਫੇਦ ਹਿੱਸੇ ਅਤੇ ਪਲਕ ਦੇ ਅੰਦਰਲੇ ਹਿੱਸੇ ਵਾਲੀ ਝਿੱਲੀ ਨੂੰ ਕੰਟਕਟੀਵਾ ਕਹਿੰਦੇ ਹਨ। ਅਸਲ 'ਚ ਜਦੋਂ ਇਸ 'ਚ ਇਨਫਲਾਮੇਸ਼ਨ (ਸੋਜਿਸ਼) ਹੁੰਦੀ ਹੈ ਤਾਂ ਅੱਖਾਂ ਲਾਲ ਹੋ ਜਾਂਦੀਆਂ ਹਨ ਅਤੇ ਇਹੀ ਕੰਜਕਟੀਵਾਈਟਿਸ ਹੁੰਦਾ ਹੈ। ਇਹ ਚਾਰ ਤਰ੍ਹਾਂ ਨਾਲ ਹੋ ਸਕਦਾ ਹੈ, ਬੈਕਟੀਰੀਅਲ, ਵਾਇਰਲ, ਐਲਰਜਿਕ ਅਤੇ ਕੈਮੀਕਲ ਪੈਣ ਦੀ ਵਜ੍ਹਾ ਨਾਲ। ਇਸ 'ਚ ਸਿਰਫ਼ ਵਾਇਰਲ ਹੀ ਹੁੰਦਾ ਹੈ ਜਦਕਿ ਬਾਕੀ ਤਿੰਨਾਂ ਤਰ੍ਹਾਂ ਦਾ ਰੋਗ ਕਦੀ ਵੀ ਹੋ ਸਕਦਾ ਹੈ। ਰੋਗ 'ਚ ਤਿੰਨ ਤੋਂ ਪੰਜ ਦਿਨਾਂ ਤੱਕ ਅੱਖਾਂ 'ਚ ਜਲਨ ਅਤੇ ਰੜਕ ਮਹਿਸੂਸ ਹੁੰਦੀ ਰਹਿੰਦੀ ਹੈ। ਇਹ ਹੋਣ 'ਤੇ ਅੱਖਾਂ 'ਚੋਂ ਪਾਣੀ ਵਗਦਾ ਰਹਿੰਦਾ ਹੈ, ਅੱਖਾਂ ਲਾਲ ਰਹਿੰਦੀਆਂ ਹਨ। ਬੈਕਟੀਰੀਅਲ ਇਨਫੈਕਸ਼ਨ ਹੋਣ 'ਤੇ ਅੱਖਾਂ 'ਚੋਂ ਪਸ ਵਰਗਾ ਚਿਪਚਿਪਾ ਦ੍ਰਵ ਨਿਕਲਦਾ ਹੈ। ਕੰਜਕਟੀਵਾਈਟਸ ਹੋਣ 'ਤੇ ਜੇ ਕੁਝ ਸਾਵਧਾਨੀਆਂ ਅਪਣਾ ਲਈਆਂ ਜਾਣ ਤਾਂ ਅੱਖਾਂ ਦੇ ਹੋਣ ਵਾਲੇ ਕਿਸੇ ਵੀ ਸੰਭਾਵਿਤ ਵੱਡੇ ਨੁਕਸਾਨ ਨੂੰ ਰੋਕਿਆ ਜਾ ਸਕਦਾ ਹੈ।

- ਅੱਖਾਂ ਨੂੰ ਮਲੋ ਜਾਂ ਰਗੜੋ ਨਾ। ਗਰਮ ਪਾਣੀ ਅਤੇ ਰੂੰ ਨਾਲ ਇਨ੍ਹਾਂ ਨੂੰ ਦਿਨ 'ਚ ਦੋ ਤੋ ਤਿੰਨ ਵਾਰ ਸਾਫ ਕਰੋ। ਜ਼ਿਆਦਾ ਤਕਲੀਫ ਹੋਣ 'ਤੇ ਠੰਡੇ ਪਾਣੀ ਜਾਂ ਬਰਫ ਨਾਲ ਸੇਕ ਦਿਓ।
- ਅੱਖਾਂ 'ਤੇ ਪਾਣੀ ਦੇ ਸਿੱਧੇ ਛਿੱਟੇ ਮਾਰਨ ਤੋਂ ਪਰਹੇਜ਼ ਕਰਨਾ ਚਾਹੀਦਾ ਹੈ ਕਿਉਂਕਿ ਇਸ ਨਾਲ ਸਮੱਸਿਆ ਵਧ ਸਕਦੀ ਹੈ।
- ਅੱਖਾਂ 'ਚ ਕੋਈ ਵੀ ਦਵਾਈ ਅੱਖਾਂ ਦੇ ਮਾਹਰ ਡਾਕਟਰ ਦੀ ਸਲਾਹ ਤੋਂ ਬਿਨਾਂ ਨਾ ਪਾਓ। ਖੁਦ ਜਾਂ ਕੈਮਿਸਟ ਤੋਂ ਪੁੱਛ ਕੇ ਪਾਏ ਗਏ ਆਈ ਡਰਾਪ ਤੁਹਾਡੀ ਅੱਖਾਂ ਦੀ ਰੋਸ਼ਨੀ ਖੋਹ ਸਕਦੇ ਹਨ।
- ਕਾਲੇ ਚਸ਼ਮੇ ਦਾ ਇਸਤੇਮਾਲ ਕਰੋ। ਕਾਲੇ ਚਸ਼ਮੇ ਦੇ ਇਸਤੇਮਾਲ ਨਾਲ ਰੋਸ਼ਨੀ ਨਾਲ ਹੋਣ ਵਾਲੀ ਪਰੇਸ਼ਾਨੀ ਤੋਂ ਆਰਾਮ ਮਿਲੇਗਾ ਅਤੇ ਅੱਖ 'ਤੇ ਵਾਰ-ਵਾਰ ਹੱਥ ਨਹੀਂ ਲੱਗੇਗਾ।
- ਅੱਖ ਨੂੰ ਜਦੋਂ ਵੀ ਦਵਾਈ ਪਾਉਣ ਲਈ ਛੂਹਣਾ ਪਵੇ ਤਾਂ ਹੱਥ ਧੋ ਕੇ ਇਸਨੂੰ ਛੂਹੋ ਅਤੇ ਬਾਅਦ 'ਚ ਤੁਰੰਤ ਹੱਥ ਧੋ ਲਵੋ। ਆਪਣੇ ਹੱਥਾਂ ਨੂੰ ਰੁਮਾਲ, ਤੌਲੀਏ, ਚਾਦਰ ਆਦਿ ਬਾਕੀ ਸਾਰੀਆਂ ਚੀਜ਼ਾਂ ਤੋਂ ਦੂਰ ਰੱਖੋ।
- ਕਾਂਟੈਕਟ ਲੈਂਜ਼, ਮੇਕਅੱਪ ਆਦਿ ਦਾ ਇਸਤੇਮਾਲ ਨਾ ਕਰੋ।
- ਬਚਾਅ ਲਈ ਰੋਗੀ ਇਸਤੇਮਾਲ ਕਿਸੇ ਵੀ ਚੀਜ਼ ਨੂੰ ਨਾ ਵਰਤੋ। ਦਿਨ 'ਚ ਕਈ ਵਾਰ ਹੱਥ ਧੋਵੋ। ਆਪਣੀਆਂ ਅੱਖਾਂ ਨੂੰ ਘੱਟ ਤੋਂ ਘੱਟ ਛੂਹੋ।
- ਜਨਤਕ ਥਾਵਾਂ 'ਤੇ ਹੱਥ ਦਾ ਕਿਸੇ ਵੀ ਚੀਜ਼ ਨਾਲ ਸੰਪਰਕ ਘੱਟ ਤੋਂ ਘੱਟ ਕਰੋ।

• ਫ਼ੀਚਰ ਡੈਸਕ



# ਜ਼ਰੂਰੀ ਹੈ ਆਰਾਮ

ਡਾ. ਟੀਐੱਲ ਚੋਪੜਾ

ਅੱਜ ਤੋਂ ਕੁਝ ਵਰ੍ਹੇ ਪਹਿਲਾਂ ਤੱਕ ਏਨੀ ਜ਼ਿਆਦਾ ਭੱਜ-ਨੱਠ ਨਹੀ ਸੀ ਜਿੰਨੀ ਕੁ ਹੁਣ ਹੋ ਚੁੱਕੀ ਹੈ। ਜ਼ਿੰਦਗੀ ਨੇ ਰਫ਼ਤਾਰ ਫੜੀ ਹੋਈ ਹੈ ਅਤੇ ਹਰ ਕੋਈ ਕਾਹਲ 'ਚ ਹੈ, ਹਰ ਕੋਈ ਹਰ ਕਿਸੇ ਤੋਂ ਅੱਗੇ ਨਿਕਲ ਜਾਣਾ ਚਾਹੁੰਦਾ ਹੈ। ਕਿਸੇ ਕੋਲ ਕਿਸੇ ਲਈ ਵਿਹਲ ਨਹੀਂ ਹੈ, ਇੱਥੋਂ ਤੱਕ ਕਿ ਆਪਣੇ ਆਪ ਲਈ ਵੀ ਨਹੀਂ। ਟੀਵੀ, ਕੰਪਿਊਟਰ, ਸਮਾਰਟ ਫੋਨ, ਟੈਬ ਨੇ ਰਹਿੰਦੀ ਵੀ ਮੱਤ ਮਾਰ ਕੇ ਰੱਖ ਦਿੱਤੀ ਹੈ। ਇਸ ਵਜ੍ਹਾ ਨਾਲ ਪਹਿਲਾਂ ਜਿਹੜੇ ਸਮੇਂ ਦਾ ਉਪਯੋਗ ਦੋਸਤਾਂ ਜਾਂ ਖੇਡ ਕੇ ਹੁੰਦਾ ਸੀ, ਹੁਣ ਉਹ ਸਮਾਂ ਇਨ੍ਹਾਂ ਗੈਜੇਟਸ ਵਿਚ ਬੀਤ ਜਾਂਦਾ ਹੈ। ਇਸ ਕਰਕੇ ਬਹੁਤ ਸਾਰੀਆਂ ਸਰੀਰਕ, ਮਾਨਸਿਕ, ਆਰਥਿਕ, ਪਰਿਵਾਰਕ ਅਤੇ ਸਮਾਜਿਕ ਸਮੱਸਿਆਵਾਂ ਪਨਪ ਰਹੀਆਂ ਹਨ। ਇਸ 'ਚੋਂ ਹੀ ਅਸੀ ਸਰੀਰਕ ਤੌਰ 'ਤੇ ਆਰਾਮ ਕਰਨਾ ਤਾਂ ਲੋਚਦੇ ਹਾਂ ਪਰ ਮਾਨਸਿਕ ਤੌਰ 'ਤੇ ਆਰਾਮ ਕਰਨ ਬਾਰੇ ਸੋਚਦੇ ਵੀ ਨਹੀਂ। ਸਾਡੇ ਸਮਾਜ 'ਚ ਬਹੁਤ ਘੱਟ ਲੋਕ ਨੇ ਜੋ ਸਰੀਰਕ ਥਕਾਵਟ ਦੇ ਨਾਲ-ਨਾਲ ਮਾਨਸਿਕ ਥਕਾਵਟ ਦੂਰ ਕਰਨ ਲਈ ਵੀ ਕੋਈ ਉਪਰਾਲੇ ਕਰਦੇ ਹਨ। ਇਹ ਗੱਲ ਪੱਕੀ ਹੈ ਕਿ ਜੇ ਦੋ, ਚਾਰ, ਛੇ ਮਹੀਨਿਆਂ ਬਾਅਦ ਆਪਣੀ ਰੁਟੀਨ ਨੂੰ ਭੰਗ ਕਰ ਕੇ ਦਿਮਾਗ ਨੂੰ ਆਰਾਮ ਦੇ ਲਿਆ ਜਾਵੇ ਤਾਂ ਅੱਗੋਂ ਕੰਮ ਕਰਨ ਦੀ ਸਮਰੱਥਾ ਦੁੱਗਣੀ ਹੋ ਜਾਂਦੀ ਹੈ। ਇਸ ਦੇ ਨਾਲ ਹੀ ਅਸੀ ਤੁਹਾਨੂੰ ਦੇ ਰਹੇ ਹਾਂ ਦਿਮਾਗ ਨੂੰ ਆਰਾਮ ਦੇਣ ਵਾਲੇ ਕੁਝ ਟਿਪਸ, ਜਿਨ੍ਹਾਂ ਨੂੰ ਅਪਣਾ ਕੇ ਤੁਸੀਂ ਮਾਨਸਿਕ ਤੌਰ 'ਤੇ ਖੁਸ਼ ਰਹਿ ਸਕਦੇ ਹੋ।

## ਰੁਟੀਨ ਬਦਲੋ

ਇਕਸਾਰਤਾ ਹਰ ਚੀਜ਼ 'ਚ ਨੀਰਸਤਾ ਭਰ ਦਿੰਦੀ ਹੈ। ਇਸ ਲਈ ਆਪਣੀ ਰੁਟੀਨ 'ਚ ਤਬਦੀਲੀ ਲਿਆਉਣੀ ਬੇਹੱਦ ਜ਼ਰੂਰੀ ਹੈ। ਹਰ ਕੰਮ ਸਮੇਂ 'ਤੇ ਕਰਨ ਦੇ ਮੂਲ ਮੰਤਰ ਨੂੰ ਪਰੇ ਰੱਖ ਕੇ ਕਦੀ ਆਪਣੇ ਆਪ ਨੂੰ ਥੋੜ੍ਹਾ ਗੈਰ-ਯੋਜਨਾਬੱਧ ਵੀ ਕਰੋ। ਹਰ ਚੀਜ਼ 'ਚ ਛੋਟੀਆਂ-ਛੋਟੀਆਂ ਤਬਦੀਲੀਆਂ ਕਰਨ ਨੂੰ ਤਿਆਰ ਰਹੋ। ਆਪਣੇ ਕਮਰੇ ਦੀ ਸਾਜ਼-ਸੱਜਾ ਤੋਂ ਲੈ ਕੇ ਆਪਣੇ ਟੀਵੀ ਦੇਖਣ ਦੇ ਸਮੇਂ ਤੱਕ 'ਚ ਵੀ।

## ਮਨਭਾਉਂਦੇ ਕੰਮ ਕਰੋ

ਸਮਾਜਿਕ ਕੰਮਾਂ ਤੋਂ ਬਿਨਾਂ ਜੋ ਮਨ ਨੂੰ ਭਾਉਂਦਾ ਹੋਵੇ ਉਹ ਕੰਮ ਕਰੋ। ਬਿਹਤਰ ਹੋਵੇਗਾ ਕੁਝ ਸਕਾਰਾਤਮਕ ਅਤੇ ਰਚਨਾਤਮਕ ਕਰੋ। ਇਸ ਨਾਲ ਤੁਹਾਨੂੰ ਮਜ਼ਾ ਵੀ ਆਵੇਗਾ ਅਤੇ ਸਿੱਖਣ-ਸਿਖਾਉਣ ਲਈ ਵੀ ਬਹੁਤ ਕੁਝ ਹੋਵੇਗਾ।

## ਪਰਿਵਾਰ ਨੂੰ ਸਮਾਂ

ਆਪਣੀ ਰੁਝੇਵਿਆਂ ਭਰੀ ਜ਼ਿੰਦਗੀ 'ਚ ਪਰਿਵਾਰ ਤੇ ਬੱਚਿਆਂ ਨੂੰ ਸਮਾਂ ਦੇਵੋਗੇ ਤਾਂ ਜ਼ਿੰਦਗੀ 'ਚ ਨੀਰਸਤਾ ਨਹੀਂ ਆਵੇਗੀ। ਛੋਟੀਆਂ-ਛੋਟੀਆਂ ਖੁਸ਼ੀਆਂ ਸਾਂਝੀਆਂ ਕਰੋ। ਬੱਚਿਆਂ ਨਾਲ ਗੱਲਾਂ ਕਰੋ। ਤੁਹਾਨੂੰ ਬਹੁਤ ਕੁਝ ਆਪਣਾ-ਆਪਣਾ ਤੇ ਚੰਗਾ ਲੱਗੇਗਾ।

## ਘੁੰਮਣਾ-ਫਿਰਨਾ

ਆਪਣੀ ਰੁਟੀਨ ਬਰੇਕ ਕਰਨ ਦਾ ਸਭ ਤੋਂ ਵਧੀਆ ਤਰੀਕਾ ਹੈ ਘੁੰਮਣਾ-ਫਿਰਨਾ। ਇਸ ਨਾਲ ਜਿੱਥੇ ਸਿਹਤ ਵਧੀਆ ਹੁੰਦੀ ਹੈ ਉੱਥੇ ਗਿਆਨ ਵੀ ਚੋਖਾ ਵੱਧਦਾ ਹੈ। ਚੀਜ਼ਾਂ, ਘਟਨਾਵਾਂ ਅਤੇ ਆਲੇ-ਦੁਆਲੇ ਦੇ ਬਾਰੇ 'ਚ ਤੁਹਾਡੀ ਸਮਝ ਵਿਸ਼ਾਲ ਹੁੰਦੀ ਹੈ।

***ਸਾਡੇ ਸਮਾਜ 'ਚ ਬਹੁਤ ਘੱਟ ਲੋਕ ਨੇ ਜੋ ਸਰੀਰਕ ਥਕਾਵਟ ਦੇ ਨਾਲ-ਨਾਲ ਮਾਨਸਿਕ ਥਕਾਵਟ ਦੂਰ ਕਰਨ ਲਈ ਵੀ ਕੋਈ ਉਪਰਾਲੇ ਕਰਦੇ ਹਨ।***





## ਪਾਲਣਾ ਚਾਹੀਦਾ ਹੈ ਕੋਈ ਸ਼ੌਕ

***ਜ਼ਿਆਦਾ ਰੁਝੇਵੇਂ ਹੋਣ ਕਾਰਨ ਸਿਹਤ ਦਾ ਨੁਕਸਾਨ ਵੱਡੇ ਪੱਧਰ 'ਤੇ ਹੁੰਦਾ ਹੈ। ਹਰ ਮਨੁੱਖ ਨੂੰ ਕੋਈ ਨਾ ਕੋਈ ਸ਼ੌਕ ਜ਼ਰੂਰ ਪਾਲਣਾ ਚਾਹੀਦਾ ਹੈ। ਬੇਸ਼ੱਕ ਉਹ ਬਾਗਵਾਨੀ ਦਾ ਹੋਵੇ, ਕਿਤਾਬਾਂ ਪੜ੍ਹਨ ਦਾ ਹੋਵੇ ਜਾਂ ਫਿਰ ਸੰਗੀਤ ਸੁਣਨ ਦਾ ਹੋਵੇ। ਕੋਈ ਨਾ ਕੋਈ ਸ਼ੌਕ ਹੋਣਾ ਬਹੁਤ ਜ਼ਰੂਰੀ ਹੈ। ਸ਼ੌਕ ਹਮੇਸ਼ਾਂ ਉਤਸ਼ਾਹ ਦਾ ਸੰਚਾਰ ਕਰਦਾ ਹੈ। ਇਸ ਨਾਲ ਦਿਮਾਗ 'ਚੋਂ ਖੁਸ਼ੀ ਦੇਣ ਵਾਲੇ ਹਾਰਮੋਨ ਰਿਲੀਜ਼ ਹੁੰਦੇ ਹਨ।***

## ਮਦਦ ਕਰੋ, ਮਦਦ ਲਵੋ

ਜਦੋਂ ਵੀ ਤੁਸੀਂ ਕਿਸੇ ਦੇ ਕੰਮ ਆਉਂਦੇ ਹੋ ਤੁਹਾਨੂੰ ਮਾਨਸਿਕ ਤੌਰ 'ਤੇ ਕਾਫੀ ਰਾਹਤ ਮਿਲਦੀ ਹੈ। ਇਸ ਨਾਲ ਘੱਟ ਜਾਣ-ਪਛਾਣ ਜਾਂ ਨਾ ਜਾਨਣ ਵਾਲੇ ਲੋਕਾਂ ਦੇ ਨਾਲ ਤੁਹਾਡਾ ਕਾਫੀ ਆਪਣਾਪਨ ਵੀ ਵੱਧਦਾ ਹੈ। ਇਹੀ ਗੱਲ ਮਦਦ ਲੈਣ ਨੂੰ ਤਿਆਰ ਰਹਿਣ ਦੀ ਪ੍ਰਵਿਰਤੀ ਦੇ ਨਾਲ ਵੀ ਹੈ। ਮਦਦ ਲੈਣਾ ਜਾਂ ਦੇਣਾ ਦੋਵੇਂ ਤੁਹਾਨੂੰ ਸਮਾਜਿਕ ਬਣਾਉਂਦੇ ਹਨ ਅਤੇ ਸਮਾਜਿਕ ਬਣਨਾ ਇਕੱਲੇਪਨ ਦੀ ਤ੍ਰਾਸਦੀ ਤੋਂ ਦੂਰ ਹੋਣ ਦਾ ਸਭ ਤੋਂ ਬੇਹਤਰ ਜ਼ਰੀਆ ਹੈ।

## ਸਿਹਤਮੰਦੀ ਜ਼ਰੂਰੀ ਹੈ

ਸਿਹਤਮੰਦ ਸਰੀਰ 'ਚ ਹੀ ਸਿਹਤਮੰਦ ਦਿਮਾਗ ਦਾ ਨਿਵਾਸ ਸੰਭਵ ਹੈ, ਇਸ ਲਈ ਸੰਤੁਲਿਤ ਖਾਣਾ ਖਾਓ। ਰੋਜ਼ਾਨਾ ਕਸਰਤ ਕਰੋ। ਖਾਣੇ 'ਚ ਫਾਇਬਰ ਅਤੇ ਵਿਟਾਮਿਨਾਂ ਦਾ ਖਾਸ ਖਿਆਲ ਰੱਖੋ। ਕੋਲੈਸਟਰੋਲ, ਬਲੱਡ ਸ਼ੂਗਰ ਅਤੇ ਬਲੱਡ ਪ੍ਰੈਸ਼ਰ ਨੂੰ ਠੀਕ ਰੱਖਣਾ ਅੱਜ ਦੀ ਸਭ ਤੋਂ ਵੱਡੀ ਸਮੱਸਿਆ ਹੈ। ਜ਼ਰੂਰੀ ਹੈ ਕਿ ਤਲੇ-ਭੁੰਨੇ ਅਤੇ ਮਿੱਠੇ ਭੋਜਨ ਤੋਂ ਬਚੋ।

## ਨਸ਼ੇ ਤੋਂ ਬਚੋ

ਨਸ਼ੀਲੀਆਂ ਚੀਜ਼ਾਂ ਤੋਂ ਤੁਸੀਂ ਜਿੰਨਾ ਦੂਰ ਰਹੋਗੇ, ਤੁਹਾਡਾ ਦਿਮਾਗ ਓਨਾ ਹੀ ਤਰੋਤਾਜ਼ਾ ਰਹੇਗਾ। ਕਈ ਲੋਕਾਂ ਦੀ ਇਹ ਗਲਤ ਧਾਰਣਾ ਬਣ ਜਾਂਦੀ ਹੈ ਕਿ ਹਾਰਡ ਡ੍ਰਿੰਕਸ ਜਾਂ ਕੋਈ ਨਸ਼ੀਲੀ ਚੀਜ਼ ਲੈਣ ਨਾਲ ਦਿਮਾਗ ਤਰੋਤਾਜ਼ਾ ਹੁੰਦਾ ਹੈ ਜਦੋਂਕਿ ਅਸਲ ਸਥਿਤੀ ਇਸ ਦੇ ਬਿਲਕੁਲ ਉਲਟ ਹੈ। ਮਾਨਸਿਕ ਸਿਹਤ ਖਰਾਬ ਕਰਨ 'ਚ ਨਸ਼ੀਲੀਆਂ ਚੀਜ਼ਾਂ ਦਾ ਪ੍ਰਭਾਵ ਸਭ ਤੋਂ ਜ਼ਿਆਦਾ ਹੈ। ਇਨ੍ਹਾਂ ਤੋਂ ਬਚਣਾ ਚਾਹੀਦਾ ਹੈ। •

## ਸਰਕਾਰ ਨੇ ਨਸ਼ਾ ਪੀੜਤਾਂ ਨੂੰ ਲੰਬੇ ਸਮੇਂ ਤੱਕ ਨਸ਼ਾ-ਮੁਕਤ ਰੱਖਣ ਲਈ 'ਕਮਿਊਨਿਟੀ ਬ੍ਰਿਜ ਮਾਡਲ' ਕੀਤਾ ਸ਼ੁਰੂ

# ਕਮਿਊਨਿਟੀ ਬ੍ਰਿਜ ਮਾਡਲ ਤਹਿਤ ਪੰਜਾਬ ਭਰ ਵਿੱਚ ਨਸ਼ਾ ਪੀੜਤਾਂ ਲਈ 90 ਦਿਨਾਂ ਦਾ ਢਾਂਚਾਗਤ ਮੁੜ-ਵਸੇਬਾ ਬਣਾਇਆ ਜਾਵੇਗਾ ਯਕੀਨੀ: ਡਾ. ਬਲਬੀਰ ਸਿੰਘ

**ਚੰਡੀਗੜ੍ਹ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਭਗਵੰਤ ਮਾਨ ਸਰਕਾਰ ਕਮਿਊਨਿਟੀ ਬ੍ਰਿਜ ਮਾਡਲ (ਸੀ.ਬੀ.ਐਮ.) ਸ਼ੁਰੂ ਕਰਨ ਜਾ ਰਹੀ ਹੈ, ਜੋ ਕਿ 90 ਦਿਨਾਂ ਦਾ ਢਾਂਚਾਗਤ, ਸਮਾਜ-ਆਧਾਰਿਤ ਮੁੜ ਵਸੇਬਾ ਪ੍ਰੋਗਰਾਮ ਹੈ। ਇਸ ਦੀ ਸ਼ੁਰੂਆਤ ਨਸ਼ਾ ਛੁਡਾਊ ਕੇਂਦਰ ਤੋਂ ਹੋਵੇਗੀ ਅਤੇ ਮਰੀਜ਼ ਦੇ ਘਰ ਤੱਕ ਪਹੁੰਚ ਬਣਾਈ ਜਾਵੇਗੀ। ਮਰੀਜ਼ ਨੂੰ ਡਾਕਟਰੀ ਤੌਰ 'ਤੇ ਫਿੱਟ ਕਰਾਰ ਦਿੱਤੇ ਜਾਣ ਤੋਂ ਬਾਅਦ ਵੀ ਉਸ ਦਾ ਇਲਾਜ ਪੇਸ਼ੇਵਰ ਨਿਗਰਾਨੀ ਹੇਠ ਘਰ ਵਿੱਚ ਹੀ ਜਾਰੀ ਰਹੇਗਾ।

ਇਹ ਪਹਿਲ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਿਆਂ ਖ਼ਿਲਾਫ਼ ਚੱਲ ਰਹੀ ਲੜਾਈ ਨੂੰ ਹੋਰ ਮਜ਼ਬੂਤ ਕਰਨ ਵੱਲ ਮਹੱਤਵਪੂਰਨ ਕਦਮ ਹੈ। ਇਸ ਦਾ ਉਦੇਸ਼ ਨਸ਼ੇ ਦੀ ਲਤ ਤੋਂ ਉਭਰ ਰਹੇ ਵਿਅਕਤੀਆਂ ਨੂੰ ਇਲਾਜ ਤੋਂ ਬਾਅਦ ਵੀ ਯੋਜਨਾਬੱਧ ਅਤੇ ਲਗਾਤਾਰ ਸਹਾਇਤਾ ਮੁਹੱਈਆ ਕਰਵਾਉਣਾ ਹੈ।

ਨਸ਼ਾ ਛੁਡਾਊ ਕੇਂਦਰਾਂ ਵਿੱਚ ਡੀਟੌਕਸੀਫਿਕੇਸ਼ਨ ਪੂਰਾ ਕਰਨ ਤੋਂ ਬਾਅਦ ਮਰੀਜ਼ਾਂ ਨੂੰ ਆਮ ਤੌਰ 'ਤੇ ਮੁੜ ਵਸੇਬਾ ਕੇਂਦਰਾਂ ਵਿੱਚ ਭੇਜਿਆ ਜਾਂਦਾ ਹੈ। ਜਿੱਥੇ ਕਈ ਮਰੀਜ਼ ਆਪਣਾ ਇਲਾਜ ਜਾਰੀ ਰੱਖਦੇ ਹਨ, ਪਰ ਕਈ ਆਪਣੇ ਘਰ ਵਾਪਸ ਚਲੇ ਜਾਂਦੇ ਹਨ, ਜਿੱਥੇ ਪਹਿਲਾਂ ਲਗਾਤਾਰ ਇਲਾਜ ਯਕੀਨੀ ਬਣਾਉਣਾ ਮੁਸ਼ਕਲ ਸੀ ਜਾਂ ਅਜਿਹੀ ਕੋਈ ਵਿਵਸਥਾ ਹੀ ਮੌਜੂਦ ਨਹੀਂ ਸੀ। ਹੁਣ ਕਮਿਊਨਿਟੀ ਬ੍ਰਿਜ ਮਾਡਲ ਤਹਿਤ ਨਸ਼ਾ ਛੁਡਾਊ ਕੇਂਦਰ ਵਿੱਚ ਇਲਾਜ ਪੂਰਾ ਕਰਨ ਤੋਂ ਬਾਅਦ ਮਰੀਜ਼ ਆਪਣੇ ਭਾਈਚਾਰੇ ਵਿੱਚ ਰਹਿੰਦੇ ਹੋਏ ਟੈਲੀ-ਕਾਊਂਸਲਿੰਗ ਅਤੇ ਪਰਿਵਾਰ ਦੀ ਸਰਗਰਮ ਭਾਗੀਦਾਰੀ ਰਾਹੀਂ ਆਪਣੀ ਰਿਕਵਰੀ ਜਾਰੀ ਰੱਖਣਗੇ। ਇਸ ਨਾਲ ਨਾ ਸਿਰਫ਼ ਇਲਾਜ ਦੀ ਨਿਰੰਤਰਤਾ ਬਣੀ ਰਹੇਗੀ ਸਗੋਂ ਪੂਰੀ ਤਰ੍ਹਾਂ ਸਿਹਤਯਾਬ ਹੋਣ ਦੀ ਸੰਭਾਵਨਾ ਵਧੇਗੀ।

ਇਹ ਪਹਿਲ ਇਲਾਜ ਦੀ ਸਭ ਤੋਂ ਵੱਡੀ ਚੁਣੌਤੀ—ਡਿਸਚਾਰਜ ਤੋਂ ਬਾਅਦ ਦੇਖਭਾਲ ਦੀ ਨਿਰੰਤਰਤਾ ਕਾਇਮ ਰੱਖਣ ਅਤੇ ਮਰੀਜ਼ਾਂ ਨੂੰ ਮੁੜ ਨਸ਼ਿਆਂ ਵੱਲ ਜਾਣ ਤੋਂ ਰੋਕਣ—ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੀ ਗਈ ਹੈ।

ਕਮਿਊਨਿਟੀ ਬ੍ਰਿਜ ਮਾਡਲ ਇੱਕ ਪੜਾਅਵਾਰ ਅਤੇ ਸੁਚਾਰੂ ਪ੍ਰਕਿਰਿਆ 'ਤੇ ਆਧਾਰਿਤ ਹੈ। ਸਭ ਤੋਂ ਪਹਿਲਾਂ ਮਰੀਜ਼ ਨਸ਼ਾ ਛੁਡਾਊ ਕੇਂਦਰ ਵਿੱਚ ਡਾਕਟਰੀ ਨਿਗਰਾਨੀ ਹੇਠ ਡੀਟੌਕਸੀਫਿਕੇਸ਼ਨ ਕਰਵਾਉਂਦਾ ਹੈ। ਇਸ ਤੋਂ ਬਾਅਦ ਜਦੋਂ ਡਾਕਟਰ ਉਸ ਨੂੰ ਡਾਕਟਰੀ ਤੌਰ 'ਤੇ ਡਿਸਚਾਰਜ ਲਈ ਯੋਗ ਕਰਾਰ ਦੇ ਦਿੰਦੇ ਹਨ ਤਾਂ ਉਸ ਨੂੰ ਕੇਂਦਰ ਤੋਂ ਛੁੱਟੀ ਦੇ ਦਿੱਤੀ ਜਾਂਦੀ ਹੈ।

ਕਮਿਊਨਿਟੀ ਜਾਂ ਘਰ-ਆਧਾਰਿਤ ਰਿਹੈਬਿਲਿਟੇਸ਼ਨ ਦੀ ਸ਼ੁਰੂਆਤ ਡਿਸਚਾਰਜ ਤੋਂ ਇੱਕ ਦਿਨ ਪਹਿਲਾਂ ਹੀ ਹੋ ਜਾਂਦੀ ਹੈ। ਇਸ ਦੌਰਾਨ ਮਰੀਜ਼ ਦੇ ਪਰਿਵਾਰ ਲਈ ਲਾਜ਼ਮੀ ਸਾਈਕੋ-ਐਜੂਕੇਸ਼ਨ ਸੈਸ਼ਨ ਕਰਵਾਇਆ ਜਾਂਦਾ ਹੈ ਤਾਂ ਜੋ ਉਹ ਘਰ ਵਿੱਚ ਮਰੀਜ਼ ਦੀ



ਪੂਰੀ ਤਰ੍ਹਾਂ ਠੀਕ ਹੋਣ ਵਿੱਚ ਪ੍ਰਭਾਵੀ ਭੂਮਿਕਾ ਨਿਭਾ ਸਕਣ।

ਅਗਲੇ 30 ਦਿਨਾਂ ਤੱਕ ਮਰੀਜ਼ ਦੀ ਹਫ਼ਤੇ ਵਿੱਚ ਤਿੰਨ ਤੋਂ ਚਾਰ ਟੈਲੀ-ਕਾਊਂਸਲਿੰਗ ਕਾਲਾਂ ਰਾਹੀਂ ਕਾਊਂਸਲਿੰਗ ਕੀਤੀ ਜਾਵੇਗੀ। ਇਸ ਦੌਰਾਨ ਸਮੇਂ-ਸਮੇਂ 'ਤੇ ਲਾਜ਼ਮੀ ਡੋਪ ਟੈਸਟ ਵੀ ਕੀਤੇ ਜਾਣਗੇ। ਜੇਕਰ ਕਿਸੇ ਮਰੀਜ਼ ਦਾ ਡੋਪ ਟੈਸਟ ਪਾਜ਼ਿਟਿਵ ਆਉਂਦਾ ਹੈ ਤਾਂ ਮਨੋਚਿਕਿਤਸਕ ਵੱਲੋਂ ਉਸ ਦੀ ਮੁੜ ਸਮੀਖਿਆ ਕਰਕੇ ਅਗਲੇ ਇਲਾਜ ਬਾਰੇ ਫ਼ੈਸਲਾ ਲਿਆ ਜਾਵੇਗਾ।

ਇਸ ਤੋਂ ਬਾਅਦ ਅਗਲੇ ਡੇਢ ਮਹੀਨੇ ਦੇ ਰੱਖ-ਰਖਾਅ ਪੜਾਅ ਦੌਰਾਨ ਟੈਲੀ-ਕਾਊਂਸਲਿੰਗ ਹਫ਼ਤੇ ਵਿੱਚ ਇੱਕ ਜਾਂ ਦੋ ਵਾਰ ਕੀਤੀ ਜਾਵੇਗੀ। ਤਿੰਨ ਮਹੀਨੇ ਪੂਰੇ ਹੋਣ 'ਤੇ ਇਸ ਪ੍ਰੋਗਰਾਮ ਮੁਕੰਮਲ ਹੋ ਜਾਵੇਗਾ । ਇਸ ਦੌਰਾਨ ਮਰੀਜ਼ ਦੀ ਸਮੁੱਚੀ ਪ੍ਰਗਤੀ ਦਾ ਮੁਲਾਂਕਣ ਕੀਤਾ ਜਾਵੇਗਾ ਅਤੇ ਅੰਤਿਮ ਲਾਜ਼ਮੀ ਡੋਪ ਟੈਸਟ ਵੀ ਕੀਤਾ ਜਾਵੇਗਾ।

ਇਸ ਮਾਡਲ ਵਿੱਚ ਤਿੰਨ ਪੱਧਰਾਂ 'ਤੇ ਮਨੁੱਖੀ ਦਖ਼ਲ ਅਤੇ ਨਿਗਰਾਨੀ ਦੀ ਵਿਵਸਥਾ ਕੀਤੀ ਗਈ ਹੈ ਤਾਂ ਜੋ ਮਰੀਜ਼ ਲਗਾਤਾਰ ਰਿਕਵਰੀ ਪ੍ਰਕਿਰਿਆ ਨਾਲ ਜੁੜੇ ਰਹਿਣ। ਜੇਕਰ ਕੋਈ ਮਰੀਜ਼ ਕਾਊਂਸਲਿੰਗ ਸੈਸ਼ਨ ਵਿੱਚ ਹਾਜ਼ਰ ਨਹੀਂ ਹੁੰਦਾ ਤਾਂ ਸਭ ਤੋਂ ਪਹਿਲਾਂ ਕਾਊਂਸਲਰ ਵੱਲੋਂ ਉਸ ਨਾਲ ਸੰਪਰਕ ਕੀਤਾ ਜਾਵੇਗਾ। ਲੋੜ ਪੈਣ 'ਤੇ ਸੁਪਰਵਾਈਜ਼ਰ ਦੀ ਦਖ਼ਲ ਅਤੇ ਪਰਿਵਾਰ ਨੂੰ ਵੀ ਇਸ ਪ੍ਰਕਿਰਿਆ ਵਿੱਚ ਸ਼ਾਮਲ ਕੀਤਾ ਜਾਵੇਗਾ। ਜੇਕਰ ਮਰੀਜ਼ ਦੇ ਮੁੜ ਨਸ਼ਿਆਂ ਵੱਲ ਜਾਣ ਜਾਂ ਕਿਸੇ ਗੰਭੀਰ ਸੁਰੱਖਿਆ ਸਬੰਧੀ ਚਿੰਤਾ ਦੀ ਪੁਸ਼ਟੀ ਹੁੰਦੀ ਹੈ ਤਾਂ ਉਸ ਨੂੰ ਮੁੜ ਨਸ਼ਾ ਛੁਡਾਊ ਕੇਂਦਰ ਵਿੱਚ ਦਾਖਲ ਹੋਣ ਲਈ ਪ੍ਰੇਰਿਆ ਜਾਵੇਗਾ।

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, ਕਮਿਊਨਿਟੀ ਬ੍ਰਿਜ ਮਾਡਲ ਪੰਜਾਬ ਦੀ ਨਸ਼ਾ ਵਿਰੋਧੀ ਰਣਨੀਤੀ ਵਿੱਚ ਅਹਿਮ ਕਦਮ ਹੈ। ਇਹ ਨਸ਼ਾ ਛੁਡਾਊ ਕੇਂਦਰਾਂ ਤੱਕ ਸੀਮਤ ਇਲਾਜ ਤੋਂ ਅਗਾਂਹ ਮਰੀਜ਼ਾਂ ਨੂੰ ਉਨ੍ਹਾਂ ਦੇ ਆਪਣੇ ਭਾਈਚਾਰੇ ਵਿੱਚ ਲੰਬੇ ਸਮੇਂ ਤੱਕ ਨਸ਼ਾ-ਮੁਕਤ ਰੱਖਣ ਦੀ ਦਿਸ਼ਾ ਵਿੱਚ ਕੰਮ ਕਰੇਗਾ। ਇਸ ਨਾਲ ਨਾ ਸਿਰਫ਼ ਮਰੀਜ਼ਾਂ ਨੂੰ ਲੰਬੇ ਸਮੇਂ ਤੱਕ ਨਸ਼ਾ-ਮੁਕਤ ਰਹਿਣ ਵਿੱਚ ਮਦਦ ਮਿਲੇਗੀ ਸਗੋਂ ਨਸ਼ਾ-ਮੁਕਤੀ ਸੇਵਾਵਾਂ ਦੀ ਕਾਰਗੁਜ਼ਾਰੀ ਵੀ ਵਧੇਗੀ ਅਤੇ ਵੱਧ ਤੋਂ ਵੱਧ ਮਰੀਜ਼ ਇਨ੍ਹਾਂ ਸੇਵਾਵਾਂ ਦਾ ਲਾਭ ਲੈ ਸਕਣਗੇ।

ਉਨ੍ਹਾਂ ਕਿਹਾ ਕਿ ਸੀਬੀਐਮ ਨੂੰ ਇਸ ਤਰ੍ਹਾਂ ਤਿਆਰ ਕੀਤਾ ਗਿਆ ਹੈ ਕਿ ਮਰੀਜ਼ ਦੀ ਰਿਕਵਰੀ ਪੇਸ਼ੇਵਰ ਨਿਗਰਾਨੀ ਹੇਠ ਜਾਰੀ ਰਹੇ ਅਤੇ ਘਰ ਵਾਪਸ ਜਾਣ ਤੋਂ ਬਾਅਦ ਵੀ ਪਰਿਵਾਰ ਅਤੇ ਸਮਰਪਿਤ ਟੈਲੀ-ਕਾਊਂਸਲਰਾਂ ਦੀ ਸਰਗਰਮ ਭਾਗੀਦਾਰੀ ਯਕੀਨੀ ਬਣਾਈ ਜਾ ਸਕੇ। ਇਸ ਵੇਲੇ ਸਰਕਾਰ ਅੰਮ੍ਰਿਤਸਰ, ਹੁਸ਼ਿਆਰਪੁਰ, ਮੋਗਾ ਅਤੇ ਮੋਹਾਲੀ ਜ਼ਿਲ੍ਹਿਆਂ ਵਿੱਚ ਇਸ ਪ੍ਰੋਗਰਾਮ ਨੂੰ ਪਾਇਲਟ ਪ੍ਰਾਜੈਕਟ ਵਜੋਂ ਚਲਾ ਰਹੀ ਹੈ।

ਮੌਜੂਦਾ ਸਮੇਂ ਦੌਰਾਨ ਪੰਜਾਬ ਵਿੱਚ 56 ਸਰਕਾਰੀ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰ ਅਤੇ 540 ਤੋਂ ਵੱਧ ਆਊਟਪੇਸ਼ੈਂਟ ਓਪੀਓਇਡ ਅਸਿਸਟਡ ਟ੍ਰੀਟਮੈਂਟ (ਓਓਏਟੀ) ਕਲੀਨਿਕ ਚੱਲ ਰਹੇ ਹਨ। ਵੱਡੀ ਗਿਣਤੀ ਵਿੱਚ ਨਸ਼ਾ ਪੀੜਤਾਂ ਦਾ ਇਲਾਜ ਰਿਵਾਇਤੀ ਇਲਾਜ ਪ੍ਰਣਾਲੀ ਨਾਲ ਕੀਤਾ ਜਾਂਦਾ ਹੈ। ਇਹ ਦੇਖਿਆ ਗਿਆ ਕਿ ਡੀਟੌਕਸੀਫਿਕੇਸ਼ਨ ਸਫ਼ਲਤਾਪੂਰਵਕ ਪੂਰੀ ਕਰਨ ਤੋਂ ਬਾਅਦ ਕਈ ਮਰੀਜ਼ ਬਿਨਾਂ ਕਿਸੇ ਢਾਂਚਾਗਤ ਅਤੇ ਨਿਗਰਾਨੀ ਵਾਲੇ ਰਿਹੈਬਿਲਿਟੇਸ਼ਨ ਪ੍ਰੋਗਰਾਮ ਦੇ ਘਰ ਵਾਪਸ ਚਲੇ ਜਾਂਦੇ ਸਨ, ਜਿਸ ਕਾਰਨ ਉਨ੍ਹਾਂ ਦੇ ਮੁੜ ਨਸ਼ਿਆਂ ਦੀ ਲਪੇਟ ਵਿੱਚ ਆਉਣ ਦਾ ਖ਼ਤਰਾ ਵਧ ਜਾਂਦਾ ਸੀ। ਦੂਜੇ ਪਾਸੇ, ਡਾਕਟਰੀ ਤੌਰ 'ਤੇ ਠੀਕ ਹੋ ਚੁੱਕੇ ਮਰੀਜ਼ਾਂ ਦੇ ਲੰਬੇ ਸਮੇਂ ਤੱਕ ਕੇਂਦਰਾਂ ਵਿੱਚ ਰਹਿਣ ਨਾਲ ਨਵੇਂ ਮਰੀਜ਼ਾਂ ਲਈ ਬਿਸਤਰਿਆਂ ਦੀ ਉਪਲੱਬਧਤਾ ਵੀ ਪ੍ਰਭਾਵਿਤ ਹੁੰਦੀ ਸੀ। ਕਮਿਊਨਿਟੀ ਬ੍ਰਿਜ ਮਾਡਲ ਇਸ ਮਹੱਤਵਪੂਰਨ ਕਮੀ ਨੂੰ ਦੂਰ ਕਰਦਿਆਂ ਨਾ ਸਿਰਫ਼ ਇਲਾਜ ਦੀ ਨਿਰੰਤਰਤਾ ਯਕੀਨੀ ਬਣਾਏਗਾ ਸਗੋਂ ਇਲਾਜ ਕੇਂਦਰਾਂ ਦੀ ਸਮਰੱਥਾ ਵਿੱਚ ਵੀ ਵਾਧਾ ਕਰੇਗਾ।

# ਭਵਾਨੀਗੜ੍ਹ ਵਿਖੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਵੱਲੋਂ ਖੁੱਲ੍ਹਾ ਸੁਣਵਾਈ ਕੈਂਪ



**ਭਵਾਨੀਗੜ੍ਹ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਅਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ (ਪੀ.ਐਸ.ਐਚ.ਆਰ.ਸੀ.) ਦੇ ਮੈਂਬਰ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਅੱਜ ਭਵਾਨੀਗੜ੍ਹ ਵਿਖੇ ਮਨੁੱਖੀ ਅਧਿਕਾਰ ਜਾਗਰੂਕਤਾ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਵਾਰਨ ਲਈ ਖੁੱਲ੍ਹਾ ਸੁਣਵਾਈ ਕੈਂਪ ਲਗਾਇਆ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਵੀ ਸ਼ਮੂਲੀਅਤ ਕੀਤੀ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਸੁਣ ਕੇ ਉਨ੍ਹਾਂ ਦੇ ਨਿਪਟਾਰੇ ਲਈ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ।

ਇਸ ਮੌਕੇ ਸੰਬੋਧਨ ਕਰਦਿਆਂ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਮਨੁੱਖੀ ਅਧਿਕਾਰ ਕਮਿਸ਼ਨ ਦਾ ਮੁੱਖ ਉਦੇਸ਼ ਲੋਕਾਂ ਦੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਕਰਨਾ, ਜਾਗਰੂਕਤਾ ਫੈਲਾਉਣਾ ਅਤੇ ਪੀੜਤਾਂ ਨੂੰ ਸਮੇਂ ਸਿਰ ਇਨਸਾਫ਼ ਦਿਵਾਉਣਾ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਲੋਕਾਂ ਦੀ ਪਹੁੰਚ ਨੂੰ ਆਸਾਨ ਬਣਾਉਣ ਲਈ ਜ਼ਿਲ੍ਹਾ ਅਤੇ ਉਪ-ਮੰਡਲ ਪੱਧਰ 'ਤੇ ਖੁੱਲ੍ਹੇ ਸੁਣਵਾਈ ਕੈਂਪ ਲਗਾ ਰਿਹਾ ਹੈ ਤਾਂ ਜੋ ਲੋਕਾਂ ਦੀਆਂ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਜਾ ਸਕੇ।

ਉਨ੍ਹਾਂ ਦੱਸਿਆ ਕਿ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਮਨੁੱਖੀ ਅਧਿਕਾਰਾਂ ਦੀ ਸੁਰੱਖਿਆ ਅਤੇ ਜਾਗਰੂਕਤਾ ਲਈ ਕੋਰ ਗਰੁੱਪ ਬਣਾਉਣ ਵਾਲਾ ਪੰਜਾਬ ਦੇਸ਼ ਦਾ ਪਹਿਲਾ ਮਨੁੱਖੀ ਅਧਿਕਾਰ ਕਮਿਸ਼ਨ ਬਣ ਗਿਆ ਹੈ। ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਸਬੰਧੀ ਕੋਈ ਵੀ ਵਿਅਕਤੀ ਘਰ ਬੈਠਿਆਂ ਕਮਿਸ਼ਨ ਦੇ ਵਟਸਐਪ ਨੰਬਰ 9855475547 'ਤੇ ਆਪਣੀ ਸ਼ਿਕਾਇਤ ਭੇਜ ਸਕਦਾ ਹੈ। ਪਦਮਸ਼੍ਰੀ ਸ਼ੰਟੀ ਨੇ ਕਿਹਾ ਕਿ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਉਪਰੰਤ ਪੰਜਾਬ ਸਰਕਾਰ ਵੱਲੋਂ ਇਹ ਯਕੀਨੀ ਬਣਾਇਆ ਗਿਆ ਹੈ ਕਿ ਕਿਸੇ ਵੀ ਨਿੱਜੀ ਹਸਪਤਾਲ ਵੱਲੋਂ ਬਿੱਲ ਅਦਾ ਨਾ ਹੋਣ ਦੀ ਸੂਰਤ ਵਿੱਚ ਮਰੀਜ਼ ਜਾਂ ਮ੍ਰਿਤਕ ਦੇਹ ਨੂੰ ਨਹੀਂ ਰੋਕਿਆ ਜਾ ਸਕੇਗਾ। ਉਨ੍ਹਾਂ ਕਿਹਾ ਕਿ ਇਹ ਕਦਮ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਮਹੱਤਵਪੂਰਨ ਹੈ।

ਉਨ੍ਹਾਂ ਦੱਸਿਆ ਕਿ ਖੁੱਲ੍ਹੇ ਸੁਣਵਾਈ ਕੈਂਪ ਦੌਰਾਨ ਸਿਹਤ ਸੇਵਾਵਾਂ, ਸਿੱਖਿਆ, ਨਗਰ ਕੌਂਸਲਾਂ ਦੀਆਂ ਸੇਵਾਵਾਂ, ਆਵਾਰਾ ਪਸ਼ੂਆਂ, ਐਂਬੂਲੈਂਸ ਸਹੂਲਤਾਂ ਅਤੇ ਹੋਰ ਜਨਤਕ ਮੁੱਦਿਆਂ ਸਬੰਧੀ ਸ਼ਿਕਾਇਤਾਂ ਅਤੇ ਸੁਝਾਅ ਪ੍ਰਾਪਤ ਹੋਏ। ਜਿਨ੍ਹਾਂ ਮਾਮਲਿਆਂ ਦਾ ਨਿਪਟਾਰਾ ਮੌਕੇ 'ਤੇ ਸੰਭਵ ਸੀ, ਉਨ੍ਹਾਂ ਲਈ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਦੇ ਨਿਰਦੇਸ਼ ਦਿੱਤੇ ਗਏ, ਜਦਕਿ ਗੰਭੀਰ ਮਾਮਲਿਆਂ ਵਿੱਚ ਕਮਿਸ਼ਨ ਵੱਲੋਂ ਨਿਯਮਾਂ ਅਨੁਸਾਰ ਅਗਲੀ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਜਨਤਕ ਸੰਸਥਾਵਾਂ ਵਿੱਚ ਜਵਾਬਦੇਹੀ ਅਤੇ ਪਾਰਦਰਸ਼ਤਾ ਨੂੰ ਹੋਰ ਮਜ਼ਬੂਤ ਬਣਾਉਣ ਲਈ ਕਮਿਸ਼ਨ ਲਗਾਤਾਰ ਕੰਮ ਕਰ ਰਿਹਾ ਹੈ ਅਤੇ ਲੋਕਾਂ ਦੇ ਸੁਝਾਵਾਂ ਨੂੰ ਵੀ ਪੂਰਾ ਮਹੱਤਵ ਦਿੱਤਾ ਜਾ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਸਬੰਧੀ ਕਿਸੇ ਵੀ ਮਾਮਲੇ ਵਿੱਚ ਕਮਿਸ਼ਨ ਨਾਲ ਬਿਨਾਂ ਕਿਸੇ ਝਿਜਕ ਦੇ ਸੰਪਰਕ ਕੀਤਾ ਜਾਵੇ। ਇਸ ਮੌਕੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵਲੰਟੀਅਰਸ ਵੱਲੋਂ ਨਸ਼ਿਆਂ ਖਿਲਾਫ ਜਾਗਰੂਕਤਾ ਰੈਲੀ ਵੀ ਕੱਢੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਖਚੈਨ ਸਿੰਘ ਪਾਪੜਾ, ਐਸ.ਪੀ. ਰਾਜੇਸ਼ ਛਿੱਬਰ, ਐਸ.ਡੀ.ਐਮ. ਭਵਾਨੀਗੜ੍ਹ ਮਨਜੀਤ ਕੌਰ ਸਮੇਤ ਮਨੁੱਖੀ ਅਧਿਕਾਰ ਕਮਿਸ਼ਨ ਦੇ ਜ਼ਿਲ੍ਹਾ ਕੋਰ ਮੈਂਬਰ ਸਰਬਜੀਤ ਸਿੰਘ ਰੇਖੀ, ਐਡਵੋਕੇਟ ਸੁਖਵਿੰਦਰ ਸਿੰਘ, ਡਾ. ਸੁਮਿੰਦਰ ਸਿੰਘ, ਹਰਜੀਤ ਸਿੰਘ, ਢੀਂਗਰਾ, ਪੰਕਜ ਅਰੋੜਾ, ਸੁਭਾਸ਼ ਕ੍ਰਾਡੀਆ, ਡਾ. ਨੰਦ ਕਿਸ਼ੋਰ ਗਰੋਵਰ, ਡਾ. ਰੂਹੀ ਜੋਸ਼ੀ, ਡਾ. ਸੁਖਦੀਪ ਕੌਰ, ਵੰਦਨਾ ਸਲੂਜਾ, ਸੁਰਿੰਦਰ ਪਾਲ ਸਿੰਘ, ਡਾ. ਦਿਨੇਸ਼ ਕੁਮਾਰ, ਹਰੀਸ਼ ਚੰਦਰ, ਐਡਵੋਕੇਟ ਜੇ. ਐਸ. ਸਾਹਨੀ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਚੇਅਰਮੈਨ ਮਹਿਤਾ ਨੇ ਕਾਲੀ ਮਾਤਾ ਮੰਦਰ -ਮੰਦਰ ਦੇ ਨਵਨਿਰਮਾਣ ਕਾਰਜਾਂ ਦਾ ਕੀਤਾ ਨਿਰੀਖਣ



**ਪਟਿਆਲਾ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇਜਿੰਦਰ ਮਹਿਤਾ ਨੇ ਅੱਜ ਇੱਕ ਵਾਰ ਫਿਰ ਇਤਿਹਾਸਕ ਸ੍ਰੀ ਕਾਲੀ ਦੇਵੀ ਮਾਤਾ ਮੰਦਰ ਵਿਖੇ ਪਹੁੰਚ ਕੇ ਮਾਤਾ ਦੇ ਦਰਬਾਰ ਵਿੱਚ ਨਤਮਸਤਕ ਹੋ ਕੇ ਮੱਥਾ ਟੇਕਿਆ ਅਤੇ ਪਟਿਆਲਾ ਸ਼ਹਿਰ ਦੀ ਤਰੱਕੀ, ਖੁਸ਼ਹਾਲੀ, ਅਮਨ-ਸ਼ਾਂਤੀ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਇਸ ਉਪਰੰਤ ਉਨ੍ਹਾਂ ਨੇ ਮੰਦਰ ਵਿਖੇ ਚੱਲ ਰਹੇ ਨਵਨਿਰਮਾਣ ਅਤੇ ਸੁੰਦਰੀਕਰਨ ਕਾਰਜਾਂ ਦਾ ਨਿਰੀਖਣ ਕੀਤਾ। ਇਸ ਮੌਕੇ ਤੀਰਥ ਯਾਤਰਾ ਕਮੇਟੀ ਦੇ ਚੇਅਰਮੈਨ ਕਮਲ ਬਾਂਸਲ, ਪੰਜਾਬ ਸਟੇਟ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸੀਨੀਅਰ ਵਾਈਸ ਚੇਅਰਮੈਨ ਪ੍ਰਵੀਣ ਛਾਬੜਾ (ਰਾਜਪੁਰਾ) ਅਤੇ ਕਾਲੀ ਮਾਤਾ ਮੰਦਰ ਮੈਨੇਜਮੈਂਟ ਕਮੇਟੀ ਦੇ ਮੈਂਬਰ ਅਜੈ ਅਲੀਪੁਰੀਆ ਅਤੇ ਸੰਜੇ ਗੋਇਲ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਮੌਕੇ ਸ਼ਹਿਰ ਦੀਆਂ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦੇ ਵੀ ਹਾਜ਼ਰ ਸਨ। ਚੇਅਰਮੈਨ ਮਹਿਤਾ ਨੇ ਨਵਨਿਰਮਾਣ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਸਬੰਧਤ ਅਧਿਕਾਰੀਆਂ ਨਾਲ ਵਿਸਥਾਰਪੂਰਵਕ ਚਰਚਾ ਕੀਤੀ ਅਤੇ ਕੰਮ ਨੂੰ ਉੱਚ ਗੁਣਵੱਤਾ ਦੇ ਮਾਪਦੰਡਾਂ ਅਨੁਸਾਰ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਨ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ।

ਚੇਅਰਮੈਨ ਤੇਜਿੰਦਰ ਮਹਿਤਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਵਿਕਾਸਮੁਖੀ ਵਿਜ਼ਨ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਧਾਰਮਿਕ, ਇਤਿਹਾਸਕ ਅਤੇ ਵਿਰਾਸਤੀ ਅਸਥਾਨਾਂ ਦੇ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਸ੍ਰੀ ਕਾਲੀ ਦੇਵੀ ਮਾਤਾ ਮੰਦਰ ਲੱਖਾਂ ਸ਼ਰਧਾਲੂਆਂ ਦੀ ਆਸਥਾ ਦਾ ਕੇਂਦਰ ਹੈ ਅਤੇ ਨਵਨਿਰਮਾਣ ਕਾਰਜ ਮੁਕੰਮਲ ਹੋਣ ਉਪਰੰਤ ਇੱਥੇ ਆਉਣ ਵਾਲੇ ਸ਼ਰਧਾਲੂਆਂ ਨੂੰ ਹੋਰ ਬਿਹਤਰ ਸਹੂਲਤਾਂ ਪ੍ਰਾਪਤ ਹੋਣਗੀਆਂ। ਉਨ੍ਹਾਂ ਕਿਹਾ ਕਿ ਸਰਕਾਰ ਧਾਰਮਿਕ ਅਸਥਾਨਾਂ ਦੀ ਵਿਰਾਸਤੀ ਸ਼ਾਨ ਨੂੰ ਬਰਕਰਾਰ ਰੱਖਦਿਆਂ ਆਧੁਨਿਕ ਸਹੂਲਤਾਂ ਵੀ ਯਕੀਨੀ ਬਣਾ ਰਹੀ ਹੈ।

ਚੇਅਰਮੈਨ ਮਹਿਤਾ ਨੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਵੀ ਵਿਚਾਰ-ਵਟਾਂਦਰਾ ਕੀਤਾ ਅਤੇ ਮੰਦਰ ਦੇ ਵਿਕਾਸ ਕਾਰਜਾਂ ਸਬੰਧੀ ਉਨ੍ਹਾਂ ਦੇ ਸੁਝਾਅ ਸੁਣੇ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਸਮਾਜਿਕ ਸੰਸਥਾਵਾਂ ਦੇ ਆਪਸੀ ਸਹਿਯੋਗ ਨਾਲ ਹੀ ਲੋਕ-ਹਿੱਤ ਦੇ ਅਜਿਹੇ ਵਿਕਾਸ ਕਾਰਜ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਮੁਕੰਮਲ ਕੀਤੇ ਜਾ ਸਕਦੇ ਹਨ।

ਇਸ ਮੌਕੇ ਸਮਾਜ ਸੇਵੀ ਅਮਰੀਸ਼ ਬਾਂਸਲ, ਸਤਪਾਲ ਗੋਇਲ, ਸ਼ਿਵ ਸ਼ੰਕਰ ਸੇਵਾ ਕਲੱਬ ਦੇ ਪ੍ਰਧਾਨ ਜਿਮੀ ਆਹੂਜਾ, ਸ਼੍ਰੀ ਕ੍ਰਿਸ਼ਨ ਰਥ ਯਾਤਰਾ ਸੋਸਾਇਟੀ ਦੇ ਪ੍ਰਦੀਪ ਗੁਪਤਾ, ਰਵਿੰਦਰ ਸਿੰਗਲਾ ਅਤੇ ਸੋਨਮ ਬਾਂਸਲ, ਮੰਥਨ ਅਵੇਅਰਨੈੱਸ ਸੋਸਾਇਟੀ ਦੇ ਹਰੀਸ਼ ਕੁਮਾਰ, ਪਟਿਆਲਾ ਕਾਰ ਬਾਜ਼ਾਰ ਦੇ ਪ੍ਰਧਾਨ ਸੰਜੈ ਗੋਇਲ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਮਦਨ ਅਰੋੜਾ, ਧਰਮਸੇਵਕ ਨਰੇਸ਼ ਕਾਕਾ, ਗੌਰਵ ਛਾਬੜਾ, ਹਰ ਹਰ ਮਹਾਦੇਵ ਸੇਵਾ ਸਮਿਤੀ ਦੇ ਐਸ.ਕੇ. ਤਨੇਜਾ, ਰਾਜੀਵ ਰਾਓ, ਰਾਕੇਸ਼ ਕੁਮਾਰ ਤਨੇਜਾ, ਓਮ ਪ੍ਰਕਾਸ਼ ਚੁੱਘ, ਸਚਿਨ ਗੁਪਤਾ, ਅਜੈ ਅਰੋੜਾ, ਅਰਸ਼ ਖੰਨਾ ਅਤੇ ਹਰਸ਼ ਮਹਿਤਾ, ਜੁਆਇੰਟ ਐਸੋਸੀਏਸ਼ਨ ਆਫ਼ ਇੰਡੀਪੈਂਡੈਂਟ ਮੈਡੀਕਲ ਲੈਬ ਐਂਡ ਐਲਾਈਡ ਪ੍ਰੋਫੈਸ਼ਨਲਜ਼ (ਜੈਮਿਲਾਪ) ਦੇ ਦਵਿੰਦਰ ਹੈਪੀ, ਅਮਿਤ ਨਰੂਲਾ ਅਤੇ ਸੁਮਿਤ ਠਾਕੁਰ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਪੈਸੇ ਦੁੱਗਣੇ ਕਰਨ ਦਾ ਲਾਲਚ ਦੇ ਕੇ 70 ਲੱਖ ਦੀ ਠੱਗੀ, ਅੱਠ ਨਾਮਜ਼ਦ

**ਸਮਾਣਾ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਥਾਣਾ ਸਦਰ ਸਮਾਣਾ ਦੀ ਪੁਲਸ ਨੇ ਕੁਲਵਿੰਦਰ ਸਿੰਘ, ਵਾਸੀ ਪਿੰਡ ਘੰਗਰੋਲੀ ਦੀ ਸ਼ਿਕਾਇਤ 'ਤੇ ਗੀਤਾ ਰਾਣੀ, ਅਜੈਬ ਸਿੰਘ, ਸ਼ਾਮ ਸਿੰਘ, ਰੂਬੀ ਰਾਣੀ ਵਾਸੀਆਨ ਸੁੰਦਰ ਬਸਤੀ ਪਾਤੜਾਂ, ਰਾਧਾ ਰਾਣੀ, ਜੱਸੂ, ਸੁਖਵਿੰਦਰ ਸਿੰਘ ਵਾਸੀਆਨ ਪਿੰਡ ਖੱਤਰੀਵਾਲਾ ਥਾਣਾ ਸਦਰ ਸਮਾਣਾ ਅਤੇ ਦੀਪਕ ਸਿੰਗਲਾ ਦੀਪਕ ਟੈਲੀਕਾਮ ਪੁਰਾਣਾ ਬੱਸ ਅੱਡਾ ਪਾਤੜਾਂ ਵਿਰੁੱਧ ਸ਼ਿਕਾਇਤ ਕਰਨ ਵਾਲੇ ਨਾਲ 70 ਲੱਗ ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਹੇਠ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ। ਕੁਲਵਿੰਦਰ ਸਿੰਘ ਦਾ ਦੋਸ਼ ਹੈ ਕਿ ਉਕਤ ਦੋਸ਼ੀਆਂ ਨੇ ਆਪਸੀ ਮਿਲੀ ਭੁਗਤ ਕਰਕੇ ਉਸ ਦੇ ਪੈਸੇ ਦੁੱਗਣੇ ਕਰਨ ਲਈ ਵੱਖੋਂ-ਵੱਖਰੀਆਂ ਕੰਪਨੀਆਂ ਵਿਚ ਆਨ ਲਾਇਨ ਟਰਾਂਸਫਰ ਰਾਹੀਂ ਵੱਖ-ਵੱਖ ਐਪਸ ਵਿਚ ਰਕਮ ਲਗਾ ਕੇ ਉਸ ਨੂੰ ਕਰੀਬ 70,00,000 ਰੁਪਏ ਦੀ ਠੱਗੀ ਮਾਰੀ ਹੈ। ਉਸ ਨੂੰ ਇਹ ਕਹਿ ਕਿ ਤੁਹਾਡੇ ਪੈਸੇ ਕਿਸੀ ਕੰਪਨੀ ਵਿਚ ਲਗਾ ਦਿੱਤੇ ਹਨ। ਕੰਪਨੀ ਦੇ ਅਕਾਊਂਟ ਤੋਂ ਉਹ ਨਿਵੇਸ਼ ਕਰਨ ਵਾਲੇ ਨੂੰ ਚਾਰ ਗੁਣਾ ਪੈਸੇ ਵਾਪਿਸ ਕਰਕੇ ਦੇਣਗੇ। ਕੁਝ ਸਮੇਂ ਬਾਅਦ ਜਦੋਂ ਉਸ ਨੇ ਮੁਲਜ਼ਮ ਗੀਤਾ ਰਾਣੀ ਅਤੇ ਅਜੈਬ ਸਿੰਘ ਨੂੰ ਪੁੱਛਿਆ ਕਿ ਰਕਮ ਵਾਪਿਸ ਕਿਉਂ ਨਹੀਂ ਆਈ ਤਾਂ ਮੁਲਜ਼ਮ ਗੀਤਾ ਰਾਣੀ ਨੇ ਇਕਦਮ ਤੇਸ਼ ਵਿਚ ਆ ਕੇ ਉਸ ਨੂੰ ਝੂਠੇ ਬਲਾਤਕਾਰ ਦੇ ਕੇਸ ਵਿਚ ਫਸਾਉਣ ਦੀ ਧਮਕੀ ਦਿੱਤੀ।

ਜਾਂਚ ਅਧਿਕਾਰੀ ਏ.ਐਸ.ਆਈ. ਸਰਬਜੀਤ ਸਿੰਘ ਅਨੁਸਾਰ ਉੱਚ ਅਫਸਰਾਂ ਵੱਲੋਂ ਮਿਲੇ ਹੁਕਮਾਂ ਅਨੁਸਾਰ ਉਕਤ ਮੁਲਜ਼ਮਾ ਖਿਲਾਫ ਮਾਮਲਾ ਦਰਜ ਕਰ ਉਨ੍ਹਾਂ ਦੀ ਭਾਲ ਕੀਤੀ ਜਾ ਰਹੀ।

# ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵੱਲੋਂ ਪਟਿਆਲਾ ਤੋਂ ਦੋ ਹੋਰ ਬੱਸਾਂ ਰਵਾਨਾ



**ਪਟਿਆਲਾ, 6 ਅਗਸਤ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੀ ਵਿਰਾਸਤ ਸੇਵਾ ਸੰਗਠਨ ਵੱਲੋਂ ਚਲ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪਟਿਆਲਾ ਸ਼ਹਿਰ ਦੇ ਮਥੁਰਾ ਕਾਲੋਨੀ ਅਤੇ ਡੋਗਰਾ ਮੋਹੱਲਾ ਤੋਂ ਅੱਜ ਦੋ ਬੱਸਾਂ ਰਵਾਨਾ ਕੀਤੀਆਂ। ਇਸ ਮੌਕੇ ਹਲਕਾ ਕੋਆਰਡੀਨੇਟਰ ਹਰਵਿੰਦਰਪਾਲ ਸਿੰਘ ਵਿੰਟੀ, ਸੀਨੀਅਰ ਆਪ ਲੀਡਰ ਸਿਮਰਨਪ੍ਰੀਤ ਸਿੰਘ, ਬਲਾਕ ਪ੍ਰਧਾਨ ਅਮਨ ਬਾਂਸਲ ਵਾਰਡ ਨੰਬਰ 32 ਦੇ ਐਮ.ਸੀ. ਰਣਜੀਤ ਸਿੰਘ , ਐਮ ਸੀ ਵਾਰਡ ਨੋ 31 ਤੋਂ ਪਦਮਜੀਤ ਕੌਰ ਅਤੇ ਬਬਲੀ ਰਾਣੀ ਵੀ ਮੌਜੂਦ ਸਨ।

ਇਸ ਮੌਕੇ ਸੰਗਤਾਂ ਯਾਤਰਾ ਦੌਰਾਨ ਬਹੁਤ ਉਤਸ਼ਾਹ ਵਿਚ ਸਨ। ਸਰਕਾਰ ਦੇ ਇਸ ਵਿਸ਼ੇਸ਼ ਉਪਰਾਲੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਐਮ.ਐਲ.ਏ. ਪਟਿਆਲਾ ਅਜੀਤਪਾਲ ਸਿੰਘ ਕੋਹਲੀ ਦਾ ਧੰਨਵਾਦ ਕੀਤਾ।

ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਦੱਸਿਆ ਕਿ ਇਹ ਯਾਤਰਾ ਤਿੰਨ ਦਿਨ ਲਈ ਹੈ, ਜਿਥੇ ਕਿ ਵਧੀਆ ਹੋਟਲ ਵਿਚ ਖਾਣਾ ਅਤੇ ਰਹਿਣ ਦਾ ਪ੍ਰਬੰਧ ਹੁੰਦਾ ਹੈ। ਇਹ ਜਲਿਆਂ ਵਾਲਾ ਬਾਗ, ਰਾਮ ਤੀਰਥ ਮੰਦਰ, ਦੁਰਗਿਆਣਾ ਮੰਦਰ, ਅਤੇ ਵਾਹਗਾ ਬਾਰਡਰ ਵੀ ਜਾਂਦੀ ਹੈ। ਇਸ ਤੀਰਥ ਯਾਤਰਾ ਦਾ ਸਾਰਾ ਖਰਚ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ ਕਿਸੇ ਵੀ ਸ਼ਰਧਾਲੂ ਤੋਂ ਕੋਈ ਪੈਸਾ ਨਹੀਂ ਲਿਆ ਜਾ ਰਿਹਾ ਉਹਨਾਂ ਦੱਸਿਆ ਕਿ ਹੁਣ ਤੱਕ ਅਣਗਿਣਤ ਸ਼ਰਧਾਲੂ ਤੀਰਥ ਯਾਤਰਾ ਕਰ ਚੁੱਕੇ ਹਨ ਅਤੇ ਲੱਖਾਂ ਸ਼ਰਧਾਲੂ ਲਗਾਤਾਰ ਸਬੰਧਤ ਇਲਾਕੇ ਦੇ ਆਗੂਆਂ ਨਾਲ ਸੰਪਰਕ ਕਰ ਰਹੇ ਹਨ ਜਿਨਾਂ ਨੂੰ ਇਹ ਯਾਤਰਾ ਕਰਵਾਈ ਜਾ ਰਹੀ ਹੈ ਉਹਨਾਂ ਦੱਸਿਆ ਸਰਕਾਰ ਨੇ ਇਸ ਉਪਰਾਲੇ ਦਾ ਸੂਬਾ ਵਾਸੀਆਂ ਵੱਲੋਂ ਸਹਿਯੋਗ ਕਰਨ ਦੇ ਨਾਲ ਨਾਲ ਧੰਨਵਾਦ ਵੀ ਕੀਤਾ ਜਾ ਰਿਹਾ ਹੈ।

ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਯੋਜਨਾ ਧਾਰਮਿਕ ਆਸਥਾ ਨਾਲ ਜੁੜੇ ਲੋਕਾਂ ਲਈ ਇੱਕ ਵੱਡਾ ਉਪਰਾਲਾ ਹੈ। ਇਸ ਯੋਜਨਾ ਰਾਹੀਂ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਲੋਕਾਂ ਨੂੰ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਵਿਧਾਇਕ ਕੋਹਲੀ ਨੇ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੀ ਸੁਖਦ ਅਤੇ ਮੰਗਲਮਈ ਯਾਤਰਾ ਦੀ ਕਾਮਨਾ ਕੀਤੀ। ਸ਼ਰਧਾਲੂਆਂ ਨੇ ਵੀ ਪੰਜਾਬ ਸ੍ਰ ਸਰਕਾਰ ਅਤੇ ਵਿਧਾਇਕ ਕੋਹਲੀ ਦਾ ਧੰਨਵਾਦ ਕਰਦਿਆਂ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ।

# ਪਟਿਆਲਾ ਦੇ ਪਿੰਡ ਰੋਹਟੀ ਬਸਤਾ ਸਿੰਘ ਅਤੇ ਰੋਹਟੀ ਛੰਨਾ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

**ਪਟਿਆਲਾ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਪਟਿਆਲਾ ਦੇ ਪਿੰਡ ਰੋਹਟੀ ਬਸਤਾ ਸਿੰਘ ਅਤੇ ਰੋਹਟੀ ਛੰਨਾ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।



ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਨਿੱਜੀ ਨਰਸਿੰਗ ਹੋਮ 'ਚ ਡਿਲੀਵਰੀ ਦੌਰਾਨ ਨਵਜੰਮੇ ਬੱਚੇ ਦੀ ਮੌਤ, ਪਰਿਵਾਰ ਵਾਲਿਆਂ ਨੇ ਕੀਤਾ ਹੰਗਾਮਾ

**ਸਮਾਣਾ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਰ ਦੇ ਘੱਗਾ ਰੋਡ ਸਥਿਤ ਇੱਕ ਨਿੱਜੀ ਨਰਸਿੰਗ ਹੋਮ ਵਿੱਚ ਡਿਲੀਵਰੀ ਦੌਰਾਨ ਨਵਜੰਮੀ ਬੱਚੀ ਦੀ ਮੌਤ ਹੋ ਜਾਣ 'ਤੇ ਸ਼ਨੀਵਾਰ ਨੂੰ ਪਰਿਵਾਰਕ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਜ਼ਬਰਦਸਤ ਹੰਗਾਮਾ ਕੀਤਾ। ਗੁੱਸੇ ਵਿੱਚ ਆਏ ਲੋਕਾਂ ਨੇ ਨਰਸਿੰਗ ਹੋਮ ਦੇ ਬਾਹਰ ਸੜਕ ਜਾਮ ਕਰਕੇ ਧਰਨਾ ਦਿੱਤਾ ਅਤੇ ਸਬੰਧਤ ਡਾਕਟਰ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ। ਪਿੰਡ ਕਕਰਾਲਾ ਦੀ ਰਹਿਣ ਵਾਲੀ ਯਾਦਵਿੰਦਰ ਕੌਰ ਨੂੰ ਨਿਯਮਤ ਜਾਂਚ ਲਈ ਨਿੱਜੀ ਨਰਸਿੰਗ ਹੋਮ, ਸਮਾਣਾ ਵਿਖੇ ਲਿਆਂਦਾ ਗਿਆ ਸੀ।

ਪਰਿਵਾਰ ਵਾਲਿਆਂ ਦਾ ਦੋਸ਼ ਹੈ ਕਿ ਗਰਭ ਅਵਸਥਾ ਦਾ ਸਮਾਂ ਪੂਰਾ ਨਾ ਹੋਣ ਦੇ ਬਾਵਜੂਦ ਡਾਕਟਰ ਨੇ ਡਿਲੀਵਰੀ ਕਰਵਾਉਣ ਦਾ ਫੈਸਲਾ ਲਿਆ। ਉਨ੍ਹਾਂ ਦਾ ਕਹਿਣਾ ਹੈ ਕਿ ਦਵਾਈ ਦੇਣ ਤੋਂ ਬਾਅਦ ਔਰਤ ਨੂੰ ਲੇਬਰ ਪੇਨ (ਪ੍ਰਸੂਤ ਪੀੜਾਂ) ਸ਼ੁਰੂ ਹੋ ਗਈਆਂ। ਪਰਿਵਾਰਕ ਮੈਂਬਰਾਂ ਨੇ ਦੋਸ਼ ਲਾਇਆ ਕਿ ਡਿਲੀਵਰੀ ਦੌਰਾਨ ਨਵਜੰਮੀ ਬੱਚੀ ਦਾ ਸਿਰ ਬਾਹਰ ਆਉਣ ਤੋਂ ਬਾਅਦ ਉਸ ਨੂੰ ਦੁਬਾਰਾ ਅੰਦਰ ਕਰਨ ਦੀ ਕੋਸ਼ਿਸ਼ ਕੀਤੀ ਗਈ, ਜਿਸ ਨਾਲ ਉਸ ਦੀ ਮੌਤ ਹੋ ਗਈ। ਘਟਨਾ ਤੋਂ ਬਾਅਦ ਮਾਂ ਦੀ ਹਾਲਤ ਵਿਗੜਨ 'ਤੇ ਉਸ ਨੂੰ ਤੁਰੰਤ ਰਾਜਿੰਦਰਾ ਹਸਪਤਾਲ, ਪਟਿਆਲਾ ਰੈਫਰ ਕਰ ਦਿੱਤਾ ਗਿਆ, ਜਿੱਥੇ ਉਸ ਦੀ ਹਾਲਤ ਗੰਭੀਰ ਬਣੀ ਹੋਈ ਹੈ। ਪਰਿਵਾਰ ਨੇ ਸਬੰਧਤ ਡਾਕਟਰ 'ਤੇ ਇਲਾਜ 'ਚ ਲਾਪ੍ਰਵਾਹੀ ਵਰਤਣ ਦੇ ਨਾਲ-ਨਾਲ ਨਸ਼ੇ ਦੀ ਹਾਲਤ 'ਚ ਡਿਊਟੀ ਕਰਨ ਦਾ ਵੀ ਦੋਸ਼ ਲਗਾਇਆ। ਘਟਨਾ ਦੇ ਰੋਸ ਵਜੋਂ ਕੁ ਵੱਡੀ ਗਿਣਤੀ 'ਚ ਪਿੰਡ ਵਾਸੀ ਨਰਸਿੰਗ ਹੋਮ ਦੇ ਬਾਹਰ ਇਕੱਠੇ ਹੋ ਜ ਗਏ ਅਤੇ ਸੜਕ ਜਾਮ ਕਰਕੇ ਬੋ ਪ੍ਰਦਰਸ਼ਨ ਕੀਤਾ।

# ਪੰਜਾਬ ਸਰਕਾਰ ਵੱਲੋਂ ਵਪਾਰਕ ਬਾਜ਼ਾਰਾਂ ਦੇ ਵਿਕਾਸ ਤਹਿਤ ਪਟਿਆਲਾ ਲਈ 2 ਕਰੋੜ ਦੀ ਵਿਸ਼ੇਸ਼ ਗ੍ਰਾਂਟ ਦਾ ਐਲਾਨ

**ਪਟਿਆਲਾ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਪਾਰਕ ਬਾਜ਼ਾਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਵਪਾਰੀਆਂ ਦੀਆਂ ਲੰਬੇ ਸਮੇਂ ਤੋਂ ਲੰਬਿਤ ਮੰਗਾਂ ਦੇ ਹੱਲ ਲਈ ਸਮੁੱਚੇ ਪੰਜਾਬ ਵਾਸਤੇ 40 ਕਰੋੜ ਰੁਪਏ ਦਾ ਵਿਸ਼ੇਸ਼ ਫੰਡ ਮਨਜ਼ੂਰ ਕੀਤਾ ਗਿਆ ਹੈ। ਇਸ ਤਹਿਤ ਪਟਿਆਲਾ ਜ਼ਿਲ੍ਹੇ ਲਈ ਵੀ 2 ਕਰੋੜ ਰੁਪਏ ਦੀ ਰਕਮ ਰਾਖਵੀਂ ਕੀਤੀ ਗਈ ਹੈ।

ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਦੇ ਮੈਂਬਰ ਅਤੇ ਜ਼ੋਨ ਇੰਚਾਰਜ ਸੰਜੀਵ ਗੁਪਤਾ ਅਤੇ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਪਟਿਆਲਾ ਦੇ ਚੇਅਰਮੈਨ ਐਡਵੋਕੇਟ ਵਿਨੋਦ ਕੁਮਾਰ ਸਿੰਗਲਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਵਿੱਤ ਮੰਤਰੀ ਅਤੇ ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਦੇ ਚੇਅਰਮੈਨ ਹਰਪਾਲ ਸਿੰਘ ਚੀਮਾ ਅਤੇ ਅਨਿਲ ਠਾਕੁਰ ਦਾ ਇਸ ਮਹੱਤਵਪੂਰਨ ਫ਼ੈਸਲੇ ਲਈ ਦਿਲੋਂ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਇਸ ਵਿਸ਼ੇਸ਼ ਫੰਡ ਨਾਲ ਵਪਾਰਕ ਬਾਜ਼ਾਰਾਂ ਵਿੱਚ ਲੰਬੇ ਸਮੇਂ ਤੋਂ ਚੱਲ ਰਹੀਆਂ ਬੁਨਿਆਦੀ ਸਮੱਸਿਆਵਾਂ ਦਾ ਹੱਲ ਕੀਤਾ ਜਾਵੇਗਾ। ਇਸ ਅਧੀਨ ਬਾਜ਼ਾਰਾਂ ਵਿੱਚ ਆਧੁਨਿਕ ਵਾਸ਼ਰੂਮਾਂ ਦੀ ਉਸਾਰੀ, ਸੜਕਾਂ ਦੀ ਮੁਰੰਮਤ ਅਤੇ ਨਿਰਮਾਣ, ਬਿਜਲੀ ਨਾਲ ਸਬੰਧਤ ਸਮੱਸਿਆਵਾਂ ਦੇ ਹੱਲ ਸਮੇਤ ਹੋਰ ਲੋੜੀਂਦੀਆਂ ਸਹੂਲਤਾਂ ਦਾ ਵਿਕਾਸ ਕੀਤਾ ਜਾਵੇਗਾ, ਜਿਸ ਨਾਲ ਵਪਾਰੀਆਂ ਅਤੇ ਆਮ ਲੋਕਾਂ ਨੂੰ ਵੱਡਾ ਲਾਭ ਮਿਲੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੀ ਭਲਾਈ ਅਤੇ ਬਾਜ਼ਾਰਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਇਹ ਫੰਡ ਉਸੇ ਦਿਸ਼ਾ ਵਿੱਚ ਇਕ ਮਹੱਤਵਪੂਰਨ ਕਦਮ ਹੈ।

# ਕੈਬਨਿਟ ਮੰਤਰੀ ਵੱਲੋਂ ਦਿਓਲ ਨਗਰ ਵਿਖੇ 38 ਲੱਖ ਰੁਪਏ ਦੀ ਲਾਗਤ ਵਾਲੇ ਸੜਕਾਂ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ



**ਜਲੰਧਰ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅੱਜ ਸਥਾਨਕ ਦਿਓਲ ਨਗਰ ਵਿਖੇ 38 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਸੜਕਾਂ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਉੱਚ ਦਰਜੇ ਦੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ।

ਕੈਬਨਿਟ ਮੰਤਰੀ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸੜਕੀ ਪ੍ਰਾਜੈਕਟ ਦੇ ਮੁਕੰਮਲ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਮਿਲਣਗੀਆਂ ਅਤੇ ਰੋਜ਼ਾਨਾ ਆਉਣ-ਜਾਣ ਵਾਲੇ ਲੋਕਾਂ ਨੂੰ ਵੀ ਸੌਖ ਹੋਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਗੁਣਵੱਤਾ ਦਾ ਪੂਰਾ ਧਿਆਨ ਰੱਖਦਿਆਂ ਨਿਰਮਾਣ ਕਾਰਜਾਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਮੁਕੰਮਲ ਕੀਤਾ ਜਾਵੇ। ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਵਾਈਸ ਚੇਅਰਮੈਨ ਕੀਮਤੀ ਭਗਤ ਵੀ ਮੌਜੂਦ ਸਨ।

ਸ਼੍ਰੀ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਬਿਨਾਂ ਕਿਸੇ ਪੱਖਪਾਤ ਦੇ ਜੰਗੀ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਿਹਤਰ ਨਾਗਰਿਕ ਸੇਵਾਵਾਂ ਮੁਹੱਈਆ ਕਰਵਾਉਣਾ ਰਾਜ ਸਰਕਾਰ ਦੀ ਪਹਿਲੀ ਤਰਜੀਹ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਵੀ ਵਿਕਾਸ ਕੰਮ ਇਸੇ ਤਰ੍ਹਾਂ ਜਾਰੀ ਰਹਿਣਗੇ।

ਇਲਾਕੇ ਦੇ ਲੋਕਾਂ ਨੇ ਕੈਬਨਿਟ ਮੰਤਰੀ ਦਾ ਸੜਕੀ ਪ੍ਰਾਜੈਕਟ ਲਈ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਇਸ ਉਪਰਾਲੇ ਸਦਕਾ ਸਥਾਨਕ ਲੋਕਾਂ ਲਈ ਆਵਾਜਾਈ ਸੁਖਾਲੀ ਹੋ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਇਲਾਕੇ ਦੇ ਵੱਡੀ ਗਿਣਤੀ ਲੋਕ ਵੀ ਮੌਜੂਦ ਸਨ।

# ਵਿਧਾਇਕ ਕੁਲਵੰਤ ਸਿੰਘ ਨੇ ਕੀਤੀਆਂ ਸ੍ਰੀ ਅੰਮ੍ਰਿਤਸਰ ਸਾਹਿਬ ਲਈ 3 ਬੱਸਾਂ ਰਵਾਨਾ

**ਮੁਹਾਲੀ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਤਿੰਨ ਬੱਸਾਂ ਨੂੰ ਹਰੀ ਝੰਡੀ ਦੇ ਕੇ ਵਿਧਾਇਕ ਕੁਲਵੰਤ ਸਿੰਘ ਹੋਰਾਂ ਵੱਲੋਂ ਰਵਾਨਾ ਕੀਤਾ ਗਿਆ, ਪਿੰਡ ਸ਼ਾਮਪੁਰ ਨਗਾਰੀ ਅਤੇ ਚਾਉ ਮਾਜਰਾ ਦੀਆਂ ਸੰਗਤਾਂ ਨਾਲ ਸੰਬੰਧਿਤ ਸ਼ਰਧਾਲੂਆਂ ਨਾਲ ਭਰੀਆਂ 3 ਬੱਸਾਂ ਭੇਜੇ ਜਾਣ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਇਸ ਯਾਤਰਾ ਨੂੰ ਲੈ ਕੇ ਸੰਗਤਾਂ ਦਾ ਉਤਸ਼ਾਹ ਦਿਨ ਪ੍ਰਤੀ ਦਿਨ ਹੋਰ ਵੱਧ ਗਿਆ ਹੈ। ਅਤੇ ਸੰਗਤਾਂ ਦੇ ਉਤਸ਼ਾਹ ਅਤੇ ਆਸਥਾ ਨੂੰ ਧਿਆਨ ਵਿੱਚ ਰੱਖਦੇ ਹੋਏ ਜਿੱਥੇ ਪਹਿਲਾਂ ਇੱਕ ਬਸ ਫਿਰ ਦੋ ਬੱਸਾਂ ਅਤੇ ਹੁਣ ਇਸ ਯਾਤਰਾ ਦੇ ਲਈ 3 ਬੱਸਾਂ ਰੋਜ਼ਾਨਾ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਜਾ ਰਹੀਆਂ ਹਨ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਸੀਨੀਅਰ ਸਿਟੀਜਨ ਦੇ ਲਈ ਬਹੁਤੀ ਵਾਰੀ ਇਕੱਲਿਆਂ ਅਜਿਹੀ ਯਾਤਰਾ ਤੇ ਜਾਣਾ ਸੰਭਵ ਨਹੀਂ ਹੋ ਪਾਉਂਦਾ, ਪਰੰਤੂ ਜਦੋਂ ਉਹਨਾਂ ਨੂੰ ਪਤਾ ਲੱਗਦਾ ਹੈ ਕਿ ਇੱਕ ਵਾਰਡ ,ਇੱਕ ਮੁਹੱਲੇ, ਅਤੇ ਇੱਕ ਪਿੰਡ ਦੇ ਵਾਸ਼ਿੰਦੇ ਸ਼੍ਰੀ ਦਰਬਾਰ ਸਾਹਿਬ, ਸ੍ਰੀ ਦਰਗਿਆਨ ਮੰਦਰ , ਰਾਮ ਤੀਰਥ ਵਾਲਮੀਕੀ ਮੰਦਰ, ਵਾਹਗਾ ਬਾਰਡਰ ਅਤੇ ਜਲਿਆਂਵਾਲਾ ਵਾਗ ਦੇ ਦਰਸ਼ਨ ਕਰਨ ਲਈ ਜਾ ਰਹੇ ਹਨ, ਤਾਂ ਉਹ ਆਪ ਮੁਹਾਰੇ ਹੀ ਰਜਿਸਟਰੇਸ਼ਨ ਕਰਵਾ ਕੇ ਇਸ ਯਾਤਰਾ ਤੇ ਜਾਣ ਲਈ ਤਿਆਰ ਹੋ ਜਾਂਦੇ ਹਨ ਅਤੇ ਇਕੱਲਿਆਂ ਦੀ ਬਜਾਏ ਸੰਗਤ ਦੇ ਰੂਪ ਵਿੱਚ ਯਾਤਰਾ ਤੇ ਸੀਨੀਅਰ ਸਿਟੀਜਨ ਦਾ ਯਾਤਰਾ ਦੇ ਵਿੱਚ ਸ਼ਾਮਿਲ ਹੋਣਾ ਇੱਕ ਵੱਖਰਾ ਹੀ ਅਨੁਭਵ ਅਤੇ ਆਨੰਦ ਹੈ, ਜਿਸ ਨੂੰ ਸ਼ਬਦਾਂ ਵਿੱਚ ਬਿਆਨ ਕਰਨਾ ਮੁਸ਼ਕਿਲ ਹੈ ਇਹ ਸਿਰਫ ਸੀਨੀਅਰ ਸਿਟੀਜਨ ਵੱਲੋਂ ਯਾਤਰਾ ਤੇ ਜਾਣ ਅਤੇ ਵਾਪਸੀ ਉਪਰੰਤ ਯਾਦਾਂ ਦੇ ਵਿੱਚ ਵਸਾਉਣ ਤੇ ਉਹਨਾਂ ਵੱਲੋਂ ਅਨੁਭਵ ਕੀਤਾ ਜਾ ਸਕਦਾ ਹੈ, ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਜਿੱਥੇ ਪਹਿਲਾਂ ਵਿਧਾਨ ਸਭਾ ਹਲਕਾ ਤੋਂ ਮੋਹਾਲੀ ਤੋਂ ਤਿੰਨ ਬੱਸਾਂ ਰੋਜ਼ਾਨਾ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਰਵਾਨਾ ਕੀਤੀਆਂ ਜਾਂਦੀਆਂ ਸਨ ਉੱਥੇ ਆਉਣ ਇੱਕ ਦੋ ਦਿਨਾਂ ਦੇ ਵਿੱਚ ਹੀ ਤਿੰਨ ਹੋਰ ਬੱਸਾਂ ਜੋ ਕਿ ਸ਼੍ਰੀ ਸਾਲਾਸਰ, ਹਰਿਦੁਆਰ, ਰਿਸ਼ੀਕੇਸ਼ ਆਦਿ ਦੇ ਸ਼ਰਧਾਲੂ ਦਰਸ਼ਨ ਕਰ ਸਕਣਗੇ, ਲਈ ਰਵਾਨਾ ਕੀਤੀਆਂ ਜਾਣਗੀਆਂ, ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਵਿਰੋਧੀ ਪਾਰਟੀਆਂ ਇਸ ਯਾਤਰਾ ਨੂੰ ਲੈ ਕੇ ਬੇਤੁਕੀ ਬਿਆਨਬਾਜ਼ੀ ਕਰ ਰਹੀਆਂ ਹਨ। ਪ੍ਰੰਤੂ ਜਿਹੜੇ ਲੋਕ ਇਸ ਯਾਤਰਾ ਤੇ ਜਾਂਦੇ ਹਨ, ਉਹ , ਉਹਨਾਂ ਦੇ ਪਰਿਵਾਰਿਕ ਮੈਂਬਰ ਅਤੇ ਨਜ਼ਦੀਕੀ, ਸਕੇ ਸਬੰਧੀ ਇਸ ਯਾਤਰਾ ਦੇ ਬਾਰੇ ਦੇ ਵਿੱਚ ਆਪਣੇ ਅਨੁਭਵ ਨੂੰ ਹੋਰਨਾਂ ਨਾਲ ਵੀ ਸਾਂਝੇ ਕਰ ਰਹੇ ਹਨ, ਅਤੇ ਸਮੁੱਚੇ ਪੰਜਾਬ ਦੇ ਅੰਦਰ ਇਸ ਯਾਤਰਾ ਨੂੰ ਲੈ ਕੇ ਲੋਕਾਂ ਦੀ ਇੱਕ ਵਧੀਆ ਅਤੇ ਪਾਏਦਾਰ ਰਾਏ ਬਣ ਗਈ ਗਈ ਹੈ , ਜਿਸ ਨੂੰ ਲੈ ਕੇ ਵਿਰੋਧੀ ਬੇਹਦ ਤੰਗ ਅਤੇ ਪਰੇਸ਼ਾਨ ਨਜ਼ਰੀ ਆ ਰਹੇ ਹਨ ਅਤੇ ਇਸ ਨਾਲ ਆਮ ਆਦਮੀ ਪਾਰਟੀ ਦਾ ਹਰ ਵਰਕਰ ,ਸਮਰਥਕ, ਵਿਧਾਇਕ ,ਮੰਤਰੀ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਦੇ ਲਈ ਇਹ ਬੇਹੱਦ ਤਸੱਲੀ ਅਤੇ ਸਕੂਨ ਦੇਣ ਵਾਲੀ ਗੱਲ ਹੈ, ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਹਲਕਾ ਕੋਆਰਡੀਨੇਟਰ- ਫੂਲਰਾਜ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਨੂੰ ਲੈ ਕੇ ਸੀਨੀਅਰ ਸਿਟੀਜਨ ਦੇ ਵਿੱਚ ਭਾਰੀ ਉਤਸਾਹ ਪਾਇਆ ਜਾ ਰਿਹਾ ਹੈ ਅਤੇ ਰੋਜ਼ਾਨਾ ਰਜਿਸਟਰੇਸ਼ਨ ਦਾ ਕੰਮ ਤੇਜ਼ੀ ਨਾਲ ਕੀਤਾ ਜਾ ਰਿਹਾ ਹੈ।

ਇਸ ਮੌਕੇ ਤੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਕੁਆਰਡੀਨੇਟਰ ਅਤੇ ਸਟੇਟ ਅਵਾਰਡੀ- ਫੂਲਰਾਜ ਸਿੰਘ, ਕੁਲਦੀਪ ਸਿੰਘ ਸਮਾਣਾ, ਆਰ ਪੀ ਸ਼ਰਮਾ, ਡਾਕਟਰ ਕੁਲਦੀਪ ਸਿੰਘ, ਅਮਰਜੀਤ ਸਿੰਘ ਸਿੱਧੂ, ਗੁਰਮੁਖ ਸਿੰਘ ਸਰਪੰਚ ਸਿਆਮਪੁਰ, ਚੇਤਨ ਸ਼ਰਮਾ ਸਰਪੰਚ ਨੋਗਿਆਰੀ, ਅਮਰੀਕ ਸਿੰਘ ਨੋਗਿਆਰੀ, ਛੱਜੂ ਸਿੰਘ, ਦਲਵੀਰ ਸਿੰਘ, ਰੁਪਿੰਦਰ ਸਿੰਘ , ਰੁਪਿੰਦਰ ਮੋਹਨ, ਪੰਕਜ ਸ਼ਰਮਾ, ਰਜਤ ਸ਼ਰਮਾ, ਮੋਹਣ ਲਾਲ, ਲੱਕੀ ਸ਼ਰਮਾ ਨੋਗਿਆਰੀ, ਸਤਿਨਾਮ ਸਿੰਘ ਬਾਲਕ ਪ੍ਰਧਾਨ, ਰਣਧੀਰ ਸਿੰਘ ਸਰਪੰਚ ਚਾਉ ਮਾਜਰਾ, ਕਰਮਜੀਤ ਦੁਰਾਲੀ, ਵੀ ਹਾਜ਼ਰ ਸਨ।

# ਪ੍ਰਧਾਨ ਮੰਤਰੀ ਮੋਦੀ ਨੇ 100-ਹਫ਼ਤੇ ਦੇ 'ਨਸ਼ਾ ਮੁਕਤ ਯੁਵਾ-ਵਿਕਸਿਤ ਭਾਰਤ ਅਭਿਯਾਨ' ਦੀ ਸ਼ੁਰੂਆਤ ਕੀਤੀ; ਪੰਜਾਬ ਦੇ ਰਾਜਪਾਲ ਨੇ ਚੰਡੀਗੜ੍ਹ ਤੋਂ ਰਾਸ਼ਟਰੀ ਅਭਿਯਾਨ ਵਿੱਚ ਸਹਿਭਾਗਿਤਾ ਕਰਦੇ ਹੋਏ ਨਸ਼ੇ ਦੇ ਵਿਰੁੱਧ ਜਨ-ਅੰਦੋਲਨ ਦਾ ਸੱਦਾ ਦਿੱਤਾ

**ਚੰਡੀਗੜ੍ਹ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਅੱਜ ਵਰਚੁਅਲ ਮਾਧਿਅਮ ਨਾਲ ਰਾਸ਼ਟਰ-ਵਿਆਪੀ 'ਨਸ਼ਾ ਮੁਕਤ ਯੁਵਾ-ਵਿਕਸਿਤ ਭਾਰਤ ਅਭਿਯਾਨ' ਦੀ ਸ਼ੁਰੂਆਤ ਕੀਤੀ। ਇਹ 100-ਹਫ਼ਤੇ ਦਾ ਅਭਿਯਾਨ ਨੌਜਵਾਨਾਂ ਨੂੰ ਨਿਰੰਤਰ ਜਨ-ਜਾਗਰੂਕਤਾ, ਸਮੁਦਾਇਕ ਸਹਿਭਾਗਿਤਾ ਅਤੇ ਸਕਾਰਾਤਮਕ ਗਤੀਵਿਧੀਆਂ ਦੇ ਜ਼ਰੀਏ ਨਸ਼ੇ ਦੇ ਵਿਰੁੱਧ ਸੰਗਠਿਤ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤਾ ਗਿਆ ਹੈ। ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਟੈਗੋਰ ਥੀਏਟਰ, ਚੰਡੀਗੜ੍ਹ ਤੋਂ ਰਾਸ਼ਟਰੀ ਸ਼ੁਰੂਆਤ ਪ੍ਰੋਗਰਾਮ ਵਿੱਚ ਸਹਿਭਾਗਿਤਾ ਕਰਦੇ ਹੋਏ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਨਸ਼ਾ ਮੁਕਤ ਅਤੇ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਮੋਹਰੀ ਭੂਮਿਕਾ ਨਿਭਾਉਣ।



ਸਮਾਗਮ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਕਿਹਾ ਕਿ 'ਨਸ਼ਾ ਮੁਕਤ ਯੁਵਾ-ਵਿਕਸਿਤ ਭਾਰਤ ਅਭਿਯਾਨ' ਕੇਵਲ ਵਿਅਕਤੀਗਤ ਸਿਹਤ ਦਾ ਅਭਿਯਾਨ ਨਹੀਂ, ਬਲਕਿ ਪਰਿਵਾਰ, ਸਮਾਜ ਅਤੇ ਰਾਸ਼ਟਰ ਦੇ ਉੱਜਵਲ ਭਵਿੱਖ ਦਾ ਸੰਕਲਪ ਹੈ। ਉਨ੍ਹਾਂ ਨੇ ਕਿਹਾ ਕਿ ਕਾਸ਼ੀ ਤੋਂ ਸ਼ੁਰੂ ਹੋਇਆ ਇਹ ਅਭਿਯਾਨ ਅੱਜ 125 ਤੋਂ ਅਧਿਕ ਅਧਿਆਤਮਿਕ ਸੰਗਠਨਾਂ ਅਤੇ ਅਨੇਕ ਗ਼ੈਰ-ਸਰਕਾਰੀ ਸੰਗਠਨਾਂ ਦੇ ਸਹਿਯੋਗ ਨਾਲ ਰਾਸ਼ਟਰੀ ਜਨ-ਅੰਦੋਲਨ ਦਾ ਰੂਪ ਲੈ ਚੁੱਕਿਆ ਹੈ। ਉਨ੍ਹਾਂ ਨੇ ਨਸ਼ਾ ਮੁਕਤੀ ਸਹੁੰ ਚੁੱਕਣ ਵਾਲੇ ਨੌਜਵਾਨਾਂ ਦਾ ਅਭਿਨੰਦਨ ਕਰਦੇ ਹੋਏ ਐਲਾਨ ਕੀਤਾ ਕਿ ਆਗਾਮੀ 100 ਹਫ਼ਤਿਆਂ ਤੱਕ ਹਰ ਐਤਵਾਰ ਵਿਸ਼ੇਸ਼ ਜਨ-ਜਾਗਰੂਕਤਾ ਗਤੀਵਿਧੀਆਂ ਦੇ ਜ਼ਰੀਏ ਇਸ ਅਭਿਯਾਨ ਨੂੰ ਅੱਗੇ ਵਧਾਇਆ ਜਾਵੇਗਾ।

ਪ੍ਰਧਾਨ ਮੰਤਰੀ ਨੇ ਸਮਾਜ ਨੂੰ ਨਸ਼ੇ ਦੀ ਲਤ ਤੋਂ ਮੁਕਤ ਹੋ ਰਹੇ ਲੋਕਾਂ ਨੂੰ ਸਹਿਯੋਗ ਦੇਣ ਅਤੇ ਦੂਜਾ ਅਵਸਰ ਦੇਣ ਦਾ ਸੱਦਾ ਦਿੱਤਾ। ਉਨ੍ਹਾਂ ਨੇ ਪਰਿਵਾਰਾਂ ਨੂੰ ਸਮੇਂ 'ਤੇ ਜ਼ਰੂਰੀ ਦਖਲ ਦੇਣਾ ਸੁਨਿਸ਼ਚਿਤ ਕਰਨ ਅਤੇ ਵਿੱਦਿਅਕ ਸੰਸਥਾਵਾਂ ਨੂੰ ਨਸ਼ਾ ਮੁਕਤੀ ਦੇ ਪ੍ਰਤੀ ਜਾਗਰੂਕਤਾ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਨੇ ਵਿਸ਼ਵਾਸ ਵਿਅਕਤ ਕੀਤਾ ਕਿ ਨੌਜਵਾਨਾਂ ਦਾ ਸਮੂਹਿਕ ਸੰਕਲਪ ਅਤੇ ਸਰਕਾਰ ਦੇ ਨਿਰੰਤਰ ਪ੍ਰਯਾਸ ਭਾਰਤ ਨੂੰ ਨਸ਼ਾ ਮੁਕਤ ਅਤੇ ਵਿਕਸਿਤ ਰਾਸ਼ਟਰ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ।

ਵਿਦਿਆਰਥੀਆਂ, ਵਲੰਟੀਅਰਾਂ ਅਤੇ ਵਿੱਦਿਅਕ ਸੰਸਥਾਵਾਂ ਦੇ ਪ੍ਰਤੀਨਿਧੀਆਂ ਨੂੰ ਸੰਬੋਧਨ ਕਰਦੇ ਹੋਏ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਇਸ ਪਹਿਲ ਨੂੰ ਜਨ-ਜਾਗਰੂਕਤਾ ਤੋਂ ਅੱਗੇ ਵਧ ਕੇ ਵਿਕਸਿਤ ਭਾਰਤ-2047 ਦੇ ਲਕਸ਼ ਨੂੰ ਸਾਕਾਰ ਕਰਨ ਹਿਤ ਤੰਦਰੁਸਤ, ਜ਼ਿੰਮੇਦਾਰ ਅਤੇ ਸਸ਼ਕਤ ਯੁਵਾ ਪੀੜ੍ਹੀ ਦੇ ਨਿਰਮਾਣ ਦਾ ਰਾਸ਼ਟਰੀ ਅਭਿਯਾਨ ਦੱਸਿਆ। ਉਨ੍ਹਾਂ ਨੇ ਕਿਹਾ ਕਿ ਭਾਰਤ ਦਾ ਯੁਵਾ ਕੇਵਲ ਦੇਸ਼ ਦਾ ਭਵਿੱਖ ਹੀ ਨਹੀਂ, ਬਲਕਿ ਵਰਤਮਾਨ ਦੀ ਸਭ ਤੋਂ ਬੜੀ ਸ਼ਕਤੀ ਵੀ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਨਸ਼ੇ ਦੇ ਵਿਰੁੱਧ ਇਸ ਲੜਾਈ ਦੀ ਅਗਵਾਈ ਕਰਨ ਅਤੇ ਦੂਜਿਆਂ ਨੂੰ ਵੀ ਤੰਦਰੁਸਤ ਅਤੇ ਅਨੁਸ਼ਾਸਿਤ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨ ਦਾ ਸੱਦਾ ਦਿੱਤਾ।

ਸ਼੍ਰੀ ਕਟਾਰੀਆ ਨੇ ਉਪਸਥਿਤ ਸਾਰੇ ਪ੍ਰਤੀਭਾਗੀਆਂ ਨੂੰ ਨਸ਼ਾ ਮੁਕਤੀ ਸਹੁੰ ਚੁਕਾਈ ਅਤੇ ਕਿਹਾ ਕਿ ਜੋ ਯੁਵਾ ਖ਼ੁਦ ਨਸ਼ੇ ਤੋਂ ਦੂਰ ਰਹਿੰਦਾ ਹੈ ਅਤੇ ਦੂਜਿਆਂ ਨੂੰ ਵੀ ਇਸ ਲਈ ਪ੍ਰੇਰਿਤ ਕਰਦਾ ਹੈ, ਉਹ ਰਾਸ਼ਟਰ ਨਿਰਮਾਣ ਵਿੱਚ ਮਹੱਤਵਪੂਰਨ ਯੋਗਦਾਨ ਦਿੰਦਾ ਹੈ। ਉਨ੍ਹਾਂ ਨੇ ਕਿਹਾ ਕਿ ਨਸ਼ਾ ਪਰਿਵਾਰਾਂ ਨੂੰ ਤੋੜਦਾ ਹੈ, ਸਮਾਜ ਨੂੰ ਕਮਜ਼ੋਰ ਕਰਦਾ ਹੈ ਅਤੇ ਦੇਸ਼ ਦੀ ਯੁਵਾ ਸ਼ਕਤੀ ਨੂੰ ਖੀਣ ਕਰਦਾ ਹੈ। ਉਨ੍ਹਾਂ ਨੇ ਕਿਹਾ ਕਿ ਨਸ਼ੇ ਦੇ ਵਿਰੁੱਧ ਲੜਾਈ ਕੇਵਲ ਕਾਨੂੰਨ ਲਾਗੂ ਕਰਨ ਨਾਲ ਨਹੀਂ ਜਿੱਤੀ ਜਾ ਸਕਦੀ, ਬਲਕਿ ਇਸ ਵਿੱਚ ਪਰਿਵਾਰਾਂ, ਵਿੱਦਿਅਕ ਸੰਸਥਾਵਾਂ, ਧਾਰਮਿਕ ਸੰਗਠਨਾਂ, ਨਾਗਰਿਕ ਸਮਾਜ ਅਤੇ ਨੌਜਵਾਨਾਂ ਦੀ ਸਰਗਰਮ ਭਾਗੀਦਾਰੀ ਜ਼ਰੂਰੀ ਹੈ।

ਅਭਿਯਾਨ ਦੇ ਪ੍ਰਤੀ ਉਤਸ਼ਾਹਜਨਕ ਜਨਸਮਰਥਨ ਦਾ ਉਲੇਖ ਕਰਦੇ ਹੋਏ ਰਾਜਪਾਲ ਨੇ ਦੱਸਿਆ ਕਿ ਪੰਜਾਬ ਦੀਆਂ 47 ਯੂਨੀਵਰਸਿਟੀਆਂ ਅਤੇ ਉੱਚ ਸਿੱਖਿਆ ਸੰਸਥਾਵਾਂ ਦੇ ਤਿੰਨ ਲੱਖ ਤੋਂ ਅਧਿਕ ਵਿਦਿਆਰਥੀਆਂ ਨੇ ਇਸ ਅਭਿਯਾਨ ਦੇ ਲਾਂਚ ਵਿੱਚ ਹਿੱਸਾ ਲਿਆ, ਜਦਕਿ ਚੰਡੀਗੜ੍ਹ ਦੇ ਲਗਭਗ 60 ਸਥਾਨਾਂ ਤੋਂ ਕਰੀਬ 12,000 ਵਿਦਿਆਰਥੀਆਂ ਅਤੇ ਯੁਵਾ ਵਲੰਟੀਅਰਾਂ ਨੇ ਇਸ ਵਿੱਚ ਸਹਿਭਾਗਿਤਾ ਕੀਤੀ। ਦੇਸ਼ ਭਰ ਵਿੱਚ ਹਜ਼ਾਰਾਂ ਸਥਾਨਾਂ ਤੋਂ ਇੱਕ ਕਰੋੜ ਤੋਂ ਅਧਿਕ ਨੌਜਵਾਨਾਂ ਨੇ ਇਸ ਅਭਿਯਾਨ ਨਾਲ ਜੁੜ ਕੇ ਇਸ ਨੂੰ ਦੇਸ਼ ਦੇ ਸਭ ਤੋਂ ਬੜੇ ਯੁਵਾ-ਅਗਵਾਈ ਵਾਲੇ ਨਸ਼ਾ ਮੁਕਤੀ ਅਭਿਯਾਨਾਂ ਵਿੱਚ ਸ਼ਾਮਲ ਕੀਤਾ ਹੈ।

ਪੰਜਾਬ ਵਿੱਚ ਚਲ ਰਹੇ 'ਯੁੱਧ ਨਸ਼ਿਆਂ ਵਿਰੁੱਧ' ਅਭਿਯਾਨ ਦਾ ਉਲੇਖ ਕਰਦੇ ਹੋਏ ਸ਼੍ਰੀ ਕਟਾਰੀਆ ਨੇ ਕਿਹਾ ਕਿ ਰਾਜ ਸਰਕਾਰ ਨੇ ਨਸ਼ਾ ਤਸਕਰਾਂ ਦੇ ਵਿਰੁੱਧ ਕਾਰਵਾਈ ਤੇਜ਼ ਕਰਨ ਦੇ ਨਾਲ-ਨਾਲ ਨਸ਼ਾਮੁਕਤੀ, ਪੁਨਰਵਾਸ ਅਤੇ ਜਨ-ਜਾਗਰੂਕਤਾ ਪ੍ਰੋਗਰਾਮਾਂ ਨੂੰ ਵੀ ਸਸ਼ਕਤ ਬਣਾਇਆ ਹੈ। ਉਨ੍ਹਾਂ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰੱਖਣ ਲਈ ਰੋਜ਼ਗਾਰ ਸਿਰਜਣਾ, ਕੌਸ਼ਲ ਵਿਕਾਸ, ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਅਤੇ ਸਮੁਦਾਇਕ ਸਹਿਭਾਗਿਤਾ ਵੀ ਸਮਾਨ ਤੌਰ 'ਤੇ ਜ਼ਰੂਰੀ ਹਨ।

ਰਾਜਪਾਲ ਨੇ ਦੱਸਿਆ ਕਿ ਇਹ ਅਭਿਯਾਨ ਲਗਾਤਾਰ 100 ਹਫ਼ਤਿਆਂ ਤੱਕ ਚਲੇਗਾ, ਜਿਸ ਦੇ ਤਹਿਤ ਹਰੇਕ ਐਤਵਾਰ ਨੂੰ ਖੇਡ ਮੁਕਾਬਲੇ, ਯੋਗ ਅਤੇ ਧਿਆਨ ਸੈਸ਼ਨ, ਜਨ-ਜਾਗਰੂਕਤਾ ਅਭਿਯਾਨ, ਸੱਭਿਆਚਾਰਕ ਪ੍ਰੋਗਰਾਮ, ਨੁੱਕੜ ਨਾਟਕ ਅਤੇ ਸਮੁਦਾਇਕ ਸੇਵਾ ਗਤੀਵਿਧੀਆਂ ਆਯੋਜਿਤ ਕੀਤੀਆਂ ਜਾਣਗੀਆਂ, ਤਾਂਕਿ ਨੌਜਵਾਨਾਂ ਨੂੰ ਤੰਦਰੁਸਤ ਜੀਵਨਸ਼ੈਲੀ ਅਪਣਾਉਣ ਅਤੇ ਸਕਾਰਾਤਮਕ ਗਤੀਵਿਧੀਆਂ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ ਜਾ ਸਕੇ।

ਉਨ੍ਹਾਂ ਨੇ ਮਾਪਿਆਂ, ਅਧਿਆਪਕਾਂ, ਵਿੱਦਿਅਕ ਸੰਸਥਾਵਾਂ, ਉਦਯੋਗਿਕ ਸੰਗਠਨਾਂ, ਗ਼ੈਰ-ਸਰਕਾਰੀ ਸੰਸਥਾਵਾਂ ਅਤੇ ਧਾਰਮਿਕ ਸੰਗਠਨਾਂ ਨੂੰ ਅਭਿਯਾਨ ਵਿੱਚ ਸਰਗਰਮ ਸਹਿਯੋਗ ਦੇਣ ਕਰਨ ਅਤੇ ਨੌਜਵਾਨਾਂ ਨੂੰ ਸਿੱਖਿਆ, ਕੌਸ਼ਲ ਵਿਕਾਸ, ਉੱਦਮਤਾ ਅਤੇ ਖੇਡਾਂ ਦੇ ਬਿਹਤਰ ਅਵਸਰ ਉਪਲਬਧ ਕਰਵਾਉਣ ਦੀ ਅਪੀਲ ਕੀਤੀ। ਸ਼੍ਰੀ ਕਟਾਰੀਆ ਨੇ ਵਿਸ਼ਵਾਸ ਵਿਅਕਤ ਕੀਤਾ ਕਿ ਦੇਸ਼ ਦੇ ਕਰੋੜਾਂ ਨੌਜਵਾਨਾਂ ਦਾ ਸਮੂਹਿਕ ਸੰਕਲਪ ਤੰਦਰੁਸਤ, ਨਸ਼ਾ ਮੁਕਤ ਸਮਾਜ ਦੇ ਨਿਰਮਾਣ ਅਤੇ ਵਰ੍ਹੇ 2047 ਤੱਕ ਵਿਕਸਿਤ ਭਾਰਤ ਦੇ ਲਕਸ਼ ਦੀ ਪ੍ਰਾਪਤੀ ਵਿੱਚ ਨਿਰਣਾਇਕ ਭੂਮਿਕਾ ਨਿਭਾਏਗਾ।

ਇਸ ਅਵਸਰ 'ਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਗ੍ਰਿਹ ਸਕੱਤਰ ਸ਼੍ਰੀ ਮਨਦੀਪ ਸਿੰਘ ਬਰਾੜ, ਆਈਏਐੱਸ; ਯੂ.ਟੀ. ਚੰਡੀਗੜ੍ਹ ਦੇ ਡਾਇਰੈਕਟਰ ਜਨਰਲ ਆਵ ? ਪੁਲਿਸ, ਡਾ. ਸਾਗਰ ਪ੍ਰੀਤ ਹੁੱਡਾ, ਆਈਪੀਐੱਸ; ਸਿੱਖਿਆ ਸਕੱਤਰ ਸੁਸ਼੍ਰੀ ਪ੍ਰੇਰਣਾ ਪੁਰੀ, ਆਈਏਐੱਸ; ਸ਼੍ਰੀ ਲਲਿਤ ਜੈਨ, ਆਈਏਐੱਸ; ਡਾਇਰੈਕਟਰ ਸਪੋਰਟਸ ਸ਼੍ਰੀ ਸੌਰਭ ਕੁਮਾਰ ਅਰੋੜਾ; ਸਟੇਟ ਡਾਇਰੈਕਟਰ, ਮੇਰਾ ਯੁਵਾ ਭਾਰਤ ਪੰਜਾਬ ਸੁਸ਼੍ਰੀ ਰਸ਼ਮੀਤ ਕੌਰ; ਜ਼ਿਲ੍ਹਾ ਯੁਵਾ ਅਧਿਕਾਰੀ, ਮੇਰਾ ਯੁਵਾ ਭਾਰਤ ਚੰਡੀਗੜ੍ਹ ਸ਼੍ਰੀ ਵਿਨੈ ਕੁਮਾਰ; ਧਾਰਮਿਕ ਸੰਗਠਨਾਂ ਦੇ ਪ੍ਰਤੀਨਿਧੀ, ਐੱਨਐੱਸਐੱਸ ਵਲੰਟੀਅਰ, ਸਿਵਲ ਡਿਫੈਂਸ ਵਲੰਟੀਅਰ ਅਤੇ ਸਿਵਲ ਸੋਸਾਇਟੀ ਦੇ ਮੈਂਬਰ ਉਪਸਥਿਤ ਸਨ।

# ਗੁਰੂ ਤੇਗ ਬਹਾਦਰ ਸਕੂਲ ਹੈਡੋਂ ਬੇਟ ਵਿਖੇ ਮਨਾਇਆ ਤੀਆਂ ਤੀਜ ਦੀਆਂ

**ਮਾਛੀਵਾੜਾ ਸਾਹਿਬ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਛੀਵਾੜਾ ਰੋਪੜ ਰੋਡ ਤੇ ਸਥਿਤ ਪਿੰਡ ਹੈਡੋਂ ਬੇਟ ਸਥਿਤ ਵਿੱਦਿਅਕ ਸੰਸਥਾ ਸ਼੍ਰੀ ਗੁਰੂ ਤੇਗ ਬਹਾਦਰ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਤੀਆਂ ਦਾ ਤਿਉਹਾਰ ਐਮ.ਡੀ ਮੈਡਮ ਹਰਪਾਲ ਕੌਰ ਦੀ ਰਹਿਨੁਮਾਈ ਹੇਠ ਮਨਾਇਆ ਗਿਆ। ਇਸ ਮੌਕੇ ਸਕੂਲ ਦੀਆਂ ਵਿਦਿਆਰਥਣਾਂ ਨੇ ਪੰਜਾਬੀ ਪਹਿਰਾਵਿਆਂ ਵਿੱਚ ਸੱਜ ਧੱਜ ਕੇ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦੀਆਂ ਵੱਖ-ਵੱਖ ਪੇਸ਼ਕਾਰੀਆਂ ਦਿੱਤੀਆਂ। ਵਿਦਿਆਰਥਣਾਂ ਨੇ ਗਿੱਧਾ, ਬੋਲੀਆਂ ਅਤੇ ਹੋਰ ਸੱਭਿਆਚਾਰਕ ਗਤੀਵਿਧੀਆਂ ਰਾਹੀਂ ਸਭ ਦਾ ਮਨ ਮੋਹ ਲਿਆ। ਸਕੂਲ ਪ੍ਰਬੰਧਕਾਂ ਵੱਲੋਂ ਵਿਦਿਆਰਥਣਾਂ ਦੀ ਹੌਸਲਾ-ਅਫ਼ਜ਼ਾਈ ਕੀਤੀ ਗਈ। ਛੇਵੀਂ ਕਲਾਸ ਤੋਂ ਲੈ ਕੇ ਅੱਠਵੀਂ ਕਲਾਸ ਤੱਕ ਦੀਆਂ ਵਿਦਿਆਰਥਣਾਂ ਵਿੱਚੋਂ ਮਿਸ ਤੀਜ ਸੱਤਵੀਂ ਜਮਾਤ ਦੀ ਵਿਦਿਆਰਥਣ ਜਸ਼ਨਪ੍ਰੀਤ ਕੌਰ ਰਹੀ ਅਤੇ ਰਮਨਦੀਪ ਕੌਰ ਅੱਠਵੀਂ ਕਲਾਸ ਦੀ ਵਿਦਿਆਰਥਣ ਬੈਸਟ ਡਾਂਸਰ ਰਹੀ।ਸੀਨੀਅਰ ਵਿਦਿਆਰਥਣਾਂ ਵਿੱਚੋਂ ਸੁਖਪ੍ਰੀਤ ਕੌਰ ਬਾਰਵੀਂ ਕਲਾਸ ਦੀ ਵਿਦਿਆਰਥਣ ਮਿਸ ਤੀਜ ਰਹੀ ਸਿਮਰਨਪ੍ਰੀਤ ਕੌਰ ਬਾਰਵੀਂ ਕਲਾਸ ਦੀ ਵਿਦਿਆਰਥਣ ਬੈਸਟ ਡਾਂਸਰ ਰਹੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਬੰਤ ਸਿੰਘ ਨੇ ਵਿਦਿਆਰਥਣਾਂ ਨੂੰ ਤੀਆਂ ਦੇ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਇਸ ਦਿਨ ਨੂੰ ਉਤਸ਼ਾਹ ਦੇ ਨਾਲ ਮਨਾਉਣ ਲਈ ਪ੍ਰੇਰਿਤ ਕੀਤਾ।ਸਕੂਲ ਵਿੱਚ ਪਹੁੰਚੇ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

ਵਿਦਿਆਰਥੀਆਂ ਲਈ ਸਾਵਣ ਮਹੀਨੇ ਨੂੰ ਮੁੱਖ ਰੱਖਦੇ ਹੋਏ ਖਾਸ ਖਾਣ ਪੀਣ ਦਾ ਪ੍ਰਬੰਧ ਵੀ ਕੀਤਾ ਗਿਆ। ਇਸ ਮੌਕੇ ਵਾਈਸ ਪ੍ਰਿੰਸੀਪਲ ਰਜਿੰਦਰ ਸਿੰਘ ਬਾਜਵਾ, ਦਵਿੰਦਰ ਸਿੰਘ ਡੀ ਪੀ ਅਤੇ ਸਮੂਹ ਸਟਾਫ ਵੀ ਮੌਜੂਦ ਸੀ।

# ਕਾਂਗਰਸ ਦੇ ਸੂਬਾ ਇੰਚਾਰਜ ਬਘੇਲ ਦੇ ਸਵਾਗਤ ਦੀਆਂ ਤਿਆਰੀਆਂ ਸਬੰਧੀ ਕੀਤੀ ਮੀਟਿੰਗ



**ਮਾਛੀਵਾੜਾ ਸਾਹਿਬ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

2027 ਦੀਆਂ ਚੋਣਾਂ ਨੂੰ ਮੁੱਖ ਰੱਖਦਿਆਂ ਸਾਰੀਆਂ ਪਾਰਟੀਆਂ ਵੱਲੋਂ ਤਿਆਰੀਆਂ ਵਿੱਢ ਦਿੱਤੀਆਂ ਗਈਆਂ ਹਨ।ਮਾਛੀਵਾੜਾ ਬਲਾਕ ਦੇ ਕਾਂਗਰਸੀ ਆਗੂਆਂ ਤੇ ਵਰਕਰਾਂ ਦੀ ਮੀਟਿੰਗ ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੇ ਨਿਰਦੇਸ਼ਾਂ ਹੇਠ ਹੋਈ। ਇਸ ਮੌਕੇ 7 ਅਗਸਤ ਨੂੰ ਖੰਨਾ ਵਿਖੇ ਪੁੱਜ ਰਹੇ ਪੰਜਾਬ ਦੇ ਇੰਚਾਰਜ ਭੂਪੇਸ਼ ਬਘੇਲ ਦੇ ਸਵਾਗਤ ਲਈ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਅੰਮ੍ਰਿਤਪਾਲ ਸਿੰਘ ਚੀਮਾ, ਸੁਖਦੀਪ ਸਿੰਘ ਬਾਜਵਾ ਤੇ ਅਮਨਦੀਪ ਸਿੰਘ ਨੇ ਦੱਸਿਆ ਕਿ 7 ਅਗਸਤ ਨੂੰ ਖੰਨਾ ਵਿਖੇ ਸੂਬਾ ਇੰਚਾਰਜ ਭੁਪੇਸ਼ ਬਘੇਲ ਦੀ ਆਮਦ 'ਤੇ ਵੱਡਾ ਸਮਾਗਮ ਕੀਤਾ ਜਾ ਰਿਹਾ ਹੈ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਾਂਗਰਸੀ ਆਗੂ। ਇਸ ਸਬੰਧੀ ਵਰਕਰਾਂ ਦੀਆਂ ਡਿਊਟੀਆਂ ਲਾਈਆਂ ਹਨ ਕਿ ਉਹ ਵੱਧ ਤੋਂ ਵੱਧ ਲੋਕਾਂ ਨੂੰ ਲਾਮਬੰਦ ਕਰਨ ਅਤੇ ਲੋਕਾਂ ਨੂੰ ਪਾਰਟੀ ਦੀਆਂ ਗਤੀਵਿਧੀਆਂ ਤੋਂ ਜਾਣੂ ਕਰਵਾਉਣ ਇਸ ਤੋਂ ਇਲਾਵਾ 16 ਅਗਸਤ ਨੂੰ ਸ਼ਹੀਦ ਕਰਨੈਲ ਸਿੰਘ ਈਸੜੂ ਦੀ ਯਾਦ 'ਚ ਜੋ ਸਮਾਗਮ ਹੋ ਰਿਹਾ ਹੈ, ਉਸ ਵਿਚ ਵੀ ਕਾਂਗਰਸੀ ਆਗੂ ਤੇ ਵਰਕਰ ਵਧ ਚੜ੍ਹ ਕੇ ਸ਼ਮੂਲੀਅਤ ਕਰਨਗੇ। ਕਿਹਾ ਕਿ ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਦੇ ਇੰਚਾਰਜ ਰਾਜਾ ਗਿੱਲ ਦੀ ਅਗਵਾਈ ਹੇਠ ਭਾਰੀ ਗਿਣਤੀ 'ਚ ਵਰਕਰ ਤੇ ਲੋਕ ਇਨ੍ਹਾਂ ਸਮਾਗਮਾਂ 'ਚ ਸ਼ਾਮਲ ਹੋਣਗੇ।

ਇਸ ਮੌਕੇ ਸਰਬਜੀਤ ਸਿੰਘ ਖੀਰਨੀਆਂ, ਛਿੰਦਰਪਾਲ, ਜਗਤਾਰ ਸਿੰਘ, ਯੁਵਰਾਜਜੀਤ ਰਾਏ, ਵਿਜੈ ਰਾਣਾ, ਕੁਲਵਿੰਦਰ ਸਿੰਘ, ਕੁਲਵਿੰਦਰ ਸਿੰਘ, ਰਾਣਾ ਰਹੀਮਾਬਾਦ ਖੁਰਦ, ਦਵਿੰਦਰ ਸਿੰਘ, ਸ਼ੇਰ ਸਿੰਘ, ਮਨਜੀਤ ਸਿੰਘ, ਕੁਲਵੰਤ ਸਿੰਘ, ਮਨਜੀਤ ਸਿੰਘ ਆਦਿ ਮੌਜੂਦ ਸਨ।

# ਸ਼ੇਰ-ਏ-ਪੰਜਾਬ ਟੀ-20 ਲੀਗ ਦੀ ਸ਼ਾਨਦਾਰ ਸ਼ੁਰੂਆਤ; ਸ਼ੁਭਮਨ ਗਿੱਲ, ਅਰਸ਼ਦੀਪ ਸਿੰਘ, ਪ੍ਰਭਸਿਮਰਨ ਸਿੰਘ ਅਤੇ ਰਮਨਦੀਪ ਸਿੰਘ ਵਰਗੇ ਸਟਾਰ ਕ੍ਰਿਕਟਰ ਵੀ ਲੈਣਗੇ ਹਿੱਸਾ

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਪਹਿਲਕਦਮੀ, ਇਹ ਲੀਗ ਪੰਜਾਬ ਦੇ ਉਭਰਦੇ ਕ੍ਰਿਕਟਰਾਂ ਨੂੰ ਸੁਨਹਿਰੀ ਮੰਚ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਤਿਆਰ: ਮੀਤ ਹੇਅਰ

**ਨਿਊ ਚੰਡੀਗੜ੍ਹ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਇਥੇ ਨਿਊ ਚੰਡੀਗੜ੍ਹ ਦੇ ਪੀ.ਸੀ.ਏ. ਅੰਤਰਰਾਸ਼ਟਰੀ ਕ੍ਰਿਕਟ ਸਟੇਡੀਅਮ ਵਿਖੇ 'ਸ਼ੇਰ-ਏ-ਪੰਜਾਬ ਟੀ-20 ਲੀਗ' ਦੀ ਰਸਮੀ ਸ਼ੁਰੂਆਤ ਕੀਤੀ ਗਈ, ਜੋ ਕਿ ਪੰਜਾਬ ਲਈ ਕ੍ਰਿਕਟ ਦੇ ਇੱਕ ਨਵੇਂ ਅਤੇ ਸੁਨਿਹਰੀ ਅਧਿਆਏ ਦੀ ਸ਼ੁਰੂਆਤ ਹੈ। ਇਹ ਟੂਰਨਾਮੈਂਟ 30 ਅਗਸਤ ਤੋਂ 13 ਸਤੰਬਰ ਤੱਕ ਖੇਡਿਆ ਜਾਵੇਗਾ ਅਤੇ ਇਸ ਵਿੱਚ ਸੂਬੇ ਦੇ ਕਈ ਨਾਮਵਰ ਕ੍ਰਿਕਟ ਖਿਡਾਰੀ ਸ਼ਾਮਲ ਹੋਣਗੇ, ਜਿਨ੍ਹਾਂ ਵਿੱਚ ਭਾਰਤੀ ਕ੍ਰਿਕਟ ਟੀਮ ਦੇ ਕਪਤਾਨ ਸ਼ੁਭਮਨ ਗਿੱਲ, ਅਰਸ਼ਦੀਪ ਸਿੰਘ, ਅਭਿਸ਼ੇਕ ਸ਼ਰਮਾ, ਗੁਰਨੂਰ ਬਰਾੜ, ਪ੍ਰਭਸਿਮਰਨ ਸਿੰਘ ਅਤੇ ਰਮਨਦੀਪ ਸਿੰਘ ਸ਼ਾਮਲ ਹਨ।




ਇਸ ਲੀਗ ਦੇ ਆਗਾਜ਼ ਦਾ ਐਲਾਨ ਪੀ.ਸੀ.ਏ. ਦੇ ਸਕੱਤਰ ਗੁਰਮੀਤ ਸਿੰਘ ਮੀਤ ਹੇਅਰ ਅਤੇ ਪ੍ਰਧਾਨ ਅਮਰਜੀਤ ਸਿੰਘ ਮਹਿਤਾ ਵੱਲੋਂ ਕੀਤਾ ਗਿਆ ਜਿਸ ਮੌਕੇ ਭਾਰਤੀ ਕ੍ਰਿਕਟ ਟੀਮ ਦੇ ਕਪਤਾਨ ਸ਼ੁਭਮਨ ਗਿੱਲ ਅਤੇ ਅਰਸ਼ਦੀਪ ਸਿੰਘ ਦੀ ਮੌਜੂਦ ਸਨ।

ਇਸ ਲੀਗ ਲਈ ਵਿੱਚ ਕੁੱਲ ਛੇ ਟੀਮਾਂ 27 ਹਾਈ-ਵੋਲਟੇਜ ਮੈਚਾਂ ਵਿੱਚ ਇੱਕ ਦੂਜੇ ਦੇ ਆਹਮੋ-ਸਾਹਮਣੇ ਹੋਣਗੀਆਂ। ਇਹ ਟੂਰਨਾਮੈਂਟ ਰਾਊਂਡ-ਰੌਬਿਨ ਫਾਰਮੈਟ ਵਿੱਚ ਖੇਡਿਆ ਜਾਵੇਗਾ। ਹਰੇਕ ਫ੍ਰੈਂਚਾਈਜ਼ੀ ਕੋਲ ਇੱਕ ਮਾਰਕੀ ਖਿਡਾਰੀ ਅਤੇ ਘੱਟੋ-ਘੱਟ ਦੋ ਆਈਕਨ ਖਿਡਾਰੀ ਹੋਣਗੇ, ਜੋ ਅੰਤਰਰਾਸ਼ਟਰੀ ਸਟਾਰਾਂ, ਸਥਾਨਕ ਖਿਡਾਰੀਆਂ ਅਤੇ ਪੰਜਾਬ ਦੇ ਉੱਭਰਦੇ ਹੁਨਰਾਂ ਦਾ ਇੱਕ ਬਿਹਤਰੀਨ ਸੁਮੇਲ ਯਕੀਨੀ ਬਣਾਏਗਾ। ਟੂਰਨਾਮੈਂਟ ਦਾ ਅਧਿਕਾਰਤ ਲੋਗੋ ਵੀ ਜਾਰੀ ਕੀਤਾ ਗਿਆ। ਭਾਰਤੀ ਕਪਤਾਨ ਸ਼ੁਭਮਨ ਗਿੱਲ ਨੇ ਕਿਹਾ, ਸ਼ੇਰ-ਏ-ਪੰਜਾਬ ਟੀ-20 ਲੀਗ ਨੌਜਵਾਨ ਕ੍ਰਿਕਟਰਾਂ ਲਈ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਅਤੇ ਪੰਜਾਬ ਤੇ ਭਾਰਤ ਲਈ ਖੇਡਣ ਵੱਲ ਅੱਗੇ ਵਧਣ ਦਾ ਇੱਕ ਸ਼ਾਨਦਾਰ ਮੰਚ ਹੈ। ਪੰਜਾਬ ਨੇ ਹਮੇਸ਼ਾ ਬਿਹਤਰੀਨ ਕ੍ਰਿਕਟਰ ਪੈਦਾ ਕੀਤੇ ਹਨ ਅਤੇ ਮੈਨੂੰ ਵਿਸ਼ਵਾਸ ਹੈ ਕਿ ਇਹ ਲੀਗ ਅਜਿਹੇ ਹੋਰ ਹੋਣਹਾਰ ਖਿਡਾਰੀਆਂ ਦੀ ਪਛਾਣ ਕਰਨ ਵਿੱਚ ਮਦਦ ਕਰੇਗੀ। ਮੈਂ ਇਸ ਸ਼ਾਨਦਾਰ ਪਹਿਲਕਦਮੀ ਲਈ ਪੰਜਾਬ ਕ੍ਰਿਕਟ ਐਸੋਸੀਏਸ਼ਨ ਨੂੰ ਵਧਾਈ ਦਿੰਦਾ ਹਾਂ ਅਤੇ ਲੀਗ ਦੀ ਵੱਡੀ ਸਫਲਤਾ ਦੀ ਕਾਮਨਾ ਕਰਦਾ ਹਾਂ।

ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਸਕੱਤਰ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ, ਪੰਜਾਬ ਹਮੇਸ਼ਾ ਤੋਂ ਭਾਰਤੀ ਕ੍ਰਿਕਟ ਵਿੱਚ ਸਭ ਤੋਂ ਵੱਡਾ ਯੋਗਦਾਨ ਪਾਉਣ ਵਾਲਿਆਂ ਵਿੱਚੋਂ ਇੱਕ ਰਿਹਾ ਹੈ। ਲਾਲਾ ਅਮਰਨਾਥ ਤੋਂ ਲੈ ਕੇ ਯੁਵਰਾਜ ਸਿੰਘ ਵਰਗੇ ਮਹਾਨ ਖਿਡਾਰੀਆਂ ਅਤੇ ਹੁਣ ਸ਼ੁਭਮਨ ਗਿੱਲ, ਅਰਸ਼ਦੀਪ ਸਿੰਘ, ਪ੍ਰਭਸਿਮਰਨ ਸਿੰਘ ਅਤੇ ਹਰਮਨਪ੍ਰੀਤ ਕੌਰ ਵਰਗੇ ਖਿਡਾਰੀਆਂ ਤੱਕ, ਸੂਬੇ ਨੇ ਲਗਾਤਾਰ ਵਿਸ਼ਵ ਪੱਧਰੀ ਕ੍ਰਿਕਟਰ ਦਿੱਤੇ ਹਨ। ਪੰਜਾਬ ਵਿੱਚ ਪ੍ਰਤਿਭਾ ਦੀ ਕੋਈ ਘਾਟ ਨਹੀਂ ਹੈ। ਇਸੇ ਲਈ ਸਾਨੂੰ ਵਿਸ਼ਵਾਸ ਹੈ ਕਿ ਸ਼ੇਰ-ਏ-ਪੰਜਾਬ ਟੀ-20 ਲੀਗ ਦੇਸ਼ ਦੇ ਪ੍ਰਮੁੱਖ ਘਰੇਲੂ ਟੀ-20 ਟੂਰਨਾਮੈਂਟਾਂ ਵਿੱਚੋਂ ਇੱਕ ਬਣ ਕੇ ਉੱਭਰੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਕ੍ਰਿਕਟ ਲੀਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਇੱਕ ਦੂਰਅੰਦੇਸ਼ੀ ਪਹਿਲਕਦਮੀ ਹੈ ਅਤੇ ਇਸਦਾ ਉਦੇਸ਼ ਪੰਜਾਬ ਦੇ ਉਭਰਦੇ ਕ੍ਰਿਕਟਰਾਂ ਨੂੰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਅਤੇ ਖੇਡ ਦੇ ਉੱਚ ਪੱਧਰ 'ਤੇ ਪਹੁੰਚਣ ਲਈ ਇੱਕ ਪੇਸ਼ੇਵਰ ਮੰਚ ਪ੍ਰਦਾਨ ਕਰਨਾ ਹੈ।

ਮੀਤ ਹੇਅਰ ਨੇ ਅੱਗੇ ਕਿਹਾ,ਇਹ ਲੀਗ ਨੌਜਵਾਨ ਕ੍ਰਿਕਟਰਾਂ ਨੂੰ ਅੰਤਰਰਾਸ਼ਟਰੀ ਸਟਾਰਾਂ ਨਾਲ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਅਤੇ ਆਪਣੇ ਕਰੀਅਰ ਵਿੱਚ ਅਗਲਾ ਕਦਮ ਚੁੱਕਣ ਲਈ ਢੁਕਵਾਂ ਮੰਚ ਪ੍ਰਦਾਨ ਕਰੇਗੀ। ਅਸੀਂ ਸਾਰੇ ਖਿਡਾਰੀਆਂ, ਪੰਜਾਬ ਕ੍ਰਿਕਟ ਐਸੋਸੀਏਸ਼ਨ ਅਤੇ ਇਸ ਪਹਿਲਕਦਮੀ ਨਾਲ ਜੁੜੇ ਹਰ ਵਿਅਕਤੀ ਦੇ ਧੰਨਵਾਦੀ ਹਾਂ। ਸਾਨੂੰ ਪੂਰਾ ਵਿਸ਼ਵਾਸ ਹੈ ਕਿ ਇਹ ਲੀਗ ਇੱਕ ਸ਼ਾਨਦਾਰ ਤੇ ਸਫ਼ਲ ਪਹਿਲ ਸਾਬਤ ਹੋਵੇਗੀ।

ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਅਮਰਜੀਤ ਮਹਿਤਾ ਨੇ ਕਿਹਾ, ਸ਼ੇਰ-ਏ-ਪੰਜਾਬ ਟੀ-20 ਲੀਗ ਸਾਡੇ ਸੂਬੇ ਦੇ ਨੌਜਵਾਨ ਕ੍ਰਿਕਟਰਾਂ ਲਈ ਇੱਕ ਸ਼ਾਨਦਾਰ ਮੰਚ ਹੈ ਅਤੇ ਅਸੀਂ ਇਸ ਸੁਪਨੇ ਨੂੰ ਸਾਕਾਰ ਕਰਨ ਵਿੱਚ ਨਿਰੰਤਰ ਸਹਿਯੋਗ ਲਈ ਮੁੱਖ ਮੰਤਰੀ ਭਗਵੰਤ ਮਾਨ ਦੇ ਧੰਨਵਾਦੀ ਹਾਂ। ਇਹ ਲੀਗ ਉਭਰਦੇ ਖਿਡਾਰੀਆਂ ਨੂੰ ਅੰਤਰਰਾਸ਼ਟਰੀ ਸਟਾਰਾਂ ਨਾਲ ਡਰੈਸਿੰਗ ਰੂਮ ਸਾਂਝਾ ਕਰਨ, ਵੱਡੇ ਮੰਚ 'ਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਅਤੇ ਆਪਣੇ ਕ੍ਰਿਕਟ ਸਫਰ ਵਿੱਚ ਅੱਗੇ ਵਧਣ ਦਾ ਮੌਕਾ ਦੇਵੇਗੀ। ਅਸੀਂ ਸਾਰੇ ਖਿਡਾਰੀਆਂ, ਪੰਜਾਬ ਕ੍ਰਿਕਟ ਐਸੋਸੀਏਸ਼ਨ ਅਤੇ ਇਸ ਨਾਲ ਜੁੜੇ ਹਰ ਵਿਅਕਤੀ ਦਾ ਧੰਨਵਾਦ ਕਰਦੇ ਹਾਂ। ਸਾਨੂੰ ਪੂਰਾ ਵਿਸ਼ਵਾਸ ਹੈ ਕਿ ਸ਼ੇਰ-ਏ-ਪੰਜਾਬ ਟੀ-20 ਲੀਗ ਵਧੇਰੇ ਸਫ਼ਲ ਪਹਿਲ ਸਾਬਤ ਹੋਣ ਦੇ ਨਾਲ-ਨਾਲ ਪੰਜਾਬ ਕ੍ਰਿਕਟ ਦੇ ਭਵਿੱਖ ਨੂੰ ਸੰਵਾਰਨ ਅਤੇ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗੀ।

ਇਸ ਮੌਕੇ ਪੀਸੀਏ ਵੱਲੋਂ ਸਕੱਤਰ ਗੁਰਮੀਤ ਸਿੰਘ ਮੀਤ ਹੇਅਰ, ਪ੍ਰਧਾਨ ਅਮਰਜੀਤ ਮਹਿਤਾ, ਮੀਤ ਪ੍ਰਧਾਨ ਦੀਪਕ ਬਾਲੀ, ਖਜਾਨਚੀ ਸੁਨੀਲ ਗੁਪਤਾ ਤੇ ਜੁਆਇੰਟ ਸਕੱਤਰ ਸਿਧਾਂਤ ਸ਼ਰਮਾ ਵੱਲੋਂ ਫਰੈਂਚਾਇਜੀ ਮਾਲਕਾਂ ਤੇ ਕ੍ਰਿਕਟਰਾਂ ਦਾ ਸਨਮਾਨ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਇਸ ਲੀਗ ਦਾ ਉਦੇਸ਼ ਸੂਬੇ ਦੇ ਨੌਜਵਾਨ ਕ੍ਰਿਕਟਰਾਂ ਨੂੰ ਆਪਣੀ ਕਾਬਲੀਅਤ ਦਿਖਾਉਣ ਲਈ ਇੱਕ ਮਜ਼ਬੂਤ ਮੰਚ ਪ੍ਰਦਾਨ ਕਰਨਾ ਹੈ, ਜਿਸ ਦੌਰਾਨ ਉਹ ਭਾਰਤ ਦੇ ਪ੍ਰਮੁੱਖ ਖਿਡਾਰੀਆਂ ਨਾਲ ਡਰੈਸਿੰਗ ਰੂਮ ਵੀ ਸਾਂਝਾ ਕਰਨਗੇ। ਪੰਜਾਬ ਪਿਛਲੇ ਸਾਲਾਂ ਦੌਰਾਨ ਭਾਰਤੀ ਕ੍ਰਿਕਟ ਵਿੱਚ ਸਭ ਤੋਂ ਵੱਡਾ ਯੋਗਦਾਨ ਪਾਉਣ ਵਾਲਿਆਂ ਵਿੱਚੋਂ ਇੱਕ ਰਿਹਾ ਹੈ ਅਤੇ ਸ਼ੇਰ-ਏ-ਪੰਜਾਬ ਟੀ-20 ਲੀਗ ਤੋਂ ਸੂਬੇ ਦੇ ਕ੍ਰਿਕਟ ਈਕੋਸਿਸਟਮ ਨੂੰ ਹੋਰ ਮਜ਼ਬੂਤੀ ਮਿਲਣ ਦੀ ਉਮੀਦ ਹੈ।

ਸ਼ੇਰ-ਏ-ਪੰਜਾਬ ਟੀ-20 ਲੀਗ ਦੀ ਨਿਲਾਮੀ 9 ਅਗਸਤ ਨੂੰ ਹੋਵੇਗੀ, ਜਿਸ ਵਿੱਚ ਅੰਮ੍ਰਿਤਸਰ, ਫਾਜ਼ਿਲਕਾ, ਜਲੰਧਰ, ਲੁਧਿਆਣਾ, ਮੋਹਾਲੀ ਅਤੇ ਬਠਿੰਡਾ ਦੀਆਂ ਛੇ ਫਰੈਂਚਾਈਜ਼ੀਆਂ ਆਪਣੀਆਂ ਟੀਮਾਂ ਦੀ ਚੋਣ ਕਰਨਗੀਆਂ। ਹਰ ਫਰੈਂਚਾਈਜ਼ੀ ਖਿਡਾਰੀਆਂ ਉੱਪਰ ਕੁੱਲ 45 ਲੱਖ ਰੁਪਏ ਖਰਚ ਕਰ ਸਕੇਗੀ। ਉਹ ਵੱਧ ਤੋਂ ਵੱਧ 20 ਖਿਡਾਰੀਆਂ ਨੂੰ ਆਪਣੀ ਟੀਮ ਵਿੱਚ ਸ਼ਾਮਲ ਕਰ ਸਕੇਗੀ। ਮਾਰਕੀ ਖਿਡਾਰੀ ਦੀ ਕੀਮਤ 10 ਲੱਖ ਰੁਪਏ ਤੈਅ ਕੀਤੀ ਗਈ ਹੈ, ਜਦਕਿ ਆਈਕਨ ਖਿਡਾਰੀ ਦੀ ਬੇਸ ਕੀਮਤ 1.50 ਲੱਖ ਰੁਪਏ ਹੈ। ਇਸ ਤੋਂ ਇਲਾਵਾ ਪੰਜਾਬ ਦੇ ਫਸਟ ਕਲਾਸ, ਅੰਡਰ-23, ਅੰਡਰ-19 ਅਤੇ ਜ਼ਿਲ੍ਹਾ ਪੱਧਰ ਦੇ ਖਿਡਾਰੀਆਂ ਲਈ ਵੀ ਵੱਖ-ਵੱਖ ਬੇਸ ਕੀਮਤ ਨਿਰਧਾਰਤ ਕੀਤੀ ਗਈ ਹੈ।

# ਰਾਜਪੁਰਾ ਬਲਾਕ ਦੇ ਪਿੰਡ ਧਰਮਗੜ੍ਹ ਅਤੇ ਅਲੂਣਾ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

**ਰਾਜਪੁਰਾ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਰਾਜਪੁਰਾ ਬਲਾਕ ਦੇ ਪਿੰਡ ਧਰਮਗੜ੍ਹ ਅਤੇ ਅਲੂਣਾ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ।

# ਨਾਭਾ ਬਲਾਕ ਦੇ ਪਿੰਡ ਖੇੜੀ ਜੱਟਾਂ ਅਤੇ ਸਾਧਨੌਲੀ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

**ਨਾਭਾ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਨਾਭਾ ਬਲਾਕ ਦੇ ਪਿੰਡ ਖੇੜੀ ਜੱਟਾਂ ਅਤੇ ਸਾਧਨੌਲੀ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਮੇਰਾ ਯੁਵਾ ਭਾਰਤ ਤਰਨ ਤਾਰਨ ਦੇ ਨੌਜਵਾਨ ਵਿਸ਼ਾਲ ਰਾਸ਼ਟਰੀ ਅੰਦੋਲਨ ਦੀ ਸ਼ੁਰੂਆਤ ਦੇ ਬਣੇ ਗਵਾਹ



**ਤਰਨ ਤਾਰਨ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

'ਮੇਰਾ ਯੁਵਾ ਭਾਰਤ' ਤਰਨ ਤਾਰਨ ਨੇ ਡਿਪਟੀ ਡਾਇਰੈਕਟਰ, ਮਾਈ ਭਾਰਤ ਜਸਲੀਨ ਕੌਰ ਦੀ ਅਗਵਾਈ ਹੇਠ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਤਰਨ ਤਾਰਨ ਦੇ ਐਨ.ਆਈ.ਸੀ ਰੂਮ ਵਿਖੇ ਆਨਲਾਈਨ ਮੋਡ ਰਾਹੀਂ ਨਵੀਂ ਦਿੱਲੀ ਤੋਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਵਿਕਸਿਤ ਭਾਰਤ ਸੰਕਲਪ ਅਭਿਆਨ ਲਈ ਨਸ਼ਾ ਮੁਕਤ ਯੁਵਾ ਦੀ ਕੀਤੀ ਗਈ ਸ਼ੁਰੂਆਤ ਦੇ ਗਵਾਹ ਬਣੇ।

ਪ੍ਰੋਗਰਾਮ ਵਿੱਚ 'ਮਾਈ ਭਾਰਤ' ਦੇ ਵਲੰਟੀਅਰਾਂ ਅਤੇ ਯੂਥ ਕਲੱਬ ਦੇ ਮੈਂਬਰਾਂ ਨੇ ਉਤਸ਼ਾਹੀ ਭਾਗੀਦਾਰੀ ਵਿਖਾਈ ਅਤੇ ਬਹੁਤ ਜੋਸ਼ ਅਤੇ ਵਚਨਬੱਧਤਾ ਨਾਲ ਦੇਸ਼ ਵਿਆਪੀ ਲਾਈਵ ਗੱਲਬਾਤ ਵਿੱਚ ਸ਼ਾਮਿਲ ਹੋਏ। ਇਹ ਪਹਿਲਕਦਮੀ ਇਕ ਵਿਸ਼ਾਲ ਰਾਸ਼ਟਰੀ ਅੰਦੋਲਨ ਦਾ ਹਿੱਸਾ ਹੈ ਜਿਸ ਦਾ ਉਦੇਸ਼ ਨਸ਼ਾ ਮੁਕਤ ਭਾਰਤ ਬਣਾਉਣਾ ਹੈ, ਜੋ ਨੌਜਵਾਨਾਂ ਨੂੰ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਨੂੰ ਖਤਮ ਕਰਨ ਅਤੇ ਵਿਕਸਤ ਭਾਰਤ02047 ਦੇ ਦ੍ਰਿਸ਼ਟੀਕੋਣ ਵਿੱਚ ਯੋਗਦਾਨ ਪਾਉਣ ਲਈ ਮੋਹਰੀ ਭੂਮਿਕਾ ਨਿਭਾਉਣ ਲਈ ਉਤਸ਼ਾਹਿਤ ਕਰਦਾ ਹੈ।

ਸੈਸ਼ਨ ਦੌਰਾਨ ਭਾਗੀਦਾਰਾਂ ਨੇ ਪ੍ਰਧਾਨ ਮੰਤਰੀ ਦੇ ਭਾਸ਼ਣ ਨੂੰ ਧਿਆਨ ਨਾਲ ਸੁਣਿਆ, ਜਿਨ੍ਹਾਂ ਨੇ ਰਾਸ਼ਟਰ ਨਿਰਮਾਣ ਵਿੱਚ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ ਅਤੇ ਉਨ੍ਹਾਂ ਨੂੰ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਜਾਗਰੂਕਤਾ ਫੈਲਾਉਣ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ। ਇਸ ਗੱਲਬਾਤ ਨੇ ਇਕ ਮਜ਼ਬੂਤ ਪ੍ਰੇਰਣਾਦਾਇਕ ਪਲੇਟਫਾਰਮ ਵਜੋਂ ਕੰਮ ਕੀਤਾ ਅਤੇ ਨੌਜਵਾਨਾਂ ਨੂੰ ਇਕ ਜ਼ਿੰਮੇਵਾਰ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ।

ਪ੍ਰੋਗਰਾਮ ਦਾ ਮੁੱਖ ਆਕਰਸ਼ਣ ਸਮੂਹਿਕ ਨਸ਼ਾ ਮੁਕਤ ਪ੍ਰਣ ਸੀ, ਜਿਥੇ ਸਾਰੇ ਭਾਗੀਦਾਰਾਂ ਨੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ-ਆਪਣੇ ਭਾਈਚਾਰਿਆਂ ਵਿੱਚ ਜਾਗਰੂਕਤਾ ਨੂੰ ਸਰਗਰਮੀ ਨਾਲ ਉਤਸ਼ਾਹਿਤ ਕਰਨ ਦੀ ਆਪਣੀ ਵਚਨਬੱਧਤਾ ਦੀ ਪੁਸ਼ਟੀ ਕੀਤੀ।

ਇਸ ਪ੍ਰੋਗਰਾਮ ਨੇ ਜਾਗਰੂਕਤਾ ਮੁਹਿੰਮਾਂ, ਭਾਈਚਾਰਕ ਪਹੁੰਚ ਪ੍ਰੋਗਰਾਮਾਂ, ਸੱਭਿਆਚਾਰਕ ਗਤੀਵਿਧੀਆਂ ਅਤੇ ਖੇਡ ਪਹਿਲਕਦਮੀਆਂ ਰਾਹੀਂ ਨੌਜਵਾਨਾਂ ਦੀ ਨਿਰੰਤਰ ਸ਼ਮੂਲੀਅਤ ਦੀ ਸ਼ੁਰੂਆਤ ਨੂੰ ਵੀ ਦਰਸਾਇਆ, ਜਿਸ ਨਾਲ ਨਸ਼ਾ ਮੁਕਤ ਭਾਰਤ ਦੇ ਮਿਸ਼ਨ ਵਿੱਚ ਨਿਰੰਤਰ ਭਾਗੀਦਾਰੀ ਨੂੰ ਯਕੀਨੀ ਬਣਾਇਆ ਗਿਆ।

# ਜ਼ਿਗਲੀ ਪੇਟ ਕੇਅਰ ਨੇ ਅੰਮ੍ਰਿਤਸਰ ਵਿੱਚ ਅੰਤਰਰਾਸ਼ਟਰੀ ਹੈਪੀ ਪਾਲਤੂ ਜਾਨਵਰ ਦਿਵਸ ਦੇ ਤੀਜੇ ਐਡੀਸ਼ਨ ਦਾ ਜਸ਼ਨ ਮਨਾਇਆ

**ਅੰਮ੍ਰਿਤਸਰ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਦੇ ਪਹਿਲੇ ਓਮਨੀਚੈਨਲ ਪਾਲਤੂ ਜਾਨਵਰਾਂ ਦੀ ਦੇਖਭਾਲ ਬ੍ਰਾਂਡ, ਜ਼ਿਗਲੀ ਪੇਟ ਕੇਅਰ ਨੇ ਅੰਮ੍ਰਿਤਸਰ ਐਕਸਪੀਰੀਅੰਸ ਸੈਂਟਰ ਵਿਖੇ ਅੰਤਰਰਾਸ਼ਟਰੀ ਹੈਪੀ ਪਾਲਤੂ ਜਾਨਵਰ ਦਿਵਸ (IHPD) ਦੇ ਤੀਜੇ ਐਡੀਸ਼ਨ ਦੀ ਮੇਜ਼ਬਾਨੀ ਕੀਤੀ। ਪਿਛਲੇ ਦੋ ਐਡੀਸ਼ਨਾਂ ਦੀ ਸਫਲਤਾ 'ਤੇ ਨਿਰਮਾਣ ਕਰਦੇ ਹੋਏ, ਦੋਸਤੀ ਦਿਵਸ 'ਤੇ ਇਸ ਸਾਲਾਨਾ ਜਸ਼ਨ ਨੇ ਪਾਲਤੂ ਜਾਨਵਰਾਂ ਦੇ ਮਾਪਿਆਂ ਅਤੇ ਉਨ੍ਹਾਂ ਦੇ ਪਾਲਤੂ ਜਾਨਵਰਾਂ ਨੂੰ ਇਕੱਠਾ ਕੀਤਾ। ਇਸ ਸਮਾਗਮ ਦਾ ਉਦੇਸ਼ ਉਨ੍ਹਾਂ ਵਿਚਕਾਰ ਵਿਸ਼ੇਸ਼ ਬੰਧਨ ਦਾ ਜਸ਼ਨ ਮਨਾਉਣਾ ਅਤੇ ਪਾਲਤੂ ਜਾਨਵਰਾਂ ਲਈ ਬਿਹਤਰ ਸਿਹਤ ਸੰਭਾਲ ਨੂੰ ਉਤਸ਼ਾਹਿਤ ਕਰਨਾ ਸੀ। ਸਮਾਗਮ ਦੌਰਾਨ, ਜ਼ਿਗਲੀ ਪੇਟ ਕੇਅਰ ਨੇ ਭਾਰਤ ਦੇ ਪਾਲਤੂ ਜਾਨਵਰਾਂ ਦੀ ਦੇਖਭਾਲ ਵਾਤਾਵਰਣ ਨੂੰ ਮਜ਼ਬੂਤ ਕਰਨ ਅਤੇ ਉੱਚ-ਗੁਣਵੱਤਾ ਵਾਲੇ ਪਸ਼ੂਆਂ ਦੀ ਦੇਖਭਾਲ ਨੂੰ ਵਧੇਰੇ ਪਹੁੰਚਯੋਗ, ਏਕੀਕ੍ਰਿਤ ਅਤੇ ਭਾਈਚਾਰਕ-ਅਧਾਰਤ ਬਣਾਉਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ।

ਇਸ ਮੌਕੇ 'ਤੇ ਬੋਲਦੇ ਹੋਏ, ਜ਼ਿਗਲੀ ਪੇਟ ਕੇਅਰ ਦੇ ਸੀਈਓ ਸੌਰਭ ਜੈਨ ਨੇ ਕਿਹਾ, ਅੰਤਰਰਾਸ਼ਟਰੀ ਹੈਪੀ ਪਾਲਤੂ ਜਾਨਵਰ ਦਿਵਸ ਹਮੇਸ਼ਾ ਪਾਲਤੂ ਜਾਨਵਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਵਿਚਕਾਰ ਨਿਰਸਵਾਰਥ ਪਿਆਰ ਦਾ ਜਸ਼ਨ ਮਨਾਉਣ ਦਾ ਦਿਨ ਰਿਹਾ ਹੈ। ਇਸ ਸਾਲ, ਅਸੀਂ ਬਿਹਤਰ ਪਾਲਤੂ ਜਾਨਵਰਾਂ ਦੀ ਸਿਹਤ ਸੰਭਾਲ ਨੂੰ ਤਰਜੀਹ ਦੇ ਕੇ ਇਸ ਉਦੇਸ਼ ਨੂੰ ਇੱਕ ਕਦਮ ਹੋਰ ਅੱਗੇ ਵਧਾਉਣਾ ਚਾਹੁੰਦੇ ਸੀ। ਅਸੀਂ ਪਾਲਤੂ ਜਾਨਵਰਾਂ ਦੇ ਭਾਈਚਾਰਿਆਂ ਨੂੰ ਇਕੱਠੇ ਕਰਕੇ, ਬਿਹਤਰ 24/7 ਸਹੂਲਤਾਂ, ਹੋਰ ਕੇਂਦਰਾਂ 'ਤੇ ਵਿਸ਼ੇਸ਼ ਵੈਟਰਨਰੀ ਸੇਵਾਵਾਂ ਦੀ ਪੇਸ਼ਕਸ਼ ਕਰਕੇ, ਅਤੇ ਪਾਲਤੂ ਜਾਨਵਰਾਂ ਲਈ ਫਸਟ ਏਡ ਕਿੱਟਾਂ ਲਾਂਚ ਕਰਕੇ ਆਪਣੇ ਵੈਟਰਨਰੀ ਈਕੋਸਿਸਟਮ ਦਾ ਵਿਸਤਾਰ ਕਰ ਰਹੇ ਹਾਂ। ਇਹ ਸਾਰੀਆਂ ਪਹਿਲਕਦਮੀਆਂ ਭਾਰਤ ਦੇ ਸਭ ਤੋਂ ਭਰੋਸੇਮੰਦ ਅਤੇ ਵਿਆਪਕ ਪਾਲਤੂ ਜਾਨਵਰਾਂ ਦੀ ਸਿਹਤ ਸੰਭਾਲ ਈਕੋਸਿਸਟਮ ਬਣਾਉਣ ਦੇ ਸਾਡੇ ਦ੍ਰਿਸ਼ਟੀਕੋਣ ਨੂੰ ਦਰਸਾਉਂਦੀਆਂ ਹਨ, ਜਿੱਥੇ ਪਾਲਤੂ ਜਾਨਵਰਾਂ ਦੇ ਮਾਪੇ ਜਦੋਂ ਵੀ ਉਨ੍ਹਾਂ ਨੂੰ ਲੋੜ ਹੋਵੇ ਸਭ ਤੋਂ ਵਧੀਆ ਦੇਖਭਾਲ, ਮਾਹਰ ਸਲਾਹ ਅਤੇ ਜ਼ਰੂਰੀ ਸਿਹਤ ਸੰਭਾਲ ਸੇਵਾਵਾਂ ਤੱਕ ਪਹੁੰਚ ਕਰ ਸਕਦੇ ਹਨ।

ਦੇਸ਼ ਭਰ ਦੇ 15 ਤੋਂ ਵੱਧ ਸ਼ਹਿਰਾਂ ਦੇ 35 ਕੇਂਦਰਾਂ 'ਤੇ ਦਿਨ ਭਰ ਚੱਲਣ ਵਾਲੇ ਜਸ਼ਨ ਵਿੱਚ 2,500 ਤੋਂ ਵੱਧ ਪਾਲਤੂ ਜਾਨਵਰਾਂ ਅਤੇ 3,500 ਪਾਲਤੂ ਜਾਨਵਰਾਂ ਦੇ ਮਾਪਿਆਂ ਨੇ ਹਿੱਸਾ ਲਿਆ। ਜੀਵਨ ਸਿਰਫ਼, ਬਿਨਾਂ ਸ਼ੱਕ ਬਿਹਤਰ ਇਕੱਠੇ ਹੈ ਥੀਮ 'ਤੇ ਆਧਾਰਿਤ, ਅੰਤਰਰਾਸ਼ਟਰੀ ਹੈਪੀ ਪਾਲਤੂ ਜਾਨਵਰ ਦਿਵਸ 2026 ਵਿੱਚ ਪਾਲਤੂ ਜਾਨਵਰਾਂ ਅਤੇ ਮਾਪਿਆਂ ਲਈ ਕਈ ਦਿਲਚਸਪ ਗਤੀਵਿਧੀਆਂ ਸ਼ਾਮਲ ਸਨ। ਮੁਫਤ ਸਿਹਤ ਜਾਂਚ ਅਤੇ ਤੰਦਰੁਸਤੀ ਸਲਾਹ-ਮਸ਼ਵਰੇ ਨੇ ਬਿਹਤਰ ਸਿਹਤ ਸੰਭਾਲ ਨੂੰ ਉਤਸ਼ਾਹਿਤ ਕੀਤਾ। ਇਸ ਪ੍ਰੋਗਰਾਮ ਦੌਰਾਨ ਇੱਕ ਪਾਲਤੂ ਜਾਨਵਰਾਂ ਦੀ ਮੁੱਢਲੀ ਸਹਾਇਤਾ ਕਿੱਟ ਵੀ ਲਾਂਚ ਕੀਤੀ ਗਈ, ਜਿਸ ਨਾਲ ਬ੍ਰਾਂਡ ਦੇ ਪਾਲਤੂ ਜਾਨਵਰਾਂ ਦੀ ਬਿਹਤਰ ਸਿਹਤ ਸੰਭਾਲ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਪਾਲਤੂ ਜਾਨਵਰਾਂ ਦੇ ਮਾਪਿਆਂ ਨੂੰ ਪਸ਼ੂਆਂ ਦੇ ਡਾਕਟਰ ਦੀ ਅਗਵਾਈ ਵਾਲੀ ਪਾਲਤੂ ਜਾਨਵਰਾਂ ਦੀ ਮੁੱਢਲੀ ਸਹਾਇਤਾ ਵਰਕਸ਼ਾਪ ਵਿੱਚ ਹਿੱਸਾ ਲੈਣ ਅਤੇ ਐਮਰਜੈਂਸੀ ਦੇਖਭਾਲ ਤਕਨੀਕਾਂ ਸਿੱਖਣ ਦਾ ਮੌਕਾ ਵੀ ਮਿਲਿਆ। ਨੋਇਡਾ ਸੈਂਟਰ ਨੂੰ 24/7 ਵੈਟਰਨਰੀ ਯੂਨਿਟ ਵਿੱਚ ਅਪਗ੍ਰੇਡ ਕਰਨ ਅਤੇ ਡਿਫੈਂਸ ਕਲੋਨੀ ਸੈਂਟਰ ਵਿਖੇ ਵਿਸ਼ੇਸ਼ ਵੈਟਰਨਰੀ ਸੇਵਾਵਾਂ ਦੀ ਸ਼ੁਰੂਆਤ ਦੇ ਨਾਲ-ਨਾਲ ਵੈਟਰਨਰੀ ਸੇਵਾਵਾਂ ਦਾ ਵਿਸਤਾਰ ਕੀਤਾ ਗਿਆ। ਇਸ ਤੋਂ ਇਲਾਵਾ, ਡੀਐਲਐਫ ਲਖਨਊ ਅਤੇ ਬਸੰਤ ਲੋਕ ਸੈਂਟਰਾਂ ਵਿੱਚ ਡਾਇਗਨੌਸਟਿਕਸ, ਐਕਸ-ਰੇ, ਐਡਵਾਂਸਡ ਸਰਜਰੀਆਂ ਅਤੇ ਫਿਜ਼ੀਓਥੈਰੇਪੀ ਸਮੇਤ ਪ੍ਰਾਇਮਰੀ ਅਤੇ ਸੈਕੰਡਰੀ ਦੇਖਭਾਲ ਸੇਵਾਵਾਂ ਵੀ ਪੇਸ਼ ਕੀਤੀਆਂ ਗਈਆਂ।




ਇਸ ਪ੍ਰੋਗਰਾਮ ਦੇ ਉਤਸ਼ਾਹ ਨੂੰ ਵਧਾਉਣ ਲਈ, ਸਨਫਲ ਮੈਟ ਚੈਲੇਂਜ, ਬੈਸਟ ਟ੍ਰਿਕ ਸ਼ੋਅਡਾਊਨ, ਅਤੇ ਪੇਟ ਬਿੰਗੋ ਵਰਗੀਆਂ ਵੱਖ-ਵੱਖ ਖੇਡਾਂ ਦਾ ਆਯੋਜਨ ਕੀਤਾ ਗਿਆ, ਜੋ ਪਾਲਤੂ ਜਾਨਵਰਾਂ ਅਤੇ ਮਾਪਿਆਂ ਵਿਚਕਾਰ ਬੰਧਨ ਨੂੰ ਮਜ਼ਬੂਤ ਕਰਦੀਆਂ ਹਨ। ਇਨ੍ਹਾਂ ਯਾਦਾਂ ਨੂੰ ਸੰਭਾਲਣ ਅਤੇ ਯਾਤਰਾ ਦਾ ਜਸ਼ਨ ਮਨਾਉਣ ਲਈ, ਪਾਲਤੂ ਜਾਨਵਰਾਂ ਦੇ ਮਾਪਿਆਂ ਨੇ ਕੈਰੀਕੇਚਰ ਅਤੇ ਫੋਟੋ ਬੂਥ ਸੈਸ਼ਨਾਂ ਦਾ ਵੀ ਆਨੰਦ ਮਾਣਿਆ। ਇਹ ਪ੍ਰੋਗਰਾਮ ਜ਼ਿਗਲੀ ਪੇਟ ਕੇਅਰ ਅਵਾਰਡਾਂ ਨਾਲ ਸਮਾਪਤ ਹੋਇਆ, ਜਿਸ ਵਿੱਚ ਪਾਲਤੂ ਜਾਨਵਰਾਂ ਦੇ ਭਾਈਚਾਰੇ ਦੀਆਂ ਪ੍ਰੇਰਨਾਦਾਇਕ ਕਹਾਣੀਆਂ ਦਾ ਸਨਮਾਨ ਕੀਤਾ ਗਿਆ। ਇਸ ਤੋਂ ਬਾਅਦ ਇੱਕ ਭਾਈਚਾਰਕ ਜਸ਼ਨ ਹੋਇਆ, ਜਿਸ ਵਿੱਚ ਪਾਲਤੂ ਜਾਨਵਰਾਂ ਦੇ ਮਾਪਿਆਂ, ਸਿਰਜਣਹਾਰਾਂ ਅਤੇ ਸਾਰੇ ਜਾਨਵਰ ਪ੍ਰੇਮੀਆਂ ਨੇ ਉਤਸ਼ਾਹੀ ਭਾਗੀਦਾਰੀ ਦੇਖੀ।

ਇਸ ਸਮਾਗਮ ਦੇ ਉਦੇਸ਼ ਨੂੰ ਅੱਗੇ ਵਧਾਉਣ ਲਈ, ਇੰਟਰਨੈਸ਼ਨਲ ਹੈਪੀ ਪਾਲਤੂ ਜਾਨਵਰ ਦਿਵਸ ਲਈ ਟਿਕਟਾਂ ਦੀ ਵਿਕਰੀ ਤੋਂ ਪ੍ਰਾਪਤ ਹੋਈ 100% ਕਮਾਈ— ?6 ਲੱਖ—ਜ਼ਿਗਲੀ ਫਾਊਂਡੇਸ਼ਨ ਨੂੰ ਦਾਨ ਕੀਤੀ ਗਈ, ਜਿਸਦੀ ਵਰਤੋਂ ਐਂਟੀ-ਰੇਬੀਜ਼ ਟੀਕਾਕਰਨ, ਕੀੜੇ ਮਾਰਨ, ਰਿਫਲੈਕਟਿਵ ਕਾਲਰ ਡਰਾਈਵ, ਬਚਾਅ ਕਾਰਜਾਂ ਅਤੇ ਕਮਿਊਨਿਟੀ ਕੁੱਤਿਆਂ ਲਈ ਗੋਦ ਲੈਣ ਵਰਗੀਆਂ ਪਹਿਲਕਦਮੀਆਂ ਦਾ ਸਮਰਥਨ ਕਰਨ ਲਈ ਕੀਤੀ ਜਾਵੇਗੀ। ਜ਼ਿਗਲੀ ਪੇਟ ਕੇਅਰ ਦੀ ਪ੍ਰਮੁੱਖ ਸਾਲਾਨਾ ਕਮਿਊਨਿਟੀ ਪਹਿਲਕਦਮੀ ਦੇ ਰੂਪ ਵਿੱਚ, ਇੰਟਰਨੈਸ਼ਨਲ ਹੈਪੀ ਪਾਲਤੂ ਜਾਨਵਰ ਦਿਵਸ ਪਾਲਤੂ ਜਾਨਵਰਾਂ ਦੇ ਮਾਪਿਆਂ, ਪਸ਼ੂਆਂ ਦੇ ਡਾਕਟਰਾਂ, ਸਿਰਜਣਹਾਰਾਂ ਅਤੇ ਜਾਨਵਰ ਪ੍ਰੇਮੀਆਂ ਨੂੰ ਇਕੱਠਾ ਕਰਦਾ ਹੈ। ਇਹ ਭਾਈਚਾਰੇ ਵਿੱਚ ਜਾਨਵਰਾਂ ਦੀ ਭਲਾਈ ਨੂੰ ਉਤਸ਼ਾਹਿਤ ਕਰਕੇ ਪਾਲਤੂ ਜਾਨਵਰਾਂ ਦੀ ਦੇਖਭਾਲ ਤੋਂ ਪਰੇ ਅਰਥਪੂਰਨ ਤਬਦੀਲੀ ਲਿਆਉਂਦਾ ਹੈ।

ਇੰਟਰਨੈਸ਼ਨਲ ਹੈਪੀ ਪਾਲਤੂ ਜਾਨਵਰ ਦਿਵਸ ਰਾਹੀਂ, ਜ਼ਿਗਲੀ ਪੇਟ ਕੇਅਰ ਸਿਰਫ਼ ਇੱਕ ਪਾਲਤੂ ਜਾਨਵਰਾਂ ਦੀ ਦੇਖਭਾਲ ਪ੍ਰਚੂਨ ਵਿਕਰੇਤਾ ਤੋਂ ਪਰੇ ਇੱਕ ਸੰਪੂਰਨ ਪਾਲਤੂ ਜਾਨਵਰਾਂ ਦੀ ਸਿਹਤ ਸੰਭਾਲ ਈਕੋਸਿਸਟਮ ਤੱਕ ਫੈਲ ਰਹੀ ਹੈ। ਜਸ਼ਨ, ਸਿੱਖਿਆ, ਉੱਤਮ ਵੈਟਰਨਰੀ ਬੁਨਿਆਦੀ ਢਾਂਚੇ, ਕਿਰਿਆਸ਼ੀਲ ਪਾਲਤੂ ਜਾਨਵਰਾਂ ਦੀ ਸਿਹਤ ਸੰਭਾਲ ਅਤੇ ਭਾਈਚਾਰਕ ਸ਼ਮੂਲੀਅਤ ਨੂੰ ਜੋੜ ਕੇ, ਬ੍ਰਾਂਡ ਜੀਵਨ ਦੇ ਹਰ ਪੜਾਅ 'ਤੇ ਪਾਲਤੂ ਜਾਨਵਰਾਂ ਅਤੇ ਉਨ੍ਹਾਂ ਦੇ ਮਾਪਿਆਂ ਦਾ ਸਮਰਥਨ ਕਰਨਾ ਜਾਰੀ ਰੱਖਦਾ ਹੈ ਅਤੇ ਦੇਸ਼ ਭਰ ਵਿੱਚ ਵਧੇਰੇ ਲੋਕਾਂ ਲਈ ਉੱਚ-ਗੁਣਵੱਤਾ ਵਾਲੇ ਪਾਲਤੂ ਜਾਨਵਰਾਂ ਦੀ ਦੇਖਭਾਲ ਨੂੰ ਪਹੁੰਚਯੋਗ ਬਣਾਉਂਦਾ ਹੈ।

# ਰੁੱਖ ਲਗਾ ਹਾਣੀਆਂ ਫਿਰ ਅੰਬਰੋਂ ਬਰਸੂ ਜਲ ਵੇ

• ਅਮਰਜੀਤ ਢਿੱਲੋਂ ਦਬੜ੍ਹੀਖ਼ਾਨਾ

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਇਕ ਬੋਰਡ ’ਤੇ ਚੀਨੀ ਕਹਾਵਤ ਲਿਖੀ ਹੋਈ ਹੈ, ‘ਕੁਝ ਘੰਟੇ ਖ਼ੁਸ਼ ਰਹਿਣਾ ਚਾਹੁੰਦੇ ਹੋ ਤਾਂ ਸ਼ਰਾਬ ਪੀਓ, ਕੁਝ ਦਿਨ ਖ਼ੁਸ਼ ਰਹਿਣਾ ਚਾਹੁੰਦੇ ਹੋ ਤਾਂ ਆਪਣਾ ਬੱਕਰਾ ਵੱਢੋ ਤੇ ਮੀਟ ਬਣਾਓ, ਕੁਝ ਮਹੀਨੇ ਖ਼ੁਸ਼ ਰਹਿਣਾ ਚਾਹੁੰਦੇ ਹੋ ਤਾਂ ਵਿਆਹ ਕਰਵਾਓ ਪਰ ਜੇ ਹਮੇਸ਼ਾ ਖ਼ੁਸ਼ ਰਹਿਣਾ ਚਾਹੁੰਦੇ ਹੋ ਤਾਂ ਮਾਲੀ ਬਣੋ, ਭਾਵ ਰੁੱਖ ਲਗਾਓ।’ ਰੁੱਖ ਸਾਡੇ ਜੀਵਨ ਦਾ ਆਧਾਰ ਹਨ। ਜੇ ਰੁੱਖ ਹੋਣਗੇ ਤਾਂ ਮਨੁੱਖ ਵੀ ਹੋਣਗੇ, ਬਾਕੀ ਜੀਵ-ਜੰਤੂਆਂ ਦੀ ਹੋਂਦ ਵੀ ਕਾਇਮ ਰਹੇਗੀ।

ਬੇਤਹਾਸ਼ਾ ਗੈਸਾਂ ਕਾਰਨ ਵਾਤਾਵਰਨ ’ਚ ਕਾਰਬਨ ਡਾਈਆਕਸਾਈਡ ਦੀ ਮਾਤਰਾ ਬਹੁਤ ਜ਼ਿਆਦਾ ਵਧ ਗਈ ਹੈ। ਜਿਸ ਕਾਰਨ ਧਰਤੀ ਦਾ ਤਾਪਮਾਨ ਵਧ ਰਿਹਾ ਹੈ ਤੇ ਗਲੇਸ਼ੀਅਰ ਪਿੰਘਲ ਰਹੇ ਹਨ। ਇਸ ਕਾਰਬਨ ਡਾਈਆਕਸਾਈਡ ਨੂੰ ਸਿਰਫ਼ ਰੁੱਖ ਹੀ ਜਜ਼ਬ ਕਰ ਸਕਦੇ ਹਨ। ਤਪ ਰਹੀ ਇਸ ਕਾਇਨਾਤ ਨੂੰ ਸਿਰਫ ਰੁੱਖ ਹੀ ਠਾਰ ਸਕਦੇ ਹਨ।

## ਰੁੱਖਾਂ ਹੇਠਲੇ ਰਕਬੇ ਦੀ ਚਿੰਤਾਜਨਕ ਸਥਿਤੀ

ਰੁੱਖਾਂ ਬਗੈਰ ਜੀਵਨ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ। ਇਕ ਮਨੁੱਖ ਆਪਣੀ ਜ਼ਿੰਦਗੀ ਵਿਚ ਜਿੰਨੀ ਕਾਰਬਨ ਡਾਈਆਕਸਾਈਡ ਸਰੀਰ ਵਿੱਚੋਂ ਛੱਡਦਾ ਹੈ, ਉਸ ਨੂੰ ਸਾਫ਼ ਕਰਨ ਲਈ ਕਰੀਬ 16 ਰੁੱਖਾਂ ਦੀ ਜ਼ਰੂਰਤ ਹੁੰਦੀ ਹੈ। ਇਸ ਲਈ ਹਰ ਮਨੁੱਖ ਦਾ ਫਰਜ਼ ਹੈ ਕਿ ਉਹ ਜ਼ਿੰਦਗੀ ’ਚ ਘੱਟੋ ਘੱਟ 20 ਰੁੱਖ ਲਗਾਵੇ। ਪੰਜਾਬ ’ਚ ਕਣਕ-ਝੋਨੇ ਦੇ ਫ਼ਸਲੀ ਚੱਕਰ ਨੇ ਰੁੱਖਾਂ ਵੱਡਾ ਨੁਕਸਾਨ ਕੀਤਾ ਹੈ। ਰੁੱਖਾਂ ਦੀ ਘਾਟ ਕਾਰਨ ਪੰਛੀਆਂ ਦੀਆਂ ਕਈ ਪਰਜਾਤੀਆਂ ਲੋਪ ਹੋ ਗਈਆਂ ਹਨ।

ਪੰਛੀਆਂ ਦੀ ਘਾਟ ਕਾਰਨ ਫ਼ਸਲਾਂ ’ਚ ਕੀੜੇ-ਮਕੌੜੇ ਵੱਧ ਰਹੇ ਹਨ। ਪੰਜਾਬ ’ਚ ਇਸ ਸਮੇਂ ਸਿਰਫ਼ 4.5 ਫ਼ੀਸਦੀ ਰਕਬੇ ’ਚ ਰੁੱਖ ਰਹਿ ਗਏ ਹਨ, ਜਦਕਿ ਤੰਦਰੁਸਤ ਵਾਤਾਵਰਨ ਲਈ 33



ਫ਼ੀਸਦੀ ਰੁੱਖ ਹੋਣੇ ਜ਼ਰੂਰੀ ਹਨ। ਪੰਜਾਬ ਵਿਚ ਫ਼ਸਲੀ ਵਿਭਿੰਨਤਾ ਖ਼ਤਮ ਹੋਣ ਕਾਰਨ 30 ਲੱਖ ਹੈਕਟੇਅਰ ਵਿਚ ਲੱਗਾ ਝੋਨਾ ਤੇ ਉਸ ਵਿਚ ਖੜ੍ਹਾ ਪਾਣੀ ਲਗਾਤਾਰ ਮੀਥੇਨ ਗੈਸ ਪੈਦਾ ਕਰਦਾ ਹੈ। ਇਹ ਮੀਥੇਨ ਗੈਸ ਓਜ਼ੋਨ ਪਰਤ ਦੇ ਅੰਣੂਆਂ ਨੂੰ ਤੋੜ ਰਹੀ ਹੈ। ਇਸੇ ਤਰ੍ਹਾਂ ਏਅਰ-ਕੰਡੀਸ਼ਨਰਜ਼ ’ਚ ਵਰਤੀ ਜਾਂਦੀ ਕਲੋਰੋ-ਫਲੋਰੋ ਗੈਸ ਵੀ ਓਜ਼ੋਨ ਪਰਤ ਨੂੰ ਤੋੜਦੀ ਹੈ ਜਦਕਿ ਰੁੱਖ ਓਜ਼ੋਨ ਪਰਤ ਨੂੰ ਮਜ਼ਬੂਤ ਕਰਦੇ ਹਨ।

## ਰੁੱਖਾਂ ਤੋਂ ਕਲਮਾਂ ਤਿਆਰ ਕਰਨਾ

ਓਜ਼ੋਨ ਪਰਤ ਸੂਰਜ ਦੀਆਂ ਪਰਾ-ਬੈਂਗਣੀ ਕਿਰਨਾਂ ਨੂੰ ਰੋਕਦੀ ਹੈ। ਆਲਮੀ ਤਪਸ਼ ਵਧਣ ਕਾਰਨ ਓਜ਼ੋਨ ਪਰਤ ’ਚ ਮਘੋਰੇ ਹੋ ਰਹੇ ਹਨ। ਵਧ ਰਹੀ ਗਰਮੀ ਤੇ ਪਰਾ-ਬੈਂਗਣੀ ਕਿਰਨਾਂ ਕਾਰਨ ਚਮੜੀ, ਅੱਖਾਂ ਦੇ ਰੋਗ ਤੇ ਕੈਂਸਰ ਵਰਗੀਆਂ ਬਿਮਾਰੀਆਂ ਵਧ ਰਹੀਆਂ ਹਨ। ਰੁੱਖਾਂ ਦੀ ਘਾਟ ਕਾਰਨ ਮਾਨਸੂਨ ਗੜਬੜਾ ਗਈ ਹੈ। ਕਿਤੇ ਸੋਕਾ ਪੈ ਰਿਹਾ ਹੈ ਤੇ ਕਿਤੇ ਹੜ੍ਹ ਆ ਰਹੇ ਹਨ। ਪਾਣੀ ਆਕਸੀਜਨ ਤੇ ਹਾਈਡਰੋਜਨ ਦਾ ਯੋਗਿਕ ਹੈ। ਵਾਤਵਰਣ ’ਚ ਮੌਜੂਦ ਇਹ ਗੈਸਾਂ ਉਥੇ ਹੀ ਮਿਲ ਕੇ ਪਾਣੀ ਬਣਾਉਣ ਦੀ ਕ੍ਰਿਆ ਕਰਦੀਆਂ ਹਨ ਜਿਥੇ ਇਨ੍ਹਾਂ ਲਈ ਯੋਗ ਮਾਹੌਲ ਹੋਵੇ ਤੇ ਇਹ ਮਾਹੌਲ ਰੁੱਖ ਪੈਦਾ ਕਰਦੇ ਹਨ। ਇਸੇ ਲਈ ਕਿਸੇ ਸ਼ਾਇਰ ਨੇ ਕਿਹਾ ਹੈ, ‘ਉੱਚਿਆਂ ਰੁੱਖਾਂ ’ਤੇ ਮੈਂ ਪੀਂਘਾਂ ਪਾਵਾਂ, ਨੀਵਿਆ ਤੋਂ ਤੋੜਾਂ ਫਲ ਵੇ, ਰੁੱਖ ਲਾ ਹਾਣੀਆਂ ਫਿਰ ਅੰਬਰੋ ਬਰਸੂ ਜਲ ਵੇ।’ ਸਤੰਬਰ ਤੋਂ ਅਕਤੂਬਰ ਤਕ ਹਰ ਰੁੱਖ ਦੀ ਕਲਮ ਲੱਗ ਸਕਦੀ ਹੈ। ਕਦੰਬ ਮਹਿੰਦੀ, ਰਬੜ ਪਲਾਂਟ, ਚੁਰੱਕਸੀਆ, ਪਿਪਲ ਬੋਹੜ ਪਿਲਕਣ, ਟਾਹਲੀ, ਨਿੰਮ ਤੇ ਗੂਲਰ ਆਦਿ ਰੁੱਖ ਇਸ ਸਮੇਂ ਦੌਰਾਨ ਲਗਾਏ ਜਾ ਸਕਦੇ ਹਨ ਇਨ੍ਹਾਂ ਦੀਆਂ ਕਲਮਾਂ ਵੀ ਲਗਾਈਆਂ ਜਾ ਸਕਦੀਆਂ ਹਨ। ਰੁੱਖ ਦੀ ਗਿੱਠ ਕੁ ਟਾਹਣੀ ਦਾ ਇਕ ਪਾਸੇ ਨੂੰ ਧਰਤੀ ’ਚ ਦੱਬ ਕੇ ਪੂਰੀ ਤਰ੍ਹਾਂ ਮਿੱਟੀ ਪਾ ਦਿੱਤੀ ਜਾਵੇ, ਜਿਸ ’ਚ ਹਵਾ ਨਾ ਜਾ ਸਕੇ। ਕੁਝ ਦਿਨਾਂ ’ਚ ਕਲਮ ਪੌਦਾ ਬਣ ਕੇ ਮੌਲਣ ਲਗਦੀ ਹੈ। ਇਸ ਲਈ ਕਿਤੋਂ ਵੀ ਪੌਦੇ ਲੱਭਣ ਦੀ ਜਾਂ ਮੁੱਲ ਲੈਣ ਦੀ ਜ਼ਰੂਰਤ ਨਹੀਂ। ਤੁਹਾਡੇ ਨੇੜੇ ਜੋ ਵੀ ਰੁੱਖ ਹੈ, ਉਸ ਦੀ ਕਲਮ ਕੱਟੋ ’ਤੇ ਧਰਤੀ ’ਚ ਗੱਡ ਦਿਓ। ਇਸ ਤਰ੍ਹਾਂ ਅਸੀਂ ਸਾਰੇ ਰਲ ਕੇ ਇਸ ਧਰਤੀ ਨੂੰ ਹਰੀ-ਭਰੀ ਕਰ ਸਕਦੇ ਹਾਂ। ਕਿਸੇ ਸ਼ਾਇਰ ਨੇ ਸਹੀ ਕਿਹਾ ਹੈ, ‘ਬਾਗ਼ ਲਾਉਣ ਵਾਲੇ ਸਦਾ ਬਾਗ਼ੋ-ਬਾਗ਼ ਰਹਿਣਗੇ, ਰੁੱਖਾਂ ਦੇ ਪ੍ਰੇਮੀ ਦੁੱਖ ਕਦੇ ਵੀ ਨਾ ਸਹਿਣਗੇ।

ਮੋਬਾਈਲ 94171-20422

# ਕਿਵੇਂ ਘਟਾਈਏ ਨੁਕਸਾਨਦਾਇਕ ਕੀੜੇ?

• ਡਾ. ਦੀਪਇੰਦਰਪਾਲ ਸਿੰਘ











ਕੋਈ ਵੀ ਕੀੜਾ ਜਦੋਂ ਸਾਡੇ ਅਰਥਚਾਰੇ ਤੇ ਲਾਭ ਨੂੰ ਪ੍ਰਭਾਵਿਤ ਕਰਦਾ ਹੈ ਤਾਂ ਉਹ ਦੁਸ਼ਮਣ ਕੀੜਾ ਕਹਾਉਂਦਾ ਹੈ। ਜੇ ਇਹ ਕੀੜੇ ਸਿੱਧੇ ਤੌਰ ’ਤੇ ਕਿਸੇ ਬਿਮਾਰੀ ਦੇ ਕੈਰੀਅਰ ਹੋਣ ਜਾਂ ਅਸਿੱਧੇ ਤੌਰ ’ਤੇ ਸਾਡੇ ਪਾਲਤੂ ਜਾਨਵਰਾਂ, ਫ਼ਸਲਾਂ ਤੇ ਲੱਕੜ ਦੇ ਭੰਡਾਰ ਨੂੰ ਪ੍ਰਭਾਵਿਤ ਕਰਦੇ ਹਨ।ਤਾਂ ਇਹ ਬੇਹੱਦ ਨੁਕਸਾਨਦੇਹ ਸਿੱਧ ਹੁੰਦੇ ਹਨ। ਇਹ ਕੀੜੇ ਉਦੋਂ ‘ਪੈਸਟ’ ਬਣਦੇ ਹਨ ਜਦੋ ਉਹ ਇਕ ਖ਼ਾਸ ਜਗ੍ਹਾ ਰਹਿਣ ਵਾਲੀਆਂ ਜਾਤੀਆਂ ਨੂੰ ਉੱਥੋਂ ਖਦੇੜ ਦਿੰਦੇ ਹਨ। ਉਦਾਹਰਣ ਦੇ ਤੌਰ ’ਤੇ ਵਸਨੀਕ ਕੀੜੇ ਆਪਣੀ ਹੀ ਜਗਾ ਦੇ ਪੱਕੇ ਪੌਦਿਆਂ ’ਤੇ ਸ਼ਹਿਦ ਦੀਆਂ ਮੱਖੀਆਂ ਦੇ ਮੁਕਾਬਲੇ ਵਧੀਆ ਪਰਾਗਣ ਕਿਰਿਆ ਕਰਦੇ ਹਨ ਜਦਕਿ ਇਨ੍ਹਾਂ ਦੇ ਖ਼ਾਤਮੇ ਬੀਜਾਂ ਦੀ ਉਤਪਤੀ ਘਟ ਜਾਂਦੀ ਹੈ ਤੇ ਫ਼ਸਲੀ ਪੈਦਾਵਾਰ ’ਚ ਗਿਰਾਵਟ ਦੇ ਆਸਾਰ ਪੈਦਾ ਹੋ ਜਾਂਦੇ ਹਨ।

## ਬਾਹਰੀ ਕੀੜੇ ਮੂਲ ਕੀੜਿਆਂ ਲਈ ਖ਼ਤਰਾ

ਕੁਝ ਬਾਹਰੋਂ ਆਈਆ ਤੇ ਸੁਭਾਅ ਪੱਖੋਂ ਤੇਜ਼ ਕੀੜੀਆਂ, ਜਿਵੇਂ ਵੱਡੇ ਸਿਰ ਵਾਲੀ ਕੀੜੀ (ਫੀਲੀਔਲ ਮੈਗਸੀਫੈਲਾ) ਤੇ ਅਰਜਨਟਾਈਨ ਕੀੜੀ (ਲਾਈਨੇਪੀਥੈਮਾ ਹਿਊਮਾਈਲ) ਨੇ ਬਰਮੂਡਾ ਤੇ ਹਵਾਈ ਇਲਾਕੇ ਦੇ ਵਸਨੀਕ ਕੀੜਿਆਂ ਨੂੰ ਉੱਥੋਂ ਖਦੇੜ ਦਿੱਤਾ ਤੇ ਉਨ੍ਹਾਂ ਦੀਆਂ ਜਾਤੀਆਂ ਲਈ ਖ਼ਤਰਾ ਪੈਦਾ ਕਰ ਦਿੱਤਾ ਹੈ। ਸਾਡੇ ਲਈ ਇਹ ਜਾਣਨਾ ਬੇਹੱਦ ਜ਼ਰੂਰੀ ਹੈ ਕੀੜਾ ‘ਪੈਸਟ’ ਕਿਵੇਂ ਬਣਦਾ ਹੈ ਤੇ ਕਿਸ ਤਰ੍ਹਾਂ ਫ਼ਸਲਾਂ ਅਤੇ ਅਰਥਚਾਰੇ ਦਾ ਨੁਕਸਾਨ ਕਰਦਾ ਹੈ? ਇਸ ਤੋਂ ਇਲਾਵਾ ਕੀੜੇਮਾਰ ਦਵਾਈਆਂ ਦੇ ਪ੍ਰਭਾਵ ਤੇ ਕੀੜੇ ਦੇ ਇਨ੍ਹਾਂ ਦਵਾਈਆਂ ਪ੍ਰਤੀ ਅਵਰੋਧ ਬਾਰੇ ਜਾਣਨਾ ਵੀ ਲਾਜ਼ਮੀ ਹੈ। ਕਈ ਵਾਰ ਬਹੁਤ ਥੋੜ੍ਹੇ ਦੁਸ਼ਮਣ ਕੀੜੇ ਵੀ ਬਹੁਤ ਜ਼ਿਆਦਾ ਨੁਕਸਾਨ ਕਰ ਦਿੰਦੇ ਹਨ। ਜਿਵੇਂ, ਫਲਾਂ ਨੂੰ ਕੋਡਲਿੰਗ ਪਤੰਗਾ ਤੇ ਫਲਾਂ ਦੀ ਮੱਖੀ (ਡਰੋਸੋਫਿਲਾ) ਭਾਰੀ ਨੁਕਸਾਨ ਪਹੁੰਚਾਉਂਦੇ ਹਨ। ਮਾਰਕੀਟ ’ਚ ਮੁਕਾਬਲੇ ਦੀ ਸਥਿਤੀ ਹੋਣ ਕਰਕੇ ਹੁਣ ਮਿਆਰੀ ਭੋਜਨ ਤੇ ਹੋਰਨਾਂ ਪਦਾਰਥਾਂ ਦਾ ਰੁਝਾਨ ਵਧ ਗਿਆ ਹੈ। ਇਸ ਲਈ ਸਾਨੂੰ ਦੁਸ਼ਮਣ ਕੀੜਿਆਂ ਦੀ ਹੋਂਦ ਸਿਰਫ਼ ਬਾਇਲੋਜੀਕਲ ਨਾ ਸੋਚ ਕੇ ਇਕੋਨੋਮੀਕਲੀ ਵੀ ਸੋਚਣਾ ਪਵੇਗਾ ਕਿ ਉਹ ਕਿਸ ਤਰ੍ਹਾਂ ਸਾਨੂੰ ਵਿੱਤੀ ਨੁਕਸਾਨ ਪਹੁੰਚਾਉਂਦੇ ਹਨ।

## ਕੀੜਿਆਂ ਦੀ ਫ਼ਸਲਾਂ ਤਕ ਪਹੁੰਚ ਹੋਈ ਆਸਾਨ

ਕਿਸੇ ਵੀ ਕੀੜੇ ਦੇ ‘ਕੀਟ’ ਬਣਨ ਪਿੱਛੇ ਕਈ ਕਾਰਨ ਹੋ ਸਕਦੇ ਹਨ। ਪਹਿਲਾ ਕਾਰਨ ਇਹ ਹੈ ਕਿ ਕਿਸੇ ਵੀ ਕੀੜੇ ਦਾ ਗ਼ਲਤੀ ਨਾਲ ਜਾਂ ਜਾਣ ਬੁਝ ਕੇ ਆਪਣੀ ਅਸਲੀ ਤੈਅ ਸੀਮਾ ਤੋਂ ਬਾਹਰ ਜਾਣਾ, ਜਿੱਥੇ ਉਹ ਆਪਣੇ ਕੁਦਰਤੀ ਦੁਸ਼ਮਣ ਕੀੜਿਆਂ ਤੋਂ ਬਚ ਜਾਂਦੇ ਹਨ ਜਾਂ ਉਨ੍ਹਾਂ ਦੀ ਪਹੁੰਚ ਤੋਂ ਬਾਹਰ ਹੋ ਜਾਂਦੇ ਹਨ। ਦੂਸਰਾ, ਜਦੋਂ ਕੀਟ ਆਪਣੇ ਪੱਕੇ ਬੂਟੇ ਨੂੰ ਛੱਡ ਕੇ ਦੂਸਰੇ ਪੌਦੇ, ਜੋ ਉਸ ਜਗ੍ਹਾ ਵਾਸਤੇ ਨਵੇਂ ਹੁੰਦੇ ਹਨ, ਉਸ ਉੱਪਰ ਚਲੇ ਜਾਂਦੇ ਹਨ। ਇਹ ਕੰਮ ਉਹ ਕੀੜੇ ਕਰਦੇ ਹਨ ਜੋ ਇਕ ਤੋਂ ਵੱਧ ਪੌਦਿਆਂ ’ਤੇ ਆਪਣਾ ਨਿਰਵਾਹ ਕਰਦੇ ਹਨ, ਜਿਵੇਂ ਕਿ ‘ਆਲੂ ਖਪੜਾ’ (ਉਲੀਗੋਫੈਗਸ ਕਲੋਰੋਡੋ) ਆਪਣੇ ਪੱਕੇ ਬੂਟਿਆਂ ਤੋਂ ਆਲੂ ’ਤੇ ਚਲੇ ਗਈ ਹੈ ਤੇ ਇਕ ਤੋਂ ਵੱਧ ਪੌਦਿਆਂ ’ਤੇ ਰਹਿਣ ਜਾਂ ਉਨ੍ਹਾਂ ਨੂੰ ਖਾਣ ਵਾਲੇ ਕੀੜੇ, ਜਿਵੇਂ ਹੈਲੀਕੋਵਰਪਾ ਤੇ ਹੈਲੀਔਥਸ ਅੱਜ ਕਪਾਹ ਤੇ ਦੂਸਰੀਆਂ ਫ਼ਸਲਾਂ ਦੇ ਭਿਆਨਕ ਕੀੜੇ ਬਣ ਗਏ ਹਨ। ਤੀਜਾ ਕਾਰਨ ਇਕੱਲੀ ਫ਼ਸਲ ’ਤੇ ਬਹੁਤ ਸਾਰੀਆਂ ਫ਼ਸਲਾਂ ਨੂੰ ਸਾਂਝੇ ਤੌਰ ’ਤੇ ਬੀਜਣਾ ਹੈ। ਪਹਿਲਾਂ ਫ਼ਸਲਾਂ ਨੂੰ ਸਾਂਝੇ ਤੌਰ ’ਤੇ ਲਗਾਇਆ ਜਾਂਦਾ ਸੀ ਤੇ ਕੀੜੇ ਨੂੰ ਇਕ ਫ਼ਸਲ ਤੋਂ ਦੂਸਰੀ ਉਸੇ ਫ਼ਸਲ ਤਕ ਜਾਣ ਲਈ ਕਾਫੀ ਦੂਰੀ ਤੈਅ ਕਰਨੀ ਪੈਂਦੀ ਸੀ, ਜਿਸ ਨਾਲ ਵਿਚ-ਵਿਚਾਲੇ ਹੀ ਉਨ੍ਹਾਂ ਨੂੰ ਫ਼ਸਲਾਂ ਦੇ ਮਿੱਤਰ ਕੀੜੇ ਖਾ ਜਾਂਦੇ ਸਨ। ਹੁਣ ਜ਼ਮਾਨਾ ਇੱਕਲੀ ਜਾਂ ਇੱਕੋ ਫ਼ਸਲ ਬੀਜਣ ਦਾ ਆ ਗਿਆ ਹੈ, ਜਿਸ ਕਰਕੇ ਕੀੜੇ ਨੂੰ ਇਕ ਬੂਟੇ ਤੋਂ ਦੂਜੇ ਬੂਟੇ ਤਕ ਜਾਂ ਇਕ ਖੇਤ ਤੋਂ ਦੂਸਰੇ ਖੇਤ ਤਕ ਜਾਣ ਲਈ ਕੋਈ ਮੁਸ਼ਕਿਲ ਨਹੀਂ ਆਉਂਦੀ। ਜਿਸ ਕਾਰਨ ਕੀੜਿਆਂ ਦੀ ਗਿਣਤੀ ਵਧ ਜਾਂਦੀ ਹੈ ਤੇ ਉਹ ਕੀਟ ਦਾ ਰੂਪ ਧਾਰਨ ਕਰ ਲੈਂਦੇ ਹਨ।

## ਰਸਾਇਣਾਂ ਦੇ ਮਾੜੇ ਪ੍ਰਭਾਵ

ਕੀੜੇਮਾਰ ਰਸਾਇਣਕ ਦਵਾਈਆਂ ਦਾ ਉਤਪਾਦਨ ਦੂਸਰੇ ਵਿਸ਼ਵ ਯੁੱਧ ਵੇਲੇ ਹੋਇਆ। ਉਸ ਵੇਲੇ ਇਹ ਦਵਾਈਆਂ ਦਮਦਾਰ ਤੇ ਸਸਤੀਆਂ ਸਨ। ਕਿਸਾਨਾਂ ਲਈ ਕੀੜਿਆਂ ਨੂੰ ਕੰਟਰੋਲ ਕਰਨ ਦਾ ਇਹ ਸਸਤਾ ਤੇ ਵਧੀਆ ਸਾਧਨ ਸੀ। ਜਿਸ ਨੂੰ ਜਲਦ ਹੀ ਘਰੇਲੂ ਰਸਾਇਣਕ, ਕਲਚਰਲ ਤੇ ਬਾਇਲੋਜੀਕਲ ਕੰਟਰੋਲ ਨੇ ਬਦਲ ਕੇ ਰੱਖ ਦਿੱਤਾ।।1950-60 ਦੇ ਦਹਾਕੇ ਸਮੇਂ ਇਨ੍ਹਾਂ ਕੀੜੇਮਾਰ ਦਵਾਈਆਂ ਦੀ ਭਰਮਾਰ ਸੀ ਤੇ ਇਨ੍ਹਾਂ ਦਾ ਇਸਤੇਮਾਲ ਵਧਦਾ ਗਿਆ। ਅੱਜ ਕਿਸਾਨ ਕੋਲ ਨੁਕਸਾਨਦੇਹ ਕੀੜਿਆਂ ’ਤੇ ਕਾਬੂ ਪਾਉਣ ਦਾ ਇਹ ਇਕੋ ਹੀ ਤਰੀਕਾ ਰਹਿ ਗਿਆ ਹੈ। ਇਸ ’ਚ ਕੋਈ ਸ਼ੱਕ ਨਹੀਂ ਕਿ ਇਨ੍ਹਾਂ ਦਵਾਈਆਂ ਨੇ ਕੀੜੇ ਦੀ ਆਮਦ ਨੂੰ ਬਹੁਤ ਹੱਦ ਤਕ ਘਟਾਇਆ ਹੈ ਪਰ ਇਸ ਦੇ ਬੁਰੇ ਪ੍ਰਭਾਵ ਵੀ ਪਏ ਹਨ। ਕੁਦਰਤੀ ਪੌਲੀਨੇਟਰਜ਼ ਤੇ ਮਿੱਤਰ ਕੀੜਿਆਂ ਦਾ ਵੀ ਇਨ੍ਹਾਂ ਦਵਾਈਆਂ ਨਾਲ ਖਾਤਮਾ ਹੋ ਰਿਹਾ ਹੈ। ਨਤੀਜੇ ਵਜੋਂ ਦੁਸ਼ਮਣ ਕੀੜਿਆਂ ਦੀ ਗਿਣਤੀ ਵਧ ਗਈ ਹੈ। ਜੇ ਇਨ੍ਹਾਂ ਕੀੜਿਆਂ ਦੇ ਕੁਦਰਤੀ ਦੁਸ਼ਮਣ ਕੀੜੇ ਬਹੁਤ ਹੌਲੀ ਦਰ ਨਾਲ ਵਧਦੇ ਹਨ ਤਾਂ ਫ਼ਸਲਾਂ ਦੇ ਦੁਸ਼ਮਣ ਕੀੜੇ ਏਨੇ ਵਧ ਜਾਣਗੇ ਕਿ ਇਨ੍ਹਾਂ ਨਾਲ ਰਸਾਇਣਿਕ ਵਿਧੀ ਨਾਲ ਨਜਿੱਠਣਾ ਵੀ ਔਖਾ ਹੋ ਜਾਵੇਗਾ। ਇਸ ਤੋਂ ਇਲਾਵਾ ਇਨ੍ਹਾਂ ਰਸਾਇਣਕ ਦਵਾਈਆਂ ਦਾ ਵਾਤਾਵਰਨ ਤੇ ਮਨੁੱਖੀ ਸਿਹਤ ’ਤੇ ਵੀ ਬੁਰਾ ਪ੍ਰਭਾਵ ਪੈਂਦਾ ਹੈ। ਇਨ੍ਹਾਂ ਦਵਾਈਆਂ ਕਾਰਨ ਧਰਤੀ ਦੀ ਉਪਜਾਊ ਸ਼ਕਤੀ ਘਟ ਰਹੀ ਹੈ ਤੇ ਪਾਣੀ ਦੇ ਸਰੋਤਾਂ ’ਤੇ ਵੀ ਮਾੜਾ ਅਸਰ ਪੈ ਰਿਹਾ ਹੈ। ਕੀਟਨਾਸ਼ਕਾਂ ਕਾਰਨ ਵਾਲ ਝੜਨ, ਕੈਂਸਰ, ਅੱਖਾਂ ਦਾ ਖ਼ਰਾਬ ਹੋਣਾ, ਚਮੜੀ ਰੋਗ, ਸਾਹ ਦੀਆਂ ਬੀਮਾਰੀਆਂ ਮੁੱਖ ਤੌਰ ’ਤੇ ਉੱਭਰ ਕੇ ਸਾਹਮਣੇ ਆਈਆਂ ਹਨ।

### ਰਸਾਇਲਾਂ ਦੀ ਕਾਰਜ-ਵਿਧੀ

*ਅੱਜ ਬਹੁਤ ਤਰ੍ਹਾਂ ਦੀਆਂ ਰਸਾਇਣਕ ਦਵਾਈਆਂ ਉਪਲਬਧ ਹਨ, ਜਿਨ੍ਹਾਂ ਨਾਲ ਕੀੜਿਆਂ ਨੂੰ ਮਾਰਿਆ ਜਾ ਸਕਦਾ ਹੈ। ਇਹ ਦਵਾਈਆਂ ਸਿੱਧੀਆਂ ਕੀੜੇ ਦੀ ਚਮੜੀ ਰਾਹੀਂ ਉਸ ਦੇ ਸਰੀਰ ’ਚ ਚਲੀਆਂ ਜਾਂਦੀਆਂ ਹਨ। ਇਸ ਤੋਂ ਇਲਾਵਾ ਇਹ ਦਵਾਈਆਂ ਕੀੜਿਆਂ ਦੇ ਸੁੰਘਣ ਜਾਂ ਮੂੰਹ ਰਾਹੀਂ ਉਨ੍ਹਾਂ ਦੇ ਅੰਦਰ ਜਾਣ ’ਤੇ ਕੀੜੇ ਦੀ ਪਾਚਨ ਪ੍ਰਣਾਲੀ ਨੂੰ ਪ੍ਰਭਾਵਿਤ ਕਰਦੀਆਂ ਹਨ ਤੇ ਉਸ ਦੀ ਦਿਮਾਗੀ ਪ੍ਰਣਾਲੀ ਵਿਚ ਜਾ ਕੇ ਲਕਵਾ ਕਰ ਦਿੰਦੀਆਂ ਹਨ ਜਾਂ ਉਸ ਨੂੰ ਮਾਰ ਦਿੰਦੀਆਂ ਹਨ। ਕੁਝ ਦਵਾਈਆਂ ਕੀੜਿਆਂ ਦੀਆਂ ਵਧਣ-ਫੁੱਲਣ ਤੇ ਹੋਰ ਸਰੀਰਕ ਕਿਰਿਆਵਾਂ ਨੂੰ ਰੋਕ ਦਿੰਦੀਆਂ ਹਨ। ਇਹ ਦਵਾਈਆਂ ਕੀੜਿਆਂ ਦੇ ਹਾਰਮਮੋਨਜ਼ ਦੇ ਪ੍ਰਭਾਵ ਨੂੰ ਖ਼ਤਮ ਕਰਦੀਆਂ ਹਨ।*

## ਸਮੂਹਿਕ ਪ੍ਰਬੰਧ ਵਿਧੀ

ਨੁਕਸਾਨਦਾਇਕ ਕੀੜੇ ਘਟਾਉਣ ਦੇ ਸਮੂਹਿਕ ਪ੍ਰਬੰਧ ਦੀ ਵਿਧੀ ਪਹਿਲੀ ਵਾਰ 1960 ਵਿਚ ਪ੍ਰਮੋਟ ਹੋਈ ਸੀ, ਜਦੋਂ ਰਸਾਇਣਕ ਕੀੜੇਮਾਰ ਦਵਾਈਆਂ ਫੇਲ੍ਹ ਹੋ ਗਈਆਂ ਸਨ। ਖ਼ਾਸ ਕਰਕੇ ਕਪਾਹ ਦੀ ਫ਼ਸਲ ਉੱਤੇ 12 ਵਾਰ ਇਨ੍ਹਾਂ ਦਵਾਈਆਂ ਦਾ ਛੜਕਾਅ ਕਰਨ ਦੀ ਲੋੜ ਪੈ ਰਹੀ ਸੀ। ਜਿਸ ਕਰਕੇ ਇਹ ਦਵਾਈਆਂ ਫੇਲ੍ਹ ਹੋ ਗਈਆਂ ਸਨ। ਇਸ ਵਿਧੀ ਦਾ ਮੁੱਖ ਕਾਰਜ ਫ਼ਸਲ ਦੇ ਹੋ ਰਹੇ ਨੁਕਸਾਨ ਤੇ ਅਰਥਚਾਰੇ ਨੂੰ ਵੱਜ ਰਹੇ ਧੱਕੇ ਦੀ ਹੱਦ ਨੂੰ ਘਟਾਉਣ ਦੇ ਨਾਲ-ਨਾਲ ਇਨ੍ਹਾਂ ਰਸਾਇਣਾਂ ਦੇ ਮਿੱਤਰ ਕੀੜਿਆਂ ਤੇ ਵਾਤਾਵਰਨ ਉੱਪਰ ਪੈ ਰਹੇ ਮਾੜੇ ਪ੍ਰਭਾਵ ਦਾ ਘੱਟ ਕਰਨਾ ਹੈ। ਇਕੋਨੋਮਿਕ ਤੇ ਵਾਤਾਵਰਨ ਨੂੰ ਫ਼ਾਇਦੇ ਦੇ ਬਾਵਜੂਦ ਇਸ ਨੂੰ ਲਾਗੂ ਕਰਨ ਦਾ ਕੰਮ ਬਹੁਤ ਹੌਲੀ ਚੱਲ ਰਿਹਾ ਹੈ। ਇਸ ਦੇ ਮੁੱਖ ਕਾਰਨ ਹਨ : ਕੀਟ ਤੇ ਕੁਦਰਤੀ ਦੁਸ਼ਮਣਾਂ ਦੇ ਜੀਵਨ ਚੱਕਰ ਤੇ ਰਹਿਣ-ਸਹਿਣ ਦੀ ਜਾਣਕਾਰੀ ਦੀ ਘਾਟ, ਹਰੇਕ ਕੀਟ ਦੁਆਰਾ ਫ਼ਸਲ ਨੂੰ ਪਹੁੰਚਾਏ ਜਾਂਦੇ ਨੁਕਸਾਨ ਤੇ ਵਿੱਤੀ ਘਾਟੇ ਦੀ ਜਾਣਕਾਰੀ ਨਾ ਹੋਣ, ਉਕਤ ਜਾਣਕਾਰੀ ਲਈ ਖੋਜ ਦੇ ਖੇਤਰਾਂ ’ਚ ਪਰਪੱਕਤਾ ਨਾ ਹੋਣਾ ਤੇ ਕਿਸਾਨ, ਖੇਤੀਬਾੜੀ ਅਫਸਰਾਂ ਤੇ ਜੰਗਲਾਤ ਮਹਿਕਮੇ ਦੇ ਕਰਮਚਾਰੀਆਂ ਨੂੰ ਸਿਖਲਾਈ ਦੀ ਘਾਟ।

## ਬਾਇਲੋਜੀਕਲ ਕੰਟਰੋਲ ਤਕਨੀਕ

ਬਾਇਲੋਜੀਕਲ ਕੰਟਰੋਲ ਮਨੁੱਖ ਦੁਆਰਾ ਵਿਕਸਿਤ ਕੀਤੀ ਤਕਨੀਕ ਹੈ। ਇਸ ਵਿਚ ਕਿਸੇ ਵੀ ਕੀਟ ਦੇ ਕੁਦਰਤੀ ਦੁਸ਼ਮਣ ਨੂੰ ਉਸ ਉੱਪਰ ਛੱਡਿਆ ਜਾਂਦਾ ਹੈ ਤਾਂ ਕਿ ਕੀਟ ਨੂੰ ਕੁਝ ਹੱਦ ਤਕ ਖ਼ਤਮ ਕੀਤਾ ਜਾ ਸਕੇ ਪਰ ਇਹ ਤਕਨੀਕ ਸਾਡੇ ਅਰਥਚਾਰੇ ਨੂੰ ਉੱਚਾ ਚੁੱਕਣ ’ਚ ਬਹੁਤੀ ਸਹਾਈ ਸਿੱਧ ਨਹੀਂ ਹੋਈ, ਫਿਰ ਵੀ ਇਹ ਨੁਕਸਾਨ ਦੀ ਹੱਦ ਤਕ ਪਹੁੰਚਣ ਤੋਂ ਪਹਿਲਾਂ ਦੁਸ਼ਮਣ ਕੀੜੇ ਨੂੰ ਖ਼ਤਮ ਕਰ ਦਿੰਦੀ ਹੈ। ਹੁਣ ਤਕ ਬਹੁਤ ਸਾਰੀਆਂ ਬਾਇਲੋਜੀਕਲ ਵਿਧੀਆਂ ਪਛਾਣੀਆਂ ਜਾ ਚੁੱਕੀਆਂ ਹਨ ਪਰ ਇਨ੍ਹਾਂ ਦੀਆਂ ਪਰਿਭਾਸ਼ਾਵਾਂ ਅਲੱਗ ਹਨ ਜੋ ਅੱਜ ਵੀ ਸਮਝ ਨਹੀਂ ਆ ਰਹੀਆਂ। ਇਕ ਹੈ ‘ਕਲਾਸੀਕਲ ਬਾਇਲੋਜੀਕਲ ਰੋਕਥਾਮ’ ਜਿਸ ਦਾ ਮਤਲਬ ਹੈ ਨਵੇਂ ਕੁਦਰਤੀ ਦੁਸ਼ਮਣਾਂ ਨੂੰ ਵਿਕਸਿਤ ਕਰਨਾ, ਤਾਂ ਕਿ ਦੁਸ਼ਮਣ ਕੀੜੇ ਨੂੰ ਨਿਸ਼ਾਨਾ ਬਣਾਇਆ ਜਾ ਸਕੇ। ਇਹ ਵਿਧੀ ਉਨ੍ਹਾਂ ਦੁਸ਼ਮਣ ਕੀੜਿਆਂ ਵਾਸਤੇ ਲਾਭਦਾਇਕ ਹੈ ਜਿਹੜੇ ਆਪਣੀ ਜਗ੍ਹਾ ਛੱਡ ਕੇ ਆਪਣੀ ਸੀਮਾ ਤੋਂ ਬਾਹਰ ਦੂਸਰੀ ਜਗ੍ਹਾ ’ਤੇ ਚਲੇ ਜਾਂਦੇ ਹਨ। ਕੀੜਿਆਂ ਤੋਂ ਬਚਾਅ ਲਈ ਕਿਸਾਨਾਂ ਨੂੰ ਬਾਕਾਇਦਾ ਜਾਣਕਾਰੀ ਤੇ ਤਜਰਬਾ ਹੋਣਾ ਚਾਹੀਦਾ ਹੈ ਕਿ ਕਿਸ ਤਰ੍ਹਾਂ ਘੱਟ ਖ਼ਰਚੇ ਨਾਲ ਫ਼ਸਲ ਨੂੰ ਨੁਕਸਾਨ ਤੋਂ ਬਚਾਇਆ ਜਾ ਸਕਦਾ ਹੈ। •

ਮੋਬਾਈਲ 80540-33569



# ਮੱਕੀ ਦੀ ਫ਼ਸਲ ਦਾ ਬਿਮਾਰੀਆਂ ਤੋਂ ਬਚਾਓ

*ਕਣਕ ਅਤੇ ਝੋਨੇ ਦੇ ਰਵਾਇਤੀ ਫ਼ਸਲੀ ਚੱਕਰ ’ਚੋਂ ਨਿਕਲਣ ਲਈ ਮੱਕੀ ਨੂੰ ਇਕ ਅਹਿਮ ਬਦਲ ਵਜੋਂ ਵੇਖਿਆ ਜਾਂਦਾ ਹੈ। ਇਸ ਦੇ ਉਤਪਾਦਨ ਨੂੰ ਬਰਕਰਾਰ ਰੱਖਣ ਲਈ ਫ਼ਸਲ ਨੂੰ ਬਿਮਾਰੀਆਂ ਤੋਂ ਬਚਾਉਣਾ ਜ਼ਰੂਰੀ ਹੈ...*

• ਹਰਲੀਨ ਕੌਰ, ਅਮਰਜੀਤ ਸਿੰਘ

ਕਣਕ-ਝੋਨੇ ਤੋਂ ਬਾਅਦ ਮੱਕੀ ਪੰਜਾਬ ਦੀ ਮੁੱਖ ਫ਼ਸਲ ਹੈ। 2014-15 ਦੌਰਾਨ ਇਸ ਦੀ ਕਾਸ਼ਤ 126 ਹਜ਼ਾਰ ਹੈਕਟੇਅਰ ਰਕਬੇ ’ਚ ਕੀਤੀ ਗਈ ਤੇ ਕੁਲ ਉਪਜ 460 ਹਜ਼ਾਰ ਟਨ ਪ੍ਰਾਪਤ ਹੋਈ ਜਦਕਿ ਔਸਤ ਝਾੜ 36.52 ਕੁਇੰਟਲ ਪ੍ਰਤੀ ਹੈਕਟੇਅਰ ਰਿਹਾ। ਅਜੋਕੀ ਖੇਤੀ ਦੇ ਸੰਦਰਭ ’ਚ ਇਹ ਗੱਲ ਜ਼ੋਰ ਫੜਦੀ ਜਾ ਰਹੀ ਹੈ ਕਿ ਕਣਕ-ਝੋਨੇ ਦੇ ਫ਼ਸਲੀ ਚੱਕਰ ਹੇਠ ਰਕਬਾ ਘਟਾਇਆ ਜਾਵੇ।

ਫ਼ਸਲੀ ਵਿਭੰਨਤਾ ਦੀ ਗੱਲ ਆਉਂਦਿਆਂ ਹੀ ਝੋਨੇ ਦੇ ਬਦਲ ਦੇ ਤੌਰ ’ਤੇ ਸਿਰਫ਼ ਮੱਕੀ ਨੂੰ ਹੀ ਵੇਖਿਆ ਜਾਂਦਾ ਹੈ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਾਉਣੀ ਰੁੱਤ ਵਿਚ ਪੀਐੱਮਐੱਚ-1 ਤੇ ਪੀਐੱਮਐੱਚ-2 ਕਿਸਮਾਂ ਦੀ ਸਿਫਾਰਸ਼ ਕੀਤੀ ਗਈ ਹੈ। ਇਹ ਕਿਸਮਾਂ ਦੋਗਲੀਆਂ ਹਨ ਤੇ ਇਨ੍ਹਾਂ ਦਾ ਬੀਜ ਹਰ ਸਾਲ ਨਵਾਂ ਲੈਣਾ ਪੈਂਦਾ ਹੈ। ਇਨ੍ਹਾਂ ਕਿਸਮਾਂ ਦਾ ਔਸਤ ਝਾੜ 18 ਤੋਂ 21 ਕੁਇੰਟਲ ਪ੍ਰਤੀ ਏਕੜ ਹੈ, ਜਦਕਿ ਪੰਜਾਬ ’ਚ ਮੱਕੀ ਦਾ ਔਸਤ ਝਾੜ 14.7 ਕੁਇੰਟਲ ਪ੍ਰਤੀ ਏਕੜ ਹੈ।



### ਪੱਤਾ ਝੁਲਸ ਰੋਗ

*ਇਸ ਬਿਮਾਰੀ ਦਾ ਹਮਲਾ ਗਰਮ ਤੇ ਨਮੀਂ ਵਾਲੇ ਇਲਾਕਿਆਂ ’ਚ ਜ਼ਿਆਦਾ ਨੁਕਸਾਨ ਕਰਦਾ ਹੈ। ਪੀਏਯੂ ਵੱਲੋਂ ਸਿਫਾਰਸ਼ ਕੀਤੀਆਂ ਕਿਸਮਾਂ ਇਸ ਬਿਮਾਰੀ ਦਾ ਟਾਕਰਾ ਕਰਨ ਦੇ ਸਮਰੱਥ ਹਨ ਪਰ ਦੋਗਲੀਆਂ ਕਿਸਮਾਂ ਦੀਆਂ ਨਰ ਤੇ ਮਾਦਾ ਲਾਈਨਾਂ ’ਤੇ ਇਸ ਦਾ ਹਮਲਾ ਵਧੇਰੇ ਹੁੰਦਾ ਹੈ। ਇਸ ਬਿਮਾਰੀ ਨਾਲ ਪੱਤਿਆਂ ਦੇ ਆਲੇ-ਦੁਆਲੇ ਪੀਲੇ ਜਾਂ ਭੂਰੇ ਘੇਰੇ ਬਣ ਜਾਂਦੇ ਹਨ ਤੇ ਪੱਤੇ ਸੁੱਕ ਜਾਂਦੇ ਹਨ। ਇਹ ਨਿਸ਼ਾਨੀਆਂ ਛੱਲੀਆਂ ਦੇ ਪਰਦਿਆਂ ’ਤੇ ਵੀ ਪੈ ਜਾਂਦੀਆਂ ਹਨ। ਪਛੇਤੀ ਬਿਜਾਈ ਵਾਲੀ ਫ਼ਸਲ ’ਤੇ ਬਿਮਾਰੀ ਦਾ ਹਮਲਾ ਵਧੇਰੇ ਹੁੰਦਾ ਹੈ। ਇਸ ਬਿਮਾਰੀ ਦੀ ਰੋਕਥਾਮ ਲਈ ਬਿਜਾਈ ਤੋਂ 15 ਦਿਨ ਬਾਅਦ 200 ਗ੍ਰਾਮ ਇੰਡੋਫਿਲ ਐਮ-45 ਨੂੰ 100 ਲਿਟਰ ਪਾਣੀ ਵਿਚ ਘੋਲ ਕੇ 10-10 ਦਿਨ ਦੇ ਫ਼ਰਕ ’ਤੇ ਤਿੰਨ ਛਿੜਕਾਅ ਕਰੋ। ਬਿਮਾਰੀ ਵਾਲੀ ਫ਼ਸਲ ਦੇ ਮੁੱਢਾਂ ਦਾ ਕਟਾਈ ਤੋਂ ਬਾਅਦ ਨਸ਼ਟ ਕਰ ਦਿਓ।*

ਇਸ ਦਾ ਮੁੱਖ ਕਾਰਨ ਬਿਮਾਰੀਆਂ ਦੇ ਹਮਲੇ ਨਾਲ ਹੋਣ ਵਾਲਾ ਨੁਕਸਾਨ ਹੈ। ਇਨ੍ਹਾਂ ਬਿਮਾਰੀਆਂ ਦੀ ਰੋਕਥਾਮ ਲਈ ਯੂਨੀਵਰਸਿਟੀ ਦੀਆਂ ਸਿਫਾਰਸ਼ਾਂ ਨੂੰ ਅਪਣਾ ਕੇ ਮੱਕੀ ਦਾ ਪੂਰਾ ਝਾੜ ਲਿਆ ਜਾ ਸਕਦਾ ਹੈ। ਸਮਾਂ ਰਹਿੰਦਿਆਂ ਇਨ੍ਹਾਂ ਬਿਮਾਰੀਆਂ ਦੀ ਪਛਾਣ ਕਰ ਕੇ ਇਨ੍ਹਾਂ ਦੀ ਰੋਕਥਾਮ ਕੀਤੀ ਜਾ ਸਕਦੀ ਹੈ।

## ਬੀਜ ਗਲਣਾ ਤੇ ਪੌਦਾ ਝੁਲਸ ਰੋਗ

ਇਹ ਬਿਮਾਰੀ ਕਈ ਤਰ੍ਹਾਂ ਦੀਆਂ ਉੱਲੀਆਂ ਕਾਰਨ ਹੋ ਸਕਦੀ ਹੈ। ਇਸ ਦੇ ਹਮਲੇ ਨਾਲ ਖੇਤ ’ਚ ਬੂਟਿਆਂ ਦੀ ਗਿਣਤੀ ਘਟ ਜਾਂਦੀ ਹੈ। ਬਿਮਾਰੀ ਕਾਰਨ ਬੀਜ ਘੱਟ ਉੱਗਦਾ ਹੈ। ਇਸ ਦਾ ਹਮਲਾ ਬੀਜ ਜੰਮਣ ਤੋਂ ਬਾਅਦ ਵੀ ਹੋ ਸਕਦਾ ਹੈ, ਜਿਸ ਕਰਕੇ ਛੋਟੇ ਬੂਟੇ ਪੀਲੇ ਪੈ ਜਾਂਦੇ ਹਨ ਤੇ ਉਨ੍ਹਾਂ ਦਾ ਵਾਧਾ ਰੁਕ ਜਾਂਦਾ ਹੈ। ਬਿਮਾਰ ਬੂਟਿਆਂ ਦੀ ਘੰਡੀ ਉੱਤੇ ਉੱਲੀ ਪੈਦਾ ਹੋ ਜਾਂਦੀ ਹੈ ਤੇ ਬੂਟੇ ਮਰਨੇ ਸ਼ੁਰੂ ਹੋ ਜਾਂਦੇ ਹਨ। ਮੱਕੀ ਵਿਚ ਬੂਟਿਆਂ ਦੀ ਗਿਣਤੀ ਬਹੁਤ ਮਹੱਤਤਾ ਰੱਖਦੀ ਹੈ। ਜੇ ਬੂਟਿਆਂ ਦੀ ਗਿਣਤੀ ਘਟ ਜਾਵੇ ਤਾਂ ਝਾੜ ’ਤੇ ਮਾੜਾ ਅਸਰ ਪੈਂਦਾ ਹੈ। ਮੱਕੀ ਤੋਂ ਚੰਗਾ ਝਾੜ ਲੈਣ ਵਾਸਤੇ ਬੀਜ ਹਮੇਸ਼ਾ ਰੋਗ ਰਹਿਤ ਖੇਤ ਵਿੱਚੋਂ ਹੀ ਲਵੋ। ਬੀਜ ਨੂੰ ਰੋਗ ਰਹਿਤ ਕਰਨ ਲਈ ਬਾਵਿਸਟਨ ਜਾਂ ਡੈਰੋਸਿਲ ਜਾਂ ਐਗਰੋਜ਼ਿ (3 ਗ੍ਰਾਮ ਪ੍ਰਤੀ ਕਿੱਲੋ) ਨਾਲ ਸੋਧ ਬੀਜੋ। ਖੇਤ ’ਚ ਪਾਣੀ ਦੀ ਨਿਕਾਸੀ ਦਾ ਚੰਗਾ ਪ੍ਰਬੰਧ ਹੋਣਾ ਚਾਹੀਦਾ ਹੈ। ਰੋਗੀ, ਸੁ ਤੇ ਗਲੇ ਹੋਏ ਦਾਣੇ ਵੱਖ ਕਰ ਕੇ ਬਿਮਾ ਰਹਿਤ ਬੀਜ ਨੂੰ ਵੱਖ ਕਰ ਲਵੋ।

## ਭੂਰੀ ਜਾਲੇਦਾਰ ਉੱਲੀ

ਇਸ ਬਿਮਾਰੀ ਦਾ ਹਮਲਾ ਗਰਮ ਨਮੀਂ ਵਾਲੇ ਇਲਾਕਿਆਂ ’ਚ ਵਧੇਰੇ ਹੁੰ ਹੈ। ਇਸ ਬਿਮਾਰੀ ਨਾਲ ਪੱਤਿਆਂ ਦੀਆ ਨਾੜੀਆਂ ਦੇ ਵਿਚਕਾਰ ਭੂਰੀਆਂ ਧਾਰੀਆ ਪੈ ਜਾਂਦੀਆਂ ਹਨ ਤੇ ਧਾਰੀਆਂ ਦੇ ਹੇਠ ਚਿੱ ਉੱਲੀ ਲੱਗ ਜਾਂਦੀ ਹੈ। ਰੋਗੀ ਬੂਟਿਆਂ ਛੱਲੀਆਂ ਛੋਟੀਆਂ ਲਗਦੀਆਂ ਹਨ। ਇ ਬਿਮਾਰੀ ਮਿੱਟੀ ਤੇ ਫ਼ਸਲੀ ਰਹਿੰਦ ਖੂੰਹ ’ਚੋਂ ਉਪਜਦੀ ਹੈ ਤੇ ਇਸ ਦਾ ਵਾਧਾ ਹ ਤੇ ਵਰਖਾ ਨਾਲ ਹੁੰਦਾ ਹੈ। ਖੇਤ ’ਚ ‘ਤੱਕ ਘਾਹ’ ਇਸ ਬਿਮਾਰੀ ਨੂੰ ਕਾਫੀ ਵਧਾਉਂ ਹੈ। ਇਸ ਦੀ ਰੋਕਥਾਮ ਵੀ ਪੱਤਾ ਝੁਲ ਰੋਗ ਵਾਲੀਆਂ ਦਵਾਈਆਂ ਦੇ ਛਿੜਕਾ ਨਾਲ ਕੀਤੀ ਜਾ ਸਕਦੀ ਹੈ। ਖੇਤਾਂ ’ ਤੱਕੜੀ ਘਾਹ ਨੂੰ ਨਸ਼ਟ ਕਰ ਦੇਵੋ।

## ਟਾਂਡੇ ਗਲਣਾ

ਇਹ ਰੋਗ ਇਕ ਜੀਵਾਣੂ ਕਾਰਨ ਹੁੰ ਹੈ, ਜਿਸ ਦਾ ਹਮਲਾ ਗਰਮੀ ਤੇ ਨਮੀ ਜ਼ਿਆਦਾ ਹੁੰਦਾ ਹੈ। ਪੀਐੱਮਐੱਚ-1 ਪੀਐੱਮਐੱਚ-2 ਹਾਈਬ੍ਰਿਡ ’ਤੇ ਇਸ ਅਸਰ ਘੱਟ ਹੁੰਦਾ ਹੈ। ਇਸ ਰੋਗ ਨਾਲ ਤ ਦੇ ਹੇਠਲੇ ਹਿੱਸੇ ’ਚ ਪਾਣੀ ਭਿੱਜੇ ਨਿਸ਼ਾਨ ਜਾਂਦੇ ਹਨ ਤੇ ਟਾਂਡਾ ਗਲਣਾ ਸ਼ੁਰੂ ਹੋ ਜਾਂ ਹੈ। ਅਗਸਤ-ਸਤੰਬਰ ਵਿਚ ਜ਼ਿਆਦਾ ਮੀ ਪੈਣ ਨਾਲ ਖੇਤਾਂ ’ਚ ਪਾਣੀ ਖੜ੍ਹ ਜਾਂਦਾ ਜਿਸ ਨਾਲ ਇਹ ਬਿਮਾਰੀ ਜਲਦੀ ਫ਼ੈਲ ਹੈ। ਤਣੇ ਦਾ ਬਾਹਰੀ ਹਰਾਪਣ ਖ਼ਤਮ ਹੋ ਤੇ ਤਣੇ ’ਚੋਂ ਬਦਬੂ ਆਉਣਾ ਇਸ ਬਿਮਾ ਦੇ ਮੁੱਖ ਲੱਛਣ ਹਨ। ਗਲਿਆ ਹੋਇਆ ਤਣਾ ਵਿਚਕਾਰੋਂ ਟੁੱਟ ਕੇ ਸੁੱਕ ਜਾਂਦਾ ਹੈ ਬਿਮਾਰੀ ਤੋਂ ਬਚਾਅ ਲਈ ਖੇਤ ’ਚੋਂ ਪਾ ਦਾ ਨਿਕਾਸ ਤੇ ਬੂਟਿਆਂ ਵਿਚਕਾਰ ਫ਼ਾਸਲ ਠੀਕ ਰੱਖੋ। ਜਦੋਂ ਵੀ ਇਕ-ਦੋ ਬੂਟਿਆਂ ’ ਇਹ ਬਿਮਾਰੀ ਨਜ਼ਰ ਆਵੇ ਤਾਂ ਉ ਪੌਦਿਆਂ ਦੇ ਮੁੱਢਾਂ ਨੂੰ ਨਸ਼ਟ ਕਰ ਦਿ ਜਿਸ ਖੇਤ ’ਚ ਇਸ ਬਿਮਾਰੀ ਦੀ ਸੰਭਾਵ ਹੋਵੇ, ਉੱਥੇ ਬਿਜਾਈ ਵੱਟਾਂ ’ਤੇ ਕਰੋ।

## ਪਛੇਤਾ ਮੁਰਝਾਉਣਾ

ਇਹ ਇਕ ਗੁੰਝਲਦਾਰ ਰੋਗ ਹੈ, ਉੱਲੀਆਂ ਕਾਰਨ ਹੋ ਸਕਦਾ ਹੈ। ਇ ਦੇ ਹਮਲੇ ਨਾਲ ਬੂਟੇ ਫੁੱਲ ਆਉਣ ਬਾਅਦ ਕੁਮਲਾਉਣ ਲਗਦੇ ਹਨ। ਟਾਂ ਦੀਆਂ ਹੇਠਲੀਆਂ ਪੋਰੀਆਂ ਦਾ ਰੰਗ ਬਦ ਜਾਂਦਾ ਹੈ। ਟਾਂਡੇ ਨੂੰ ਪਾੜਨ ’ਤੇ ਵਿਚ ਹਿੱਸੇ ’ਚ ਭੂਰੀਆਂ-ਕਾਲੀਆਂ ਧਾਰੀਆਂ ਨਜ਼ ਆਉਂਦੀਆਂ ਹਨ। ਇਸ ਦੀ ਰੋਕਥਾਮ ਲ ਪੀਐੱਮਐੱਚ-1 ਤੇ ਪੀਐੱਮਐਚ-2 ਕਿਸ ਬੀਜੋ। ਫ਼ਸਲ ਨੂੰ ਫੁੱਲ ਲੱਗਣ ਮੌਕੇ ਪਾ ਦੀ ਘਾਟ ਨਾ ਆਉਣ ਦਿਓ। ਖਾਦਾਂ ਸ ਮਾਤਰਾ ’ਚ ਵਰਤੋ।

## ਚਿਤਕਬਰਾ ਰੋਗ

ਚਿਤਕਬਰਾ ਰੋਗ ਦਾ ਹਮਲਾ ਪਿਛ ਕੁਝ ਸਾਲਾਂ ਤੋਂ ਤੇਜ਼ੀ ਨਾਲ ਵਧਿਆ ਹੈ ਇਸ ਦਾ ਕਾਰਨ ਹੈ ਕਿ ਹਾਲੇ ਤਕ ਇ ਦਾ ਟਾਕਰਾ ਕਰਨ ਵਾਲੀ ਕੋਈ ਕਿਸ ਵਿਕਸਤ ਨਹੀਂ ਹੋ ਸਕੀ। ਇਸ ਰੋਗ ਆਸਾਨੀ ਨਾਲ ਪਛਾਣਿਆ ਜਾ ਸਕਦਾ ਹੈ ਰੋਗ ਦੇ ਹਮਲੇ ਵੇਲੇ ਪੱਤਿਆਂ ’ਤੇ ਫਿ ਤੇ ਗੂੜ੍ਹੇ ਰੰਗ ਦੇ ਕੌਡੀਆਂ ਵਰਗੇ ਧੱਬੇ ਜਾਂਦੇ ਹਨ। ਇਨ੍ਹਾਂ ਧੱਬਿਆਂ ਦੀ ਲੰਬਾਈ ਤੇ ਚੌੜਾਈ ਵਧਣੀ ਸ਼ੁਰੂ ਹੋ ਜਾਂਦੀ ਹੈ ਹੌਲੀ-ਹੌਲੀ ਇਹ ਲੱਛਣ ਤਣੇ ਤੇ ਛੱਲੀਆ ਦੇ ਪਰਦਿਆਂ ’ਤੇ ਨਜ਼ਰ ਆਉਣ ਲਗ ਹਨ। ਅਖ਼ੀਰ ’ਚ ਬਿਮਾਰੀ ਦੇ ਕਾਲੇ ਰੰਗ ਬੀਜਾਣੂ ‘ਸਕਲੀਰੋਸ਼ੀਆ’ ਵਿਖਾਈ ਦੇ ਲਗਦੇ ਹਨ। ਇਹ ਬੀਜਾਣੂ ਕਟਾਈ ਸ ਜ਼ਮੀਨ ’ਤੇ ਡਿੱਗ ਪੈਂਦੇ ਹਨ ਤੇ ਮਿੱਟੀ ’ ਕਈ ਸਾਲ ਜ਼ਿੰਦਾ ਰਹਿੰਦੇ ਹਨ। ਆਉ ਵਾਲੇ ਸਾਲਾਂ ’ਚ ਜਦੋਂ ਮੌਸਮ ਬਿਮਾਰੀ ਅਨੁਕੂਲ ਹੋਵੇ ਤਾਂ ਇਹ ਬੀਜਾਣੂ ਬਿਮਾ ਦੇ ਪੈਦਾ ਹੋਣ ਦਾ ਕਾਰਨ ਬਣਦੇ ਹਨ ਬਚਾਅ ਲਈ ਬਿਮਾਰੀ ਵਾਲੇ ਖੇਤਾਂ ’ਚ 2- ਸਾਲ ਮੱਕੀ ਨਾ ਬੀਜੋ ਤੇ ਸਹੀ ਫ਼ਸਲੀ ਚੱਕ ਅਪਣਾਓ। ਇਹ ਬਿਮਾਰੀ ਕਿਉਂਕਿ ਬੂਟੇ ਹੇਠਲੇ ਹਿੱਸੇ ਤੋਂ ਸ਼ੁਰੂ ਹੁੰਦੀ ਹੈ, ਇਸ ਲ ਟਾਂਡੇ ਦੇ ਹੇਠਲੇ 2-3 ਪੱਤੇ ਲਾਹ ਕੇ ਵੀ ਇ ਬਿਮਾਰੀ ਨੂੰ ਘਟਾਇਆ ਜਾ ਸਕਦਾ ਹੈ।

ਮੋਬਾਈਲ 95010-8005

# ਝੋਨੇ ਦੇ ਕੀੜੇ-ਮਕੌੜੇ ਤੇ ਉਨ੍ਹਾਂ ਦੀ ਰੋਕਥਾਮ

• ਗੁਰਮੀਤ ਸਿੰਘ

*ਝੋਨੇ ਅਤੇ ਬਾਸਮਤੀ ਦੀ ਫ਼ਸਲ ਉੱਪਰ ਕੀੜਿਆਂ ਦੇ ਹਮਲੇ ਕਾਰਨ ਕਿਸਾਨਾਂ ਨੂੰ ਭਾਰੀ ਵਿੱਤੀ ਨੁਕਸਾਨ ਝੱਲਣਾ ਪੈਂਦਾ ਹੈ। ਇਨ੍ਹਾਂ ਵਿੱਚੋਂ ਬਹੁਤ ਸਾਰੇ ਕੀੜੇ ਪੱਤਿਆਂ ਦਾ ਰਸ ਚੂਸ ਕੇ ਜਿੱਥੇ ਫ਼ਸਲ ਨੂੰ ਨੁਕਸਾਨ ਪਹੁੰਚਾਉਂਦੇ ਹਨ, ਉੱਥੇ ਬਹੁਤ ਸਾਰੇ ਕੀੜੇ ਬਿਮਾਰੀਆਂ ਦੇ ਵਾਇਰਸ ਵੀ ਫ਼ੈਲਾਉਂਦੇ ਹਨ। ਇਨ੍ਹਾਂ ਕੀੜਿਆਂ ਉੱਪਰ ਤਦ ਹੀ ਅਸਰਦਾਰ ਢੰਗ ਨਾਲ ਕਾਬੂ ਪਾਇਆ ਜਾ ਸਕਦਾ ਹੈ ਜੇ ਸਾਨੂੰ ਉਨ੍ਹਾਂ ਦੀ ਪਛਾਣ ਹੋਵੇ...*

ਝੋਨੇ ਅਤੇ ਬਾਸਮਤੀ ਦੇ ਉਤਪਾਦਨ ਨੂੰ ਕੀੜੇ ਵੱਡੀ ਪੱਧਰ ’ਤੇ ਪ੍ਰਭਾਵਿਤ ਕਰਦੇ ਹਨ। ਕੁਝ ਕੀੜਿਆਂ ਦੇ ਹਮਲੇ ਕਾਰਨ ਤਾਂ 6 ਤੋਂ 65 ਫ਼ੀਸਦੀ ਤਕ ਫ਼ਸਲ ਪ੍ਰਭਾਵਿਤ ਹੁੰਦੀ ਵੀ ਪਾਈ ਗਈ ਹੈ। ਕਈ ਵਾਰ ਕੀੜਿਆਂ ਦੇ ਵੱਡੇ ਹਮਲੇ ਕਾਰਨ ਖੇਤ ਧੌੜੀਆਂ ਦੇ ਰੂਪ ਵਿਚ ਸੁੱਕਣਾ ਸ਼ੁਰੂ ਹੋ ਜਾਂਦਾ ਹੈ ਤੇ ਇਸ ਨਾਲ ਫ਼ਸਲ ਦੇ ਉਤਪਾਨ ’ਚ ਗਿਰਾਵਟ ਆ ਜਾਂਦੀ ਹੈ। ਇਨ੍ਹਾਂ ਕੀੜਿਆਂ ’ਚ ਭੂਰੀ ਪਿੱਠ ਵਾਲਾ ਟਿੱਡਾ, ਝੋਨੇ ਦਾ ਹਿਸਪਾ, ਝੋਨੇ ਦੀ ਜੜ੍ਹ ਦੀ ਵੀਵਲ, ਝੋਨੇ ਦੀ ਬੱਗ ਆਦਿ ਪ੍ਰਮੁੱਖ ਹਨ। ਇਨ੍ਹਾਂ ਕੀੜਿਆਂ ਦੀ ਪਛਾਣ ਕਰ ਕੇ ਉਨ੍ਹਾਂ ਦੀ ਰੋਕਥਾਮ ਕੀਤੀ ਜਾ ਸਕਦੀ ਹੈ।

## ਭੂਰੀ ਪਿੱਠ ਵਾਲ ਟਿੱਡਾ
(Brown plant hopper)

ਭੂਰੀ ਪਿੱਠ ਵਾਲਾ ਟਿੱਡਾ ਝੋਨੇ ਦਾ ਭਿਆਨਕ ਨੁਕਸਾਨ ਕਰਨ ਵਾਲਾ ਕੀੜਾ ਹੈ। ਇਸ ਦੇ ਬੱਚੇ ਤੇ ਬਾਲਗ ਦੋਵੇਂ ਹੀ ਝੋਨੇ ਤੇ ਕਮਾਦ ਦਾ ਰਸ ਚੂਸ ਕੇ ਨੁਕਸਾਨ ਪਹੁੰਚਾਉਂਦੇ ਹਨ। ਭੂਰੇ ਰੰਗ ਦੇ ਬਾਲਗ ਦੀਆਂ ਅੱਖਾਂ ਵੀ ਭੂਰੀਆਂ ਹੁੰਦੀਆਂ ਹਨ। ਇਨ੍ਹਾਂ ਦੀ ਲੰਬਾਈ 3.5 ਤੋਂ2 4.5 ਮਿਲੀਮੀਟਰ ਹੁੰਦੀ ਹੈ। ਮਾਦਾ 3 ਤੋਂ 10 ਦਿਨ ਦੀ ਉਮਰ ’ਚ ਆਂਡੇ ਦੇਣੇ ਸ਼ੁਰੂ ਕਰ ਦਿੰਦੀ ਹੈ ਤੇ ਇਹ ਬੂਟੇ ਦੇ ਟਿਸ਼ੂ ਨੂੰ ਖੁਰਚ ਕੇ ਝੁੰਡ ਵਿਚ ਆਂਡੇ ਦਿੰਦੀ ਹੈ। ਇਕ ਝੁੰਡ ਵਿਚ 2 ਤੋਂ 11 ਆਂਡੇ ਹੁੰਦੇ ਹਨ। ਇਕ ਮਾਦਾ ਬਾਲਗ ਔਸਤ 124 ਆਂਡਿਆਂ ਦੇ ਝੁੰਡ ਦਿੰਦੀ ਹੈ।।ਆਂਡੇ ਦੀ ਅਵਸਥਾ 4 ਤੋਂ 8 ਦਿਨ ਰਹਿੰਦੀ ਹੈ। ਆਂਡਿਆਂ ਵਿੱਚੋ ਨਿੰਫ ਬਾਹਰ ਆਉਣ ’ਤੇ ਇਹ ਨਵੇਂ ਪੱਤਿਆਂ ’ਚੋਂ ਰਸ ਚੂਸਣਾ ਸ਼ੁਰੂ ਕਰ ਦਿੰਦੇ ਹਨ ਅਤੇ 2-3 ਹਫ਼ਤੇ ਨਿੰਫ ਦੀ ਅਵਸਥਾ ’ਚ ਰਹਿਣ ਤੋਂ ਬਾਅਦ ਇਹ ਬਾਲਗ ਅਵਸਥਾ ’ਚ ਚਲੇ ਜਾਂਦੇ ਹਨ।

**ਨੁਕਸਾਨ** : ਬੱਚੇ ਤੇ ਬਾਲਗ ਬੂਟੇ ਦਾ ਰਸ ਚੂਸ ਕੇ ਨੁਕਸਾਨ ਕਰਦੇ ਹਨ। ਇਸ ਨਾਲ ਬੂਟੇ ਪੀਲੇ ਪੈ ਜਾਂਦੇ ਹਨ। ਜੇ ਇਸ ਦਾ ਹਮਲਾ ਫ਼ਸਲ ਦੀ ਸ਼ੁਰੂਆਤੀ ਅਵਸਥਾ ਵੇਲੇ ਹੋ ਜਾਵੇ ਤਾਂ ਪੂਰਾ ਬੂਟਾ ਸੁੱਕ ਜਾਂਦਾ ਹੈ। ਇਸ ਕੀੜੇ ਦੀ ਗਿਣਤੀ ਬਹੁਤ ਤੇਜ਼ੀ ਨਾਲ ਵਧਦੀ ਹੈ। ਝੋਨੇ ਦੀ ਫ਼ਸਲ ਧੌੜੀਆਂ ’ਚ ਸੁੱਕਣੀ ਸ਼ੁਰੂ ਹੋ ਜਾਂਦੀ ਹੈ, ਜਿਸ ਨੂੰ ਝੋਨੇ ਦਾ ਸਾੜ ਵੀ ਆਖਦੇ ਹਨ। ਹਮਲੇ ਅਨੁਸਾਰ ਝਾੜ ਵਿਚ 10 ਤੋਂ 70 ਫ਼ੀਸਦੀ ਤਕ ਦੀ ਕਮੀ ਆ ਸਕਦੀ ਹੈ। ਇਹ ਟਿੱਡਾ ‘ਗਰਾਸੀ ਸਟੰਟ ਵਾਇਰਸ’ ਨਾਂ ਦੀ ਬਿਮਾਰੀ ਵੀ ਫੈਲਾਉਂਦਾ ਹੈ।

**ਰੋਕਥਾਮ** : ਬੂਟਿਆਂ ਵਿਚ ਘੱਟ ਵਿੱਥ ਰੱਖਣ ਨਾਲ ਇਸ ਕੀੜੇ ਦੀ ਗਿਣਤੀ ’ਚ ਜ਼ਿਆਦਾ ਵਾਧਾ ਹੁੰਦਾ ਹੈ। ਇਸ ਲਈ ਬੂਟਿਆਂ ਵਿਚਕਾਰ ਵਿੱਥ 20×15 ਸੈਂਟੀਮੀਟਰ ਰੱਖੋ। ਖੇਤ ਨੂੰ ਤਰਤੀਬਵਾਰ ਸੁਕਾਉਣ ਤੇ ਸਿੰਚਾਈ ਕਰਨ ਅਤੇ ਖੜ੍ਹੇ ਪਾਣੀ ਦੀ ਨਿਕਾਸੀ ਕਰਨ ਨਾਲ ਇਸ ਕੀੜੇ ਦੇ ਹਮਲੇ ਨੂੰ ਕਾਫੀ ਹੱਦ ਤਕ ਘੱਟ ਕੀਤਾ ਜਾ ਸਕਦਾ ਹੈ। ਮਿਰਿਡ ਬੱਗ ਦੀ ਵਰਤੋਂ 100 ਬੱਗ ਪ੍ਰਤੀ ਵਰਗ ਮੀਟਰ ਕਰਨੀ ਵੀ ਅਸਰਦਾਇਕ ਹੁੰਦੀ ਹੈ। ਸਪਾਈਡਰ (Lycosa pseudoannulata) 3 ਸਪਾਈਡਰ ਪ੍ਰਤੀ ਬੂਟਾ ਦੀ ਮੌਜੂਦਗੀ ਵੀ ਇਸ ਕੀੜੇ ਨੂੰ ਵਧਣ ਤੋਂ ਰੋਕਦੀ ਹੈ। ਕੀੜੇ ਦਾ ਹਮਲਾ ਨਜ਼ਰ ਆਵੇ ਤਾਂ ਇਮੀਡਾਕਲੋਪਰਿਡ/ਕਨਫੀਡੋਰ 200 ਐੱਸਐੱਲ-40 ਮਿਲੀਲਿਟਰ ਜਾਂ ਕੁਇਨਲਫਾਸ/ਏਕਾਲਕਸ 25 ਈਸੀ-800 ਮਿਲੀਲਿਟਰ ਜਾਂ ਮੋਨੋਕਰੋਟੋਫਾਸ/ਮੋਨੋਸਿਲ 36 ਐੱਸਐੱਲ ਦੀ 560 ਮਿਲੀਲਿਟਰ ਮਾਤਰਾ ਨੂੰ 100 ਲਿਟਰ ਪਾਣੀ ਵਿਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕਰੋ। ਹਮਲਾ ਦੁਬਾਰਾ ਨਜ਼ਰ ਤਾਂ ਮੁੜ ਛਿੜਕਾਅ ਕਰੋ। ਨੋਜ਼ਲ ਦਾ ਮੂੰਹ ਬੂਟੇ ਦੇ ਮੁੱਢ ਵੱਲ ਕਰ ਕੇ ਛਿੜਕਾਅ ਕਰੋ।ਕਿਉਂਕਿ ਇਹ ਕੀੜੇ ਸੁੱਕੀ ਧੌੜੀ ਦੇ 10 ਮੀਟਰ ਦੇ ਦਾਇਰੇ ’ਚ ਜ਼ਿਆਦਾ ਹੁੰਦੇ ਹਨ।

### ਝੋਨੇ ਦੀ ਬੱਗ
(RICE BUG)

ਇਸ ਕੀੜੇ ਨੂੰ ਗੰਦੀ ਬੱਗ ਵੀ ਆਖਦੇ ਹਨ। ਝੋਨੇ ਤੋਂ ਇਲਾਵਾ ਇਹ ਮੱਕੀ ਅਤੇ ਕਮਾਦ ਨੂੰ ਵੀ ਨੁਕਸਾਨ ਪਹੁੰਚਾਉਂਦਾ ਹੈ। ਇਸ ਦੇ ਬਾਲਗ ਹਰੇ ਭੂਰੇ ਰੰਗ ਦੇ ਹੁੰਦੇ ਹਨ। ਇਸ ਦੀਆਂ ਲੱਤਾਂ ਲੰਬੀਆਂ ਤੇ ਐਂਟੀਨਾ ਦੇ ਚਾਰ ਜੋੜ ਹੁੰਦੇ ਹਨ। ਨਵਜੰਮੇ ਨਿੰਫ ਦਾ ਰੰਗ ਪੀਲਾ-ਹਰਾ ਹੁੰਦਾ ਹੈ। ਉਮਰ ਦੇ ਵਾਧੇ ਨਾਲ ਇਸ ਦਾ ਰੰਗ ਗਾੜ੍ਹਾ ਹਰਾ ਹੁੰਦਾ ਜਾਂਦਾ ਹੈ। ਮਾਦਾ ਲਾਈਨਾਂ ਵਿਚ 24 ਤੋਂ 30 ਗੋਲ ਪੀਲੇ ਰੰਗ ਦੇ ਆਂਡੇ ਲਾਈਨਾਂ ਵਿਚ ਦਿੰਦੀ ਹੈ, ਜਿਨ੍ਹਾਂ ਵਿੱਚੋਂ 6-7 ਦਿਨਾਂ ਵਿਚ ਨਿੰਫ ਨਿਕਲ ਆਉਂਦੇ ਹਨ। ਨਿੰਫ ਦੀ ਅਵਸਥਾ 2-3 ਹਫ਼ਤੇ ਰਹਿੰਦੀ ਹੈ। ਬਾਲਗ ਬੱਗ ਦੀ ਉਮਰ 33 ਤੋਂ 35 ਦਿਨ ਦੀ ਹੁੰਦੀ ਹੈ। ਇਕ ਸਾਲ ਵਿਚ ਇਸ ਕੀੜੇ ਦੀਆਂ ਕਈ ਪੀੜ੍ਹੀਆਂ ਤਿਆਰ ਹੋ ਜਾਂਦੀਆਂ ਹਨ।

**ਨੁਕਸਾਨ**

*ਇਸ ਕੀੜੇ ਦੇ ਹਮਲੇ ਵਾਲੇ ਝੋਨੇ ਦੇ ਖੇਤ ’ਚੋਂ ਭੈੜੀ ਦੁਰਗੰਧ ਆਉਂਦੀ ਹੈ, ਜਿਸ ਕਾਰਨ ਇਸ ਨੂੰ ‘ਗੰਦੀ ਬੱਗ’ ਕਿਹਾ ਜਾਂਦਾ ਹੈ। ਇਸ ਦੇ ਨਿੰਫ ਤੇ ਬਾਲਗ ਵਿਕਸਿਤ ਹੋ ਰਹੇ ਦਾਣਿਆਂ ਵਿੱਚੋਂ ਰਸ ਚੂਸਦੇ ਹਨ, ਜਿਸ ਕਾਰਨ ਦਾਣਾ ਪੂਰਾ ਨਹੀਂ ਬਣਦਾ ਜਾਂ ਸਿੱਟੇ ਵਿਚ ਕੁਝ ਦਾਣੇ ਖਾਲੀ ਰਹਿ ਜਾਂਦੇ ਹਨ।।ਦਾਣੇ ਦੀ ਜਿਸ ਜਗ੍ਹਾਂ ਤੋ ਇਹ ਜੂਸ ਚੂਸਦੇ ਹਨ ਉਸ ਥਾਂ ਕਾਲੇ ਜਾਂ ਭੂਰੇ ਧੱਬੇ ਪੈ ਜਾਂਦੇ ਹਨ।*

**ਰੋਕਥਾਮ**

*ਇਹ ਬੱਗ ਰੋਸ਼ਨੀ ਪ੍ਰਤੀ ਖਿੱਚ ਰੱਖਦੀ ਹੈ, ਇਸ ਲਈ ਰੋਸ਼ਨੀ ਯੰਤਰ ਦੀ ਵਰਤੋਂ ਇਸ ਦੀ ਜਨਸੰਖਿਆ ਨੂੰ ਘਟਾਉਣ ’ਚ ਮਦਦਗਾਰ ਸਿੱਧ ਹੁੰਦੀ ਹੈ। ਬਾਲਗ ਨੂੰ ਨੈੱਟ ਦੀ ਸਹਾਇਤਾ ਨਾਲ ਇੱਕਠਾ ਕੀਤਾ ਜਾ ਸਕਦਾ ਹੈ। ਖੇਤ ਨੂੰ ਨਦੀਨ ਮੁਕਤ ਰੱਖੋ।*

## ਝੋਨੇ ਦਾ ਹਿਸਪਾ
(Rice hispa)

ਇਸ ਕੀੜੇ ਦਾ ਬਾਲਗ ਨੀਲੇ-ਕਾਲੇ ਰੰਗ ਦਾ ਬੀਟਲ ਹੈ, ਜਿਸ ਦੀ ਲੰਬਾਈ 5 ਮਿਲੀਮੀਟਰ ਹੁੰਦੀ ਹੈ।।ਇਸ ਬੀਟਲ ਦੀ ਪਛਾਣ ਇਸ ਦੇ ਸਰੀਰ ’ਤੇ ਬਹੁਤ ਸਾਰੇ ਕੰਡਿਆਂ (ਸਪਾਈਨ) ਤੋਂ ਹੁੰਦੀ ਹੈ। ਬਿਨਾਂ ਲੱਤਾਂ ਵਾਲੇ ਕਰੀਮ-ਚਿੱਟੇ ਲਾਰਵੇ ਬੂਟੇ ’ਤੇ ਨਜ਼ਰ ਨਹੀ ਆਉਂਦੇ ਕਿਉਂਕਿ ਇਹ ਪੱਤੇ ਦੇ ਟਿਸ਼ੂ ਵਿਚ ਲੁਕੇ ਰਹਿੰਦੇ ਹਨ। ਇਸ ਬੀਟਲ ਦੇ ਆਂਡੇ ਪੱਤੇ ਦੇ ਸਿਰੇ ਵੱਲ ਟਿਸ਼ੂ ’ਚ ਮੌਜੂਦ ਹੁੰਦੇ ਹਨ, ਜਿਨ੍ਹਾਂ ਵਿੱਚੋਂ ਗਰੱਬ ਨਿਕਲ ਕੇ ਸੁਰੰਗੀ ਕੀੜੇ ਵਾਂਗ ਪੱਤੇ ਨੂੰ ਖਾਂਦੇ ਹਨ। ਇਸ ਦੇ ਹਮਲੇ ਨਾਲ ਪੱਤੇ ਝਿੱਲੀਦਾਰ ਹੋ ਜਾਂਦੇ ਹਨ ਤੇ ਉਨ੍ਹਾਂ ਉੱਪਰ ਖ਼ਾਸ ਤਰ੍ਹਾਂ ਦੇ ਧੱਬੇ ਨਜ਼ਰ ਆਉਣ ਲਗਦੇ ਹਨ। ਬਾਅਦ ’ਚ ਪੱਤੇ ਮੁਰਝਾ ਕੇ ਸੁੱਕ ਜਾਂਦੇ ਹਨ। ਜਦੋਂ ਗਰੱਬ ਦੀ ਅਵਸਥਾ ਪੂਰੀ ਹੋ ਜਾਂਦੀ ਹੈ ਤਾਂ ਇਹ ਪਿਊਪਾ ਦੀ ਅਵਸਥਾ ’ਚ ਚਲਾ ਜਾਂਦਾ ਹੈ, ਜਿਸ ਵਿੱਚੋਂ ਕਾਲੇ ਰੰਗ ਦੀ ਬੀਟਲ ਨਿਕਲਦੀ ਹੈ।

**ਨੁਕਸਾਨ** : ਇਸ ਕੀੜੇ ਦਾ ਬੱਚਾ ਸੁਰੰਗੀ ਕੀੜੇ ਵਾਂਗ ਪੱਤੇ ਨੂੰ ਖਾ ਕੇ ਨੁਕਸਾਨ ਪਹੁੰਚਾਉਂਦਾ ਹੈ ਤੇ ਬਾਲਗ ਪੱਤੇ ਦਾ ਹਰਾ ਮਾਦਾ ਖਾਂਦੇ ਹਨ, ਜਿਸ ਨਾਲ ਪੱਤਿਆਂ ’ਤੇ ਚਿੱਟੀਆਂ ਧਾਰੀਆਂ ਪੈ ਜਾਂਦੀਆਂ ਹਨ। ਇਸ ਕੀੜੇ ਦਾ ਹਮਲਾ ਨਰਸਰੀ ਤੋਂ ਹੀ ਸ਼ੁਰੂ ਹੋ ਜਾਂਦਾ ਹੈ ਤੇ ਮੁੜ ਖੇਤ ਵਿਚ ਚਲਾ ਜਾਂਦਾ ਹੈ। ਹਮਲੇ ਦੀ ਤਾਦਾਦ 6 ਤੋਂ 65 ਫ਼ੀਸਦੀ ਤਕ ਹੋ ਸਕਦੀ ਹੈ।

**ਰੋਕਥਾਮ** : ਝੋਨੇ ਦੀ ਪਨੀਰੀ ਨੂੰ ਖੇਤ ’ਚ ਲਗਾਉਣ ਸਮੇਂ ਜੇ ਇਸ ਦੇ ਪੱਤਿਆਂ ਦੇ ਸਿਰੇ ਕੱਟ ਦਿੱਤੇ ਜਾਣ ਤਾਂ ਇਸ ਦੇ ਹਮਲੇ ਨੂੰ ਰੋਕਿਆ ਜਾ ਸਕਦਾ ਹੈ। ਨਰਸਰੀ ’ਚ ਬੀਜੇ ਪਲਾਟਾਂ ਨੂੰ ਪਾਣੀ ਨਾਲ ਭਰ ਦਿੱਤਾ ਜਾਵੇ ਤਾਂ ਬੀਟਲ ਪਾਣੀ ’ਚ ਤੈਰਨ ਲਗਦੀਆਂ ਹਨ ਜਿਨ੍ਹਾਂ ਨੂੰ ਝਾੜੂ ਨਾਲ ਇਕੱਠਾ ਕਰ ਕੇ ਖਤਮ ਕੀਤਾ ਜਾ ਸਕਦਾ ਹੈ। ਰਸਾਇਣਕ ਤਰੀਕੇ ਨਾਲ ਇਸ ਦੀ ਰੋਕਥਾਮ ਕਲੋਰਪਾਈਰੀਫਾਸ/ਕੋਰੋਬਾਨ/ਡਰਸਬਾਨ/ਲੀਥਲ/ਕਲੋਰਗਾਰਡ/ਡਰਮਟ/ਫੋਰਸ 20 ਈਸੀ ਦੀ ਇਕ ਲਿਟਰ ਮਾਤਰਾ ਜਾਂ ਮੀਥਾਈਲ ਪੈਰਾਥੀਆਨ 50 ਈਸੀ- 120 ਮਿਲੀਲਿਟਰ ਜਾਂ ਕੁਇਨਲਫਾਸ/ਏਕਾਲਕਸ 25 ਈਸੀ ਦੀ 800 ਮਿਲੀਲਿਟਰ ਮਾਤਰਾ ਨੂੰ 100 ਲਿਟਰ ਪਾਣੀ ਵਿਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕਰੋ। •

ਮੋਬਾਈਲ 98148-25584









# ਮੰਤਰੀ ਮੰਡਲ ਵੱਲੋਂ ਤਿੰਨ ਡਿਜੀਟਲ ਯੂਨੀਵਰਸਿਟੀਆਂ ਸਥਾਪਤ ਕਰਨ ਨੂੰ ਪ੍ਰਵਾਨਗੀ

## ਆਊਟਸੋਰਸ ਕਾਮਿਆਂ, ਦਰੱਖਤਾਂ ਦੀ ਸੁਰੱਖਿਆ ਅਤੇ ਸਕੂਲੀ ਫ਼ੀਸਾਂ ਨਾਲ ਜੁੜੇ ਬਿੱਲਾਂ ਨੂੰ ਹਰੀ ਝੰਡੀ

**ਚੰਡੀਗੜ੍ਹ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਈ ਪੰਜਾਬ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਸੂਬੇ ਵਿੱਚ ਤਿੰਨ ਨਵੀਆਂ ਡਿਜੀਟਲ ਯੂਨੀਵਰਸਿਟੀਆਂ ਸਥਾਪਤ ਕਰਨ ਨੂੰ ਪ੍ਰਵਾਨਗੀ ਦੇ ਦਿੱਤੀ ਗਈ ਹੈ। ਇਸ ਦੌਰਾਨ ਕਲਾਊਡ ਯੂਨੀਵਰਸਿਟੀ ਹੁਸ਼ਿਆਰਪੁਰ, ਬਲਰਾਜ ਸਿੰਘਲਾ ਐਜੂਕੇਸ਼ਨ ਸੁਸਾਇਟੀ ਪਿੰਡ ਫਤਿਹਪੁਰ ਜ਼ਿਲ੍ਹਾ ਪਟਿਆਲਾ ਅਤੇ ਫਿਜ਼ਿਕਸ ਵਾਲਾ ਡਿਜੀਟਲ ਯੂਨੀਵਰਸਿਟੀ ਪਿੰਡ ਨੰਦਪੁਰ ਕੇਸ਼ੂ ਜ਼ਿਲ੍ਹਾ ਪਟਿਆਲਾ ਵਿਖੇ ਸਥਾਪਿਤ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ। ਇਸ ਗੱਲ ਦਾ ਪ੍ਰਗਟਾਵਾ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਮੰਤਰੀ ਮੰਡਲ ਦੀ ਮੀਟਿੰਗ ਤੋਂ ਬਾਅਦ ਕੀਤਾ ਹੈ।

ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਆਊਟਸੋਰਸ ਕਾਮਿਆਂ ਨੂੰ ਠੇਕੇ ਉੱਤੇ ਲਿਆਉਣ ਲਈ ਬਿੱਲ ਨੂੰ ਪ੍ਰਵਾਨਗੀ ਦੇ ਦਿੱਤੀ ਗਈ ਹੈ। ਇਸ ਬਿੱਲ ਤਹਿਤ ਜੋਖ਼ਮ ਭਰੇ ਕੰਮ ਕਰਨ ਵਾਲੇ ਕਾਮਿਆਂ ਨੂੰ ਆਊਟਸੋਰਸ ਉੱਤੇ ਤਿੰਨ ਸਾਲ ਲਗਾਤਾਰ ਕੰਮ ਕਰਨ ਵਾਲਿਆਂ ਨੂੰ ਠੇਕੇ ਉੱਤੇ ਲਿਆਂਦਾ ਜਾਵੇਗਾ, ਜਦੋਂ ਕਿ ਹੋਰਨਾਂ ਵੀਭਾਗਾਂ ਵਿੱਚ ਪੰਜ ਸਾਲ ਆਊਟਸੋਰਸ ਉੱਤੇ ਸੇਵਾ ਕਰਨ ਵਾਲੇ ਕਾਮਿਆਂ ਨੂੰ ਠੇਕੇ ਅਧੀਨ ਲਿਆਂਦਾ ਜਾਵੇਗਾ।

ਇਸ ਦੇ ਨਾਲ ਹੀ ਪੰਜਾਬ ਮੰਤਰੀ ਮੰਡਲ ਨੇ ਦਰੱਖਤਾਂ ਦੀ ਸੁਰੱਖਿਆ ਲਈ ਵੀ ਬਿੱਲ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਇਸ ਬਿੱਲ ਦੇ ਕਾਨੂੰਨੀ ਰੂਪ ਧਾਰਨ ਕਰਨ ਤੋਂ ਬਾਅਦ ਸੂਬੇ ਵਿੱਚ ਇੱਕ ਦਰੱਖਤ ਕੱਟਣ ਦੇ ਬਦਲੇ 10 ਦਰੱਖਤ ਲਗਾਉਣੇ ਪੈਣਗੇ ਅਤੇ ਨਿਯਮਾਂ ਦੀ ਉਲੰਘਣਾ ਕਰਨ ਉੱਤੇ ਜੁਰਮਾਨਾ ਲਗਾਇਆ ਜਾਵੇਗਾ।

ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਗੇ ਕਿਹਾ ਕਿ ਪੰਜਾਬ ਮੰਤਰੀ ਮੰਡਲ ਵੱਲੋਂ ਸੂਬੇ ਦੇ ਪ੍ਰਾਈਵੇਟ ਸਕੂਲਾਂ ਵੱਲੋਂ ਸਾਲਾਨਾ ਫ਼ੀਸ ਵਿੱਚ ਵੱਧ ਤੋਂ ਵੱਧ ਪੰਜ ਫ਼ੀਸਦੀ ਤੱਕ ਦਾ ਵਾਧਾ ਕਰਨ ਲਈ ਵੀ ਬਿੱਲ ਨੂੰ ਪ੍ਰਵਾਨਗੀ ਦੇ ਦਿੱਤੀ ਗਈ ਹੈ। ਹਰਪਾਲ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਵਿਧਾਨ ਸਭਾ ਦੇ ਮੌਨਸੂਨ ਇਜਲਾਸ ਦੌਰਾਨ ਇਹਨਾਂ ਬਿੱਲਾਂ ਨੂੰ ਪੇਸ਼ ਕੀਤਾ ਜਾਵੇਗਾ ਅਤੇ ਇਹਨਾਂ ਬਿੱਲਾਂ ਨੂੰ ਪਾਸ ਹੋਣ ਤੋਂ ਬਾਅਦ ਕਾਨੂੰਨੀ ਰੂਪ ਦਿੱਤਾ ਜਾਵੇਗਾ।



ਸਦਨ ਦੀ ਕਾਰਵਾਈ ਦੁਬਾਰਾ ਸ਼ੁਰੂ ਹੋਣ 'ਤੇ, ਵਿੱਤ ਮੰਤਰੀ ਹਰਪਾਲ ਚੀਮਾ ਨੇ ਸਪੱਸ਼ਟ ਕੀਤਾ ਕਿ ਅਕਾਲ ਤਖ਼ਤ ਸਰਵਉੱਚ ਹੈ ਅਤੇ ਸਰਕਾਰ 'ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ' ਵਿੱਚ ਤਬਦੀਲੀਆਂ ਕਰਨ ਦੇ ਮਾਮਲੇ 'ਤੇ ਅਕਾਲ ਤਖ਼ਤ ਦੇ ਜਥੇਦਾਰ ਦੇ ਨਿਰਦੇਸ਼ਾਂ ਦੀ ਪਾਲਣਾ ਕਰ ਰਹੀ ਹੈ।

ਇਸ ਤੋਂ ਪਹਿਲਾਂ ਸਦਨ ਵਿੱਚ ਅਕਾਲੀ ਵਿਧਾਇਕਾ ਗਨੀਵ ਕੌਰ ਮਜੀਠੀਆ ਵੱਲੋਂ ਬੇਅਦਬੀ ਵਿਰੁੱਧ ਐਕਟ ਵਿੱਚ ਸੋਧ ਦਾ ਮੁੱਦਾ ਚੁੱਕਣ ਮਗਰੋਂ ਭਾਰੀ ਹੰਗਾਮਾ ਹੋ ਗਿਆ। ਗਨੀਵ ਕੌਰ ਦੀ ਹਮਾਇਤ ਵਿੱਚ ਕਾਂਗਰਸੀ ਐੱਮ.ਐੱਲ.ਏ. ਵੀ ਕੁੱਦ ਪਏ ਅਤੇ ਵਿਧਾਇਕਾਂ ਵੱਲੋਂ ਸਪੀਕਰ ਦੇ ਵੈੱਲ ਵਿੱਚ ਨਾਅਰੇਬਾਜ਼ੀ ਕੀਤੀ ਗਈ। ਸਮੁੱਚੀ ਵਿਰੋਧੀ ਧਿਰ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ' ਦੇ ਮਾਮਲੇ 'ਤੇ ਇਕਜੁੱਟ ਨਜ਼ਰ ਆਈ, ਜਿਸ ਤੋਂ ਬਾਅਦ ਹਾਕਮ ਧਿਰ ਨੇ ਵੀ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਹਾਲਾਤ ਨੂੰ ਵੇਖਦਿਆਂ ਸਪੀਕਰ ਵੱਲੋਂ ਸਦਨ ਦੀ ਕਾਰਵਾਈ 8 ਮਿੰਟ ਲਈ ਮੁਲਤਵੀ ਕਰ ਦਿੱਤੀ ਗਈ।

ਪੰਜਾਬ ਵਿਧਾਨ ਸਭਾ ਦੇ ਮੌਨਸੂਨ ਸੈਸ਼ਨ ਦੇ ਤੀਜੇ ਦਿਨ ਵੀ ਸਦਨ ਵਿੱਚ ਹੰਗਾਮਾ ਦੇਖਣ ਨੂੰ ਮਿਲਿਆ। ਸੈਸ਼ਨ ਦੀ ਸ਼ੁਰੂਆਤ ਤੋਂ ਪਹਿਲਾਂ ਹੀ ਕਾਂਗਰਸੀ ਵਿਧਾਇਕਾਂ ਨੇ ਵਿਧਾਨ ਸਭਾ ਦੇ ਬਾਹਰ ਵਿਰੋਧ ਪ੍ਰਦਰਸ਼ਨ ਕਰਦਿਆਂ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਪੰਜਾਬ ਵਿਧਾਨ ਸਭਾ ਦੇ ਮੌਨਸੂਨ ਇਜਲਾਸ ਦੇ ਤੀਜੇ ਦਿਨ ਮੁੜ ਤੋਂ ਕਾਂਗਰਸੀ ਵਿਧਾਇਕ ਕਾਲੇ ਪਰਨੇ ਪਾ ਕੇ ਵਿਧਾਨ ਸਭਾ ਪਹੁੰਚੇ। ਇਸ ਮੌਕੇ ਵਿਰੋਧੀ ਧਿਰ ਤੇ ਆਗੂ ਪ੍ਰਤਾਪ ਸਿੰਘ ਬਾਜਵਾ ਦੀ ਅਗਵਾਈ ਹੇਠ ਸਮੁੱਚੇ ਕਾਂਗਰਸੀ ਵਿਧਾਇਕਾਂ ਨੇ ਵਿਧਾਨ ਸਭਾ ਦੇ ਬਾਹਰ ਨਾਅਰੇਬਾਜ਼ੀ ਕੀਤੀ ਅਤੇ ਮੁੱਖ ਮੰਤਰੀ ਬਾਈਕਾਟ ਦੀ ਤਖਤੀਆਂ ਹੱਥ ਵਿੱਚ ਲੈ ਕੇ ਸੂਬਾ ਸਰਕਾਰ ਵਿਰੁੱਧ ਪ੍ਰਦਰਸ਼ਨ ਕੀਤਾ। ਪੰਜਾਬ ਵਿਧਾਨ ਸਭਾ ਦੇ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਅਤੇ ਹੋਰ ਕਾਂਗਰਸੀ ਵਿਧਾਇਕ ਵਿਧਾਨ ਸਭਾ ਵਿੱਚ 15 ਮਿੰਟ ਨਾਅਰੇਬਾਜ਼ੀ ਕਰਨ ਤੋਂ ਬਾਅਦ ਬਾਹਰ ਚਲੇ ਗਏ।

ਇਸ ਦੌਰਾਨ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਵਿਧਾਨ ਸਭਾ ਹਲਕਾ ਜੀਰਾ ਦੇ ਵਿਧਾਇਕ ਨਰੇਸ਼ ਪੁਰੀ ਦੇ ਸਵਾਲ ਦਾ ਜਵਾਬ ਦਿੰਦਿਆਂ ਕਿਹਾ ਕਿ ਜੀਰਾ ਵਿੱਚ 10 ਆਮ ਆਦਮੀ ਕਲੀਨਿਕ ਚੱਲ ਰਹੇ ਹਨ, ਜਦਕਿ ਲੋੜ ਪੈਣ 'ਤੇ ਇਨ੍ਹਾਂ ਵਿੱਚ ਹੋਰ ਵਾਧਾ ਕੀਤਾ ਜਾਵੇਗਾ।

**ਗਨੀਵ; ਨਾ ਝੁਕੀ ਤੇ ਨਾ ਰੁਕੀ: ਬੇਅਦਬੀ ਵਿਰੁੱਧ ਐਕਟ ਵਿੱਚ ਸੋਧ ਦੇ ਮਾਮਲੇ 'ਤੇ ਸਰਕਾਰ ਨੂੰ ਘੇਰਿਆ**

ਅਕਾਲੀ ਦਲ ਦੀ ਐੱਮ.ਐੱਲ.ਏ. ਗਨੀਵ ਕੌਰ ਮਜੀਠੀਆ ਅੱਜ ਸਦਨ ਵਿੱਚ ਵੱਖਰੇ ਹੀ ਰੰਗ ਵਿੱਚ ਨਜ਼ਰ ਆਈ।

ਆਮ ਤੌਰ 'ਤੇ ਨਰਮ ਚਿਹਰੇ ਵਜੋਂ ਜਾਣੇ ਜਾਂਦੇ ਗਨੀਵ ਕੌਰ ਨੇ ਅੱਜ ਸਰਕਾਰ ਉੱਤੇ ਤਿੱਖੇ ਹਮਲੇ ਕੀਤੇ। ਉਨ੍ਹਾਂ ਸੱਤਾਧਾਰੀ ਧਿਰ ਨੂੰ ਸਖ਼ਤ ਟੱਕਰ ਦਿੱਤੀ ਅਤੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਉਹ ਅੱਜ ਨਾ ਝੁਕੀ ਅਤੇ ਨਾ ਹੀ ਰੁਕੀ, ਸਗੋਂ ਪੂਰੇ ਜ਼ੋਰਦਾਰ ਤਰੀਕੇ ਨਾਲ ਬੇਅਦਬੀ ਵਿਰੁੱਧ ਐਕਟ ਵਿੱਚ ਸੋਧ ਦੇ ਮਾਮਲੇ 'ਤੇ ਸਰਕਾਰ ਨੂੰ ਘੇਰਿਆ। ਇਸ ਦੌਰਾਨ ਉਨ੍ਹਾਂ ਨੇ ਸੱਤਾਧਾਰੀ ਧਿਰ ਦੇ ਮੈਂਬਰਾਂ ਨਾਲ ਅੱਖਾਂ ਵਿੱਚ ਅੱਖਾਂ ਪਾ ਕੇ ਬੇਬਾਕੀ ਨਾਲ ਗੱਲ ਕੀਤੀ।

# ਲੋਕ ਸਭਾ 'ਚ 135 ਸਾਲ ਪੁਰਾਣਾ ਕਾਨੂੰਨ ਰੱਦ ਕਰਕੇ ਪਾਸ ਹੋਇਆ ਬੈਂਕ ਵਹੀ ਸਬੂਤ ਬਿੱਲ, 2026

**ਨਵੀਂ ਦਿੱਲੀ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਨੇ ਬੁੱਧਵਾਰ ਨੂੰ ਵਿਰੋਧੀ ਮੈਂਬਰਾਂ ਦੇ ਹੰਗਾਮੇ ਦੌਰਾਨ ਬੈਂਕ ਵਹੀ ਸਬੂਤ ਬਿੱਲ, 2026 ਨੂੰ ਬਿਨਾਂ ਚਰਚਾ ਦੇ ਪਾਸ ਕਰ ਦਿੱਤਾ। ਜਦੋਂ ਸਦਨ ਦੀ ਕਾਰਵਾਈ ਥੋੜ੍ਹੀ ਦੇਰ ਲਈ ਮੁਲਤਵੀ ਕਰਨ ਤੋਂ ਬਾਅਦ ਦੁਪਹਿਰ 2 ਵਜੇ ਮੁੜ ਸ਼ੁਰੂ ਹੋਈ ਤਾਂ ਕਾਂਗਰਸ ਸਮਾਜਵਾਦੀ ਪਾਰਟੀ ਅਤੇ ਹੋਰ ਵਿਰੋਧੀ ਪਾਰਟੀਆਂ ਦੇ ਮੈਂਬਰਾਂ ਨੇ 20 ਜੁਲਾਈ ਨੂੰ ਰਾਸ਼ਟਰੀ ਰਾਜਧਾਨੀ ਵਿੱਚ ਵਿਦਿਆਰਥੀਆਂ ਵਿਰੁੱਧ ਪੁਲਿਸ ਕਾਰਵਾਈ ਅਤੇ ਅਯੁੱਧਿਆ ਵਿੱਚ ਰਾਮ ਮੰਦਰ ਵਿੱਚ ਚੜ੍ਹਾਏ ਗਏ ਚੜ੍ਹਾਵੇ ਦੀ ਚੋਰੀ ਦੀ ਜਾਂਚ ਦੀ ਮੰਗ ਕਰਦੇ ਹੋਏ ਹੰਗਾਮਾ ਕਰਨਾ ਸ਼ੁਰੂ ਕਰ ਦਿੱਤਾ।

ਹੰਗਾਮੇ ਦਰਮਿਆਨ ਸਪੀਕਰ ਜਗਦੰਬਿਕਾ ਪਾਲ ਨੇ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੂੰ ਬਿੱਲ ਨੂੰ ਚਰਚਾ ਲਈ ਪੇਸ਼ ਕਰਨ ਦੀ ਇਜਾਜ਼ਤ ਦਿੱਤੀ। ਫਿਰ ਉਨ੍ਹਾਂ ਨੇ ਉਨ੍ਹਾਂ ਲੋਕਾਂ ਦੇ ਨਾਮ ਬੁਲਾਏ ਜਿਨ੍ਹਾਂ ਨੇ ਬਿੱਲ ਵਿੱਚ ਸੋਧਾਂ ਲਈ ਨੋਟਿਸ ਪੇਸ਼ ਕੀਤੇ ਸਨ। ਜਦੋਂ ਕਿਸੇ ਵੀ ਮੈਂਬਰ ਨੇ ਸੋਧ ਦੀ ਪੇਸ਼ਕਸ਼ ਨਹੀਂ ਕੀਤੀ ਤਾਂ ਸੀਤਾਰਮਨ ਬਿੱਲ ਪਾਸ ਕਰਨ ਲਈ ਅੱਗੇ ਵਧੇ। ਹੰਗਾਮੇ ਦੇ ਵਿਚਕਾਰ ਬਿੱਲ ਨੂੰ ਬਿਨਾਂ ਚਰਚਾ ਦੇ ਆਵਾਜ਼ ਵੋਟ ਦੁਆਰਾ ਪਾਸ ਕਰ ਦਿੱਤਾ ਗਿਆ। ਬਿੱਲ ਦਾ ਉਦੇਸ਼ ਬਸਤੀਵਾਦੀ ਯੁੱਗ ਦੇ ਬੈਂਕਰਾਂ ਦੀਆਂ ਕਿਤਾਬਾਂ ਸਬੂਤ ਐਕਟ, 1891 ਨੂੰ ਰੱਦ ਕਰਨਾ ਹੈ। ਇਹ ਇੱਕ ਆਧੁਨਿਕ ਕਾਨੂੰਨੀ ਢਾਂਚਾ ਬਣਾਉਣ ਦਾ ਵੀ ਪ੍ਰਸਤਾਵ ਰੱਖਦਾ ਹੈ। ਇਹ ਢਾਂਚਾ ਦੇਸ਼ ਦੇ ਬੈਂਕਿੰਗ ਸੈਕਟਰ ਨੂੰ ਮੁੱਖ ਤੌਰ 'ਤੇ ਡਿਜੀਟਲ ਈਕੋਸਿਸਟਮ ਵਿੱਚ ਬਦਲਣ ਦੇ ਅਨੁਕੂਲ ਬਣਾਉਣ ਲਈ ਤਿਆਰ ਕੀਤਾ ਗਿਆ ਹੈ।



ਪ੍ਰਸਤਾਵਿਤ ਕਾਨੂੰਨ ਬੈਂਕ ਰਿਕਾਰਡਾਂ ਦੀ ਪਰਿਭਾਸ਼ਾ ਨੂੰ ਮਹੱਤਵਪੂਰਨ ਤੌਰ 'ਤੇ ਦਰਸਾਉਂਦਾ ਹੈ ਜਿਸ ਵਿੱਚ ਇਲੈਕਟ੍ਰਾਨਿਕ, ਡਿਜੀਟਲ, ਵਰਚੁਅਲ ਅਤੇ ਕਲਾਉਡ-ਅਧਾਰਿਤ ਰਿਕਾਰਡ ਸ਼ਾਮਲ ਹਨ, ਜੋ ਕਿ ਔਨਲਾਈਨ ਬੈਂਕਿੰਗ, ਇਲੈਕਟ੍ਰਾਨਿਕ ਰਿਕਾਰਡ ਰੱਖਣ ਅਤੇ ਡਿਜੀਟਲ ਵਿੱਤੀ ਲੈਣ-ਦੇਣ ਦੇ ਵਧ ਰਹੇ ਰੁਝਾਨ ਨੂੰ ਮਾਨਤਾ ਦਿੰਦੇ ਹਨ।

ਬਿੱਲ ਬੈਂਕ ਅਧਿਕਾਰੀਆਂ ਨੂੰ ਬੇਲੋੜੀਆਂ ਕਾਨੂੰਨੀ ਮੁਸ਼ਕਲਾਂ ਤੋਂ ਬਚਾਉਣ ਲਈ ਸੁਰੱਖਿਆ ਉਪਾਅ ਵੀ ਪੇਸ਼ ਕਰਦਾ ਹੈ। ਇਹ ਪ੍ਰਸਤਾਵ ਕਰਦਾ ਹੈ ਕਿ ਅਦਾਲਤਾਂ ਨੂੰ ਬੈਂਕ ਅਧਿਕਾਰੀਆਂ ਨੂੰ ਤਲਬ ਕਰਨ ਜਾਂ ਉਨ੍ਹਾਂ ਮਾਮਲਿਆਂ ਵਿੱਚ ਅਸਲ ਬੈਂਕਿੰਗ ਰਿਕਾਰਡ ਪੇਸ਼ ਕਰਨ ਲਈ ਨਿਰਦੇਸ਼ ਦੇਣ ਤੋਂ ਪਹਿਲਾਂ ÷ਵਿਸ਼ੇਸ਼ ਕਾਰਨਾਂ÷ ਨੂੰ ਲਿਖਤੀ ਰੂਪ ਵਿੱਚ ਦਰਜ ਕਰਨਾ ਚਾਹੀਦਾ ਹੈ ਜਿੱਥੇ ਬੈਂਕ ਖੁਦ ਕਾਰਵਾਈਆਂ ਦਾ ਇੱਕ ਧਿਰ ਨਹੀਂ ਹੈ।

ਇਸ ਤੋਂ ਇਲਾਵਾ, ਕਾਨੂੰਨ ਇਲੈਕਟ੍ਰਾਨਿਕ ਬੈਂਕਿੰਗ ਰਿਕਾਰਡਾਂ ਅਤੇ ਡਿਜੀਟਲ ਦਸਤਖਤਾਂ ਲਈ ਪ੍ਰਮਾਣੀਕਰਣ ਜ਼ਰੂਰਤਾਂ ਨੂੰ ਇਕਸਾਰ ਕਰਨ ਦੀ ਕੋਸ਼ਿਸ਼ ਕਰਦਾ ਹੈ। ਇਸਦਾ ਉਦੇਸ਼ ਵਧੇਰੇ ਕਾਨੂੰਨੀ ਸਪੱਸ਼ਟਤਾ ਪ੍ਰਦਾਨ ਕਰਨਾ ਅਤੇ ਨਿਆਂਇਕ ਕਾਰਵਾਈਆਂ ਵਿੱਚ ਇਲੈਕਟ੍ਰਾਨਿਕ ਸਬੂਤਾਂ ਦੇ ਦਾਖਲੇ, ਤਸਦੀਕ ਅਤੇ ਵਰਤੋਂ ਦੀ ਸਹੂਲਤ ਦੇਣਾ ਹੈ।

# ਭਗਤ ਪੂਰਨ ਸਿੰਘ ਜੀ ਦੀ ਨਿਸ਼ਕਾਮ ਸੇਵਾ ਮਨੁੱਖਤਾ ਲਈ ਸਦੀਵੀ ਪ੍ਰੇਰਣਾ ਸਰੋਤ: ਹਰਮੀਤ ਸਿੰਘ ਕਾਲਕਾ

**ਨਵੀਂ ਦਿੱਲੀ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਅੱਜ ਇੱਕ ਸੰਦੇਸ਼ ਵਿੱਚ ਮਹਾਨ ਸਮਾਜ ਸੇਵਕ ਅਤੇ ਪਿੰਗਲਵਾੜਾ ਦੇ ਸੰਸਥਾਪਕ ਭਗਤ ਪੂਰਨ ਸਿੰਘ ਜੀ ਨੂੰ ਸ਼ਰਧਾ ਅਤੇ ਸਤਿਕਾਰ ਨਾਲ ਯਾਦ ਕੀਤਾ। ਉਨ੍ਹਾਂ ਕਿਹਾ ਕਿ ਭਗਤ ਪੂਰਨ ਸਿੰਘ ਜੀ ਨਿਸ਼ਕਾਮ ਸੇਵਾ, ਦਇਆ, ਕਰੁਣਾ ਅਤੇ ਮਨੁੱਖਤਾ ਦੇ ਜੀਵੰਤ ਪ੍ਰਤੀਕ ਸਨ, ਜਿਨ੍ਹਾਂ ਨੇ ਆਪਣਾ ਸਾਰਾ ਜੀਵਨ ਬਿਨਾਂ ਕਿਸੇ ਸਵਾਰਥ ਦੇ ਬੇਸਹਾਰਿਆਂ, ਲਾਵਾਰਿਸਾਂ, ਦਿਵਿਆਂਗਾਂ, ਬਿਮਾਰਾਂ ਅਤੇ ਲੋੜਵੰਦਾਂ ਦੀ ਸੇਵਾ ਲਈ ਸਮਰਪਿਤ ਕਰ ਦਿੱਤਾ।

ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਭਗਤ ਪੂਰਨ ਸਿੰਘ ਜੀ ਨੇ ਮਨੁੱਖਤਾ ਦੀ ਸੇਵਾ ਨੂੰ ਹੀ ਆਪਣਾ ਧਰਮ ਮੰਨਿਆ ਅਤੇ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੇ ÷ਸਰਬੱਤ ਦੇ ਭਲੇ÷ ਦੇ ਸੰਦੇਸ਼ ਨੂੰ ਆਪਣੇ ਜੀਵਨ ਵਿੱਚ ਅਮਲੀ ਰੂਪ ਦਿੱਤਾ।

# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪਰਿਵਾਰ ਸਮੇਤ ਕੀਤੇ ਬਾਂਕੇ ਬਿਹਾਰੀ ਦੇ ਦਰਸ਼ਨ



**ਚੰਡੀਗੜ੍ਹ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਦੇਰ ਸ਼ਾਮ ਆਪਣੀ ਧਰਮ ਪਤਨੀ ਸੁਮਨ ਸੈਣੀ ਅਤੇ ਪੁੱਤਰ ਅਨਿਕੇਤ ਅਤੇ ਪੁੱਤਰੀ ਵੰਸ਼ਿਕਾ ਨਾਲ ਉੱਤਰ ਪ੍ਰਦੇਸ਼ ਦੇ ਵਿੰਦਾਵਨ ਸਥਿਤ ਵਿਸ਼ਵ-ਵਿਖਿਆਤ ਸ੍ਰੀ ਬਾਂਕੇ ਬਿਹਾਰੀ ਮੰਦਰ ਵਿੱਚ ਦਰਸ਼ਨ ਕਰਕੇ ਪੂਜਾ-ਅਰਚਨਾ ਕੀਤੀ। ਇਸ ਦੌਰਾਨ ਮੁੱਖ ਮੰਤਰੀ ਨੇ ਠਾਕੁਰ ਸ੍ਰੀ ਬਾਂਕੇ ਬਿਹਾਰੀ ਦੀ ਮੂਰਤੀ 'ਤੇ ਫੁੱਲਾਂ ਦੀ ਮਾਲਾ ਭੇਂਟ ਕੀਤੀ ਅਤੇ ਸੂਬਾ ਵਾਸੀਆਂ ਦੀ ਸੁੱਖ-ਸਮਰੱਧੀ, ਸ਼ਾਂਤੀ ਅਤੇ ਖੁਸ਼ਹਾਲੀ ਦੀ ਕਾਮਨਾ ਕੀਤੀ।

ਉਨ੍ਹਾਂ ਕਿਹਾ ਕਿ ਇਹ ਮੇਰਾ ਸੁਭਾਗ ਹੈ ਕਿ ਮੈਨੂੰ ਅੱਜ ਇੱਥੇ ਵਿੰਦਾਵਨ ਦੀ ਪਾਵਨ ਧਰਤੀ 'ਤੇ ਸ੍ਰੀ ਬਾਂਕੇ ਬਿਹਾਰੀ ਲਾਲ ਸਮੇਤ ਰਾਧਾ ਵਲਭ ਲਾਲ ਜੀ ਅਤੇ ਹੋਰ ਧਾਰਮਿਕ ਸਥਲਾਂ ਦੇ ਦਰਸ਼ਨ ਕਰਨ ਦਾ ਸੁਭਾਗ ਮਿਲਿਆ ਹੈ। ਉਨ੍ਹਾਂ ਕਿਹਾ ਕਿ ਭਗਵਾਨ ਸ੍ਰੀ ਕ੍ਰਿਸ਼ਨ ਨੇ ਇੱਥੇ ਅਨੇਕਾਂ ਲੀਲ੍ਹਾਵਾਂ ਰਚੀਆਂ ਹਨ ਅਤੇ ਇੱਥੋਂ ਦਾ ਕਣ-ਕਣ ਪਵਿੱਤਰ ਹੈ। ਉਨ੍ਹਾਂ ਕਿਹਾ ਕਿ ਭਗਵਾਨ ਸ੍ਰੀ ਕ੍ਰਿਸ਼ਨ ਹਰਿਆਣਾ ਸੂਬੇ ਦੀ ਪਵਿੱਤਰ ਧਰਮਨਗਰੀ ਕੁਰੂਕਸ਼ੇਤਰ ਵਿੱਚ ਇੱਥੋਂ ਹੀ ਪਰਿਵਾਰ ਸਮੇਤ ਗਏ ਸਨ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਿਰਧਾਰਤ ਪ੍ਰੋਗਰਾਮ ਅਨੁਸਾਰ ਵਿੰਦਾਵਨ ਪਹੁੰਚੇ, ਜਿੱਥੇ ਮੰਦਰ ਪ੍ਰਸ਼ਾਸਨ ਅਤੇ ਸ਼ਰਧਾਲੂਆਂ ਨੇ ਉਨ੍ਹਾਂ ਦਾ ਸਵਾਗਤ ਕੀਤਾ। ਮੰਦਰ ਵਿੱਚ ਵਿਧੀ-ਵਿਧਾਨ ਨਾਲ ਪੂਜਾ-ਅਰਚਨਾ ਕਰਨ ਤੋਂ ਬਾਅਦ ਉਨ੍ਹਾਂ ਨੇ ਭਗਵਾਨ ਸ੍ਰੀ ਕ੍ਰਿਸ਼ਨ ਦੇ ਚਰਨਾਂ ਵਿੱਚ ਸੂਬੇ ਦੇ ਸਰਵਪੱਖੀ ਵਿਕਾਸ, ਕਿਸਾਨਾਂ ਦੀ ਸਮਰੱਧੀ, ਨੌਜਵਾਨਾਂ ਦੇ ਉੱਜਵਲ ਭਵਿੱਖ ਅਤੇ ਦੇਸ਼ ਦੀ ਉੱਨਤੀ ਲਈ ਪ੍ਰਾਰਥਨਾ ਕੀਤੀ। ਇਸ ਤੋਂ ਬਾਅਦ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪਰਿਵਾਰ ਸਮੇਤ ਸ੍ਰੀ ਰਾਧਾ ਵਲਭ ਲਾਲ ਜੀ ਮੰਦਰ ਅਤੇ ਸ੍ਰੀ ਕ੍ਰਿਪਾ ਧਾਮ ਪਹੁੰਚ ਕੇ ਉੱਥੇ ਪਰਿਵਾਰ ਸਮੇਤ ਭਗਵਾਨ ਦੇ ਦਰਸ਼ਨ ਕੀਤੇ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਧਰਮ ਪਤਨੀ ਸੁਮਨ ਸੈਣੀ ਅਤੇ ਪੁੱਤਰ ਅਤੇ ਧੀ ਨਾਲ ਮੰਦਰ ਪਰਿਸਰ ਵਿੱਚ ਕੁਝ ਸਮੇਂ ਤੱਕ ਰੁਕੇ ਅਤੇ ਸ਼ਰਧਾ ਤੇ ਭਗਤੀ ਭਾਵ ਨਾਲ ਠਾਕੁਰ ਜੀ ਦੇ ਦਰਸ਼ਨ ਕੀਤੇ। ਇਸ ਮੌਕੇ ਮੰਦਰ ਵਿੱਚ ਮੌਜੂਦ ਸ਼ਰਧਾਲੂਆਂ ਨੇ ਵੀ ਮੁੱਖ ਮੰਤਰੀ ਦਾ ਸੁਆਗਤ ਕੀਤਾ। ਉਨ੍ਹਾਂ ਨੇ ਸਾਰੇ ਸ਼ਰਧਾਲੂਆਂ ਨਾਲ ਮੁਲਾਕਾਤ ਕੀਤੀ ਅਤੇ ਧਾਰਮਿਕ ਆਸਥਾ ਦੇ ਇਸ ਪਾਵਨ ਮੌਕੇ ਨੂੰ ਸਾਂਝਾ ਕੀਤਾ।

**ਵਿੰਦਾਵਨ ਦੀ ਧੂੜ ਭਗਤਾਂ ਲਈ ਚੰਦਨ ਦੇ ਸਮਾਨ ਹੈ: ਮੁੱਖ ਮੰਤਰੀ**

ਮੁੱਖ ਮੰਤਰੀ ਨੇ ਕਿਹਾ ਕਿ ਵਿੰਦਾਵਨ ਦੀ ਪਾਵਨ ਭੂਮੀ ਕਰੋੜਾਂ ਸ਼ਰਧਾਲੂਆਂ ਦੀ ਆਸਥਾ ਦਾ ਕੇਂਦਰ ਹੈ। ਸ੍ਰੀ ਬਾਂਕੇ ਬਿਹਾਰੀ ਜੀ ਦੇ ਦਰਸ਼ਨਾਂ ਨਾਲ ਆਤਮਿਕ ਸ਼ਾਂਤੀ ਅਤੇ ਸਕਾਰਾਤਮਕ ਊਰਜਾ ਦਾ ਅਨੁਭਵ ਹੁੰਦਾ ਹੈ। ਵਿੰਦਾਵਨ ਦੀ ਧੂੜ ਭਗਤਾਂ ਲਈ ਚੰਦਨ ਦੇ ਸਮਾਨ ਹੈ। ਇਹ ਸਿਰਫ ਵਿੰਦਾਵਨ ਨਹੀਂ, ਸਗੋਂ ਉਹ ਪਾਵਨ ਭੂਮੀ ਹੈ ਜਿੱਥੇ ਪ੍ਰੇਮ ਦਾ ਪਰਮਾਤਮਾ ਨਾਲ ਪੂਰਨ ਮਿਲਣ ਹੋਇਆ। ਇਹੋ ਉਹ ਧਾਰਾ ਹੈ ਜਿੱਥੇ ਭਗਵਾਨ ਸ੍ਰੀ ਕ੍ਰਿਸ਼ਨ ਨੇ ਆਪਣੇ ਬਚਪਨ ਦੀਆਂ ਲੀਲ੍ਹਾਵਾਂ ਕੀਤੀਆਂ, ਮੱਖਣ ਚੋਰੀ ਕੀਤਾ, ਕਾਲੀਆ ਨਾਗ ਦਾ ਮਰਦਨ ਕੀਤਾ ਅਤੇ ਗੋਵਰਧਨ ਪਰਬਤ ਚੁੱਕ ਕੇ ਸਮੂਹ ਬ੍ਰਜਵਾਸੀਆਂ ਦੀ ਰੱਖਿਆ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਇਸ ਪਾਵਨ ਭੂਮੀ 'ਤੇ ਆਉਣਾ ਉਨ੍ਹਾਂ ਦਾ ਪਰਮ ਸੁਭਾਗ ਹੈ। ਇੱਥੇ ਆਉਣ ਵਾਲਾ ਹਰੇਕ ਸ਼ਰਧਾਲੂ ਆਪਣੇ ਅੰਦਰ ਈਸ਼ਵਰ ਦੀ ਅਨੁਭੂਤੀ ਕਰਦਾ ਹੈ। ਅੱਜ ਉਨ੍ਹਾਂ ਨੂੰ ਵੀ ਇਸ ਪਵਿੱਤਰ ਧਾਰਾ 'ਤੇ ਆਉਣ ਦਾ ਮੌਕਾ ਮਿਲਿਆ, ਜੋ ਉਨ੍ਹਾਂ ਲਈ ਬਹੁਤ ਹੀ ਸੁਭਾਗ ਦੀ ਗੱਲ ਹੈ। ਇਸ ਲਈ ਉਨ੍ਹਾਂ ਨੇ ਗੀਤਾ ਮਨੀਸ਼ੀ ਸਵਾਮੀ ਸ੍ਰੀ ਗਿਆਨਾਨੰਦ ਜੀ ਮਹਾਰਾਜ ਦਾ ਧੰਨਵਾਦ ਕੀਤਾ।

**ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸ੍ਰੀ ਕ੍ਰਿਸ਼ਨ ਕ੍ਰਿਪਾ ਧਾਮ ਵਿੱਚ ਰੱਖਿਆ ਪਹਿਲੀ ਮੰਜ਼ਿਲ ਦਾ ਨੀਂਹ ਪੱਥਰ**

ਮੁੱਖ ਮੰਤਰੀ ਨੇ ਇੱਥੇ ਕੀਤੇ ਗਏ ਪ੍ਰਸਤਾਵਿਤ ਸਤਿਸੰਗ ਅਤੇ ਰਿਹਾਇਸ਼ੀ ਪਰਿਸਰ ਦੇ ਪਹਿਲੀ ਮੰਜ਼ਿਲ ਦੇ ਨੀਂਹ ਪੱਥਰ ਦੀ ਸਾਰੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਇਸ ਨਾਲ ਇੱਥੇ ਆਉਣ ਵਾਲੇ ਭਗਤਾਂ ਨੂੰ ਕਾਫ਼ੀ ਸਹੂਲਤ ਅਤੇ ਲਾਭ ਮਿਲੇਗਾ। ਉਨ੍ਹਾਂ ਨੇ ਭਗਵਾਨ ਸ੍ਰੀ ਕ੍ਰਿਸ਼ਨ ਅਤੇ ਰਾਧਾਰਾਣੀ ਤੋਂ ਸੂਬੇ ਦੀ ਸੁੱਖ-ਸਮਰੱਧੀ, ਖੁਸ਼ਹਾਲੀ ਅਤੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

ਉਨ੍ਹਾਂ ਕਿਹਾ ਕਿ ਈਸ਼ਵਰ ਤੋਂ ਇਹੀ ਪ੍ਰਾਰਥਨਾ ਹੈ ਕਿ ਹਰਿਆਣਾ ਨਿਰੰਤਰ ਵਿਕਾਸ ਦੇ ਮਾਰਗ 'ਤੇ ਅੱਗੇ ਵਧਦਾ ਰਹੇ, ਸੂਬੇ ਦੇ ਹਰੇਕ ਪਰਿਵਾਰ ਵਿੱਚ ਸੁੱਖ-ਸਮਰੱਧੀ ਬਣੀ ਰਹੇ ਅਤੇ ਸਮਾਜ ਵਿੱਚ ਭਾਈਚਾਰਾ ਅਤੇ ਸਦਭਾਵਨਾ ਹੋਰ ਵੱਧ ਮਜ਼ਬੂਤ ਹੋਵੇ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਵਿੰਦਾਵਨ ਸਥਿਤ ਸ੍ਰੀ ਕ੍ਰਿਸ਼ਨ ਕ੍ਰਿਪਾ ਧਾਮ ਪਹੁੰਚ ਕੇ ਪ੍ਰਸਤਾਵਿਤ ਸਤਿਸੰਗ ਅਤੇ ਰਿਹਾਇਸ਼ੀ ਪਰਿਸਰ ਦੇ ਪਹਿਲੀ ਮੰਜ਼ਿਲ ਦੇ ਨਿਰਮਾਣ ਕਾਰਜ ਦਾ ਵਿਧੀਵਤ ਨੀਂਹ ਪੱਥਰ ਰੱਖਿਆ।

ਇਹ ਨਿਰਮਾਣ ਕਾਰਜ ਗੀਤਾ ਮਨੀਸ਼ੀ ਸਵਾਮੀ ਸ੍ਰੀ ਗਿਆਨਾਨੰਦ ਜੀ ਮਹਾਰਾਜ ਦੇ ਆਸ਼ੀਰਵਾਦ ਨਾਲ ਕਰਵਾਇਆ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਵੈਦਿਕ ਮੰਤਰ ਉਚਾਰਨ ਦੇ ਵਿਚਕਾਰ ਨੀਂਹ ਪੱਥਰ ਰੱਖ ਕੇ ਪਰਿਸਰ ਦੇ ਵਿਕਾਸ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਮੁੱਖ ਮੰਤਰੀ ਨੇ ਸੰਤ-ਮਹਾਤਮਾ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਆਤ ?ਮਿਕ ਤੇ ਸਮਾਜਿਕ ਕਾਰਜਾਂ ਵਿੱਚ ਸੰਸਥਾਨ ਦੀ ਭੂਮੀ ਦੀ ਸ਼ਲਾਘਾ ਕੀਤੀ। ਪ੍ਰੋਗਰਾਮ ਵਿੱਚ ਮੌਜੂਦ ਸ਼ਰਧਾਲੂਆਂ ਅਤੇ ਪਤਵੰਤੇ ਲੋਕਾਂ ਨੇ ਮੁੱਖ ਮੰਤਰੀ ਦਾ ਸਵਾਗਤ ਕੀਤਾ।

ਇਸ ਯਾਤਰਾ ਦੌਰਾਨ ਉਨ੍ਹਾਂ ਦੇ ਨਾਲ ਹਰਿਆਣਾ ਭਾਜਪਾ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ, ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਰਾਜ ਮੰਤਰੀ ਰਾਜੇਸ਼ ਨਾਗਰ, ਹਰਿਆਣਾ ਭਾਜਪਾ ਸੰਗਠਨ ਮਹਾਮੰਤਰੀ ਫਣੀਂਦਰਨਾਥ ਸ਼ਰਮਾ ਅਤੇ ਹੋਰ ਪਤਵੰਤੇ ਵਿਅਕਤੀ ਵੀ ਮੌਜੂਦ ਰਹੇ।

# ਵਿਜੀਲੈਂਸ ਬਿਊਰੋ ਵੱਲੋਂ 1,00,000 ਰੁਪਏ ਰਿਸ਼ਵਤ ਲੈਂਦੀ ਸੀਨੀਅਰ ਸਹਾਇਕ ਰੰਗੇ ਹੱਥੀਂ ਕਾਬੂ




**ਮੁਹਾਲੀ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਆਰ.ਆਈ.ਏ.ਸ਼ਾਖਾ, ਡੀ.ਸੀ ਦਫ਼ਤਰ ਐਸ ਏ ਐਸ ਨਗਰ ਵਿਖੇ ਤਾਇਨਾਤ ਸੀਨੀਅਰ ਸਹਾਇਕ ਭੁਪਿੰਦਰ ਕੌਰ ਨੂੰ ਇੱਕ ਲੱਖ ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤਾ ਹੈ। ਇਹ ਜਾਣਕਾਰੀ ਸਾਂਝੀ ਕਰਦਿਆਂ,ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਪਿੰਡ ਚਿਤ ਤਹਿਸੀਲ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਦੋਸ਼ੀ ਸੀਨੀਅਰ ਸਹਾਇਕ ਨੇ ਸ਼ਿਕਾਇਤਕਰਤਾ ਤੋਂ ਸਕਾਈ ਰੌਕ ਵੈਲਫੇਅਰ ਸੁਸਾਇਟੀ, ਸੈਕਟਰ 111/112, ਮੋਹਾਲੀ ਵਿਖੇ ਨਿਲਾਮੀ ਪਲਾਟ ਦਿਵਾਉਣ ਬਦਲੇ 8,00,000 ਰੁਪਏ ਬਤੌਰ ਰਿਸ਼ਵਤ ਮੰਗੇ ਸਨ । ਗੈਰ-ਕਾਨੂੰਨੀ ਰਿਸ਼ਵਤ ਦੇਣ ਤੋਂ ਇਨਕਾਰੀ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਦੇ ਫਲਾਇੰਗ ਸਕੁਐਡ-1 ਐਸ.ਏ.ਐਸ.ਨਗਰ ਕੋਲ ਪਹੁੰਚ ਕੀਤੀ। ਉਸਦੀ ਸ਼ਿਕਾਇਤ 'ਤੇ ਕਾਰਵਾਈ ਕਰਦੇ ਹੋਏ, ਵਿਜੀਲੈਂਸ ਦੀ ਟੀਮ ਨੇ ਦੋਸ਼ੀ ਸੀਨੀਅਰ ਸਹਾਇਕ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਇੱਕ ਲੱਖ ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧ ਵਿੱਚ, ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਪੁਲਿਸ ਥਾਣਾ ਐਸ.ਏ.ਐਸ.ਨਗਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਅਗਲੇਰੀ ਜਾਂਚ ਜਾਰੀ ਹੈ।

# ਰੁਜ਼ਗਾਰ, ਸਿੱਖਿਆ ਅਤੇ ਸਮਾਜਿਕ ਬਰਾਬਰੀ ਨਾਲ ਮਾਨ ਸਰਕਾਰ ਨੇ ਬਦਲਿਆ ਪੰਜਾਬ ਦਾ ਭਵਿੱਖ: ਡਾ. ਬਲਜੀਤ ਕੌਰ

**ਚੰਡੀਗੜ੍ਹ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਅਤੇ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਪੰਜਾਬ ਵਿਧਾਨ ਸਭਾ ਵਿੱਚ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਰੁਜ਼ਗਾਰ, ਗੁਣਵੱਤਾ ਭਰਪੂਰ ਸਿੱਖਿਆ ਅਤੇ ਸਮਾਜਿਕ ਬਰਾਬਰੀ ਨੂੰ ਵਿਕਾਸ ਦਾ ਮਜ਼ਬੂਤ ਆਧਾਰ ਬਣਾ ਕੇ ਪੰਜਾਬ ਦਾ ਭਵਿੱਖ ਬਦਲਣ ਦੀ ਇਤਿਹਾਸਕ ਸ਼ੁਰੂਆਤ ਕੀਤੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਅਜਿਹਾ ਆਤਮ-ਨਿਰਭਰ, ਬਰਾਬਰੀ ਵਾਲਾ ਅਤੇ ਖੁਸ਼ਹਾਲ ਪੰਜਾਬ ਸਿਰਜਣਾ ਹੈ, ਜਿੱਥੇ ਹਰ ਨੌਜਵਾਨ ਨੂੰ ਆਪਣੇ ਹੀ ਸੂਬੇ ਵਿੱਚ ਸਨਮਾਨਜਨਕ ਰੁਜ਼ਗਾਰ ਅਤੇ ਹਰ ਬੱਚੇ ਨੂੰ ਉੱਚ ਮਿਆਰੀ ਸਿੱਖਿਆ ਪ੍ਰਾਪਤ ਹੋਵੇ।



ਪ੍ਰਸਿੱਧ ਸ਼ਾਇਰ ਡਾ. ਨਵਤੇਜ ਭਾਰਤੀ ਦੇ ਸ਼ਬਦਾਂ ਦਾ ਹਵਾਲਾ ਦਿੰਦਿਆਂ ਡਾ. ਬਲਜੀਤ ਕੌਰ ਨੇ ਕਿਹਾ, ÷ਕੰਮ ਕਰਦੇ ਹੱਥ ਜਦੋਂ ਇੱਕ ਦੂਜੇ ਨਾਲ ਮਿਲਦੇ ਹਨ ਤਾਂ ਇਹ ਦੁਨੀਆ ਜਿਉਣ ਜੋਗੀ ਹੋ ਜਾਂਦੀ ਹੈ। ਸਾਡੀ ਧਰਤੀ ਸੂਰਜ ਦੁਆਲੇ ਨਹੀਂ, ਸਗੋਂ ਮਿਹਨਤੀ ਹੱਥਾਂ ਦੁਆਲੇ ਘੁੰਮਦੀ ਹੈ।÷ ਉਨ੍ਹਾਂ ਕਿਹਾ ਕਿ ਇਹੀ ਸੋਚ ਮਾਨ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਭਲਾਈ ਯੋਜਨਾਵਾਂ ਦੀ ਪ੍ਰੇਰਣਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਦਾ ਰੁਜ਼ਗਾਰ ਲਈ ਵਿਦੇਸ਼ਾਂ ਵੱਲ ਰੁਖ ਕਰਨਾ ਲੰਮੇ ਸਮੇਂ ਤੋਂ ਇੱਕ ਵੱਡੀ ਚੁਣੌਤੀ ਬਣਿਆ ਹੋਇਆ ਸੀ। ਪਿਛਲੇ ਚਾਰ ਸਾਲਾਂ ਦੌਰਾਨ ਮਾਨ ਸਰਕਾਰ ਨੇ ਵੱਡੇ ਪੱਧਰ 'ਤੇ ਰੁਜ਼ਗਾਰ ਦੇ ਮੌਕੇ ਸਿਰਜ ਕੇ ਇਸ ਰੁਝਾਨ ਨੂੰ ਬਦਲਣ ਦੀ ਸਾਰਥਕ ਸ਼ੁਰੂਆਤ ਕੀਤੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਟੀਚਾ ਸਮਾਜ ਦੇ ਹਰ ਵਰਗ ਨੂੰ ਵਿਕਾਸ ਅਤੇ ਖੁਸ਼ਹਾਲੀ ਦਾ ਬਰਾਬਰ ਦਾ ਭਾਗੀਦਾਰ ਬਣਾਉਣਾ ਹੈ।

ਆਪਣੇ ਹਲਕੇ ਦੀ ਮਿਸਾਲ ਦਿੰਦਿਆਂ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪਿੰਡ ਫਕਰਸਰ ਦੇ 25 ਨੌਜਵਾਨਾਂ ਨੂੰ ਪਿਛਲੇ ਚਾਰ ਸਾਲਾਂ ਦੌਰਾਨ ਰੁਜ਼ਗਾਰ ਪ੍ਰਾਪਤ ਹੋਇਆ ਹੈ, ਜਿਨ੍ਹਾਂ ਵਿੱਚੋਂ 20 ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਹਨ। ਉਨ੍ਹਾਂ ਕਿਹਾ ਕਿ ਇਹ ਇਸ ਗੱਲ ਦਾ ਸਬੂਤ ਹੈ ਕਿ ਸਰਕਾਰ ਦੀਆਂ ਨੀਤੀਆਂ ਦਾ ਲਾਭ ਸਮਾਜ ਦੇ ਲੋੜਵੰਦ ਅਤੇ ਪਛੜੇ ਵਰਗਾਂ ਤੱਕ ਸਿੱਧੇ ਤੌਰ 'ਤੇ ਪਹੁੰਚ ਰਿਹਾ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਤਿੰਨ ਸਾਲਾਂ ਤੱਕ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਦੀਆਂ ਸਕਾਲਰਸ਼ਿਪਾਂ ਰੋਕ ਕੇ ਹਜ਼ਾਰਾਂ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕੀਤਾ, ਜਦਕਿ ਮਾਨ ਸਰਕਾਰ ਨੇ ਸੱਤਾ ਸੰਭਾਲਦੇ ਹੀ ਇਸ ਯੋਜਨਾ ਨੂੰ ਮੁੜ ਸ਼ੁਰੂ ਕੀਤਾ ਅਤੇ ਲਾਭਪਾਤਰੀਆਂ ਦੀ ਗਿਣਤੀ ਵਿੱਚ 35 ਫ਼ੀਸਦੀ ਦਾ ਵਾਧਾ ਕੀਤਾ। ਉਨ੍ਹਾਂ ਦੱਸਿਆ ਕਿ ਪਿਛਲੇ ਚਾਰ ਸਾਲਾਂ ਦੌਰਾਨ 10 ਲੱਖ ਤੋਂ ਵੱਧ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦਾ ਲਾਭ ਮਿਲਿਆ ਹੈ।

ਉਨ੍ਹਾਂ ਕਿਹਾ ਕਿ 10 ਹਜ਼ਾਰ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀ ਭਰਤੀ ਸਿਰਫ਼ ਸਰਕਾਰੀ ਨੌਕਰੀਆਂ ਦੇਣਾ ਨਹੀਂ, ਸਗੋਂ ਖ਼ਾਸ ਕਰਕੇ ਪੇਂਡੂ ਖੇਤਰਾਂ ਦੀਆਂ ਧੀਆਂ-ਭੈਣਾਂ ਨੂੰ ਆਰਥਿਕ ਤੌਰ 'ਤੇ ਸਸ਼ਕਤ ਬਣਾਉਣ ਵੱਲ ਇੱਕ ਇਤਿਹਾਸਕ ਕਦਮ ਹੈ। ਇਸ ਫ਼ੈਸਲੇ ਨਾਲ ਹਜ਼ਾਰਾਂ ਪਰਿਵਾਰਾਂ ਦੀ ਆਰਥਿਕ ਸਥਿਤੀ ਮਜ਼ਬੂਤ ਹੋਈ ਹੈ ਅਤੇ ਮਹਿਲਾਵਾਂ ਦਾ ਆਤਮ-ਵਿਸ਼ਵਾਸ ਤੇ ਆਰਥਿਕ ਸਵੈ-ਨਿਰਭਰਤਾ ਹੋਰ ਮਜ਼ਬੂਤ ਹੋਈ ਹੈ।

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸਰਕਾਰੀ ਸਕੂਲਾਂ ਵਿੱਚ ਕੀਤੇ ਜਾ ਰਹੇ ਇਤਿਹਾਸਕ ਸੁਧਾਰਾਂ ਦੀ ਸ਼ਲਾਘਾ ਕਰਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਸਿੱਖਿਆ ਅਤੇ ਰੁਜ਼ਗਾਰ ਦਾ ਰਿਸ਼ਤਾ ਅਟੁੱਟ ਹੈ। ਉਨ੍ਹਾਂ ਪ੍ਰਸਿੱਧ ਕਵੀ ਡਾ. ਸੁਰਜੀਤ ਪਾਤਰ ਦੀਆਂ ਲਾਈਨਾਂ ਦਾ ਹਵਾਲਾ ਦਿੰਦਿਆਂ ਕਿਹਾ, ÷ਕਿੰਨਾ ਗੂੜ੍ਹਾ ਸਾਕ ਹੈ ਅੱਖਰਾਂ ਅਤੇ ਰਿਜ਼ਕ ਦਾ।÷ ਉਨ੍ਹਾਂ ਕਿਹਾ ਕਿ ਗੁਣਵੱਤਾ ਭਰਪੂਰ ਸਿੱਖਿਆ ਹੀ ਟਿਕਾਊ ਰੁਜ਼ਗਾਰ ਅਤੇ ਸਮਾਜਿਕ ਤਰੱਕੀ ਦੀ ਸਭ ਤੋਂ ਮਜ਼ਬੂਤ ਨੀਂਹ ਹੈ।

# ਅੰਮ੍ਰਿਤਸਰ ਵਿੱਚ ਬਿਹਤਰ ਸਵੱਛਤਾ ਸੇਵਾਵਾਂ ਯਕੀਨੀ ਬਣਾਉਣ ਲਈ 60 ਐਮ.ਐਲ.ਡੀ. ਸੀਵਰੇਜ ਟ੍ਰੀਟਮੈਂਟ ਪਲਾਂਟ ਨੂੰ ਮਨਜ਼ੂਰੀ

**ਚੰਡੀਗੜ੍ਹ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਲਾਂ ਤੋਂ ਅੰਮ੍ਰਿਤਸਰ ਦਾ ਸੀਵਰੇਜ ਸਿਸਟਮ ਇਸ ਪਵਿੱਤਰ ਸ਼ਹਿਰ ਦੀਆਂ ਲੋੜਾਂ ਮੁਤਾਬਿਕ ਪੂਰੀ ਤਰ੍ਹਾਂ ਸੁਚਾਰੂ ਸੇਵਾਵਾਂ ਪ੍ਰਦਾਨ ਕਰਨ ਨਹੀਂ ਜੂਝ ਰਿਹਾ ਸੀ। ਅਣਸੋਧਿਆ ਪਾਣੀ ਨਾਲ ਨਾਲੀਆਂ ਭਰੀਆਂ ਰਹਿੰਦੀਆਂ ਸਨ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਇਸ ਸਮੱਸਿਆ ਨਾਲ ਨਜਿੱਠਣ ਲਈ ਹੁਣ - ਅਮਰੁਤ 2.0 ਸਕੀਮ ਤਹਿਤ ਇੱਕ ਨਵੇਂ 60 ਐਮਐਲਡੀ (ਮਿਲੀਅਨ ਲੀਟਰ ਪ੍ਰਤੀ ਦਿਨ) ਸਮਰੱਥਾ ਦਾ ਸੀਵਰੇਜ ਟ੍ਰੀਟਮੈਂਟ ਪਲਾਂਟ ਅਤੇ ਇਸ ਲਈ ਲੋੜੀਂਦੇ ਪੰਪਿੰਗ ਸਟੇਸ਼ਨ ਨੂੰ ਮਨਜ਼ੂਰੀ ਦਿੱਤੀ ਗਈ ਹੈ। ਟੈਂਡਰ ਪਹਿਲਾਂ ਹੀ ਜਾਰੀ ਹੋ ਚੁੱਕਾ ਹੈ ਅਤੇ ਅਗਸਤ 2026 ਵਿੱਚ ਬੰਦ ਹੋ ਜਾਵੇਗਾ, ਜਿਸ ਤੋਂ ਤੁਰੰਤ ਬਾਅਦ ਕੰਮ ਸ਼ੁਰੂ ਹੋ ਜਾਵੇਗਾ।



ਇਸ ਪਲਾਂਟ ਦੇ ਤਿਆਰ ਹੋਣ ਬਾਅਦ, ਅੰਮ੍ਰਿਤਸਰ ਸ਼ਹਿਰ ਦੀ ਸੀਵਰੇਜ ਟ੍ਰੀਟਮੈਂਟ ਸਮਰੱਥਾ ਵਿੱਚ ਤੇਜ਼ੀ ਨਾਲ ਵਾਧਾ ਹੋਵੇਗਾ, ਪੁਰਾਣੇ, ਓਵਰਲੋਡ ਸਿਸਟਮ ਤੋਂ ਦਬਾਅ ਘਟੇਗਾ ਅਤੇ ਅਨਟ੍ਰੀਟਡ ਡਿਸਚਾਰਜ ਵਿੱਚ ਕਮੀ ਆਵੇਗੀ। ਇਸ ਪਲਾਂਟ ਰਾਹੀਂ ਵੇਸਟ ਨੂੰ ਬਾਇਓ-ਸੀਐਨਜੀ ਵਿੱਚ ਵੀ ਬਦਲਿਆ ਜਾਵੇਗਾ, ਜਿਸ ਨਾਲ ਸਾਫ਼, ਗਰੀਨ ਊਰਜਾ ਸ਼ਹਿਰ ਵਿੱਚ ਹੀ ਤਿਆਰ ਕੀਤੀ ਜਾ ਸਕੇਗੀ ।

ਇਹ ਪਹਿਲਕਦਮੀ ਪੰਜਾਬ ਸਰਕਾਰ ਦੀ ਸੂਬੇ ਭਰ ਦੇ ਸ਼ਹਿਰਾਂ ਵਿੱਚ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਲਈ ਵਿਸ਼ਾਲ ਅਮਰੁਤ 2.0 ਮੁਹਿੰਮ ਦਾ ਹਿੱਸਾ ਹੈ। ਜ਼ਿਕਰਰਯੋਗ ਹੈ ਕਿ ਅਮਰੁਤ 2.0 ਤਹਿਤ ਪੰਜਾਬ ਸਰਕਾਰ ਪਹਿਲਾਂ ਹੀ 64 ਤੋਂ ਵੱਧ ਪ੍ਰੋਜੈਕਟ ਸੂਬੇ ਨੂੰ ਸਮਰਪਿਤ ਕਰ ਚੁੱਕੀ ਹੈ ਅਤੇ ਲਗਭਗ 50-60 ਪ੍ਰੋਜੈਕਟ ਮਾਰਚ 2027 ਤੱਕ ਪੂਰੇ ਕੀਤੇ ਜਾਣਗੇ ।

ਇਸ ਪਹਿਲਕਦਮੀ ਬਾਰੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, ਅੰਮ੍ਰਿਤਸਰ ਸਾਡਾ ਪਵਿੱਤਰ ਸ਼ਹਿਰ ਹੈ ਅਤੇ ਅਸੀਂ ਇਹ ਯਕੀਨੀ ਬਣਾਵਾਂਗੇ ਕਿ ਇਸਦੀ ਸਾਰੀਆਂ ਸਮੱਸਿਆਵਾਂ ਦਾ ਸਫਲਤਾਪੂਰਵਕ ਹੱਲ ਕੱਢਿਆ ਜਾਵੇ ਭਾਵੇਂ ਉਹ ਸੀਵਰੇਜ ਦਾ ਮੁੱਦੇ ਹੋਵੇ ਜਾਂ ਕੂੜੇ-ਕਰਕਟ ਦਾ ਜਾਂ ਕੋਈ ਹੋਰ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਇਸੇ ਅਹਿਦ 'ਤੇ ਡੱਟ ਕੇ ਪਹਿਰਾ ਦੇ ਰਹੀ ਹੈ ਕਿ ਖੜ੍ਹਾ ਕੀਤਾ ਜਾ ਰਿਹਾ ਬੁਨਿਆਦੀ ਢਾਂਚਾ ਲੰਬੇ ਸਮੇਂ ਲਈ ਕੰਮ ਕਰਦਾ ਰਹੇ।

# .ਗੈਰ-ਸਮਾਜੀ ਅਨਸਰਾਂ ਵੱਲੋਂ ਗੋਲੀਬਾਰੀ: ਪੁਲਿਸ ਮੁਲਾਜ਼ਮ ਅਤੇ 3 ਸਾਲ ਦੀ ਬੱਚੀ ਜ਼ਖ਼ਮੀ

**ਤਰਨ ਤਾਰਨ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਬੀਤੀ ਰਾਤ ਸ਼ਹਿਰ ਦੇ ਮੁਹੱਲਾ ਮੁਰਾਦਪੁਰ ਵਿਖੇ ਗ਼ੈਰ-ਸਮਾਜੀ ਅਨਸਰਾਂ ਵੱਲੋਂ ਗੋਲੀ ਚਲਾਉਣ ਨਾਲ ਪੰਜਾਬ ਪੁਲੀਸ ਦਾ ਇੱਕ ਸਿਪਾਹੀ ਜ਼ਖ਼ਮੀ ਹੋ ਗਿਆ। ਇਸ ਸਬੰਧੀ ਮੁਲਜ਼ਮਾਂ ਖਿਲਾਫ ਸਥਾਨਕ ਥਾਣਾ ਸਿਟੀ ਦੀ ਪੁਲੀਸ ਨੇ ਕੇਸ ਦਰਜ ਕਰ ਲਿਆ ਹੈ।

ਪੁਲੀਸ ਟੀਮ ਏ.ਐੱਸ.ਆਈ. ਸਤਨਾਮ ਸਿੰਘ ਦੀ ਅਗਵਾਈ ਵਿੱਚ ਮੁਰਾਦਪੁਰ ਮੁਹੱਲੇ ਵਿਖੇ ਮਾੜੇ ਅਨਸਰਾਂ ਖ਼ਿਲਾਫ਼ ਕਾਰਵਾਈ ਕਰਨ ਲਈ ਗਈ ਹੋਈ ਸੀ। ਉੱਥੇ ਪੁਲੀਸ ਪਾਰਟੀ ਨੂੰ ਕਸ਼ਮੀਰ ਸਿੰਘ ਉਰਫ਼ ਸੰਨੀ ਉਰਫ਼ ਪੂੰਗੀ ਅਤੇ ਕਾਲੀ ਵਾਸੀ ਮੁਰਾਦਪੁਰ ਤੋਂ ਇਲਾਵਾ ਤਿੰਨ ਹੋਰ ਅਣਪਛਾਤੇ ਵਿਅਕਤੀ ਆਉਂਦੇ ਦਿਖਾਈ ਦਿੱਤੇ। ਜਦੋਂ ਪੁਲੀਸ ਪਾਰਟੀ ਨੇ ਮੁਲਜ਼ਮਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ, ਤਾਂ ਕਸ਼ਮੀਰ ਸਿੰਘ ਪੂੰਗੀ ਨੇ ਆਪਣੇ ਪਿਸਤੌਲ ਨਾਲ ਪੁਲੀਸ ਪਾਰਟੀ ਉੱਪਰ ਗੋਲੀਆਂ ਚਲਾ ਦਿੱਤੀਆਂ। ਇੱਕ ਗੋਲੀ ਸਿਪਾਹੀ ਭੁਪਿੰਦਰ ਸਿੰਘ ਦੇ ਮੂੰਹ 'ਤੇ ਲੱਗੀ।

ਪੁਲਿਸ ਪਾਰਟੀ ਨੇ ਵੀ ਜਵਾਬੀ ਕਾਰਵਾਈ ਕਰਦਿਆਂ ਮੁਲਜ਼ਮਾਂ ਵੱਲ ਗੋਲੀਆਂ ਚਲਾਈਆਂ, ਪਰ ਮੁਲਜ਼ਮ ਗੋਲੀਆਂ ਚਲਾਉਂਦੇ ਹੋਏ ਮੌਕੇ ਤੋਂ ਫ਼ਰਾਰ ਹੋਣ ਵਿੱਚ ਸਫ਼ਲ ਹੋ ਗਏ। ਇਸ ਦੌਰਾਨ ਇੱਕ 3 ਸਾਲ ਦੀ ਲੜਕੀ ਪੂਜਾ ਵੀ ਜ਼ਖ਼ਮੀ ਹੋ ਗਈ। ਪੁਲੀਸ ਨੇ ਮੌਕੇ ਤੋਂ 10 ਖ਼ਾਲੀ ਖੋਲ ਬਰਾਮਦ ਕੀਤੇ ਹਨ।

ਐੱਸ.ਐੱਸ.ਪੀ. ਸੁਰਿੰਦਰ ਲਾਂਬਾ ਨੇ ਦੱਸਿਆ ਕਿ ਸਿਪਾਹੀ ਭੁਪਿੰਦਰ ਸਿੰਘ ਦੀ ਹਾਲਤ ਨੂੰ ਗੰਭੀਰ ਦੇਖਦਿਆਂ ਤਰਨ ਤਾਰਨ ਦੇ ਸਿਵਲ ਹਸਪਤਾਲ ਤੋਂ ਅੰਮ੍ਰਿਤਸਰ ਰੈਫ਼ਰ ਕਰ ਦਿੱਤਾ ਗਿਆ ਹੈ। ਇਹ ਕੇਸ ਏ.ਐੱਸ.ਆਈ. ਸਤਨਾਮ ਸਿੰਘ ਦੇ ਬਿਆਨਾਂ 'ਤੇ ਬੀ.ਐੱਨ.ਐੱਸ. ਦੀਆਂ ਵੱਖ-ਵੱਖ ਧਾਰਾਵਾਂ ਅਤੇ ਅਸਲਾ ਐਕਟ ਤਹਿਤ ਦਰਜ ਕੀਤਾ ਗਿਆ ਹੈ।

# ਮੇਟਾ ਅਧਿਕਾਰੀਆਂ ਨਾਲ ਸਰਕਾਰ ਦੀ ਅਹਿਮ ਬੈਠਕ: ਕੰਪਲਾਈਂਸ ਅਤੇ ਬਾਲ ਸ਼ੋਸ਼ਣ ਸਮੱਗਰੀ ਦੇ ਮੁੱਦੇ 'ਤੇ ਚਰਚਾ

**ਨਵੀਂ ਦਿੱਲੀ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰ ਬੁੱਧਵਾਰ ਨੂੰ ਨਵੀਂ ਦਿੱਲੀ ਵਿੱਚ ਮੇਟਾ ਦੇ ਪ੍ਰਤੀਨਿਧੀਆਂ ਨਾਲ ਇੱਕ ਅਹਿਮ ਮੀਟਿੰਗ ਹੋ ਰਹੀ ਹੈ। ਇਸ ਦੀ ਅਗਵਾਈ ਮੇਟਾ ਦੇ ਚੀਫ਼ ਗਲੋਬਲ ਅਫ਼ੇਅਰਜ਼ ਅਫਸਰ ਜੋਏਲ ਕੈਪਲਨ ਕਰ ਰਹੇ ਹਨ। ਮੀਟਿੰਗ ਵਿੱਚ ਭਾਰਤੀ ਕਾਨੂੰਨਾਂ ਦੀ ਪਾਲਣਾ (ਕੰਪਲਾਈਂਸ), ਪ੍ਰਮੁੱਖ ਸ਼ਖ਼ਸੀਅਤਾਂ ਨਾਲ ਜੁੜੀਆਂ ਪੋਸਟਾਂ ਨੂੰ ਹਟਾਉਣ ਦੇ ਸੁਰੱਖਿਆ ਉਪਾਵਾਂ ਅਤੇ ਬਾਲ ਜਿਨਸੀ ਸ਼ੋਸ਼ਣ ਸਮੱਗਰੀ ਬਾਰੇ ਚਿੰਤਾਵਾਂ ਸਮੇਤ ਕਈ ਮੁੱਦਿਆਂ 'ਤੇ ਚਰਚਾ ਕੀਤੀ ਜਾ ਰਹੀ ਹੈ।

ਇਹ ਮੀਟਿੰਗ ਦਿੱਲੀ ਵਿੱਚ ਹੋ ਰਹੀ ਹੈ, ਜਿਸ ਵਿੱਚ ਸਰਕਾਰ ਦੇ ਸੀਨੀਅਰ ਅਧਿਕਾਰੀ ਵੀ ਹਿੱਸਾ ਲੈ ਰਹੇ ਹਨ। ਸੂਤਰਾਂ ਅਨੁਸਾਰ ਇਸ ਮੀਟਿੰਗ ਵਿੱਚ ਮੇਟਾ ਦੇ ਏਸ਼ੀਆ ਪਬਲਿਕ ਪਾਲਿਸੀ ਦੇ ਮੁਖੀ ਰਾਫੇਲ ਫ੍ਰੈਂਕਲ ਅਤੇ ਅਮਨ ਜੈਨ ਸਮੇਤ ਕਈ ਹੋਰ ਅਧਿਕਾਰੀ ਵੀ ਮੌਜੂਦ ਰਹੇ।

ਰਾਸ਼ਟਰੀ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਨੇ ਉਨ੍ਹਾਂ ਦੋਸ਼ਾਂ ਦੀ ਜਾਂਚ ਵੀ ਸ਼ੁਰੂ ਕਰ ਦਿੱਤੀ ਹੈ ਜਿਨ੍ਹਾਂ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਮੇਟਾ ਦੇ ਪਲੇਟਫਾਰਮਾਂ 'ਤੇ ਬਾਲ ਜਿਨਸੀ ਸ਼ੋਸ਼ਣ ਅਤੇ ਦੁਰਵਰਤੋਂ ਨਾਲ ਜੁੜੇ ਇਸ਼ਤਿਹਾਰ ਦਿਖਾਈ ਦਿੱਤੇ ਸਨ। ਬਾਲ ਅਧਿਕਾਰ ਸੰਸਥਾ ਨੇ 3 ਜੁਲਾਈ ਨੂੰ ਮੇਟਾ ਨੂੰ ਨੋਟਿਸ ਜਾਰੀ ਕੀਤਾ ਸੀ।

ਖ਼ਾਸ ਤੌਰ 'ਤੇ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਇੱਕ ਵੀਡੀਓ ਸੰਦੇਸ਼ ਕੁਝ ਸਮੇਂ ਲਈ ਹਟਾਏ ਜਾਣ ਤੋਂ ਬਾਅਦ ਸਰਕਾਰ ਨੇ ਇਸ ਸੋਸ਼ਲ ਮੀਡੀਆ ਦਿੱਗਜ ਨੂੰ ਤਲਬ ਕੀਤਾ ਸੀ। ਸਰਕਾਰ ਨੇ ਇਸ ਘਟਨਾ ਬਾਰੇ ਮੇਟਾ ਤੋਂ ਸਪੱਸ਼ਟੀਕਰਨ ਮੰਗਿਆ ਸੀ, ਹਾਲਾਂਕਿ ਕੰਪਨੀ ਨੇ ਮੁਆਫ਼ੀ ਮੰਗ ਲਈ ਸੀ।




**ਸਰਕਾਰ ਅਤੇ ਸੰਸਦੀ ਕਮੇਟੀ ਦੇ ਸਖ਼ਤ ਸਵਾਲ**

ਸਕੱਤਰ ਨੇ ਕਿਹਾ ਸੀ, ÷ਅਸੀਂ ਇਹ ਯਕੀਨੀ ਬਣਾਉਣਾ ਚਾਹੁੰਦੇ ਹਾਂ ਕਿ ਨਿਯਮਾਂ ਦੀ ਪਾਲਣਾ ਹੋਵੇ। ਇੱਥੇ ਕਈ ਮੁੱਦੇ ਹਨ।÷ ਉਨ੍ਹਾਂ ਅੱਗੇ ਕਿਹਾ ਕਿ ਮੀਟਿੰਗ ਦੌਰਾਨ ਬਾਲ ਜਿਨਸੀ ਸ਼ੋਸ਼ਣ ਸਮੱਗਰੀ, ਸਿੰਥੈਟਿਕ ਤੌਰ 'ਤੇ ਤਿਆਰ ਕੀਤੀ ਸਮੱਗਰੀ (ਆਰਟੀਫਿਸ਼ੀਅਲ ਇੰਟੈਲੀਜੈਂਸ/ਡੀਪਫੇਕ) ਦੀ ਨਿਗਰਾਨੀ ਅਤੇ ਪ੍ਰਮੁੱਖ ਵਿਅਕਤੀਆਂ ਦੇ ਤਸਦੀਕਸ਼ੁਦਾ ਖਾਤਿਆਂ ਨਾਲ ਜੁੜੀ ਸਮੱਗਰੀ ਨੂੰ ਹਟਾਉਣ ਲਈ ਸੁਰੱਖਿਆ ਉਪਾਵਾਂ 'ਤੇ ਚਰਚਾ ਕੀਤੀ ਜਾਵੇਗੀ।

ਸਰਕਾਰ ਨੇ ਮੈਸੇਜਿੰਗ ਪਲੇਟਫਾਰਮਾਂ 'ਤੇ ਯੂਜ਼ਰ ਦੀ ਪਛਾਣ ਅਤੇ ਗੋਪਨੀਯਤਾ ਨੂੰ ਲੈ ਕੇ ਵੀ ਚਿੰਤਾਵਾਂ ਪ੍ਰਗਟਾਈਆਂ ਹਨ, ਇਹ ਦੱਸਦਿਆਂ ਕਿ ਇਹ ਮੁੱਦਾ ਸਿਰਫ਼ ਵਟਸਐਪ ਯੂਜ਼ਰਨੇਮ ਤੱਕ ਹੀ ਸੀਮਤ ਨਹੀਂ ਹੈ ਸਗੋਂ ਸਾਰੀਆਂ ਮੈਸੇਜਿੰਗ ਐਪਲੀਕੇਸ਼ਨਾਂ 'ਤੇ ਲਾਗੂ ਹੁੰਦਾ ਹੈ।

ਸੰਚਾਰ ਅਤੇ ਸੂਚਨਾ ਤਕਨਾਲੋਜੀ ਬਾਰੇ ਸੰਸਦੀ ਸਥਾਈ ਕਮੇਟੀ ਦੇ ਸਾਹਮਣੇ ਮੇਟਾ ਦੇ ਅਧਿਕਾਰੀਆਂ ਨੂੰ ਫੇਸਬੁੱਕ ਤੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਵੀਡੀਓ ਹਟਾਉਣ ਦੇ ਮਾਮਲੇ ਵਿੱਚ ਔਖੇ ਸਵਾਲਾਂ ਦਾ ਸਾਹਮਣਾ ਕਰਨਾ ਪਿਆ। ਕਮੇਟੀ ਦੇ ਚੇਅਰਮੈਨ ਅਤੇ ਭਾਜਪਾ ਸੰਸਦ ਮੈਂਬਰ ਨਿਸ਼ਾਨਤ ਦੂਬੇ ਨੇ ਮੇਟਾ ਦੇ ਸੀਈਓ ਮਾਰਕ ਜ਼ਕਰਬਰਗ ਤੋਂ ਮੁਆਫ਼ੀ ਮੰਗਣ ਦੀ ਮੰਗ ਕੀਤੀ ਅਤੇ ਇਸ ਘਟਨਾ ਲਈ ਕੰਪਨੀ ਨੂੰ ਜਵਾਬਦੇਹ ਠਹਿਰਾਇਆ।

# ਆਰ.ਡੀ.ਐੱਸ.ਐੱਸ. ਤਹਿਤ ਬਿਜਲੀ ਵੰਡ ਪ੍ਰਣਾਲੀ ਦੇ ਆਧੁਨਿਕੀਕਰਨ ਲਈ 5,000 ਕਰੋੜ ਖਰਚ ਕੀਤੇ ਜਾ ਰਹੇ ਹਨ: ਤਰੁਨਪ੍ਰੀਤ ਸਿੰਘ ਸੌਂਦ

**ਚੰਡੀਗੜ੍ਹ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਬਿਜਲੀ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਇੱਥੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਰੀਵੈਂਪਡ ਡਿਸਟ੍ਰੀਬਿਊਸ਼ਨ ਸੈਕਟਰ ਸਕੀਮ (ਆਰ.ਡੀ.ਐੱਸ.ਐੱਸ.) ਤਹਿਤ ਲਗਭਗ 5,000 ਕਰੋੜ ਦੇ ਕੰਮ ਸ਼ੁਰੂ ਕਰਕੇ ਸੂਬੇ ਦੇ ਬਿਜਲੀ ਵੰਡ ਢਾਂਚੇ ਨੂੰ ਆਧੁਨਿਕ ਅਤੇ ਮਜ਼ਬੂਤ ਕਰਨ ਲਈ ਇੱਕ ਵਿਆਪਕ ਮੁਹਿੰਮ ਵਿੱਢੀ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਸਕੀਮ ਤਹਿਤ ਇਹ ਰਾਸ਼ੀ ਬਿਜਲੀ ਵੰਡ ਨੈੱਟਵਰਕ ਨੂੰ ਅਪਗ੍ਰੇਡ ਕਰਨ ਲਈ ਸੁਚੱਜੇ ਢੰਗ ਨਾਲ ਵਰਤੀ ਜਾ ਰਹੀ ਹੈ, ਜਿਸ ਨਾਲ ਪੂਰੇ ਸੂਬੇ ਵਿੱਚ ਖਪਤਕਾਰਾਂ ਨੂੰ ਭਰੋਸੇਯੋਗ, ਮਿਆਰੀ ਅਤੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮਈ ਮਹੀਨੇ ਤੋਂ ਕਿਸਾਨਾਂ ਨੂੰ ਵੀ 8 ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾ ਰਹੀ ਹੈ।

ਬਿਜਲੀ ਵੰਡ ਨੈੱਟਵਰਕ ਸਬੰਧੀ ਪ੍ਰਮੁੱਖ ਪ੍ਰਾਪਤੀਆਂ ਨੂੰ ਸਾਂਝਾ ਕਰਦਿਆਂ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਨੈੱਟਵਰਕ ਦੀ ਭਰੋਸੇਯੋਗਤਾ ਵਿੱਚ ਸੁਧਾਰ ਅਤੇ ਮੌਜੂਦਾ ਸਿਸਟਮ @ਤੇ ਓਵਰਲੋਡਿੰਗ ਨੂੰ ਘਟਾਉਣ ਲਈ 1,296 ਨਵੇਂ 11 ਕੇਵੀ ਫੀਡਰ ਲਗਾਏ ਗਏ ਹਨ। ਇਸ ਤੋਂ ਇਲਾਵਾ ਬਿਜਲੀ ਵੰਡ ਨੈੱਟਵਰਕ ਨੂੰ ਮਜ਼ਬੂਤ ਕਰਨ ਅਤੇ ਦਿਹਾਤੀ ਤੇ ਸ਼ਹਿਰੀ ਖੇਤਰਾਂ ਵਿੱਚ ਬਿਜਲੀ ਦੀ ਵਧਦੀ ਮੰਗ ਨੂੰ ਪੂਰਾ ਕਰਨ ਲਈ 1,12,195 ਨਵੇਂ ਡਿਸਟ੍ਰੀਬਿਊਸ਼ਨ ਟ੍ਰਾਂਸਫਾਰਮਰ ਲਗਾਏ ਗਏ ਹਨ। ਬਿਜਲੀ ਮੰਤਰੀ ਨੇ ਅੱਗੇ ਦੱਸਿਆ ਕਿ 663 ਸਰਕਟ ਕਿਲੋਮੀਟਰ 66 ਕੇਵੀ ਲਾਈਨਾਂ ਦੇ ਵਾਧੇ ਅਤੇ ਅਪਗ੍ਰੇਡੇਸ਼ਨ ਤੋਂ ਇਲਾਵਾ ਨਵੀਆਂ 355 ਸਰਕਟ ਕਿਲੋਮੀਟਰ 66 ਕੇਵੀ ਟ੍ਰਾਂਸਮਿਸ਼ਨ ਲਾਈਨਾਂ ਦੇ ਨਾਲ ਟ੍ਰਾਂਸਮਿਸ਼ਨ ਨੈੱਟਵਰਕ ਨੂੰ ਵੀ ਕਾਫ਼ੀ ਮਜ਼ਬੂਤ ਕੀਤਾ ਗਿਆ ਹੈ, ਜਿਸ ਨਾਲ ਸਿਸਟਮ ਦੀ ਸਮਰੱਥਾ ਅਤੇ ਸੰਚਾਲਨ ਕੁਸ਼ਲਤਾ ਵਿੱਚ ਵਾਧਾ ਹੋਇਆ ਹੈ।

ਵਿਧਾਇਕ ਵੱਲੋਂ ਲਿਆਂਦੇ ਗਏ ਧਿਆਨ ਦਿਵਾਊ ਮਤੇ @ਤੇ ਬਠਿੰਡਾ ਖੇਤਰ ਵਿੱਚ ਚੱਲ ਰਹੇ ਟ੍ਰਾਂਸਮਿਸ਼ਨ ਅਪਗ੍ਰੇਡੇਸ਼ਨ ਦੇ ਕੰਮਾਂ ਦਾ ਵੇਰਵੇ ਦਿੰਦਿਆਂ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਫੂਲ ਅਤੇ ਭਾਈ ਰੂਪਾ ਦੇ 66 ਕੇਵੀ ਸਬ-ਸਟੇਸ਼ਨਾਂ ਨੂੰ ਫਿਲਹਾਲ 220 ਕੇ.ਵੀ. ਗੁਰੂ ਹਰਗੋਬਿੰਦ ਥਰਮਲ ਪਲਾਂਟ, ਲਹਿਰਾ ਮੁਹੱਬਤ ਸਬ-ਸਟੇਸ਼ਨ ਤੋਂ ਆਉਂਦੀ 66 ਕੇਵੀ ਲਾਈਨ ਰਾਹੀਂ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ। ਮੌਜੂਦਾ ਲਾਈਨ ਤੋਂ ਬੋਝ ਘਟਾਉਣ ਅਤੇ ਬਿਜਲੀ ਦੀ ਭਰੋਸੇਯੋਗਤਾ ਵਿੱਚ ਸੁਧਾਰ ਲਈ, 220 ਕੇਵੀ ਗੁਰੂ ਹਰਗੋਬਿੰਦ ਥਰਮਲ ਪਲਾਂਟ, ਲਹਿਰਾ ਮੁਹੱਬਤ ਤੋਂ 66 ਕੇਵੀ ਸਬ-ਸਟੇਸ਼ਨ ਫੂਲ ਤੱਕ ਇੱਕ ਨਵੀਂ ਸਮਰਪਿਤ 66 ਕੇਵੀ ਟ੍ਰਾਂਸਮਿਸ਼ਨ ਲਾਈਨ ਪਾਈ ਜਾ ਰਹੀ ਹੈ।

# ਚੋਣ ਕਮਿਸ਼ਨ ਨੇ ਪਟਿਆਲਾ ਜ਼ਿਲ੍ਹੇ ਵਿੱਚ ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜੇਸ਼ਨ ਨੂੰ ਦਿੱਤੀ ਮਨਜ਼ੂਰੀ

**ਪਟਿਆਲਾ, 6 ਅਗਸਤ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਚੋਣ ਕਮਿਸ਼ਨ ਨੇ ਪਟਿਆਲਾ ਜ਼ਿਲ੍ਹੇ ਵਿੱਚ ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜੇਸ਼ਨ ਲਈ ਪ੍ਰਸਤਾਵਾਂ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਪ੍ਰਵਾਨਗੀ ਨਾਲ, ਜ਼ਿਲ੍ਹੇ ਵਿੱਚ ਪੋਲਿੰਗ ਸਟੇਸ਼ਨਾਂ ਦੀ ਕੁੱਲ ਗਿਣਤੀ 1,786 ਤੋਂ ਵੱਧ ਕੇ 1,861 ਹੋ ਗਈ ਹੈ, ਜਿਸ ਵਿੱਚ 75 ਨਵੇਂ ਪੋਲਿੰਗ ਸਟੇਸ਼ਨ ਹੋਰ ਬਣਾਏ ਗਏ ਹਨ। ਇਹ ਜਾਣਕਾਰੀ ਦਿੰਦਿਆਂ ਪਟਿਆਲਾ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਰੈਸ਼ਨੇਲਾਈਜੇਸ਼ਨ ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜਿੱਥੇ ਵੀ ਕਿਸੇ ਪੋਲਿੰਗ ਸਟੇਸ਼ਨ 'ਤੇ ਵੋਟਰਾਂ ਦੀ ਗਿਣਤੀ 1,200 ਤੋਂ ਵੱਧ ਹੋਵੇ, ਉੱਥੇ ਵੋਟਰਾਂ ਲਈ ਸੁਚਾਰੂ ਅਤੇ ਸੁਵਿਧਾਜਨਕ ਵੋਟਿੰਗ ਦੀ ਸਹੂਲਤ ਲਈ ਇੱਕ ਵਾਧੂ ਪੋਲਿੰਗ ਸਟੇਸ਼ਨ ਬਣਾਇਆ ਜਾਣਾ ਲਾਜ਼ਮੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵਾਧੂ ਪੋਲਿੰਗ ਸਟੇਸ਼ਨ ਬਣਾਉਣ ਲਈ ਪ੍ਰਸਤਾਵ ਵਿਸਤ੍ਰਿਤ ਮੁਲਾਂਕਣ ਤੋਂ ਬਾਅਦ ਚੋਣ ਕਮਿਸ਼ਨ ਨੂੰ ਭੇਜੇ ਗਏ ਸਨ, ਜਿਸ ਨੂੰ ਮਨਜ਼ੂਰੀ ਦਿੱਤੀ ਗਈ ਹੈ। ਡਾ. ਅਗਰਵਾਲ ਨੇ ਦੱਸਿਆ ਕਿ ਵਿਧਾਨ ਸਭਾ ਹਲਕੇ ਅਨੁਸਾਰ ਪੋਲਿੰਗ ਸਟੇਸ਼ਨਾਂ ਵਿੱਚ ਹੋਏ ਵਾਧੇ ਮੁਤਾਬਕ 109-ਨਾਭਾ: 226 ਤੋਂ 235 (9 ਨਵੇਂ ਪੋਲਿੰਗ ਸਟੇਸ਼ਨ), 110-ਪਟਿਆਲਾ ਦਿਹਾਤੀ: 258 ਤੋਂ 266 (8 ਨਵੇਂ ਪੋਲਿੰਗ ਸਟੇਸ਼ਨ), 111-ਰਾਜਪੁਰਾ: 201 ਤੋਂ 207 (6 ਨਵੇਂ ਪੋਲਿੰਗ ਸਟੇਸ਼ਨ), 113-ਘਨੌਰ: 210 ਤੋਂ 221 (11 ਨਵੇਂ ਪੋਲਿੰਗ ਸਟੇਸ਼ਨ), 114-ਸਨੌਰ: 272 ਤੋਂ 294 (22 ਨਵੇਂ ਪੋਲਿੰਗ ਸਟੇਸ਼ਨ), 115-ਪਟਿਆਲਾ: 182 ਤੋਂ 184 (2 ਨਵੇਂ ਪੋਲਿੰਗ ਸਟੇਸ਼ਨ), 116-ਸਮਾਣਾ: 232 ਤੋਂ 236 (4 ਨਵੇਂ ਪੋਲਿੰਗ ਸਟੇਸ਼ਨ) ਅਤੇ 117-ਸ਼ੁਤਰਾਣਾ: 205 ਤੋਂ 218 (13 ਨਵੇਂ ਪੋਲਿੰਗ ਸਟੇਸ਼ਨ) ਸ਼ਾਮਲ ਹਨ।

ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਵੋਟਰਾਂ ਲਈ ਬਿਹਤਰ ਪਹੁੰਚ ਅਤੇ ਸਹੂਲਤ ਨੂੰ ਯਕੀਨੀ ਬਣਾਉਣ ਲਈ ਭਾਰਤ ਚੋਣ ਕਮਿਸ਼ਨ ਦੀ ਪ੍ਰਵਾਨਗੀ ਤੋਂ ਬਾਅਦ, ਜ਼ਿਲ੍ਹੇ ਵਿੱਚ ਹੁਣ ਕੁੱਲ 1,861 ਪੋਲਿੰਗ ਸਟੇਸ਼ਨ ਬਣ ਗਏ ਹਨ।

ਜ਼ਿਲ੍ਹਾ ਚੋਣ ਅਫ਼ਸਰ ਨੇ ਅੱਗੇ ਕਿਹਾ ਕਿ ਸਾਰੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨੂੰ ਪੋਲਿੰਗ ਸਟੇਸ਼ਨਾਂ ਦੇ ਪ੍ਰਵਾਨਿਤ ਤਰਕਸੰਗਤੀਕਰਨ ਬਾਰੇ ਲਿਖਤੀ ਰੂਪ ਵਿੱਚ ਵੀ ਸੂਚਿਤ ਕੀਤਾ ਜਾ ਰਿਹਾ ਹੈ।ਉਨ੍ਹਾਂ ਅੱਗੇ ਦੱਸਿਆ ਕਿ ਚੋਣ ਕਮਿਸ਼ਨ ਨੇ ਜ਼ਿਲ੍ਹਾ ਚੋਣ ਮਸ਼ੀਨਰੀ ਨੂੰ ਰਿਟਰਨਿੰਗ ਅਫ਼ਸਰਾਂ ਲਈ ਹੈਂਡਬੁੱਕ, 2023 ਦੇ ਅਧਿਆਇ 99 ਵਿੱਚ ਨਿਰਧਾਰਤ ਪ੍ਰਕਿਰਿਆ ਅਨੁਸਾਰ ਹੋਰ ਸਾਰੀਆਂ ਰਸਮੀ ਕਾਰਵਾਈਆਂ ਨੂੰ ਪੂਰਾ ਕਰਨ ਦੇ ਨਿਰਦੇਸ਼ ਦਿੱਤੇ ਹਨ।

ਸਥਾਪਤ ਕੀਤੇ ਗਏ ਕੁੱਲ 1861 ਪੋਲਿੰਗ ਸਟੇਸ਼ਨਾਂ 'ਤੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਏਐਮਐਫ ਘੱਟੋ-ਘੱਟ ਲੋੜੀਂਦੇ ਸਹੂਲਤਾਂ ਬਿਜਲੀ, ਪਾਣੀ, ਰੈਂਪ, ਪਖਾਨੇ, ਫਰਨੀਚਰ ਆਦਿ ਦੇ ਪ੍ਰਬੰਧ ਯਕੀਨੀ ਬਣਾਏ ਗਏ ਹਨ।

# ਸਫ਼ਾਈ ਕਰਮਚਾਰੀਆਂ ਦੀ ਭਲਾਈ ਸਰਕਾਰ ਦੀ ਪਹਿਲ : ਅਜੀਤਪਾਲ ਸਿੰਘ ਕੋਹਲੀ

## ਵਿਧਾਇਕ ਕੋਹਲੀ ਵੱਲੋਂ ਸਫ਼ਾਈ ਕਰਮਚਾਰੀ ਯੂਨੀਅਨਾਂ ਨੂੰ ਸਰਕਾਰ ਦਾ ਸਹਿਯੋਗ ਕਰਨ ਦੀ ਅਪੀਲ

**ਪਟਿਆਲਾ, 6 ਅਗਸਤ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**



ਪਟਿਆਲਾ ਸ਼ਹਿਰੀ ਤੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪ੍ਰੈਸ ਕਾਨਫਰੰਸ ਕਰਦਿਆਂ ਕਿਹਾ ਹੈ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਫ਼ਾਈ ਕਰਮਚਾਰੀਆਂ ਦੀ ਭਲਾਈ ਨੂੰ ਪਹਿਲ ਦੇ ਅਧਾਰ 'ਤੇ ਤਰਜੀਹ ਦੇ ਰਹੀ ਹੈ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦੇ ਹੱਲ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਫ਼ਾਈ ਕਰਮਚਾਰੀ ਸਮਾਜ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਦੇ ਯੋਗਦਾਨ ਦਾ ਕੋਈ ਬਦਲ ਨਹੀਂ ਹੋ ਸਕਦਾ।

ਵਿਧਾਇਕ ਕੋਹਲੀ ਨੇ ਕਿਹਾ ਕਿ ਦਰਜਾ ਚਾਰ ਕਰਮਚਾਰੀਆਂ ਨੂੰ ਹਰ ਮਹੀਨੇ ਦੀ ਪਹਿਲੀ ਤਰੀਕ ਨੂੰ ਤਨਖਾਹ ਦੇਣ ਅਤੇ ਠੇਕੇਦਾਰੀ ਪ੍ਰਣਾਲੀ ਨੂੰ ਖ਼ਤਮ ਕਰਕੇ ਕੱਚੇ ਕਰਮਚਾਰੀਆਂ ਨੂੰ ਪੱਕਾ ਕਰਨ ਲਈ ਵੀ ਸਰਕਾਰ ਵਚਨਬੱਧ ਹੈ। ਉਨ੍ਹਾਂ ਸਫ਼ਾਈ ਕਰਮਚਾਰੀ ਯੂਨੀਅਨਾਂ ਅਤੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਲੋਕ-ਭਲਾਈ ਵਿਕਾਸ ਦੀ ਇਸ ਮੁਹਿੰਮ ਵਿੱਚ ਪੰਜਾਬ ਸਰਕਾਰ ਦਾ ਸਹਿਯੋਗ ਕਰਨ।

ਇਸ ਸਬੰਧੀ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪ੍ਰੈਸ ਕਾਨਫ਼ਰੰਸ ਦੌਰਾਨ ਸਫ਼ਾਈ ਕਰਮਚਾਰੀ ਯੂਨੀਅਨਾਂ ਨੂੰ ਪੰਜਾਬ ਸਰਕਾਰ ਦਾ ਸਹਿਯੋਗ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਸਰਕਾਰ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਬਕਾਇਆ ਮੰਗਾਂ ਸਬੰਧੀ ਗੰਭੀਰਤਾ ਨਾਲ ਵਿਚਾਰ ਕਰ ਰਹੀ ਹੈ, ਤਾਂ ਜੋ ਸਾਰੀਆਂ ਸਮੱਸਿਆਵਾਂ ਦਾ ਸੁਚੱਜੇ ਅਤੇ ਸਥਾਈ ਢੰਗ ਨਾਲ ਹੱਲ ਕੀਤਾ ਜਾ ਸਕੇ।

ਉਨ੍ਹਾਂ ਕਿਹਾ ਕਿ ਸਰਕਾਰ ਹਰ ਮਸਲੇ ਨੂੰ ਗੱਲਬਾਤ ਰਾਹੀਂ ਹੱਲ ਕਰਨ ਵਿੱਚ ਵਿਸ਼ਵਾਸ ਰੱਖਦੀ ਹੈ ਅਤੇ ਕਰਮਚਾਰੀਆਂ ਦੇ ਹਿੱਤਾਂ ਦੀ ਪੂਰੀ ਰੱਖਿਆ ਕੀਤੀ ਜਾਵੇਗੀ।

ਵਿਧਾਇਕ ਕੋਹਲੀ ਨੇ ਕਿਹਾ ਕਿ ਸਾਲ 2022 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਲੋਕ ਭਲਾਈ ਨੂੰ ਕੇਂਦਰ ਵਿੱਚ ਰੱਖਦਿਆਂ ਕਈ ਇਤਿਹਾਸਕ ਫ਼ੈਸਲੇ ਲਏ ਗਏ ਹਨ। ਸਿੱਖਿਆ ਖੇਤਰ ਵਿੱਚ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਸਿਖਲਾਈ ਦਿੱਤੀ ਗਈ ਹੈ, ਜਦਕਿ ਸਿਹਤ ਖੇਤਰ ਵਿੱਚ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਦਵਾਈਆਂ ਅਤੇ ਬਿਹਤਰ ਇਲਾਜ ਦੀਆਂ ਸਹੂਲਤਾਂ ਯਕੀਨੀ ਬਣਾਈਆਂ ਗਈਆਂ ਹਨ। ਰਾਜਿੰਦਰਾ ਹਸਪਤਾਲ ਵਿੱਚ ਨਵਾਂ ਆਈ.ਸੀ.ਯੂ. ਅਤੇ ਨਵਜੰਮੇ ਬੱਚਿਆਂ ਲਈ ਵਿਸ਼ੇਸ਼ ਵਾਰਡ ਦੀ ਸਥਾਪਨਾ ਵੀ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 600 ਯੂਨਿਟ ਤੱਕ ਮੁਫ਼ਤ ਬਿਜਲੀ, ਟੋਲ ਪਲਾਜ਼ਿਆਂ ਨੂੰ ਬੰਦ ਕਰਨ, ਰਾਸ਼ਨ ਘਰ-ਘਰ ਪਹੁੰਚਾਉਣ ਅਤੇ ਪੀਣ ਵਾਲੇ ਪਾਣੀ ਦੀਆਂ ਸਹੂਲਤਾਂ ਵਿੱਚ ਸੁਧਾਰ ਵਰਗੇ ਕਦਮ ਲੋਕਾਂ ਨੂੰ ਸਿੱਧਾ ਲਾਭ ਪਹੁੰਚਾ ਰਹੇ ਹਨ। ਜਿਨ੍ਹਾਂ ਇਲਾਕਿਆਂ ਵਿੱਚ ਪਾਣੀ ਦੀ ਸਮੱਸਿਆ ਸੀ, ਉੱਥੇ 24 ਘੰਟੇ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਲਈ ਕੰਮ ਜਾਰੀ ਹੈ।

ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਨੂੰ ਲੋਕਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਦਰਬਾਰ ਸਾਹਿਬ, ਦੁਰਗਿਆਨਾ ਮੰਦਰ, ਵਾਘਾ ਬਾਰਡਰ ਅਤੇ ਰਾਮ ਤੀਰਥ ਤੋਂ ਇਲਾਵਾ ਹੁਣ ਹਰਿਦੁਆਰ, ਰਿਸ਼ੀਕੇਸ਼, ਵ੍ਰਿੰਦਾਵਨ ਅਤੇ ਖਾਟੂ ਸ਼ਿਆਮ ਲਈ ਵੀ ਬੱਸਾਂ ਚਲਾਈਆਂ ਜਾ ਰਹੀਆਂ ਹਨ। ਹਰ ਹਫ਼ਤੇ ਸ਼ਹਿਰ ਤੋਂ ਤਿੰਨ ਬੱਸਾਂ ਰਵਾਨਾ ਹੁੰਦੀਆਂ ਹਨ ਅਤੇ ਯਾਤਰਾ ਦਾ ਸਾਰਾ ਖ਼ਰਚਾ ਪੰਜਾਬ ਸਰਕਾਰ ਵੱਲੋਂ ਚੁੱਕਿਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਫ਼ਾਈ ਕਰਮਚਾਰੀਆਂ ਦੇ ਹੱਕਾਂ, ਸਨਮਾਨ ਅਤੇ ਭਲਾਈ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ ਅਤੇ ਭਵਿੱਖ ਵਿੱਚ ਵੀ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।ਇਸ ਮੌਕੇ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਵੀ ਮੌਜੂਦ ਸਨ।

# ਸੀਐੱਸਡੀਐੱਮ ਨੇ ਯੂਟੀ ਸਟੇਟ ਗੈਸਟ ਹਾਊਸ, ਚੰਡੀਗੜ੍ਹ ਵਿਖੇ ਪੀਐੱਮ ਸੇਤੂ ਇੰਡਸਟ੍ਰੀ ਕਨੈਕਟ ਮੀਟ ਆਯੋਜਿਤ ਕੀਤੀ,



**ਚੰਡੀਗੜ੍ਹ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਚੰਡੀਗੜ੍ਹ ਸਕਿੱਲ ਡਿਵੈਲਪਮੈਂਟ ਮਿਸ਼ਨ (ਸੀਐੱਸਡੀਐੱਮ) ਨੇ ਯੂਟੀ ਸਟੇਟ ਗੈਸਟ ਹਾਊਸ, ਚੰਡੀਗੜ੍ਹ ਵਿਖੇ ਪੀਐੱਮ ਸੇਤੂ ਇੰਡਸਟ੍ਰੀ ਕਨੈਕਟ ਮੀਟ ਆਯੋਜਿਤ ਕੀਤੀ, ਜਿਸ ਵਿੱਚ ਉੱਘੇ ਉਦਯੋਗਪਤੀਆਂ, ਨੈਸ਼ਨਲ ਸਕਿੱਲ ਡਿਵੈਲਪਮੈਂਟ ਕਾਰਪੋਰੇਸ਼ਨ (ਐੱਨਐੱਸਡੀਸੀ) ਦੇ ਪ੍ਰਤੀਨਿਧੀਆਂ ਅਤੇ ਪ੍ਰਮੁੱਖ ਹਿਤਧਾਰਕਾਂ ਨੂੰ ਸਕਿੱਲ ਡਿਵੈਲਪਮੈਂਟ ਈਕੋਸਿਸਟਮ ਵਿੱਚ ਉਦਯੋਗ ਦੀ ਭਾਗੀਦਾਰੀ ਮਜ਼ਬੂਤ ਕਰਨ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਦੀ ਪ੍ਰਧਾਨਗੀ ਡਾਇਰੈਕਟਰ-ਅਤੇ- ਮਿਸ਼ਨ ਡਾਇਰੈਕਟਰ, ਡਾ. ਪਾਲਿਕਾ ਅਰੋੜਾ, ਪੀਸੀਐੱਸ, ਸੀਐੱਸਡੀਐੱਮ, ਤਕਨੀਕੀ ਸਿੱਖਿਆ ਵਿਭਾਗ ਨੇ ਸੁਸ਼੍ਰੀ ਪ੍ਰੇਰਣਾ ਪੁਰੀ, ਆਈਏਐੱਸ, ਸਕੱਤਰ ਸਿੱਖਿਆ ਦੇ ਯੋਗ ਮਾਰਗਦਰਸ਼ਨ ਵਿੱਚ ਕੀਤੀ, ਜਿਨ੍ਹਾਂ ਨੇ ਉੱਭਰਦੀਆਂ ਕਾਰਜਬਲ ਜ਼ਰੂਰਤਾਂ ਦੇ ਅਨੁਸਾਰ ਮੰਗ-ਸੰਚਾਲਿਤ ਸਕਿੱਲਿੰਗ, ਰੀਸਕਿੱਲਿੰਗ ਅਤੇ ਅੱਪਸਕਿਲਿੰਗ ਪਹਿਲਾਂ ਨੂੰ ਉਤਸ਼ਾਹਿਤ ਕਰਨ ਲਈ ਐਂਕਰ ਇੰਡਸਟ੍ਰੀ ਪਾਰਟਨਰਸ ਦੇ ਰੂਪ ਵਿੱਚ ਉਦਯੋਗਾਂ ਨੂੰ ਸ਼ਾਮਲ ਕਰਨ ਦੇ ਰਣਨੀਤਕ ਮਹੱਤਵ 'ਤੇ ਜ਼ੋਰ ਦਿੱਤਾ।

ਸੀਐੱਸਡੀਐੱਮ ਟੀਮ ਨੇ ਪ੍ਰਸਤਾਵਿਤ ਫ੍ਰੇਮਵਰਕ ਪੇਸ਼ ਕੀਤੀ, ਜਿਸ ਵਿੱਚ ਸਕਿੱਲ ਡਿਵੈਲਪਮੈਂਟ ਪਹਿਲਾਂ ਦੀ ਦੀਰਘਕਾਲੀ ਵਿਵਹਾਰਿਕਤਾ ਸੁਨਿਸ਼ਚਿਤ ਕਰਨ ਲਈ ਪਾਠਕ੍ਰਮ ਸੰਸ਼ੋਧਨ, ਵਰਕਪਲੇਸ ਲਰਨਿੰਗ, ਮੈਂਟਰਸ਼ਿਪ, ਅਪ੍ਰੈਂਟਿਸਸ਼ਿਪ ਦੇ ਅਵਸਰਾਂ ਅਤੇ ਟਿਕਾਊ ਸੰਸਾਧਨ ਉਤਪਾਦਨ ਵਿੱਚ ਉਦਯੋਗ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕੀਤਾ ਗਿਆ।

ਹਿੱਸਾ ਲੈਣ ਵਾਲੇ ਉਦਯੋਗ ਪ੍ਰਤੀਨਿਧੀਆਂ ਨੇ ਬਹੁਤ ਉਤਸ਼ਾਹ ਨਾਲ ਜਵਾਬ ਦਿੱਤਾ ਅਤੇ ਇੱਕ ਮਜ਼ਬੂਤ, ਇੰਡਸਟ੍ਰੀ-ਲੈੱਡ ਸਕਿੱਲਿੰਗ ਈਕੋਸਿਸਟਮ ਵੱਲ ਯੋਗਦਾਨ ਪਾਉਣ ਲਈ ਆਪਣੀ ਪ੍ਰਤੀਬੱਧਤਾ ਦੁਹਰਾਈ। ਉਨ੍ਹਾਂ ਨੇ ਨੌਜਵਾਨਾਂ ਦੀ ਰੋਜ਼ਗਾਰ ਸਮਰੱਥਾ ਵਧਾਉਣ, ਸਕਿੱਲ ਗੈਪ ਨੂੰ ਪੂਰਾ ਕਰਨ ਅਤੇ ਭਵਿੱਖ ਲਈ ਤਿਆਰ ਕਾਰਜਬਲ ਬਣਾਉਣ ਵਿੱਚ ਇਸ ਪਹਿਲ ਦੇ ਪਰਿਵਰਤਨਕਾਰੀ ਸਮਾਜਿਕ ਪ੍ਰਭਾਵ ਦੀ ਸ਼ਲਾਘਾ ਕੀਤੀ।

ਐੱਨਐੱਸਡੀਸੀ ਦੇ ਪ੍ਰਤੀਨਿਧੀਆਂ ਨੇ ਰਾਸ਼ਟਰੀ ਬਿਹਤਰੀਨ ਪਿਰਤਾਂ, ਸਹਿਯੋਗੀ ਮਾਡਲਾਂ ਅਤੇ ਰਣਨੀਤਕ ਪਾਰਟਨਰਸ਼ਿਪਸ ਲਈ ਤਰੀਕਿਆਂ ਬਾਰੇ ਕੀਮਤੀ ਅੰਤਰਦ੍ਰਿਸ਼ਟੀਆਂ ਵੀ ਸਾਂਝੀਆਂ ਕੀਤੀਆਂ, ਜਿਸ ਨਾਲ ਵਿਚਾਰ-ਵਟਾਂਦਰੇ ਨੂੰ ਹੋਰ ਵੀ ਸਮ੍ਰਿੱਧ ਬਣਾਇਆ ਗਿਆ। ਮੀਟਿੰਗ ਸਥਾਈ ਪਾਰਟਨਰਸ਼ਿਪਸ ਨੂੰ ਉਤਸ਼ਾਹਿਤ ਕਰਨ ਦੇ ਸਮੂਹਿਕ ਸੰਕਲਪ ਨਾਲ ਸਮਾਪਤ ਹੋਈ ਜੋ ਚੰਡੀਗੜ੍ਹ ਦੇ ਸਕਿੱਲਿੰਗ ਲੈਂਡਸਕੈਪ ਨੂੰ ਮਹੱਤਵਪੂਰਨ ਤੌਰ 'ਤੇ ਮਜ਼ਬੂਤ ਕਰੇਗੀ।

# ਅਮਨਦੀਪ ਸਿੰਘ ਭੱਟੀ ਵੱਲੋਂ (ਐੱਸਆਈਆਰ) ਦੇ ਤਹਿਤ ਅਪ੍ਰੇਸ਼ਨਲ ਪ੍ਰਕਿਰਿਆਵਾਂ ਦੀ ਸਮੀਖਿਆ ਕਰਨ ਲਈ ਦਸਤਾਵੇਜ਼ ਕੇਂਦਰ ਦਾ ਦੌਰਾ ਕੀਤਾ



**ਚੰਡੀਗੜ੍ਹ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਚੋਣ ਰਜਿਸਟ੍ਰੇਸ਼ਨ ਅਫ਼ਸਰ (ਈਆਰਓ), ਯੂ.ਟੀ. ਚੰਡੀਗੜ੍ਹ, ਸ਼੍ਰੀ ਅਮਨਦੀਪ ਸਿੰਘ ਭੱਟੀ, ਪੀਸੀਐੱਸ ਨੇ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਦੇ ਤਹਿਤ ਦਸਤਾਵੇਜ਼ ਤਸਦੀਕ ਪ੍ਰਕਿਰਿਆ ਅਤੇ ਅਪ੍ਰੇਸ਼ਨਲ ਪ੍ਰਕਿਰਿਆਵਾਂ ਦੀ ਸਮੀਖਿਆ ਕਰਨ ਲਈ ਦਸਤਾਵੇਜ਼ ਕੇਂਦਰ ਦਾ ਦੌਰਾ ਕੀਤਾ। ਚੋਣ ਰਜਿਸਟ੍ਰੇਸ਼ਨ ਅਫ਼ਸਰ (ਈਆਰਓ) ਨੇ ਵਰਕਫਲੋ ਦਾ ਮੁੱਲਾਂਕਣ ਕਰਨ, ਚੁਣੌਤੀਆਂ ਨੂੰ ਹੱਲ ਕਰਨ ਅਤੇ ਦਸਤਾਵੇਜ਼ਾਂ ਦੀ ਸਮਾਂਬੱਧ ਤਸਦੀਕ ਸੁਨਿਸ਼ਚਿਤ ਕਰਨ ਲਈ ਟੀਮ ਨਾਲ ਵੀ ਗੱਲਬਾਤ ਕੀਤੀ।

ਸ਼੍ਰੀ ਅਮਨਦੀਪ ਸਿੰਘ ਭੱਟੀ, ਪੀਸੀਐੱਸ, ਏਡੀਸੀ-ਅਤੇ-ਸਕੱਤਰ, ਇੰਡੀਅਨ ਰੈੱਡ ਕਰਾਸ ਸੋਸਾਇਟੀ, ਯੂ.ਟੀ., ਬ੍ਰਾਂਚ ਚੰਡੀਗੜ੍ਹ ਨੇ ਅੱਜ ਚੰਡੀਗੜ੍ਹ ਰੈੱਡ ਕਰਾਸ ਦੁਆਰਾ ਆਯੋਜਿਤ ਤਿੰਨ ਮਹੀਨਿਆਂ ਦੇ ਟ੍ਰੇਨਿੰਗ ਅਤੇ ਸਿਲਾਈ ਪ੍ਰੋਗਰਾਮ ਨੂੰ ਸਫ਼ਲਤਾਪੂਰਵਕ ਪੂਰਾ ਕਰਨ ਵਾਲੀਆਂ 40 ਲੜਕੀਆਂ ਨੂੰ ਸਹਿਭਾਗਿਤਾ ਸਰਟੀਫਿਕੇਟ ਅਤੇ ਤੋਹਫ਼ੇ ਵੰਡੇ। ਇਹ ਪ੍ਰੋਗਰਾਮ ਸੋਸਾਇਟੀ ਦੀਆਂ ਮਹਿਲਾ ਸਸ਼ਕਤੀਕਰਣ ਪਹਿਲਾਂ ਦੇ ਤਹਿਤ ਪੂਰੀ ਤਰ੍ਹਾਂ ਮੁਫ਼ਤ ਵਿੱਚ ਆਯੋਜਿਤ ਕੀਤਾ ਗਿਆ।

ਸਕੱਤਰ ਨੇ ਲੜਕੀਆਂ ਨੂੰ ਆਰਥਿਕ ਤੌਰ 'ਤੇ ਸੁਤੰਤਰ ਅਤੇ ਆਤਮਨਿਰਭਰ ਬਣਨ ਲਈ ਚੰਡੀਗੜ੍ਹ ਰੈੱਡ ਕਰਾਸ ਦੁਆਰਾ ਆਯੋਜਿਤ ਵਿਭਿੰਨ ਕਿੱਤਾਮੁਖੀ ਟ੍ਰੇਨਿੰਗ ਪ੍ਰੋਗਰਾਮਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੋਤਸਾਹਿਤ ਕੀਤਾ। ਸਕੱਤਰ ਨੇ ਚੰਡੀਗੜ੍ਹ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਦੁਆਰਾ ਚੰਡੀਗੜ੍ਹ ਰੈੱਡ ਕਰਾਸ ਦੀਆਂ ਜਨਕਲਿਆਣਕਾਰੀ ਪਹਿਲਾਂ ਨੂੰ ਨਿਰੰਤਰ ਸਹਿਯੋਗ ਪ੍ਰਦਾਨ ਕਰਨ ਲਈ ਆਭਾਰ ਵਿਅਕਤ ਕੀਤਾ ਅਤੇ ਪਾਤਰ ਟ੍ਰੇਨੀਆਂ ਲਈ ਸਿਲਾਈ ਮਸ਼ੀਨਾਂ ਦੀ ਵਿਵਸਥਾ ਕਰਨ ਦੀ ਅਪੀਲ ਕੀਤੀ, ਤਾਕਿ ਇਸ ਸਿਲਾਈ ਅਤੇ ਕਟਾਈ ਟ੍ਰੇਨਿੰਗ ਪ੍ਰੋਗਰਾਮ ਨੂੰ ਪੂਰਾ ਕਰਨ ਵਾਲੀਆਂ ਲੜਕੀਆਂ ਆਪਣੀ ਆਜੀਵਿਕਾ ਕਮਾਉਣਾ ਸ਼ੁਰੂ ਕਰ ਸਕਣ।

ਸੁਸ਼੍ਰੀ ਪੂਨਮ ਮਲਿਕ, ਨੋਡਲ ਅਫ਼ਸਰ ਨੇ ਦੱਸਿਆ ਕਿ ਚੰਡੀਗੜ੍ਹ ਰੈੱਡ ਕਰਾਸ ਸਮਾਜ ਦੇ ਵੰਚਿਤ ਵਰਗ ਦੇ ਕਲਿਆਣ ਲਈ ਨਿਰੰਤਰ ਕਾਰਜ ਕਰਦਾ ਰਹੇਗਾ ਅਤੇ ਲੜਕੀਆਂ ਨੂੰ ਅਤਿਰਿਕਤ ਰੋਜ਼ਗਾਰ ਦੇ ਅਵਸਰ ਉਪਲਬਧ ਕਰਵਾਉਣ ਦੇ ਉਦੇਸ਼ ਨਾਲ ਜਲਦੀ ਹੀ ਇੱਕ ਮੁਫ਼ਤ ਬਿਊਟੀਸ਼ੀਅਨ ਕੋਰਸ ਸ਼ੁਰੂ ਕੀਤਾ ਜਾਵੇਗਾ।

# ਸਫ਼ਾਈ ਕਰਮਚਾਰੀਆਂ ਦੀ ਭਲਾਈ ਨੂੰ ਮੁੱਖ ਤਰਜੀਹ ਦੇ ਰਹੀ ਹੈ ਪੰਜਾਬ ਸਰਕਾਰ: ਵਿਧਾਇਕ ਸਵਨਾ



**ਫਾਜ਼ਿਲਕਾ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਇਤਿਹਾਸਕ ਫ਼ੈਸਲੇ ਲੈਂਦਿਆਂ ਸੂਬੇ ਭਰ ਵਿੱਚ ਹਜ਼ਾਰਾਂ ਦੇ ਕਰੀਬ ਨੌਜਵਾਨਾਂ ਨੂੰ ਰੈਗੂਲਰ ਕੀਤਾ ਹੈ! ਇਸ ਤੋਂ ਇਲਾਵਾ ਠੇਕਾ ਆਧਾਰ 'ਤੇ ਕੰਮ ਕਰ ਰਹੇ ਸਫਾਈ ਕਰਮਚਾਰੀਆਂ ਦੀ ਮਹੀਨਾਵਾਰ ਤਨਖ਼ਾਹ 10,500 ਰੁਪਏ ਤੋਂ ਵਧਾ ਕੇ 20,500 ਰੁਪਏ ਕੀਤੀ ਗਈ ਹੈ। ਇਹ ਪ੍ਰਗਟਾਵਾ ਫਾਜ਼ਿਲਕਾ ਦੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਨੇ ਆਪਣੇ ਦਫਤਰ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੀਤਾ! ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ. ਉਪਕਾਰ ਸਿੰਘ ਜਾਖੜ ਵੀ ਹਾਜ਼ਰ ਸਨ।

ਵਿਧਾਇਕ ਸਵਨਾ ਨੇ ਕਿਹਾ ਕਿ ਸਰਕਾਰ ਸਫਾਈ ਕਰਮਚਾਰੀਆਂ ਦੇ ਸਨਮਾਨ ਅਤੇ ਆਰਥਿਕ ਸੁਰੱਖਿਆ ਲਈ ਲਗਾਤਾਰ ਠੋਸ ਕਦਮ ਚੁੱਕ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਰਮਚਾਰੀਆਂ ਦੇ ਹੱਕਾਂ, ਸਨਮਾਨ ਅਤੇ ਭਲਾਈ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ ਅਤੇ ਭਵਿੱਖ ਵਿੱਚ ਵੀ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।

ਵਿਧਾਇਕ ਨੇ ਕਿਹਾ ਕਿ ਸਰਕਾਰ ਸਫਾਈ ਕਰਮਚਾਰੀਆਂ ਦੀਆਂ ਹੋਰ ਲੰਬਿਤ ਮੰਗਾਂ 'ਤੇ ਵੀ ਗੰਭੀਰਤਾ ਨਾਲ ਵਿਚਾਰ ਕਰ ਰਹੀ ਹੈ ਅਤੇ ਪੜਾਅਵਾਰ ਢੰਗ ਨਾਲ ਉਨ੍ਹਾਂ ਦਾ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਾਲ 2022 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਪੰਜਾਬ ਵਿੱਚ ਲੋਕ ਭਲਾਈ ਨੂੰ ਕੇਂਦਰ ਵਿੱਚ ਰੱਖ ਕੇ ਅਨੇਕਾਂ ਲੋਕ-ਹਿਤੈਸ਼ੀ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਹਨ। ਇਨ੍ਹਾਂ ਵਿੱਚ ਹਰ ਪਰਿਵਾਰ ਨੂੰ 600 ਯੂਨਿਟ ਮੁਫ਼ਤ ਬਿਜਲੀ, ਸਾਲਾਂ ਤੋਂ ਰੁਕੀਆਂ ਸਰਕਾਰੀ ਭਰਤੀਆਂ ਮੁੜ ਸ਼ੁਰੂ ਕਰਨਾ, ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਘਰ ਦੇ ਨੇੜੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ, ਸੜਕਾਂ ਦਾ ਵਿਆਪਕ ਵਿਕਾਸ, ਮਾਵਾਂ-ਧੀਆਂ ਸਤਿਕਾਰ ਯੋਜਨਾ, ਮੁੱਖ ਮੰਤਰੀ ਤੀਰਥ ਯਾਤਰਾ ਸਕੀਮ, ਮੁੱਖ ਮੰਤਰੀ ਸਿਹਤ ਯੋਜਨਾ ਅਤੇ 70 ਹਜ਼ਾਰ ਦੇ ਕਰੀਬ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇਣਾ ਪ੍ਰਮੁੱਖ ਪ੍ਰਾਪਤੀਆਂ ਹਨ।

# ਨਸ਼ਾ ਮੁਕਤ ਯੁਵਾ ਫੌਰ ਵਿਕਸਿਤ ਭਾਰਤ ਸੰਕਲਪ ਅਭਿਯਾਨ' ਦੇ ਤਹਿਤ ਪ੍ਰਧਾਨ ਮੰਤਰੀ ਨੌਜਵਾਨਾਂ ਨੂੰ ਵਰਚੁਅਲੀ ਸੰਬੋਧਨ ਕਰਨਗੇ

**ਚੰਡੀਗੜ੍ਹ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਦੇ ਮੇਰਾ ਯੁਵਾ ਭਾਰਤ ਦੁਆਰਾ ਚੰਡੀਗੜ੍ਹ ਪ੍ਰਸ਼ਾਸਨ ਦੇ ਸਹਿਯੋਗ ਨਾਲ ਰਾਸ਼ਟਰ ਵਿਆਪੀ 'ਨਸ਼ਾ ਮੁਕਤ ਯੁਵਾ ਫੌਰ ਵਿਕਸਿਤ ਭਾਰਤ ਸੰਕਲਪ ਅਭਿਯਾਨ' ਦੇ ਤਹਿਤ ਅੱਜ ਟੈਗੋਰ ਥੀਏਟਰ, ਚੰਡੀਗੜ੍ਹ ਵਿਖੇ ਪ੍ਰੋਗਰਾਮ ਆਯੋਜਿਤ ਕੀਤਾ ਜਾ ਰਿਹਾ ਹੈ।

ਇਸ ਅਭਿਯਾਨ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ੇ ਦੇ ਦੁਸ਼ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਜਾਗਰੂਕਤਾ, ਖੇਡਾਂ, ਸੱਭਿਆਚਾਰ ਅਤੇ ਸਮੁਦਾਇਕ ਸਹਿਭਾਗਿਤਾ ਦੇ ਜ਼ਰੀਏ ਤੰਦਰੁਸਤ, ਜ਼ਿੰਮੇਦਾਰ ਅਤੇ ਨਸ਼ਾ-ਮੁਕਤ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ, ਜਿਸ ਨਾਲ ਨਸ਼ਾ ਮੁਕਤ ਭਾਰਤ ਅਤੇ ਵਿਕਸਿਤ ਭਾਰਤ02047 ਦੇ ਸੰਕਲਪ ਨੂੰ ਸਾਕਾਰ ਕੀਤਾ ਜਾ ਸਕੇ।

ਇਸ ਪ੍ਰੋਗਰਾਮ ਦਾ ਪ੍ਰਮੁੱਖ ਆਕਰਸ਼ਣ ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦਾ ਦੇਸ਼ ਭਰ ਦੇ ਨੌਜਵਾਨਾਂ ਨੂੰ ਵਰਚੁਅਲ ਸੰਬੋਧਨ ਹੋਵੇਗਾ।

ਇਸ ਰਾਸ਼ਟਰਵਿਆਪੀ ਪ੍ਰੋਗਰਾਮ ਦੇ ਜ਼ਰੀਏ ਦੇਸ਼ਭਰ ਦੇ ਲਗਭਗ 10,000 ਸਥਾਨਾਂ ਨੂੰ ਜੋੜਿਆ ਜਾਵੇਗਾ ਅਤੇ ਇੱਕ ਕਰੋੜ ਤੋਂ ਅਧਿਕ ਨੌਜਵਾਨਾਂ ਦੀ ਭਾਗੀਦਾਰੀ ਦੀ ਉਮੀਦ ਹੈ। ਇਨ੍ਹਾਂ ਵਿੱਚ ਮੇਰਾ ਯੁਵਾ ਭਾਰਤ ਵਲੰਟੀਅਰ, ਮੇਰਾ ਯੁਵਾ ਭਾਰਤ- ਐੱਨਐੱਸਐੱਸ ਵਲੰਟੀਅਰ, ਯੂਥ ਕਲੱਬਾਂ ਦੇ ਮੈਂਬਰ, ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਵਿਦਿਆਰਥੀ, ਗ਼ੈਰ ਸਰਕਾਰੀ ਸੰਗਠਨਾਂ ਅਤੇ ਵਿਭਿੰਨ ਸਹਿਯੋਗੀ ਸੰਸਥਾਵਾਂ ਦੇ ਪ੍ਰਤੀਨਿਧੀ ਸ਼ਾਮਲ ਹੋਣਗੇ।

ਪ੍ਰੋਗਰਾਮ ਦੇ ਦੌਰਾਨ ਸਾਰੇ ਪ੍ਰਤੀਭਾਗੀ ਸਮੂਹਿਕ ਤੌਰ 'ਤੇ ਨਸ਼ਾ ਮੁਕਤੀ ਪ੍ਰਣ ਲੈਣਗੇ ਅਤੇ ਨਸ਼ਾ ਮੁਕਤ ਜੀਵਨ ਅਪਣਾਉਣ ਦਾ ਸੰਕਲਪ ਕਰਨਗੇ। ਇਸੇ ਅਵਸਰ 'ਤੇ 100-ਹਫ਼ਤੇ ਦੇ ਰਾਸ਼ਟਰਵਿਆਪੀ ਐਤਵਾਰ ਜਨਸਹਿਭਾਗਿਤਾ ਅਭਿਯਾਨ ਦੀ ਸ਼ੁਰੂਆਤ ਕੀਤੀ ਜਾਵੇਗੀ, ਜਿਸ ਦੇ ਤਹਿਤ ਖੇਡਾਂ, ਫਿਟਨੈੱਸ, ਸੱਭਿਆਚਾਰਕ ਪ੍ਰੋਗਰਾਮ, ਜਨ-ਜਾਗਰੂਕਤਾ ਗਤੀਵਿਧੀਆਂ, ਮਾਇੰਡਫੁੱਲਨੈੱਸ ਅਤੇ ਸਮੁਦਾਇਕ ਸਹਿਭਾਗਿਤਾ ਨਾਲ ਜੁੜੇ ਵਿਭਿੰਨ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ।

ਅਭਿਯਾਨ ਦੇ ਤਹਿਤ ਦੇਵ ਸਮਾਜ ਕਾਲਜ ਫੌਰ ਵੂਮੈਨ, ਸੈਕਟਰ 45, ਚੰਡੀਗੜ੍ਹ ਵਿਖੇ ਜ਼ਿਲ੍ਹਾ ਪੱਧਰੀ ਮੁਕਾਬਲੇ ਵੀ ਆਯੋਜਿਤ ਕੀਤੇ ਜਾਣਗੇ। ਇਨ੍ਹਾਂ ਵਿੱਚ ਸਮੂਹ ਨ੍ਰਿਤ, ਸਮੂਹ ਲੋਕ ਗੀਤ, ਮਾਇਮ ਐਕਟ, ਲਘੂ ਫਿਲਮਾਂ/ਰੀਲਾਂ, ਪੇਂਟਿੰਗ, ਵਾਦ-ਵਿਵਾਦ ਅਤੇ ਸਲੋਗਨ ਲਿਖਣ ਮੁਕਾਬਲੇ ਸ਼ਾਮਲ ਹਨ।

ਮੇਰਾ ਯੁਵਾ ਭਾਰਤ ਚੰਡੀਗੜ੍ਹ ਅਤੇ ਚੰਡੀਗੜ੍ਹ ਪ੍ਰਸ਼ਾਸਨ ਨੇ ਵਿਦਿਆਰਥੀਆਂ, ਵਿੱਦਿਅਕ ਸੰਸਥਾਵਾਂ, ਯੁਵਾ ਸੰਗਠਨਾਂ, ਗ਼ੈਰ ਸਰਕਾਰੀ ਸੰਗਠਨਾਂ ਅਤੇ ਸਾਰੇ ਨਾਗਰਿਕਾਂ ਨੂੰ ਇਸ ਅਭਿਯਾਨ ਵਿੱਚ ਸਰਗਰਮ ਭਾਗੀਦਾਰੀ ਕਰਕੇ ਨਸ਼ਾ ਮੁਕਤ ਭਾਰਤ ਦੇ ਸਮੂਹਿਕ ਸੰਕਲਪ ਨੂੰ ਸਸ਼ਕਤ ਬਣਾਉਣ ਦੀ ਅਪੀਲ ਕੀਤੀ ਹੈ।

# ਹੁਣ ਤੱਕ ਜ਼ਿਲ੍ਹੇ ਦੇ 100 ਪਿੰਡਾਂ 'ਚ ਦਿਖਾਈ ਗਈ ਗੁਰੂ ਰਵਿਦਾਸ ਜੀ ਬਾਰੇ ਦਸਤਾਵੇਜ਼ੀ ਫ਼ਿਲਮ

**ਤਰਨ ਤਾਰਨ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ ਲੋਕਾਂ ਨੂੰ ਗੁਰੂ ਜੀ ਦੇ ਜੀਵਨ, ਵਿਚਾਰਾਂ ਤੇ ਸਿੱਖਿਆਵਾਂ ਤੋਂ ਜਾਣੂ ਕਰਵਾਉਣ ਲਈ ਵਿਸ਼ੇਸ਼ ਦਸਤਾਵੇਜ਼ੀ ਫ਼ਿਲਮ ਹੁਣ ਤੱਕ ਜ਼ਿਲ੍ਹੇ ਦੇ 100 ਪਿੰਡਾਂ ਵਿੱਚ ਦਿਖਾਈ ਜਾ ਚੁੱਕੀ ਹੈ।

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਨੇ ਦੱਸਿਆ ਕਿ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀਆਂ ਗਈਆਂ ਵੈਨਾਂ ਰਾਹੀਂ ਐਲ.ਈ.ਡੀ ਸਕਰੀਨ 'ਤੇ ਦਿਖਾਈ ਜਾ ਰਹੀ ਕਰੀਬ 30 ਮਿੰਟ ਦੀ ਇਸ ਦਸਤਾਵੇਜ਼ੀ ਫ਼ਿਲਮ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਦੇ ਮਹੱਤਵਪੂਰਨ ਪੱਖਾਂ, ਫ਼ਲਸਫ਼ੇ ਅਤੇ ਉਨ੍ਹਾਂ ਵੱਲੋਂ ਮਨੁੱਖਤਾ ਦੀ ਭਲਾਈ, ਆਪਸੀ ਭਾਈਚਾਰੇ, ਸੱਚ, ਕਿਰਤ, ਸਮਾਨਤਾ ਅਤੇ ਸਰਬ ਸਾਂਝੀਵਾਲਤਾ ਦੇ ਦਿੱਤੇ ਸੰਦੇਸ਼ ਬਾਰੇ ਬਹੁਤ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ ਹੈ।

ਦਸਤਾਵੇਜ਼ੀ ਫ਼ਿਲਮ ਦੇਖਣ ਵਾਲੇ ਪਿੰਡਾਂ ਦੇ ਵਸਨੀਕਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਵਿੱਚ ਆਪਸੀ ਸਦਭਾਵਨਾ ਨੂੰ ਹੋਰ ਮਜ਼ਬੂਤ ਕਰਨ ਸਮੇਤ ਨੌਜਵਾਨ ਪੀੜ੍ਹੀ ਨੂੰ ਆਪਣੇ ਮਹਾਨ ਗੁਰੂਆਂ ਦੇ ਜੀਵਨ ਅਤੇ ਆਦਰਸ਼ਾਂ ਤੋਂ ਜਾਣੂ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਦੀ ਇਸ ਪਹਿਲ ਤਹਿਤ ਜ਼ਿਲ੍ਹੇ ਵਿੱਚ 2 ਡਾਕੂਮੈਂਟਰੀ ਵੈਨਾਂ ਰਾਹੀਂ ਰੋਜ਼ਾਨਾ ਚਾਰ-ਪੰਜ ਪਿੰਡਾਂ ਵਿੱਚ ਇਹ ਵਿਸ਼ੇਸ਼ ਦਸਤਾਵੇਜ਼ੀ ਫ਼ਿਲਮ ਦਿਖਾਈ ਜਾ ਰਹੀ ਹੈ।

# ਬਠਿੰਡਾ ਵਿੱਚ ਆਧੁਨਿਕ ਆਧਾਰ ਸੇਵਾ ਕੇਂਦਰ ਦੀ ਸ਼ੁਰੂਆਤ

**ਬਠਿੰਡਾ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਵਾਸੀਆਂ ਨੂੰ ਆਧਾਰ ਕਾਰਡ ਨਾਲ ਸਬੰਧਤ ਸੇਵਾਵਾਂ ਸੁਵਿਧਾਜਨਕ ਅਤੇ ਪਾਰਦਰਸ਼ੀ ਢੰਗ ਨਾਲ ਮੁਹੱਈਆ ਕਰਵਾਉਣ ਲਈ ਆਧਾਰ ਸੇਵਾ ਕੇਂਦਰ ਐੱਸ.ਸੀ.ਐਫ-21, ਗਰਾਊਂਡ ਫਲੋਰ ਪੁੱਡਾ ਕੰਪਲੈਕਸ 100 ਫੁੱਟੀ ਰੋਡ, ਬਠਿੰਡਾ ਵਿਖੇ ਸ਼ੁਰੂ ਕਰ ਦਿੱਤਾ ਗਿਆ ਹੈ।

ਇਹ ਕੇਂਦਰ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬੀ.ਐੱਲ.ਐੱਸ. ਇੰਟਰਨੈਸ਼ਨਲ ਸਰਵਿਸਿਜ਼ ਲਿਮਟਿਡ ਵੱਲੋਂ ਸ਼ੁਰੂ ਕੀਤਾ ਗਿਆ ਹੈ ਇਸ ਦਾ ਉਦਘਟਾਨ ਕਰਦਿਆਂ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸ੍ਰੀ ਅਭਿਨਵ ਗੋਇਲ ਨੇ ਦੱਸਿਆ ਕਿ ਇਹ ਆਧਾਰ ਸੇਵਾ ਕੇਂਦਰ ਹਫ਼ਤੇ ਦੇ ਸਾਰੇ ਸੱਤ ਦਿਨ ਖੁੱਲ੍ਹਾ ਰਹੇਗਾ, ਜਿੱਥੇ ਨਵਾਂ ਆਧਾਰ ਬਣਾਉਣ, ਬਾਇਓਮੈਟ੍ਰਿਕ ਅਤੇ ਡੈਮੋਗ੍ਰਾਫਿਕ ਅਪਡੇਟ, ਆਧਾਰ ਡਾਊਨਲੋਡ ਅਤੇ ਰੰਗੀਨ ਪ੍ਰਿੰਟ ਸਮੇਤ ਵੱਖ-ਵੱਖ ਸੇਵਾਵਾਂ ਸਰਕਾਰ ਵੱਲੋਂ ਨਿਰਧਾਰਿਤ ਫੀਸ ਅਨੁਸਾਰ ਉਪਲਬਧ ਹੋਣਗੀਆਂ। ਕੇਂਦਰ ਵਿੱਚ ਆਧੁਨਿਕ ਸਹੂਲਤਾਂ ਅਤੇ ਸਿਖਲਾਈ ਪ੍ਰਾਪਤ ਸਟਾਫ਼ ਦੀ ਵਿਵਸਥਾ ਕੀਤੀ ਗਈ ਹੈ।

ਉਹਨਾਂ ਬਠਿੰਡਾ ਅਤੇ ਨੇੜਲੇ ਇਲਾਕਿਆਂ ਦੇ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਧਾਰ ਨਾਲ ਸਬੰਧਤ ਸੇਵਾਵਾਂ ਲਈ ਇਸ ਕੇਂਦਰ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਲੋੜ ਪੈਣ 'ਤੇ ਪਹਿਲਾਂ ਤੋਂ ਆਨਲਾਈਨ ਅਪਾਇੰਟਮੈਂਟ ਵੀ ਬੁੱਕ ਕਰਵਾ ਸਕਦੇ ਹਨ।

# ਦੇਵ ਮਾਨ ਵੱਲੋਂ ਸ਼ਹਿਰ ਨੂੰ ਹਰਿਆ-ਭਰਿਆ ਬਣਾਉਣ ਲਈ ਵਿਸ਼ੇਸ਼ ਰੁੱਖ ਲਗਾਉਣ ਦੀ ਮੁਹਿੰਮ ਸ਼ੁਰੂ ਕੀਤੀ



**ਨਾਭਾ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੀ ਅਗਵਾਈ ਹੇਠ ਨਗਰ ਪੰਚਾਇਤ ਭਾਦਸੋਂ ਵੱਲੋਂ ਸ਼ਹਿਰ ਨੂੰ ਸੁੰਦਰ, ਸਾਫ਼-ਸੁਥਰਾ ਅਤੇ ਹਰਿਆ-ਭਰਿਆ ਬਣਾਉਣ ਦੇ ਉਦੇਸ਼ ਨਾਲ ਵਿਸ਼ੇਸ਼ ਰੁੱਖ ਲਗਾਉਣ ਮੁਹਿੰਮ ਚਲਾਈ ਗਈ , ਇਸ ਮੁਹਿੰਮ ਤਹਿਤ ਸ਼ਹਿਰ ਦੇ ਵੱਖ-ਵੱਖ ਸਥਾਨਾਂ 'ਤੇ 55 ਖਜੂਰ ਦੇ ਬੂਟੇ, 100 ਬੋਟਲ ਪਾਮ ਦੇ ਬੂਟੇ ਅਤੇ 15 ਫੈਂਸੀ ਸਜਾਵਟੀ ਬੂਟੇ ਲਗਾਏ ਗਏ। ਇਸ ਮੌਕੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵਾਤਾਵਰਣ ਸੰਭਾਲ ਅਤੇ ਸ਼ਹਿਰਾਂ ਦੀ ਸੁੰਦਰਤਾ ਵਧਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਰੁੱਖ ਲਗਾਉਣਾ ਹੀ ਨਹੀਂ, ਸਗੋਂ ਉਨ੍ਹਾਂ ਦੀ ਸੰਭਾਲ ਕਰਨਾ ਵੀ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਬੂਟਿਆਂ ਨਾਲ ਭਾਦਸੋਂ ਸ਼ਹਿਰ ਦੀ ਸੁੰਦਰਤਾ ਵਿੱਚ ਵਾਧਾ ਹੋਵੇਗਾ, ਵਾਤਾਵਰਣ ਨੂੰ ਲਾਭ ਮਿਲੇਗਾ ਅਤੇ ਲੋਕਾਂ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਮਾਹੌਲ ਪ੍ਰਾਪਤ ਹੋਵੇਗਾ, ਇਸ ਮੌਕੇ ਨਗਰ ਪੰਚਾਇਤ ਦੇ ਅਧਿਕਾਰੀ, ਕਰਮਚਾਰੀ ਅਤੇ ਇਲਾਕੇ ਦੇ ਪਤਵੰਤੇ ਵਿਅਕਤੀ ਵੀ ਹਾਜ਼ਰ ਸਨ, ਜਿਨ੍ਹਾਂ ਨੇ ਵਾਤਾਵਰਣ ਦੀ ਸੰਭਾਲ ਲਈ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਉਨ੍ਹਾਂ ਦੀ ਦੇਖਭਾਲ ਕਰਨ ਦਾ ਸੰਕਲਪ ਲਿਆ ਇਸ ਮੌਕੇ ਉਨਾਂ ਦੇ ਨਾਲ ਤੇਜਿੰਦਰ ਸਿੰਘ ਖਹਿਰਾ ਡਾਇਰੈਕਟਰ, ਸੈਂਕੀ ਸਿੰਗਲਾ ਪ੍ਰਧਾਨ , ਸੋਨੂ ਸੂਦ ਕੋਸਲਰ , ਕਾਲਾ ਕਿਤਾਬਾਂ ਵਾਲਾ , ਦਲਜੀਤ ਸਿੰਘ ਰਾਇਮਲ ਮਾਜਰੀ , ਲਾਡੀ ਭਾਦਸੋਂ ਕੋਸਲਰ , ਸਤਨਾਮ ਸਿੰਘ ਕੋਸਲਰ, ਸਿਮਰਨ ਅੜਕ ਚੌਹਾਨ, ਜਸਵੀਰ ਸਿੰਘ ਵਜੀਦਪੁਰ, ਸੁਖਦੀਪ ਸਿੰਘ ਖਹਿਰਾ ਅਤੇ ਹੋਰ ਅਹੁਦੇਦਾਰਾਂ ਮੋਜੂਦ ਸਨ ।

# ਪੱਛਮੀ ਕਮਾਂਡ ਨੇ ਭਾਰਤੀ ਫੌਜ ਅੰਤਰ-ਕਮਾਂਡ ਹਾਕੀ ਚੈਂਪੀਅਨਸ਼ਿਪ 2026-27 ਦੀ ਟਰਾਫੀ ਜਿੱਤੀ




**ਜਲੰਧਰ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਜਲੰਧਰ ਛਾਉਣੀ ਵਿਖੇ ਆਯੋਜਿਤ 'ਇੰਡੀਅਨ ਆਰਮੀ ਇੰਟਰ-ਕਮਾਂਡ ਹਾਕੀ ਚੈਂਪੀਅਨਸ਼ਿਪ 2026-27' ਵਿੱਚ ਭਾਰਤੀ ਫੌਜ ਦੇ ਸਭ ਤੋਂ ਵਧੀਆ ਖਿਡਾਰੀਆਂ ਵਿਚਕਾਰ ਇੱਕ ਰੋਮਾਂਚਕ ਹਾਕੀ ਮੁਕਾਬਲਾ ਹੋਇਆ।

ਛੇ ਆਰਮੀ ਕਮਾਂਡਾਂ ਦੀਆਂ ਟੀਮਾਂ ਨੇ ਚੈਂਪੀਅਨਸ਼ਿਪ ਵਿੱਚ ਹਿੱਸਾ ਲਿਆ ਅਤੇ ਜਲੰਧਰ ਛਾਉਣੀ ਦੇ ਵਜਰਾ ਹਾਕੀ ਸਟੇਡੀਅਮ (ਆਰਮੀ ਹਾਕੀ ਨੋਡ) ਵਿਖੇ ਸਮਾਪਤ ਹੋਈ। ਇੱਕ ਕਰੀਬੀ ਮੁਕਾਬਲੇ ਵਾਲੇ ਫਾਈਨਲ ਵਿੱਚ, ਪੱਛਮੀ ਕਮਾਂਡ ਨੇ ਦੱਖਣੀ ਕਮਾਂਡ ਨੂੰ 4-2 ਨਾਲ ਹਰਾ ਕੇ ਪ੍ਰਤਿਸ਼ਠਾਵਾਨ ਚੈਂਪੀਅਨਸ਼ਿਪ ਟਰਾਫੀ ਜਿੱਤੀ।

ਲੈਫਟੀਨੈਂਟ ਜਨਰਲ ਪੁਸ਼ਪੇਂਦਰ ਸਿੰਘ (ਏਵੀਐਸਐਮ, ਐਸਐਮ**), ਜਨਰਲ ਅਫਸਰ ਕਮਾਂਡਿੰਗ-ਇਨ-ਚੀਫ਼, ਪੱਛਮੀ ਕਮਾਂਡ, ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਜੇਤੂਆਂ ਅਤੇ ਚੋਟੀ ਦੇ ਪ੍ਰਦਰਸ਼ਨ ਕਰਨ ਵਾਲਿਆਂ ਨੂੰ ਟਰਾਫੀਆਂ ਅਤੇ ਇਨਾਮ ਭੇਟ ਕੀਤੇ।

ਚੈਂਪੀਅਨਾਂ ਅਤੇ ਭਾਗ ਲੈਣ ਵਾਲੀਆਂ ਟੀਮਾਂ ਨੂੰ ਵਧਾਈ ਦਿੰਦੇ ਹੋਏ, ਫੌਜ ਕਮਾਂਡਰ ਨੇ ਖਿਡਾਰੀਆਂ ਦੀ ਪੂਰੇ ਟੂਰਨਾਮੈਂਟ ਦੌਰਾਨ ਬੇਮਿਸਾਲ ਹੁਨਰ, ਅਨੁਸ਼ਾਸਨ, ਖੇਡ ਭਾਵਨਾ ਅਤੇ ਟੀਮ ਵਰਕ ਦਾ ਪ੍ਰਦਰਸ਼ਨ ਕਰਨ ਲਈ ਪ੍ਰਸ਼ੰਸਾ ਕੀਤੀ।

ਉਨ੍ਹਾਂ ਨੇ ਚੈਂਪੀਅਨਸ਼ਿਪ ਦੇ ਪੇਸ਼ੇਵਰ ਸੰਗਠਨ ਅਤੇ ਸਫਲ ਸੰਚਾਲਨ ਲਈ ਪ੍ਰਬੰਧਕਾਂ ਦੀ ਵੀ ਪ੍ਰਸ਼ੰਸਾ ਕੀਤੀ।

ਭਾਰਤੀ ਫੌਜ ਦੇ ਦ੍ਰਿਸ਼ਟੀਕੋਣ ਅਤੇ ਰਾਸ਼ਟਰ ਨਿਰਮਾਣ ਲਈ ਖੇਡਾਂ ਨੂੰ ਉਤਸ਼ਾਹਿਤ ਕਰਨ ਦੇ ਯਤਨਾਂ ਨੇ ਪ੍ਰਤਿਭਾ ਦੀ ਪਛਾਣ ਕਰਨ, ਖੇਡ ਹੁਨਰਾਂ ਨੂੰ ਨਿਖਾਰਨ ਅਤੇ ਹਾਕੀ ਸਮੇਤ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀ ਪੈਦਾ ਕਰਨ ਦਾ ਰਾਹ ਪੱਧਰਾ ਕੀਤਾ ਹੈ। ਵਰਤਮਾਨ ਵਿੱਚ, ਭਾਰਤੀ ਰਾਸ਼ਟਰੀ ਹਾਕੀ ਕੈਂਪ ਵਿੱਚ ਪੰਜ ਭਾਰਤੀ ਫੌਜ ਦੇ ਖਿਡਾਰੀ ਸ਼ਾਮਲ ਹਨ - ਨਾਇਬ ਸੂਬੇਦਾਰ ਸੂਰਜ ਕਰਕੇਰਾ, ਹਵਲਦਾਰ ਜੀਤਪਾਲ, ਹਵਲਦਾਰ ਚਿਰਾਗ, ਹਵਲਦਾਰ ਆਰੀਅਨ ਜ਼ੇਸ, ਅਤੇ ਹਵਲਦਾਰ ਪ੍ਰਭਦੀਪ। ਇਹ ਭਾਰਤੀ ਫੌਜ ਦੀ ਖੇਡ ਉੱਤਮਤਾ ਅਤੇ ਰਾਸ਼ਟਰ ਨਿਰਮਾਣ ਪ੍ਰਤੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਹੈ।

# ਪੰਜਾਬ ਸਰਕਾਰ ਸਫਾਈ ਸੇਵਕਾਂ ਦੇ ਮਾਣ-ਸਨਮਾਨ ਤੇ ਹੱਕਾਂ ਦੀ ਰਾਖੀ ਲਈ ਵਚਨਬੱਧ : ਮੋਹਿੰਦਰ ਭਗਤ

**ਜਲੰਧਰ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅੱਜ ਕਿਹਾ ਕਿ ਪੰਜਾਬ ਸਰਕਾਰ ਸਫਾਈ ਸੇਵਕਾਂ ਦੇ ਮਾਣ-ਸਨਮਾਨ ਅਤੇ ਹੱਕਾਂ ਦੀ ਰਾਖੀ ਕਰਨ ਲਈ ਦ੍ਰਿੜ ਵਚਨਬੱਧ ਹੈ।

ਇਥੇ ਸਰਕਟ ਹਾਊਸ ਵਿਖੇ ਮੇਅਰ ਵਿਨੀਤ ਧੀਰ, ਚੇਅਰਮੈਨ ਇੰਪਰੂਵਮੈਂਟ ਟਰੱਸਟ ਰਮਨੀਕ ਸਿੰਘ ਰੰਧਾਵਾ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਅੰਮ੍ਰਿਤਪਾਲ ਸਿੰਘ ਸਮੇਤ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਫਾਈ ਕਰਮਚਾਰੀਆਂ ਦੇ ਸਨਮਾਨ ਅਤੇ ਆਰਥਿਕ ਸੁਰੱਖਿਆ ਲਈ ਲਗਾਤਾਰ ਠੋਸ ਕਦਮ ਚੁੱਕ ਰਹੀ ਹੈ।

ਸ਼੍ਰੀ ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਹਿਰੀ ਸਥਾਨਕ ਇਕਾਈਆਂ ਵਿੱਚ ਕੰਮ ਕਰਦੇ ਸਫ਼ਾਈ ਸੇਵਕਾਂ ਅਤੇ ਸੀਵਰਮੈਨਾਂ ਨੂੰ ਵੱਡੀ ਰਾਹਤ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਫਾਈ ਕਰਮਚਾਰੀਆਂ ਦੇ ਹਿੱਤਾਂ ਨੂੰ ਤਰਜੀਹ ਦਿੰਦੇ ਹੋਏ ਠੇਕੇ ਦੇ ਆਧਾਰ 'ਤੇ ਕੰਮ ਕਰ ਰਹੇ ਸਫਾਈ ਕਰਮਚਾਰੀਆਂ ਦੀ ਮਹੀਨਾਵਾਰ ਤਨਖ਼ਾਹ 10,500 ਰੁਪਏ ਤੋਂ ਵਧਾ ਕੇ 20,500 ਰੁਪਏ ਕੀਤੀ ਗਈ ਹੈ। ਇਸ ਮੌਕੇ 'ਆਪ' ਰਾਜਵਿੰਦਰ ਕੌਰ ਥਿਆੜਾ ਅਤੇ ਨਿਤਿਨ ਕੋਹਲੀ ਵੀ ਮੌਜੂਦ ਸਨ।

ਕੈਬਨਿਟ ਮੰਤਰੀ ਨੇ ਕਿਹਾ ਕਿ ਸਫਾਈ ਕਰਮਚਾਰੀ ਸਫਾਈ ਪ੍ਰਣਾਲੀ ਦੀ ਰੀੜ੍ਹ ਦੀ ਹੱਡੀ ਹਨ, ਜਿਨ੍ਹਾਂ ਦੀ ਭਲਾਈ ਲਈ ਪੰਜਾਬ ਸਰਕਾਰ ਹਰ ਸੰਭਵ ਯਤਨ ਕਰਦੀ ਰਹੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਰਤੀਆਂ, ਕਾਮਿਆਂ, ਮੁਲਾਜ਼ਮਾਂ ਸਮੇਤ ਹਰ ਵਰਗ ਦੀ ਹਮਦਰਦ ਸਰਕਾਰ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਦੇ ਆਮ ਲੋਕਾਂ ਦੀ ਭਲਾਈ ਲਈ ਇਤਿਹਾਸਕ ਫੈਸਲੇ ਲਏ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਆਮ ਆਦਮੀ ਕਲੀਨਿਕਾਂ ਦੀ ਸ਼ੁਰੂਆਤ ਕਰਕੇ ਜਿਥੇ ਘਰਾਂ ਦੇ ਨੇੜੇ ਗੁਣਵੱਤਾ ਭਰਪੂਰ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਉਥੇ 600 ਯੂਨਿਟ ਬਿਜਲੀ ਮੁਆਫ਼ ਕਰਕੇ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ।

ਸ਼੍ਰੀ ਭਗਤ ਨੇ ਕਿਹਾ ਕਿ ਸਰਕਾਰੀ ਸਕੂਲਾਂ ਨੂੰ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ। ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਸਸ਼ਕਤ ਕਰਨ ਲਈ ਮਾਵਾਂ-ਧੀਆਂ ਸਤਿਕਾਰ ਯੋਜਨਾ ਲਾਗੂ ਕੀਤੀ ਗਈ ਹੈ। ਰਾਜ ਸਰਕਾਰ ਨੇ ਮੇਰੀ ਰਸੋਈ ਸਕੀਮ ਤਹਿਤ ਰਾਸ਼ਨ ਕਿੱਟਾਂ ਦੀ ਵੰਡ, ਮੈਰਿਟ ਦੇ ਆਧਾਰ 'ਤੇ 68000 ਤੋਂ ਵੱਧ ਸਰਕਾਰੀ ਨੌਕਰੀਆਂ, ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਸਮੇਤ ਅਨੇਕਾਂ ਲੋਕ-ਪੱਖੀ ਫੈਸਲੇ ਲਾਗੂ ਕੀਤੇ ਹਨ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਫਾਈ ਕਰਮਚਾਰੀਆਂ ਦੇ ਹਿੱਤਾਂ, ਸਨਮਾਨ ਅਤੇ ਭਲਾਈ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ ਅਤੇ ਭਵਿੱਖ ਵਿੱਚ ਵੀ ਉਨ੍ਹਾਂ ਦੀ ਭਲਾਈ ਯਕੀਨੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਇਸ ਮੌਕੇ ਤਰਨਦੀਪ ਸੰਨੀ ਅਤੇ ਸੰਜੀਵ ਭਗਤ ਵੀ ਮੌਜੂਦ ਸਨ।

# ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਵੱਲੋਂ ਪੰਜਾਬ ਦੇ ਮੁੱਖ ਮੰਤਰੀ ਨੂੰ ਭੇਜਿਆ ਮੰਗ-ਪੱਤਰ



**ਸਮਾਣਾ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ (ਰਜਿ.31) ਦੇ ਫੈਸਲੇ ਤਹਿਤ ਅੱਜ ਇਥੇ ਜਿਲ੍ਹਾ ਪਟਿਆਲਾ ਬ੍ਰਾਂਚ ਕਮੇਟੀ ਸਮਾਣਾ ਵੱਲੋਂ ਐਮ.ਐਲ.ਏ. ਨੂੰ ਪੰਜਾਬ ਦੇ ਮੁੱਖ ਮੰਤਰੀ ਦੇ ਨਾਂਅ ਤੇ ਦਿੱਤਾ ਗਿਆ। ਅੱਜ ਇਥੇ ਇਸ ਸਬੰਧੀ ਪ੍ਰੈਸ ਨੋਟ ਜਾਰੀ ਕਰਦਿਆਂ ਜਿਲ੍ਹਾ ਪ੍ਰਧਾਨ ਜੀਤ ਸਿੰਘ ਬਠੋਈ ਬ੍ਰਾਂਚ ਪ੍ਰਧਾਨ ਬਲਕਾਰ ਸਿੰਘ ਕਕਰਾਲਾ,ਖਜ਼ਾਨਚੀ ਮਨਦੀਪ ਸਿੰਘ ਬੁਜਰਕ ਨੇ ਕਿਹਾ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੀਆਂ ਜਲ ਸਪਲਾਈ ਸਕੀਮਾਂ ਰਾਹੀ ਲੋਕਾਂ ਦੇ ਘਰ-ਘਰ ਪਹੁੰਚਾਉਣ ਲਈ, ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਆਊਟਸੋਰਸ ਅਧੀਨ ਇਕ ਵਰਕਰ ਦੇ ਰੂਪ ਵਿਚ ਕਾਮਿਆਂ ਦੀ ਭਰਤੀ ਕੀਤੀ ਗਈ ਸੀ, ਵਿਭਾਗ ਦੇ ਅਧਿਕਾਰੀਆਂ ਵੱਲੋਂ ਉਪਰੋਕਤ ਵਰਕਰਾਂ ਨੂੰ ਇਨਲਿਸਟਮੈਂਟ ਪਾਲਸੀ ਅਧੀਨ ਵਰਕਰਾਂ ਨੂੰ ਖੁਦ ਠੇਕੇਦਾਰ ਬਣਾ ਦਿੱਤਾ ਗਿਆ। ਵਰਤਮਾਨ ਸਮੇਂ ਦੌਰਾਨ ਵੀ ਇਨਲਿਸਟਮੈਂਟ ਪਾਲਸੀ ਅਧੀਨ ਰੈਗੂਲਰ ਮੁਲਾਜਮਾਂ ਵਾਂਗ ਹੀ ਲਗਾਤਾਰ ਸੇਵਾਵਾਂ ਨਿਭਾਅ ਰਹੇ ਹਨ। ਇਸ ਸਮੇਂ ਵਿਭਾਗ 'ਚ ਇਨਲਿਸਟਮੈਂਟ ਅਤੇ ਆਊਟਸੋਰਸ ਅਧੀਨ ਕਾਮੇ ਸੇਵਾਵਾਂ ਦੇ ਰਹੇ ਹਨ। ਪੰਜਾਬ ਸਰਕਾਰ ਵੱਲੋਂ ਕੱਚੇ ਮੁਲਾਜਮਾਂ ਨੂੰ ਪੱਕੇ ਕਰਨ ਲਈ ਲਿਆਂਦੇ ਜਾ ਰਹੇ ਆਰਡੀਨੈਂਸ ਵਿੱਚ ਇਨਲਿਸਟਮੈਂਟ ਵਰਕਰਾਂ ਨੂੰ ਸ਼ਾਮਲ ਨਹੀਂ ਕੀਤਾ ਗਿਆ ਹੈ।

ਅੱਜ ਸੂਬਾ ਕਮੇਟੀ ਦੇ ਫੈਸਲੇ ਤਹਿਤ ਵਿਧਾਇਕਾਂ/ਮੰਤਰੀਆਂ ਰਾਹੀ ਪੰਜਾਬ ਦੇ ਮੁੱਖ ਮੰਤਰੀ ਨੂੰ ਮੰਗ-ਪੱਤਰ ਭੇਜੇ ਜਾ ਰਹੇ ਹਨ ਅਤੇ ਮੰਗ ਕੀਤੀ ਜਾ ਰਹੀ ਹੈ ਕਿ 6 ਅਗਸਤ 2026 ਤੋਂ 10 ਅਗਸਤ 2026 ਤੱਕ ਹੋਣ ਵਾਲੇ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦੇ ਦੌਰਾਨ ਪੰਜਾਬ ਸਰਕਾਰ ਵੱਲੋਂ ਕੱਚੇ ਮੁਲਾਜਮਾਂ ਨੂੰ ਰੈਗੂਲਰ ਕਰਨ ਲਈ ਪਾਸ ਕੀਤੇ ਜਾ ਰਹੇ ਪੰਜਾਬ ਰਾਜ ਆਊਟਸੋਰਸ ਪ੍ਰਸੋਨਲ ਬਿੱਲ-2026 ਅਤੇ 'ਪੰਜਾਬ ਕੰਟਰੈਕਚੁਅਲ ਪ੍ਰਸੋਨਲ ਬਿੱਲ 2026 ਵਿੱਚ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ 'ਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਵਰਕਰਾਂ ਨੂੰ ਵੀ ਸ਼ਾਮਲ ਕੀਤਾ ਜਾਵੇ। ਵਿਭਾਗ 'ਚ ਕੰਮ ਕਰਦੇ ਇਨਲਿਸਟਮੈਂਟ ਅਤੇ ਆਊਟਸੋਰਸ ਵਰਕਰਾਂ ਤੇ ਉਕਤ ਕਾਨੂੰਨ ਨੂੰ ਤੁਰੰਤ ਲਾਗੂ ਕੀਤਾ ਜਾਵੇ। ਵਿਧਾਨ ਸਭਾ ਸੈਸ਼ਨ ਵਿੱਚ ਇਹ ਕਾਨੂੰਨ ਪਾਸ ਕਰਕੇ ਤੁਰੰਤ ਪ੍ਰਭਾਵ ਨਾਲ ਇਨਲਿਸਟਮੈਂਟ/ਆਊਟਸੋਰਸ ਵਰਕਰਾਂ ਤੇ ਤੁਰੰਤ ਲਾਗੂ ਕਰਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ।

ਇਨਲਿਸਟਮੈਂਟ ਵਰਕਰਾਂ ਨੂੰ ਈ.ਪੀ.ਐਫ. ਅਤੇ ਈ.ਐਸ.ਆਈ.ਸੀ. ਦੀ ਸਹੂਲਤ ਦਿੱਤੀ ਜਾਵੇ। ਸਰਕਾਰ ਦੁਆਰਾ ਮਾਨਤਾ ਪ੍ਰਾਪਤ ਸਰਕਾਰੀ ਛੁੱਟੀਆਂ ਦਿੱਤੀਆਂ ਜਾਣ।

ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਘੱਟੋ-ਘੱਟ ਉਜਰਤ ਦੇ ਕਾਨੂੰਨ 1948 ਵਿੱਚ 15ਵੀਂ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਨੂੰ ਸ਼ਾਮਲ ਕਰਕੇ ਤਨਖਾਹ ਨਿਸ਼ਚਿਤ ਕੀਤੀ ਜਾਵੇ। ਆਊਟਸੋਰਸ ਕਾਮਿਆਂ ਦੀਆਂ ਰੁਕੀਆਂ ਤਨਖਾਹਾਂ ਤੁਰੰਤ ਪ੍ਰਭਾਵ ਨਾਲ ਜਾਰੀ ਕੀਤੀ ਜਾਣ।

ਇਸਦੇ ਨਾਲ ਹੀ ਸੂਬਾ ਕਮੇਟੀ ਵੱਲੋਂ ਫੈਸਲਾ ਕੀਤਾ ਗਿਆ ਹੈ ਕਿ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦੇ ਦੌਰਾਨ ਜੇਕਰ ਮੰਗਾਂ ਦਾ ਹੱਲ ਨਹੀਂ ਕੀਤਾ ਗਿਆ ਤਾਂ ਜੱਥੇਬੰਦੀ ਵੱਲੋਂ ਮਜਬੂਰਨ ਪੂਰਅਮਨ ਢੰਗ ਨਾਲ ਅੰਦੋਲਨ ਕੀਤਾ ਜਾਵੇਗਾ। ਇਸੇ ਕੜੀ ਤਹਿਤ ਇੰਨਲਿਸਟਮੈਂਟ ਅਤੇ ਆਊਟਸੋਰਸ ਵਰਕਰਾ ਨੂੰ ਵਿਭਾਗ 'ਚ ਮਰਜ ਕਰਕੇ ਪੱਕਾ ਅਤੇ ਸੁਰੱਖਿਅਤ ਰੁਜਗਾਰ ਕਰਵਾਉਣ ਲਈ 9 ਅਗਸਤ 2026 ਤੋਂ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਦੇ ਵਿਧਾਨ ਸਭਾ ਹਲਕੇ ਸਾਹਨੇਵਾਲ ਵਿੱਚ ਵਰਕਰਾਂ ਵੱਲੋਂ ਆਪਣੇ ਪਰਿਵਾਰਾਂ-ਬੱਚਿਆਂ ਸਮੇਤ ਲਗਾਤਾਰ ਮੋਰਚਾ ਲਾਇਆ ਜਾਵੇਗਾ, ਜਿਸਦੇ ਨਿੱਕਲਣ ਵਾਲੇ ਨਤੀਜਿਆਂ ਦੀ ਜੁੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਪਟਿਆਲਾ ਵਿਖੇ ਕਾਂਗਰਸ ਦੇ ਪ੍ਰੋਗਰਾਮ 'ਚ ਲੱਗੇ ਚੰਨੀ ਦੇ ਨਾਂਅ ਦੇ ਨਾਅਰੇ



**ਪਟਿਆਲਾ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਕਾਂਗਰਸ ਵਲੋਂ ਚਲਾਈ ਜਾ ਰਹੀ 'ਹਰ ਬੂਥ ਕਾਂਗਰਸ ਮਜ਼ਬੂਤ' ਮੁਹਿੰਮ ਤਹਿਤ ਸ਼ਨੀਵਾਰ ਨੂੰ ਪਟਿਆਲਾ ਦੇ ਅਜੂਬਾ ਰੈਜ਼ੀਡੈਂਸੀ ਵਿਖੇ ਵਰਕਰਾਂ ਦੀ ਇਕ ਅਹਿਮ ਮੀਟਿੰਗ ਕਰਵਾਈ ਗਈ। ਇਸ ਵਿਚ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਪੰਜਾਬ ਕਾਂਗਰਸ ਦੇ ਇੰਚਾਰਜ ਭੁਪੇਸ਼ ਬਘੇਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਰਾਜਾ ਵੜਿੰਗ ਨੇ ਕਿਹਾ ਕਿ ਕਾਂਗਰਸ ਨੂੰ ਬੂਥ ਪੱਧਰ 'ਤੇ ਮਜ਼ਬੂਤ ਕਰਨ ਦੇ ਉਦੇਸ਼ ਨਾਲ ਇਹ ਮੁਹਿੰਮ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਚੋਣਾਂ ਨੂੰ ਧਿਆਨ ਵਿਚ ਰੱਖਦਿਆਂ ਹਰ ਬੂਥ 'ਤੇ ਸੰਗਠਨ ਨੂੰ ਮਜ਼ਬੂਤ ਕੀਤਾ ਜਾਵੇਗਾ ਅਤੇ ਵਰਕਰਾਂ ਨੂੰ ਪਹਿਲਾਂ ਤੋਂ ਹੀ ਸਰਗਰਮ ਕੀਤਾ ਜਾਵੇਗਾ। ਉਨ੍ਹਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਦੋਸ਼ ਲਾਇਆ ਕਿ ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਵਿਚ ਨਾਕਾਮ ਰਹੀ ਹੈ।

ਉੱਥੇ ਹੀ ਪੰਜਾਬ ਕਾਂਗਰਸ ਦੇ ਇੰਚਾਰਜ ਭੁਪੇਸ਼ ਬਘੇਲ ਨੇ ਕਿਹਾ ਕਿ ਪਾਰਟੀ ਨੂੰ ਮਜ਼ਬੂਤ ਕਰਨ ਲਈ ਹਰ ਆਗੂ ਅਤੇ ਵਰਕਰ ਨੂੰ ਆਪਸੀ ਖਿੱਚੋਤਾਣ ਤੋਂ ਉੱਪਰ ਉੱਠ ਕੇ ਇਕਜੁੱਟ ਹੋ ਕੇ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਨਿਰਾਸ਼ ਹਨ, ਜਦਕਿ ਅਕਾਲੀ ਦਲ ਅਤੇ ਭਾਜਪਾ ਦੀ ਛਵੀ ਵੀ ਲੋਕਾਂ ਵਿਚ ਪ੍ਰਭਾਵਸ਼ਾਲੀ ਨਹੀਂ ਰਹੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਇਕ ਵਾਰ ਫਿਰ ਕਾਂਗਰਸ ਨੂੰ ਸੱਤਾ ਵਿਚ ਦੇਖਣਾ ਚਾਹੁੰਦੇ ਹਨ ਤਾਂ ਜੋ ਸੂਬੇ ਦੇ ਵਿਕਾਸ ਨੂੰ ਨਵੀਂ ਦਿਸ਼ਾ ਮਿਲ ਸਕੇ।

ਇਸ ਪ੍ਰੋਗਰਾਮ ਦੌਰਾਨ ਚੰਨੀ ਦੇ ਸਮਰਥਕਾ ਨੇ ਮੌਕੇ 'ਤੇ ਖੜੇ ਹੋ ਕੇ ਚੰਨੀ ਲਿਆਓ ਪੰਜਾਬ ਬਚਾਓ ਦੇ ਨਾਅਰੇ ਲਾਣੇ ਸ਼ੁਰੂ ਕਰ ਦਿੱਤੇ ਜਿਸ ਤੋਂ ਬਾਅਦ ਇਸ ਪ੍ਰੋਗਰਾਮ ਵਿਚ ਹੰਗਾਮਾ ਮੱਚ ਗਿਆ ਅਤੇ ਰਾਜਾ ਵੜਿੰਗ ਨੇ ਵਾਰ-ਵਾਰ ਸਮਰਥਕਾਂ ਨੂੰ ਚੁੱਪ ਰਹਿਣ ਦੀ ਅਪੀਲ ਕੀਤੀ।

ਇਸ ਮੌਕੇ ਹੰਗਾਮੇ ਨੂੰ ਦੇਖਦਿਆਂ ਕਈ ਲੋਕ ਉਥੋਂ ਚਲੇ ਗਏ।

# ਸ਼ਹੀਦ ਊਧਮ ਸਿੰਘ ਦੇ 87ਵੇਂ ਸ਼ਹੀਦੀ ਦਿਹਾੜੇ ਮੌਕੇ ਨੌਜਵਾਨਾਂ ਨੂੰ ਸ਼ਹੀਦਾਂ ਦੇ ਆਦਰਸ਼ਾਂ 'ਤੇ ਚੱਲਣ ਦਾ ਸੱਦਾ



**ਸਨੌਰ,6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹੀਦ ਊਧਮ ਸਿੰਘ ਨੌਜਵਾਨ ਸਭਾ, ਸਨੌਰ ਵੱਲੋਂ ਸ਼ਹੀਦ ਊਧਮ ਸਿੰਘ ਦੇ 87ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਇੱਕ ਵਿਸ਼ਾਲ ਸ਼ਹੀਦੀ ਸਮਾਗਮ ਗੁਰਦੁਆਰਾ ਸਾਹਿਬ ਭੁੰਨਰਹੇੜੀ ਵਿਖੇ ਕਰਵਾਇਆ ਗਿਆ। ਇਸ ਮੌਕੇ ਜਲ੍ਹਿਆਂਵਾਲਾ ਬਾਗ ਵਿਖੇ ਸਥਾਪਿਤ ਸ਼ਹੀਦ ਊਧਮ ਸਿੰਘ ਦੇ ਸਮਾਰਕ ਨੂੰ ਤਿਆਰ ਕਰਨ ਵਾਲੀ ਸੰਸਥਾ ਅੰਤਰਰਾਸ਼ਟਰੀ ਸਰਬ ਕੰਬੋਜ ਮਹਾਸਭਾ ਦੇ ਪ੍ਰਧਾਨ ਸ੍ਰੀ ਦੌਲਤ ਰਾਮ ਨੂੰ ਵੀ ਉਨ੍ਹਾਂ ਦੀਆਂ ਵਿਸ਼ੇਸ਼ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸਭਾ ਵੱਲੋਂ ਸਾਬਕਾ ਸੰਸਦ ਮੈਂਬਰ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੂੰ ਵੀ ਵਿਸ਼ੇਸ਼ ਸਨਮਾਨ ਨਾਲ ਨਿਵਾਜਿਆ ਗਿਆ। ਸਭਾ ਨੇ ਦੱਸਿਆ ਕਿ ਜਲ੍ਹਿਆਂਵਾਲਾ ਬਾਗ ਦੇ ਸ਼ਤਾਬਦੀ ਸਮਾਗਮ ਮੌਕੇ ਲੋਕ ਸਭਾ ਵਿੱਚ ਪ੍ਰੋ. ਚੰਦੂਮਾਜਰਾ ਨੇ ਜ਼ੋਰਦਾਰ ਢੰਗ ਨਾਲ ਜਲ੍ਹਿਆਂਵਾਲਾ ਬਾਗ ਦੇ ਮੁੱਖ ਦਰਵਾਜ਼ੇ 'ਤੇ ਸ਼ਹੀਦ ਊਧਮ ਸਿੰਘ ਦਾ ਸਮਾਰਕ ਸਥਾਪਿਤ ਕਰਨ ਦੀ ਮੰਗ ਉਠਾਈ ਸੀ ਅਤੇ ਆਪਣੇ ਯਤਨਾਂ ਸਦਕਾ ਉਸ ਮੰਗ ਨੂੰ ਅਮਲੀ ਰੂਪ ਦਿਵਾਇਆ। ਇਸ ਸਮੇਂ ਸਨਮਾਨ ਸਵੀਕਾਰ ਕਰਦਿਆਂ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਸ਼ਹੀਦ ਊਧਮ ਸਿੰਘ ਨੌਜਵਾਨ ਸਭਾ ਸਨੌਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ਼ਹੀਦ ਊਧਮ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਦੇਸ਼ ਦੇ ਨੌਜਵਾਨਾਂ ਨੂੰ ਗਰੀਬੀ, ਬੇਰੁਜ਼ਗਾਰੀ, ਸਮਾਜਿਕ ਬੁਰਾਈਆਂ ਅਤੇ ਖ਼ਾਸ ਕਰਕੇ ਨਸ਼ਿਆਂ ਖ਼ਿਲਾਫ਼ ਸੰਘਰਸ਼ ਕਰਦੇ ਹੋਏ ਹੱਕ ਅਤੇ ਸੱਚ ਦੀ ਲੜਾਈ ਲੜਨ ਦੀ ਪ੍ਰੇਰਨਾ ਲੈਣੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਜੇਕਰ ਸ਼ਹੀਦ ਊਧਮ ਸਿੰਘ ਨੇ ਜਲ੍ਹਿਆਂਵਾਲਾ ਬਾਗ ਦੇ ਕਤਲੇਆਮ ਦਾ ਬਦਲਾ ਲੰਡਨ ਦੀ ਧਰਤੀ 'ਤੇ ਜਾ ਕੇ ਨਾ ਲਿਆ ਹੁੰਦਾ ਤਾਂ ਭਾਰਤ ਨੂੰ ਆਜ਼ਾਦੀ ਪ੍ਰਾਪਤ ਕਰਨ ਲਈ ਹੋਰ ਲੰਮਾ ਸਮਾਂ ਗ਼ੁਲਾਮੀ ਸਹਿਣੀ ਪੈਂਦੀ। ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਵਿੱਚ ਸ਼ਹੀਦ ਊਧਮ ਸਿੰਘ ਦੇ ਅਮੁੱਲੇ ਯੋਗਦਾਨ ਨੂੰ ਕਦੇ ਵੀ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।

ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ, ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ, ਕਰਤਾਰ ਸਿੰਘ ਸਰਾਭਾ, ਮਦਨ ਲਾਲ ਢੀਂਗਰਾ ਅਤੇ ਹੋਰ ਮਹਾਨ ਕ੍ਰਾਂਤੀਕਾਰੀਆਂ ਨੂੰ ਅੱਜ ਤੱਕ ਸਰਕਾਰੀ ਤੌਰ 'ਤੇ ਸ਼ਹੀਦਾਂ ਦੀ ਸੂਚੀ ਵਿੱਚ ਯੋਗ ਸਥਾਨ ਨਹੀਂ ਮਿਲਿਆ। ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਇਨ੍ਹਾਂ ਮਹਾਨ ਦੇਸ਼ ਭਗਤਾਂ ਨੂੰ ਸਰਕਾਰੀ ਤੌਰ 'ਤੇ ਸ਼ਹੀਦਾਂ ਦੀ ਸੂਚੀ ਵਿੱਚ ਸ਼ਾਮਲ ਕਰਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ। ਉਨ੍ਹਾਂ ਸ਼ਹੀਦ ਊਧਮ ਸਿੰਘ ਦੇ ਪਰਿਵਾਰਕ ਮੈਂਬਰਾਂ ਦਾ ਸਵਾਗਤ ਕਰਦਿਆਂ ਹਲਕਾ ਸਨੌਰ ਦੇ ਲੋਕਾਂ ਅਤੇ ਨੌਜਵਾਨ ਸਭਾ ਦਾ ਧੰਨਵਾਦ ਕੀਤਾ। ਨਾਲ ਹੀ ਅੰਤਰਰਾਸ਼ਟਰੀ ਸਰਬ ਕੰਬੋਜ ਮਹਾ ਸਭਾ ਦੇ ਪ੍ਰਧਾਨ ਸ੍ਰੀ ਦੌਲਤ ਰਾਮ ਵੱਲੋਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਸ਼ਹੀਦ ਊਧਮ ਸਿੰਘ ਦੇ ਸਮਾਰਕ ਸਥਾਪਿਤ ਕਰਨ ਲਈ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਭਰਪੂਰ ਸ਼ਲਾਘਾ ਕੀਤੀ।

ਅੰਤਰਰਾਸ਼ਟਰੀ ਸਰਬ ਕੰਬੋਜ ਮਹਾ ਸਭਾ ਦੇ ਪ੍ਰਧਾਨ ਸ੍ਰੀ ਦੌਲਤ ਰਾਮ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਜੇਕਰ ਉਸ ਵੇਲੇ ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ ਲੋਕ ਸਭਾ ਦੇ ਮੈਂਬਰ ਨਾ ਹੁੰਦੇ ਤਾਂ ਅੱਜ ਜਲ੍ਹਿਆਂਵਾਲਾ ਬਾਗ ਦੇ ਮੁੱਖ ਦਰਵਾਜ਼ੇ 'ਤੇ ਸ਼ਹੀਦ ਊਧਮ ਸਿੰਘ ਦਾ ਸਮਾਰਕ ਸਥਾਪਿਤ ਨਾ ਹੋ ਸਕਦਾ। ਉਨ੍ਹਾਂ ਕਿਹਾ ਕਿ ਪ੍ਰੋ. ਚੰਦੂਮਾਜਰਾ ਨੇ ਇਸ ਕਾਰਜ ਨੂੰ ਅਮਲੀ ਰੂਪ ਦੇ ਕੇ ਸ਼ਹੀਦ ਦੀ ਯਾਦ ਨੂੰ ਸਦੀਵੀ ਬਣਾ ਦਿੱਤਾ ਹੈ।

# ਵਿਸ਼ਵ ਲੰਗ ਕੈਂਸਰ ਦਿਵਸ ਮੌਕੇ ਭਗਵੰਤ ਮਾਨ ਸਰਕਾਰ ਨੇ ਮੁਫ਼ਤ ਕੈਂਸਰ ਇਲਾਜ ਅਤੇ ਰੋਕਥਾਮ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ

**ਚੰਡੀਗੜ੍ਹ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਸ਼ਵ ਲੰਗ ਕੈਂਸਰ ਦਿਵਸ ਮੌਕੇ ਭਗਵੰਤ ਮਾਨ ਸਰਕਾਰ ਨੇ ਇੱਕ ਸਧਾਰਨ ਪਰ ਬਹੁਤ ਅਹਿਮ ਸੰਦੇਸ਼ ਦਿੱਤਾ ਹੈ ਕਿ ਕੋਈ ਵੀ ਵਿਅਕਤੀ ਸਿਰਫ਼ ਇਸ ਕਰਕੇ ਫ਼ੇਫੜਿਆਂ ਦੇ ਕੈਂਸਰ ਖਿਲਾਫ ਜੰਗ ਨਾ ਹਾਰੇ ਕਿਉਂਕਿ ਉਹ ਇਲਾਜ ਦਾ ਖ਼ਰਚਾ ਨਹੀਂ ਝੱਲ ਸਕਦਾ। ਮੁੱਖ ਮੰਤਰੀ ਸਿਹਤ ਯੋਜਨਾ (ਐਮਐਮਐਸਵਾਈ) ਰਾਹੀਂ ਸੂਬਾ ਸਰਕਾਰ ਨਾ ਸਿਰਫ਼ ਜੀਵਨ-ਰੱਖਿਅਕ ਇਲਾਜ ਦਾ ਖ਼ਰਚਾ ਚੁੱਕ ਰਹੀ ਹੈ, ਸਗੋਂ ਬੀਮਾਰੀ ਹੋਣ ਤੋਂ ਪਹਿਲਾਂ ਹੀ ਇਸ ਦੀ ਰੋਕਥਾਮ ਲਈ ਵੀ ਲਗਾਤਾਰ ਕੰਮ ਕਰ ਰਹੀ ਹੈ। ਅੰਕੜੇ ਦਰਸਾਉਂਦੇ ਹਨ ਕਿ ਇਹ ਵਚਨਬੱਧਤਾ ਹੁਣ ਲੋਕਾਂ ਲਈ ਅਸਲ ਸਹਾਰਾ ਬਣ ਰਹੀ ਹੈ। ਹੁਣ ਤੱਕ ਯੋਜਨਾ ਤਹਿਤ 708 ਫੇਫੜਾ ਕੈਂਸਰ ਮਰੀਜ਼ਾਂ ਨੂੰ ਪੂਰੀ ਤਰ੍ਹਾਂ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਇਆ ਗਿਆ ਹੈ, ਜਿਸ ਲਈ 3.43 ਕਰੋੜ ਰੁਪਏ ਦੇ ਕਲੇਮ ਮਨਜ਼ੂਰ ਕੀਤੇ ਜਾ ਚੁੱਕੇ ਹਨ। ਇਸ ਨਾਲ ਸੈਂਕੜੇ ਪਰਿਵਾਰਾਂ ਨੂੰ ਹਸਪਤਾਲ ਦੇ ਖ਼ਰਚਿਆਂ ਦੀ ਚਿੰਤਾ ਤੋਂ ਮੁਕਤੀ ਮਿਲੀ ਹੈ ਅਤੇ ਉਹ ਆਪਣੇ ਪਰਿਵਾਰਕ ਮੈਂਬਰਾਂ ਦੀ ਸਿਹਤਯਾਬੀ 'ਤੇ ਧਿਆਨ ਦੇ ਸਕੇ ਹਨ। ਇਸ ਮੌਕੇ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਫ਼ੇਫੜਿਆਂ ਦਾ ਕੈਂਸਰ ਦੁਨੀਆ ਦੇ ਸਭ ਤੋਂ ਘਾਤਕ ਕੈਂਸਰਾਂ ਵਿੱਚੋਂ ਇੱਕ ਹੈ, ਪਰ ਇਹ ਅਜਿਹੀ ਬੀਮਾਰੀ ਵੀ ਹੈ ਜਿਸ ਵਿੱਚ ਪਰਹੇਜ਼ ਅਤੇ ਸਮੇਂ ਸਿਰ ਇਲਾਜ ਨਾਲ ਨਤੀਜਿਆਂ ਵਿੱਚ ਵੱਡਾ ਸੁਧਾਰ ਲਿਆਂਦਾ ਜਾ ਸਕਦਾ ਹੈ। ਉਨ੍ਹਾਂ ਕਿਹਾ, ਮੁੱਖ ਮੰਤਰੀ ਸਿਹਤ ਯੋਜਨਾ ਰਾਹੀਂ ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਲੋਕਾਂ ਨੂੰ ਇਲਾਜ ਦੇ ਖ਼ਰਚੇ ਦੀ ਚਿੰਤਾ ਕੀਤੇ ਬਿਨਾਂ ਸਮੇਂ ਸਿਰ ਇਲਾਜ ਮਿਲੇ। ਸਾਡੀ ਜ਼ਿੰਮੇਵਾਰੀ ਸਿਰਫ਼ ਇਲਾਜ ਮੁਹੱਈਆ ਕਰਵਾਉਣ ਤੱਕ ਸੀਮਿਤ ਨਹੀਂ। ਅਸੀਂ ਇਹ ਵੀ ਯਕੀਨੀ ਬਣਾਉਣਾ ਚਾਹੁੰਦੇ ਹਾਂ ਕਿ ਲੋਕ ਸਮੇਂ ਸਿਰ ਹਸਪਤਾਲ ਪਹੁੰਚਣ ਅਤੇ ਕਿਸੇ ਵੀ ਮਰੀਜ਼ ਨੂੰ ਮਿਆਰੀ ਸਿਹਤ ਸੇਵਾਵਾਂ ਲੈਣ ਵਾਸਤੇ ਆਰਥਿਕ ਤੰਗੀ ਕੋਈ ਰੁਕਾਵਟ ਨਾ ਬਣੇ। ਤੰਬਾਕੂ ਕੰਟਰੋਲ ਦੇ ਖੇਤਰ ਵਿੱਚ ਪੰਜਾਬ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਸੂਬੇ ਨੇ ਪੂਰੇ ਦੇਸ਼ ਲਈ ਇੱਕ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ, ਵਿਸ਼ਵ ਫੇਫੜਾ ਕੈਂਸਰ ਦਿਵਸ ਮੌਕੇ ਨੈਸ਼ਨਲ ਫੈਮਲੀ ਹੈਲਥ ਸਰਵੇਖਣ (ਐਨਐਫਐਚਐਸ-6) ਵੱਲੋਂ ਭਾਰਤ ਵਿੱਚ ਸਭ ਤੋਂ ਘੱਟ ਤੰਬਾਕੂ ਸੇਵਨ ਵਾਲੇ ਸੂਬੇ ਵਜੋਂ ਪੰਜਾਬ ਨੂੰ ਮਿਲੀ ਮਾਨਤਾ ਸਾਡੀਆਂ ਨਿਰੰਤਰ ਜਾਗਰੂਕਤਾ ਮੁਹਿੰਮਾਂ, ਪ੍ਰਭਾਵਸ਼ਾਲੀ ਤੰਬਾਕੂ ਕੰਟਰੋਲ ਉਪਾਵਾਂ ਅਤੇ ਲੋਕਾਂ ਦੀ ਸਰਗਰਮ ਭਾਗੀਦਾਰੀ ਦੀ ਸਫ਼ਲਤਾ ਦਾ ਪ੍ਰਤੀਕ ਹੈ। ਇਹ ਪ੍ਰਾਪਤੀ ਸਾਡੇ ਇਸ ਭਰੋਸੇ ਨੂੰ ਹੋਰ ਮਜ਼ਬੂਤ ਕਰਦੀ ਹੈ ਕਿ ਫ਼ੇਫੜਿਆਂ ਦੇ ਕੈਂਸਰ ਖ਼ਿਲਾਫ਼ ਰੋਕਥਾਮ ਹੀ ਸਭ ਤੋਂ ਪ੍ਰਭਾਵਸ਼ਾਲੀ ਹਥਿਆਰ ਹੈ।

# ਮਲਟੀਪਰਪਜ ਸਕੂਲ ਦੇ 14 ਵਿਦਿਆਰਥੀਆਂ ਨੇ ਜੇਈਈ ਤੇ ਨੀਟ ਕੀਤਾ ਕੁਆਲੀਫਾਈ



**ਪਟਿਆਲਾ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਰ ਦੇ ਨਾਮਵਰ ਵਿੱਦਿਅਕ ਅਦਾਰੇ ਪੀਐਮ ਸ਼੍ਰੀ ਸਰਕਾਰੀ ਕੋ-ਐਡ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ ਪਾਸੀ ਰੋਡ ਦੇ ਅੱਠ ਵਿਦਿਆਰਥੀਆਂ ਨੇ ਜੇਈਈ ਅਤੇ ਛੇ ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਕੁਆਲੀਫਾਈ ਕਰਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ ਹੈ। ਜਿਸ ਦੇ ਚਲਦਿਆਂ ਪੰਜਾਬ ਸਰਕਾਰ ਵੱਲੋਂ ਚੰਡੀਗੜ੍ਹ ਵਿਖੇ ਕਰਵਾਏ ਗਏ ਸਨਮਾਨ ਸਮਾਰੋਹ ਦੌਰਾਨ ਪੀਐੱਮ ਸ਼੍ਰੀ ਸਰਕਾਰੀ ਕੋ-ਐਡ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ, ਪਾਸੀ ਰੋਡ ਦੇ ਪ੍ਰਿੰਸੀਪਲ ਮੈਡਮ ਵਿਜੇ ਕਪੂਰ ਨੂੰ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਸੀਨੀਅਰ ਆਪ ਆਗੂ ਮਨੀਸ਼ ਸਿਸੋਦੀਆ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਇਹ ਸਨਮਾਨ ਸਕੂਲ ਦੇ ਵਿਦਿਆਰਥੀਆਂ ਵੱਲੋਂ ਸਾਲ 2026 ਵਿੱਚ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਕੀਤੇ ਗਏ ਸ਼ਾਨਦਾਰ ਪ੍ਰਦਰਸ਼ਨ ਦੇ ਮੱਦੇਨਜ਼ਰ ਦਿੱਤਾ ਗਿਆ। ਸਕੂਲ ਦੇ 8 ਵਿਦਿਆਰਥੀਆਂ ਨੇ ਜੇਈਈ ਪ੍ਰੀਖਿਆ ਅਤੇ 6 ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਸਫਲਤਾਪੂਰਵਕ ਯੋਗਤਾ ਪ੍ਰਾਪਤ ਕਰਕੇ

ਨੀਟ ਵਿੱਚ ਸਫਲ ਵਿਦਿਆਰਥੀਆਂ ਵਿੱਚ ਰਾਜਵੰਸ਼ ਆਹਲੂਵਾਲੀਆ, ਨਵਜੋਤ ਸਿੰਘ, ਵਿਧਿਤਾ, ਇਸ਼ਨੂਰ ਕੌਰ, ਮਨਿੰਦਰ ਸਿੰਘ ਅਤੇ ਸੀਮਾ ਗੁਪਤਾ ਸ਼ਾਮਲ ਹਨ ਜਦਕਿ ਜੇਈਈ ਵਿੱਚ 8 ਵਿਦਿਆਰਥੀਆਂ ਦੀ ਸਫਲਤਾ ਵੀ ਸਕੂਲ ਦੀ ਅਕਾਦਮਿਕ ਉਪਲਬਧੀ ਦਾ ਪ੍ਰਮਾਣ ਹੈ।

ਸਨਮਾਨ ਸਮਾਰੋਹ ਦੌਰਾਨ ਸਿੱਖਿਆ ਮੰਤਰੀ ਨੇ ਕਿਹਾ ਕਿ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਦੀ ਮਿਹਨਤ ਸਦਕਾ ਅੱਜ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਰਾਸ਼ਟਰੀ ਪੱਧਰ ਦੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਲਗਾਤਾਰ ਸਫਲਤਾ ਹਾਸਲ ਕਰ ਰਹੇ ਹਨ। ਉਨ੍ਹਾਂ ਨੇ ਪ੍ਰਿੰਸੀਪਲ ਵਿਜੇ ਕਪੂਰ ਅਤੇ ਸਕੂਲ ਦੀ ਸਮੂਹ ਅਧਿਆਪਕ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਹੋਰ ਸਕੂਲਾਂ ਲਈ ਵੀ ਪ੍ਰੇਰਨਾਦਾਇਕ ਹੈ।

ਇਸ ਮੌਕੇ ਪ੍ਰਿੰਸੀਪਲ ਮੈਡਮ ਵਿਜੇ ਕਪੂਰ ਨੇ ਇਸ ਸਨਮਾਨ ਦਾ ਸਿਹਰਾ ਸਕੂਲ ਦੇ ਸਮਰਪਿਤ ਅਧਿਆਪਕਾਂ, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਦਿੰਦਿਆਂ ਕਿਹਾ ਕਿ ਟੀਮ ਵਰਕ, ਯੋਜਨਾਬੱਧ ਤਿਆਰੀ ਅਤੇ ਨਿਰੰਤਰ ਮਿਹਨਤ ਦੇ ਨਤੀਜੇ ਵਜੋਂ ਇਹ ਸ਼ਾਨਦਾਰ ਸਫਲਤਾ ਸੰਭਵ ਹੋਈ ਹੈ। ਉਨ੍ਹਾਂ ਨੇ ਭਵਿੱਖ ਵਿੱਚ ਵੀ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਅਤੇ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਹੋਰ ਬਿਹਤਰ ਮਾਹੌਲ ਪ੍ਰਦਾਨ ਕਰਨ ਦਾ ਭਰੋਸਾ ਦਿੱਤਾ।

ਇਸ ਸਨਮਾਨ ਨਾਲ ਪੀਐੱਮ ਸ਼੍ਰੀ ਸਰਕਾਰੀ ਕੋ-ਐਡ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ, ਪਾਸੀ ਰੋਡ, ਪਟਿਆਲਾ ਨੇ ਇੱਕ ਵਾਰ ਫਿਰ ਇਹ ਸਾਬਤ ਕੀਤਾ ਹੈ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਵੀ ਆਪਣੀ ਯੋਗਤਾ, ਮਿਹਨਤ ਅਤੇ ਅਧਿਆਪਕਾਂ ਦੀ ਰਹਿਨੁਮਾਈ ਨਾਲ ਦੇਸ਼ ਦੀਆਂ ਵੱਕਾਰੀ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰ ਸਕਦੇ ਹਨ। ਪੰਜਾਬ ਸਰਕਾਰ ਤੋਂ ਸਨਮਾਨ ਪ੍ਰਾਪਤ ਕਰਕੇ ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਮੈਡਮ ਵਿਜੇ ਕਪੂਰ ਦਾ ਸਕੂਲ ਪਹੁੰਚਣ 'ਤੇ ਸਮੁੱਚੇ ਸਟਾਫ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਸਨਮਾਨ ਮਿਲਣ 'ਤੇ ਜ਼ਿਲ੍ਹਾ ਸਿੱਖਿਆ ਅਫਸਰ ਪਟਿਆਲਾ ਸ਼ਾਲੂ ਮਹਿਰਾ ਵੱਲੋਂ ਪ੍ਰਿੰਸੀਪਲ ਮੈਡਮ ਵਿਜੇ ਕਪੂਰ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ ਗਈ।

# ਸਟੀਫਨ ਇੰਟਰਨੈਸ਼ਨਲ ਸਕੂਲ ਵਿੱਚ ਪੰਜਵੀਂ ਜਮਾਤ ਵੱਲੋਂ 'ਪਵਿੱਤਰ ਦੋਸਤੀ' ਵਿਸ਼ੇ 'ਤੇ ਵਿਸ਼ੇਸ਼ ਸਭਾ ਦਾ ਪ੍ਰਭਾਵਸ਼ਾਲੀ ਆਯੋਜਨ



**ਸੁਨਾਮ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਸਟੀਫਨ ਇੰਟਰਨੈਸ਼ਨਲ ਸਕੂਲ ਵਿੱਚ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਪਵਿੱਤਰ ਦੋਸਤੀ (ਪਵਿੱਤਰ ਦੋਸਤੀ ) ਵਿਸ਼ੇ 'ਤੇ ਇੱਕ ਪ੍ਰਭਾਵਸ਼ਾਲੀ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਭਾਸ਼ਣਾਂ, ਸਮੂਹ ਗੀਤ, ਲਘੂ ਨਾਟਿਕਾ, ਪ੍ਰੇਰਨਾਦਾਇਕ ਵਿਚਾਰਾਂ ਅਤੇ ਰੰਗਾਰੰਗ ਪੇਸ਼ਕਾਰੀਆਂ ਰਾਹੀਂ ਸੱਚੀ ਦੋਸਤੀ, ਪਿਆਰ, ਭਰੋਸੇ, ਸਹਿਯੋਗ ਅਤੇ ਮਨੁੱਖੀ ਕਦਰਾਂ-ਕੀਮਤਾਂ ਦਾ ਸੁੰਦਰ ਸੰਦੇਸ਼ ਦਿੱਤਾ।

ਵਿਦਿਆਰਥੀਆਂ ਨੇ ਆਪਣੇ ਆਤਮ-ਵਿਸ਼ਵਾਸ ਅਤੇ ਸ਼ਾਨਦਾਰ ਮੰਚ ਪੇਸ਼ਕਾਰੀ ਨਾਲ ਸਭ ਦਾ ਦਿਲ ਜਿੱਤ ਲਿਆ। ਸਮਾਗਮ ਦਾ ਮੁੱਖ ਉਦੇਸ਼ ਬੱਚਿਆਂ ਵਿੱਚ ਅਜਿਹੀਆਂ ਕਦਰਾਂ ਦਾ ਵਿਕਾਸ ਕਰਨਾ ਸੀ ਜੋ ਉਨ੍ਹਾਂ ਨੂੰ ਸੱਚੇ, ਇਮਾਨਦਾਰ ਅਤੇ ਸੰਵੇਦਨਸ਼ੀਲ ਦੋਸਤ ਬਣਨ ਲਈ ਪ੍ਰੇਰਿਤ ਕਰਨ। ਹਰ ਪੇਸ਼ਕਾਰੀ ਨੇ ਇਹ ਸੰਦੇਸ਼ ਦਿੱਤਾ ਕਿ ਅਸਲ ਦੋਸਤੀ ਉਹ ਹੈ ਜੋ ਹਰ ਹਾਲਤ ਵਿੱਚ ਸਾਥ ਨਿਭਾਏ ਅਤੇ ਸਹੀ ਰਾਹ 'ਤੇ ਚੱਲਣ ਦੀ ਪ੍ਰੇਰਣਾ ਦੇਵੇ।

ਸਕੂਲ ਦੇ ਚੇਅਰਮੈਨ ਸ੍ਰੀ ਦੀਪਕ ਗੁਪਤਾ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਮਿਹਨਤ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਸੱਚੀ ਦੋਸਤੀ ਇੱਕ ਚੰਗੇ ਚਰਿੱਤਰ ਅਤੇ ਸਫਲ ਜੀਵਨ ਦੀ ਮਜ਼ਬੂਤ ਨੀਂਹ ਹੁੰਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਇਮਾਨਦਾਰੀ, ਆਪਸੀ ਸਤਿਕਾਰ ਅਤੇ ਸਹਿਯੋਗ 'ਤੇ ਆਧਾਰਿਤ ਦੋਸਤੀ ਨਿਭਾਉਣ ਲਈ ਪ੍ਰੇਰਿਤ ਕੀਤਾ। ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਸ਼ਰਮਾ ਨੇ ਵਿਦਿਆਰਥੀਆਂ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਸਕੂਲ ਦਾ ਉਦੇਸ਼ ਕੇਵਲ ਅਕਾਦਮਿਕ ਸਿੱਖਿਆ ਦੇਣਾ ਹੀ ਨਹੀਂ, ਸਗੋਂ ਬੱਚਿਆਂ ਵਿੱਚ ਨੈਤਿਕ ਕਦਰਾਂ, ਅਨੁਸ਼ਾਸਨ, ਲੀਡਰਸ਼ਿਪ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਦਾ ਵਿਕਾਸ ਕਰਨਾ ਵੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਮੁੱਲ-ਆਧਾਰਿਤ ਪ੍ਰੋਗਰਾਮ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਸਮਾਗਮ ਦਾ ਸਮਾਪਨ ਧੰਨਵਾਦ ਪ੍ਰਸਤਾਵ ਨਾਲ ਹੋਇਆ। ਇਸ ਵਿਸ਼ੇਸ਼ ਸਭਾ ਨੇ ਹਰ ਹਾਜ਼ਰ ਵਿਅਕਤੀ ਨੂੰ ਇਹ ਸੰਦੇਸ਼ ਦਿੱਤਾ ਕਿ ਸੱਚੀ ਦੋਸਤੀ ਜੀਵਨ ਦੀ ਸਭ ਤੋਂ ਕੀਮਤੀ ਦੌਲਤ ਹੈ, ਜੋ ਪਿਆਰ, ਭਰੋਸੇ ਅਤੇ ਮਨੁੱਖਤਾ ਦੇ ਰਿਸ਼ਤਿਆਂ ਨੂੰ ਸਦਾ ਮਜ਼ਬੂਤ ਬਣਾਈ ਰੱਖਦੀ ਹੈ।

# ਈਸਾਪੁਰ ਵਿਖੇ ਖ਼ਵਾਜਾ ਪੀਰ ਜੀ ਦਾ ਸਲਾਨਾ ਮੇਲਾ ਅਤੇ ਭੰਡਾਰਾ ਕਰਵਾਇਆ



**ਮਾਛੀਵਾੜਾ ਸਾਹਿਬ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਬਲਾਕ ਮਾਛੀਵਾੜਾ ਦੇ ਪਿੰਡ ਈਸਾਪੁਰ ਵਿਖੇ ਵੱਡੀ ਸਰਕਾਰ ਖਵਾਜਾ ਪੀਰ ਸਲਾਨਾ ਮੇਲਾ ਅਤੇ ਭੰਡਾਰਾ ਕਰਵਾਇਆ ਗਿਆ ਜਿਸ ਵਿੱਚ ਸੂਫੀ ਸੰਤ ਸਮਾਜ ਦੁਆਬਾ ਜੋਨ ਦੇ ਸਹਿਯੋਗ ਨਾਲ ਵੱਡੀ ਗਿਣਤੀ ਵਿੱਚ ਧਾਰਮਿਕ ਸ਼ਖਸ਼ੀਅਤਾਂ ਨੇ ਸ਼ਿਰਕਤ ਕੀਤੀ।ਮੁੱਖ ਸੇਵਾਦਾਰ ਬਾਬਾ ਸੁਖਦੇਵ ਸਿੰਘ ਈਸਾਪੁਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਈਸਾਪੁਰ ਵਿਖੇ ਵੱਡੀ ਸਰਕਾਰ ਖਵਾਜਾ ਪੀਰ ਦਾ ਸਲਾਨਾ ਮੇਲਾ ਤੇ ਭੰਡਾਰਾ ਕਰਵਾਇਆ ਗਿਆ।ਇਸ ਉਪਰੰਤ ਇਸ਼ਰਤ ਅਲੀ ਨੇ ਧਾਰਮਿਕ ਗੀਤਕਾਰੀ ਨਾਲ ਮਹਿਫਲ ਦੀ ਸ਼ੁਰੂਆਤ ਕੀਤੀ।, ਜਿਸ ਤੋਂ ਬਾਅਦ ਇੰਟਰਨੈਸ਼ਨਲ ਕਲਾਕਾਰ ਪਰਵੇਜ਼ ਆਲਮ, ਨੇ ਸੂਫੀਆਨਾ ਰੰਗ ਬਖੇਰਦਿਆਂ ਆਪਣੀ ਮਹਿਫ਼ਿਲ ਸਜਾਈ। ਇਸ ਤੋਂ ਇੱਕ ਦਿਨ ਪਹਿਲਾਂ ਵੀਰਵਾਰ ਨੂੰ ਮਹਿੰਦੀ ਦੀ ਰਸਮ ਰਾਤ 8 ਵਜੇ ਨਿਵਾਈ ਗਈ।ਸਵੇਰ ਸਮੇਂ ਤੋਂ ਚਾਹ ਪਕੌੜਿਆਂ ਦਾ ਲੰਗਰ ਲਗਾਇਆ ਗਿਆ ਚਿਰਾਗ ਦੀ ਰਸਮ ਸਵੇਰੇ 9 ਵਜੇ ਅਤੇ ਝੰਡੇ ਦੀ ਰਸਮ ਸਵੇਰੇ 10 ਵਜੇ ਨਿਭਾਈ ਗਈ। ਇਸ ਉਪਰੰਤ ਸੂਫੀਆਨਾ ਰੰਗ ਵਖੇਰਦਿਆਂ ਪਰਵੇਜ ਆਲਮ ਨੇ ਦਰਸ਼ਕਾਂ ਨੂੰ ਝੂਮਣ ਲਾ ਦਿੱਤਾ। ਜੀਵਨ ਦੇ ਵੱਖ-ਵੱਖ ਰੰਗਾਂ ਨੂੰ ਦਰਸਾਉਂਦੇ ਲੋਕ ਤੱਥ ਅਤੇ ਸ਼ਹਿਰੋ ਸ਼ਾਇਰੀ ਸੰਗਤਾਂ ਨੂੰ ਖੂਬ ਪਸੰਦ ਆਈ। ਉਪਰੰਤ ਸ਼ਾਮ ਕਰੀਬ 5 ਵਜੇ ਸਤਲੁਜ ਦਰਿਆ ਵਿੱਚ ਬੇੜਾ ਤਾਰਨ ਦੀ ਰਸਮ ਅਦਾ ਕੀਤੀ ਗਈ।

ਬਾਬਾ ਸੁਖਦੇਵ ਸਿੰਘ ਵੱਲੋਂ ਪੁੱਜੀਆਂ ਸਾਰੀਆਂ ਧਾਰਮਿਕ ਸ਼ਖਸ਼ੀਅਤਾਂ, ਮਹਿਮਾਨਾਂ ਅਤੇ ਸਹਿਯੋਗੀ ਸੱਜਣਾਂ ਨੂੰ ਸਨਮਾਨਿਤ ਕੀਤਾ ਗਿਆ।ਸਾਰਾ ਦਿਨ ਲੰਗਰ ਅਟੁੱਟ ਵਰਤਾਇਆ ਜਾਵੇਗਾ। ਸਟੇਜ ਸਕੱਤਰ ਦੀ ਭੂਮਿਕਾ ਦੀਪਾ ਬਲਾ ਗੋਲਡ ਮੈਡਲਿਸਟ ਨੇ ਬਾਖੂਬੀ ਨਿਭਾਈ।। ਇਸ ਸਮਾਗਮ ਵਿੱਚ ਮਹਾ ਮੰਡਲੇਸ਼ਵਰ ਸ੍ਰੀ ਬਾਮਦੇਵ ਮੁਨੀ ਜੀ (ਪ੍ਰੀਤੀ ਮਾਈ), ਵਿਸ਼ਵ ਸੂਫੀ ਸੰਤ ਸਮਾਜ ਪੰਜਾਬ ਬੋਰਡ ਦੇ ਚੇਅਰਮੈਨ ਬਾਬਾ ਦੀਪਕ ਸ਼ਾਹ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ, ਜਿਨ੍ਹਾਂ ਬਾਬਾ ਸੁਖਦੇਵ ਸਿੰਘ ਈਸਾਪੁਰ ਨੂੰ ਹਲਕਾ ਸਮਰਾਲਾ ਤੋਂ ਸੂਫੀ ਸੰਤ ਸਮਾਜ ਦਾ ਇੰਚਾਰਜ ਘੋਸ਼ਿਤ ਕਰਦਿਆਂ ਕਿਹਾ ਕਿ ਸੰਤ ਸਮਾਜ ਦੇ ਡੇਰੇਦਾਰਾਂ ਨੂੰ ਆ ਰਹੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ ਤੇ ਕੀਤਾ ਜਾਵੇਗਾ ਅਤੇ ਉਹ ਆਪਣੇ ਜਿਲ੍ਹਾ ਇੰਚਾਰਜ ਨੂੰ ਆਪਣੀਆਂ ਸਮੱਸਿਆਵਾਂ ਤੋਂ ਜਾਣੂ ਕਰਵਾ ਸਕਦੇ ਹਨ। ਇਸ ਸਮਾਗਮ ਵਿੱਚ ਪੰਜ ਪੀਰ ਦਰਬਾਰ ਸ਼ੇਰਗੜ੍ਹ ਫਲਾਹੀ ਮੁੱਖ ਸੇਵਾਦਾਰ ਦੀਪਾ ਬਾਬਾ ਜੀ ,ਸਾਈ ਸੌਕਤ ਅਲੀ, ਬਾਬਾ ਰਜੇਸ਼ ਦਾਸ, ਬੀਬਾ ਗੀਨਾ ਦੇਵਾ, ਕ੍ਰਿਸ਼ਨ ਲਾਲ, ਸਰਪੰਚ ਜਸਪ੍ਰੀਤ ਸਿੰਘ, ਸਾਂਈਂ ਵਾਹਿਦ ਸ਼ਾਹ ਕਾਦਰੀ, ਸੰਜੀਵ ਸ਼ਾਹ ਕਾਦਰੀ, ਡਾਕਟਰ ਪਰਮਜੀਤ ਸਿੰਘ ਤਾਜੋਵਾਲ, ਗੁਰਦੀਪ ਸਿੰਘ, ਰਣਜੀਤ ਸਿੰਘ ਮੰਡ ਜੋਧਵਾਲ, ਬਾਬਾ ਗੁਰਜੰਟ ਸਿੰਘ, ਕਰਨਪ੍ਰੀਤ ਸਿੰਘ, ਸੇਵਾਦਾਰ ਦਿਲਪ੍ਰੀਤ, ਜਪਨਾਪ ਸਿੰਘ, ਹਰਪ੍ਰੀਤ ਸਿੰਘ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਮਹਿਲਾ ਮੰਡਲ ਦੁਬਾਲੀ ਵਲੋ ਤੀਆਂ ਦਾ ਮੇਲਾ ਕਰਵਾਇਆ



**ਮੋਰਿੰਡਾ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਿਲਾ ਚੇਤਨਾ ਮੰਚ ਪੰਜਾਬ ਵਲੋ ਕਿੰਗ ਵਿਲਾ ਪੈਲਸ ਵਿਖੇ ਤੀਆਂ ਦਾ ਮੇਲਾ ਕਰਵਾਇਆ ਗਿਆ. ਜਿਸ ਵਿਚ ਸੈਂਕੜੇ ਮੁਟਿਆਰਾਂ, ਮਹਿਲਾਵਾਂ ਨੇ ਸਮੂਲੀਅਤ ਕੀਤੀ. ਇਸ ਸਬੰਧੀ ਜਾਣਕਾਰੀ ਦਿੰਦਿਆਂ ਮਹਿਲਾ ਮੰਡਲ ਦੁਬਾਲੀ ਦੀ ਪ੍ਰਧਾਨ ਜੋਤੀ ਰਾਣੀ ਨੇ ਦਸਿਆ ਕਿ ਇਸ ਮੇਲੇ ਦਾ ਉਦਘਾਟਨ ਮਹਿਲਾ ਚੇਤਨਾ ਮੰਚ ਪੰਜਾਬ ਦੀ ਆਗੂ ਰਜਿੰਦਰ ਕੌਰ ਨੇ ਕੀਤਾ. ਉਹਨਾਂ ਦਸਿਆ ਕਿ ਇਸ ਮੌਕੇ, ਮਹਿਲਾਵਾਂ ਦੇ ਵੱਖ ਵੱਖ ਗਰੁਪਾਂ ਵਲੋਂ ਗੀਤ ਸੰਗੀਤ, ਗਿੱਧਾ, ਭੰਗੜਾ ਅਤ ਪੀਂਘਾ ਝੂਟੀਆਂ ਗਈਆਂ. ਨਵੀਆਂ ਵਿਆਹੀਆਂ ਲੜਕੀਆਂ, ਅਤੇ ਵਿਦਿਆਰਥਣਾ ਵਲੋ ਮਹਿੰਦੀ ਲਗਾਉਣੀ, ਚਰਖਾ ਕਤਣਾ, ਪੱਖੀਆਂ ਬੁਣਨੀਆਂ ਅਤੇ ਚਾਦਰਾਂ ਕੱਢਣ ਦੇ ਮੁਕਾਬਲੇ ਕਰਵਾਏ ਗਏ. ਮੁਟਿਆਰਾਂ ਵਲੋਂ ਪੰਜਾਬੀ ਸਭਿਆਚਾਰ ਨਾਲ ਸਬੰਧਤ ਘਗਰੇ, ਫੁਲਕਾਰੀਆਂ ਆਦਿ ਫੈਸੀ ਡਰੈਸ ਪਾ ਕੇ ਮੇਲੇ ਨੂੰ ਪੁਰਾਤਨ ਸਭਿਆਚਾਰ ਦੀ ਯਾਦ ਤਾਜਾ ਕਰਵਾ ਦਿਤੀ. ਮਹਿਲਾਵਾਂ ਵਲੋਂ ਦਿਲ ਖਿਚਵੀਆਂ ਬੋਲੀਆਂ, ਸਿਠਣੀਆਂ ਸੁਣਾ ਕੇ ਵਿਆਹ, ਸਾਦੀਆਂ ਦੀ ਯਾਦ ਤਾਜਾ ਕਰਵਾ ਦਿਤੀ।

# ਅਸੀਂ ਸ਼ਹੀਦਾਂ ਦੇ ਕਰਜ਼ਦਾਰ ਹਾਂ : ਮੇਅਰ ਕੁੰਦਨ ਗੋਗੀਆ



**ਪਟਿਆਲਾ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਗਿਆਨ ਜਯੋਤੀ ਐਜੂਜੇਸ਼ਨ ਸੁਸਾਇਟੀ (ਰਜਿ:) ਪਟਿਆਲਾ ਵੱਲੋਂ ਸ੍. ਉਪਕਾਰ ਸਿੰਘ ਪ੍ਰਧਾਨ ਦੀ ਅਗਵਾਈ ਵਿੱਚ ਨਹਿਰੂ ਪਾਰਕ ਪਟਿਆਲਾ ਵਿਖੇ ਸ਼ਹੀਦੇ ਆਜ਼ਮ ਸ੍. ਊਧਮ ਸਿੰਘ ਜੀ ਦੇ 87ਵੇਂ ਸ਼ਹੀਦੀ ਦਿਵਸ ਦੇ ਮੌਕੇ ਤੇ ਸ਼ਰਧਾਂਜਲੀ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸ਼ਹਿਰ ਦੇ ਮੇਅਰ ਸ੍ਰੀ ਕੁੰਦਨ ਗੋਗੀਆ ਜੀ ਵਲੋਂ ਬਤੌਰ ਮੁੱਖ ਮਹਿਮਾਨ ਸ਼ਮੂਲੀਅਤ ਕੀਤੀ ਗਈ। ਸਮਾਗਮ ਦੀ ਸ਼ੁਰੂਆਤ ਤੇ ਡਾ. ਹਰਨੇਕ ਢੋਟ, ਸਹਾਇਕ ਡਾਇਰੈਕਟਰ (ਰਿਟਾ:) ਭਾਸ਼ਾ ਵਿਭਾਗ, ਪੰਜਾਬ ਵੱਲੋਂ ਆਏ ਪਤਵੰਤਿਆਂ ਨੂੰ ਜੀ ਆਇਆਂ ਕਹਿਣ ਦੇ ਨਾਲ ਨਾਲ ਸ਼ਹੀਦ ਉੱਧਮ ਸਿੰਘ ਦੇ ਜੀਵਨ ਤੇ ਚਾਨਣਾ ਪਾਇਆ ਗਿਆ। ਉਸ ਉਪਰੰਤ ਮੁੱਖ ਮਹਿਮਾਨ ਸ੍ਰੀ ਕੁੰਦਨ ਗੋਗੀਆ ਜੀ ਵਲੋਂ ਸ਼ਰਧਾਂਜਲੀ ਭੇਂਟ ਕਰਦਿਆਂ ਕਿਹਾ ਗਿਆ ਕਿ ਅੱਜ ਅਸੀਂ ਉਨ੍ਹਾਂ ਸ਼ਹੀਦਾਂ ਦੀ ਬਦੌਲਤ ਹੀ ਅਜ਼ਾਦ ਫਿਜਾ ਵਿੱਚ ਸਾਹ ਲੈ ਰਹੇ ਹਾਂ। ਇਸ ਲਈ ਸਾਡਾ ਇਹ ਇਖਲਾਕੀ ਫਰਜ ਬਣਦਾ ਹੈ ਕਿ ਅਸੀਂ ਉਨ੍ਹਾਂ ਸ਼ਹੀਦਾਂ ਦੇ ਦਿਵਸਾਂ ਅਤੇ ਦਿਹਾੜਿਆਂ ਨੂੰ ਧੂਮ ਧਾਮ ਨਾਲ ਮਨਾਈਏ। ਇਸ ਮੌਕੇ ਤੇ ਪ੍ਰਿੰਸੀਪਲ ਨਰਿੰਦਰ ਕੌਰ, ਡਾ. ਤੇਜਿੰਦਰ ਸਿੰਘ ਤੇਜੀ, ਤਜਿੰਦਰਸਿੰਘ ਅਤੇ ਮੋਹਨ ਖੰਨਾ ਵਲੋਂ ਵੀ ਸ਼ਹੀਦ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਸਮੁੱਚੇ ਪ੍ਰੋਗਰਾਮ ਦਾ ਪ੍ਰਬੰਧ ਸ੍ਰੀ ਦੀਪਕ ਕਪੂਰ ਅਤੇ ਸ੍ਰੀ ਮੋਹਨ ਖੰਨਾ ਵਲੋਂ ਕੀਤਾ ਗਿਆ। ਡਵੀਜਨ ਨੰ: 4 ਤੋਂ ਪੁਲਿਸ ਸਟੇਸ਼ਨ ਤੋਂ ਏ.ਐਸ.ਆਈ. ਤੇਜਿੰਦਰ ਸਿੰਘ ਅਤੇ ਬਲਦੇਵ ਸਿੰਘ ਵਲੋਂ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਤੇ ਸ੍ਰੀਮਤੀ ਜੁਗਰੀਤ ਕੌਰ, ਲਖਬੀਰ ਸਿੰਘ ਲੱਖਾ, ਸਾਬਕਾ ਕੌਂਸਲਰਮੈਡਮ ਸੰਤੋਸ਼ ਸ਼ਰਮਾ, ਗੁਰਿੰਦਰ ਸੰਧੂ, ਬਲਵਿੰਦਰ ਕੌਰ ਸੰਧੂ, ਮਨਦੀਪ ਲਹਿਲ, ਸਾਬਕਾ ਕੌਂਸਲਰ ਮੀਨਾ ਸ਼ਰਮਾ, ਪ੍ਰਦੀਪ ਪੁਰੀ ਜੇ.ਈ.,ਰਜਿੰਦਰ ਵੋਹਰਾ ਵਲੋਂ ਵਿਸ਼ੇਸ਼ ਰੂਪ ਵਿੱਚ ਸ਼ਮੂਲੀਅਤ ਕੀਤੀ ਗਈ। ਅਖੀਰ ਵਿੱਚ ਸਾਰਿਆਂ ਵਲੋਂ ਮੋਮਬੱਤੀਆਂ ਜਗਾ ਕੇ ਸ਼ਹੀਦ ਨੂੰ ਸ਼ਰਧਾਂਜਲੀ ਦਿੱਤੀ ਗਈ।

# ਕਾਮਰੇਡ ਨਿੱਕਾ ਸਿੰਘ ਨੇ ਬੇਟੇ ਦੇ ਜਨਮ ਦਿਨ ਮੌਕੇ ਲਗਾਇਆ ਪੌਦਾ, ਦਿੱਤਾ ਵਾਤਾਵਰਨ ਬਚਾਉਣ ਦਾ ਦਿੱਤਾ ਸੰਦੇਸ਼



**ਮਾਛੀਵਾੜਾ ਸਾਹਿਬ, 6 ਅਗਸਤ**
**-ਕੌਮੀ ਪੱਤ੍ਰਿਕਾ ਬਿਊਰੋ-**

ਵੱਧ ਰਹੇ ਪ੍ਰਦੂਸ਼ਣ ਅਤੇ ਵਾਤਾਵਰਨ ਦੇ ਵਿਗੜਦੇ ਹਾਲਾਤਾਂ ਨੂੰ ਦੇਖਦੇ ਹੋਏ ਅੱਜ ਸਮਾਜ ਨੂੰ ਨਵੀਂ ਦਿਸ਼ਾ ਦੇਣ ਦੀ ਲੋੜ ਹੈ। ਇਸੇ ਸੋਚ ਨਾਲ ਪ੍ਰੇਰਿਤ ਹੋ ਕੇ ਪਿੰਡ ਖੇੜਾ ਦੇ ਕਾਮਰੇਡ ਨਿੱਕਾ ਸਿੰਘ ਖੇੜਾ ਨੇ ਆਪਣੇ ਪੁੱਤਰ ਸ਼ਰਨਦੀਪ ਸਿੰਘ ਦਾ 5ਵਾਂ ਜਨਮਦਿਨ ਰਵਾਇਤੀ ਤਰੀਕੇ ਨਾਲ ਨਾ ਮਨਾ ਕੇ ਵਾਤਾਵਰਨ ਨੂੰ ਸਮਰਪਿਤ ਕੀਤਾ।

ਪਿੰਡ ਖੇੜਾ ਵਿਖੇ ਪਰਿਵਾਰ ਅਤੇ ਪਿੰਡ ਦੇ ਲੋਕਾਂ ਨਾਲ ਮਿਲ ਕੇ ਸ਼ਰਨਦੀਪ ਦਾ ਜਨਮਦਿਨ ਮਨਾਇਆ ਗਿਆ। ਇਸ ਮੌਕੇ ਕੇਕ ਕੱਟਣ ਦੀ ਬਜਾਏ ਬੱਚੇ ਤੋਂ ਪੌਦਾ ਲਗਵਾਇਆ ਗਿਆ ਅਤੇ ਉਸਦੀ ਸਾਂਭ-ਸੰਭਾਲ ਦਾ ਪ੍ਰਣ ਲਿਆ ਗਿਆ।

ਇਸ ਮੌਕੇ ਬੋਲਦਿਆਂ ਕਾਮਰੇਡ ਨਿੱਕਾ ਸਿੰਘ ਖੇੜਾ ਨੇ ਕਿਹਾ ਕਿ ਅੱਜ ਦੇ ਸਮੇਂ 'ਚ ਜਦੋਂ ਦਰੱਖਤ ਕੱਟੇ ਜਾ ਰਹੇ ਹਨ ਅਤੇ ਪ੍ਰਦੂਸ਼ਣ ਵਧਦਾ ਜਾ ਰਿਹਾ ਹੈ, ਤਾਂ ਸਾਨੂੰ ਸਾਰਿਆਂ ਨੂੰ ਅੱਗੇ ਆਉਣਾ ਪਵੇਗਾ। ਉਨ੍ਹਾਂ ਕਿਹਾ ਜੇ ਹਰ ਪਰਿਵਾਰ ਆਪਣੇ ਘਰ ਬੱਚੇ ਦੇ ਜਨਮ ਹੋਣ 'ਤੇ ਇੱਕ ਰੁੱਖ ਦੀ ਸੇਵਾ ਕਰਨ ਦਾ ਸੰਕਲਪ ਲੈ ਲਵੇ, ਤਾਂ ਆਉਣ ਵਾਲੇ ਕੁਝ ਸਾਲਾਂ 'ਚ ਹੀ ਸਾਡਾ ਵਾਤਾਵਰਨ ਸਾਫ਼-ਸੁਥਰਾ ਹੋ ਜਾਵੇਗਾ। ਗੰਦਗੀ ਅਤੇ ਪ੍ਰਦੂਸ਼ਣ ਦੀ ਸਮੱਸਿਆ 'ਤੇ ਕਾਬੂ ਪਾਇਆ ਜਾ ਸਕਦਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਜਨਮਦਿਨ, ਵਿਆਹ, ਵਰ੍ਹੇਗੰਢ ਅਤੇ ਹੋਰ ਖੁਸ਼ੀਆਂ ਦੇ ਮੌਕਿਆਂ 'ਤੇ ਫਜ਼ੂਲ ਖਰਚੇ ਅਤੇ ਪਟਾਕੇ ਚਲਾਉਣ ਦੀ ਬਜਾਏ ਹਰ ਵਿਅਕਤੀ ਨੂੰ ਇੱਕ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਹੈ। ਉਨ੍ਹਾਂ ਸਾਰੇ ਪਿੰਡ ਵਾਸੀਆਂ ਨੂੰ ਵੀ ਇਸ ਮੁਹਿੰਮ ਨਾਲ ਜੁੜਨ ਦੀ ਅਪੀਲ ਕੀਤੀ। ਇਸ ਪ੍ਰੇਰਨਾਦਾਇਕ ਸਮਾਗਮ 'ਚ ਵੱਡੀ ਗਿਣਤੀ 'ਚ ਔਰਤਾਂ ਅਤੇ ਪਿੰਡ ਦੇ ਪਤਵੰਤੇ ਸ਼ਾਮਲ ਹੋਏ। ਇਸ ਮੌਕੇ ਬੱਚੇ ਦੀ ਮਾਤਾ ਗੁਰਪ੍ਰੀਤ ਕੌਰ, ਰਵਿੰਦਰ ਕੌਰ, ਪ੍ਰੀਤਮ ਕੌਰ, ਨਰਿੰਦਰ ਕੌਰ, ਪਿੰਕੀ ਰਾਣੀ, ਚਰਨਜੀਤ ਕੌਰ, ਰਾਣੀ ਕੌਰ, ਮਾਇਆ ਕੌਰ, ਹਰਬੰਸ ਕੌਰ, ਬਚਨੀ ਦੇਵੀ, ਪੂਨਮ ਕੌਰ, ਸੀਰਤ ਕੌਰ, ਰੋਹਿਤਪ੍ਰੀਤ ਕੌਰ, ਸਿਮਰਨ ਕੌਰ, ਦਰਸ਼ਨਾਂ ਦੇਵੀ, ਬਲਵਿੰਦਰ ਕੌਰ, ਲਾਡੀ ਰਾਣੀ, ਹਰਜਿੰਦਰ ਕੌਰ, ਅਸ਼ੋਕ ਖੇੜਾ ਅਤੇ ਪ੍ਰਿੰਸ ਖੇੜਾ ਸਮੇਤ ਹੋਰ ਪਿੰਡ ਵਾਸੀ ਹਾਜ਼ਰ ਸਨ।

ਸਾਰਿਆਂ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਅੱਗੇ ਤੋਂ ਅਜਿਹੇ ਸਮਾਗਮਾਂ 'ਤੇ ਰੁੱਖ ਲਗਾਉਣ ਦਾ ਐਲਾਨ ਕੀਤਾ।

ਸਮੁੱਚੇ ਪਿੰਡ ਨੇ ਕਾਮਰੇਡ ਨਿੱਕਾ ਸਿੰਘ ਦੇ ਇਸ ਕਦਮ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅਜਿਹੀਆਂ ਪਹਿਲਾਂ ਹੀ ਸਮਾਜ ਨੂੰ ਬਦਲਣ ਦਾ ਕਾਰਨ ਬਣਦੀਆਂ ਹਨ। ਆਓ ਅਸੀਂ ਸਮਾਜ ਵਿੱਚ ਇਸ ਪਿਰਤ ਨੂੰ ਅੱਗੇ ਤੋਰਦੇ ਹੋਏ ਖੁਸ਼ੀਆਂ ਦੇ ਮੌਕਿਆਂ ਤੇ ਪੌਦੇ ਲਗਾ ਕੇ ਉਹਨਾਂ ਦਾ ਪਾਲਣ ਪੋਸ਼ਣ ਕਰਨ ਦਾ ਪ੍ਰਣ ਕਰੀਏ, ਤਾਂ ਜੋ ਅਸੀਂ ਆਪਣੇ ਵਾਤਾਵਰਨ ਨੂੰ ਸੰਭਾਲ ਸਕੀਏ ਤੇ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਸਾਫ ਅਤੇ ਸ਼ੁੱਧ ਹਵਾ ਵਿੱਚ ਸਾਹ ਲੈ ਸਕਣ।

# ਜਨਮ ਤੇ ਮੌਤ ਸਰਟੀਫਿਕੇਟ ਦੇ ਨਿਯਮਾਂ ’ਚ ਬਦਲਾਅ, ਦੇਰੀ ਹੋਈ ਤਾਂ ਲਗਾਉਣੇ ਪੈਣਗੇ ਅਦਾਲਤ ਦੇ ਚੱਕਰ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 6 ਅਗਸਤ। ਮਾਨਸੂਨ ਸੈਸ਼ਨ ਦੌਰਾਨ ਵਿਰੋਧੀ ਧਿਰ ਦੇ ਲਗਾਤਾਰ ਹੰਗਾਮੇ ਕਾਰਨ ਸੰਸਦ ਵਿੱਚ ਰੁਕਾਵਟ ਜਾਰੀ ਹੈ। ਸ਼ੁੱਕਰਵਾਰ ਨੂੰ ਲੋਕ ਸਭਾ ਵਿੱਚ ਜਨਮ ਅਤੇ ਮੌਤ ਪੰਜੀਕਰਨ (ਸੰਸ਼ੋਧਨ) ਵਿਧੇਯਕ-2026 ਬਿਨਾਂ ਚਰਚਾ ਦੇ ਧੁਨੀ ਮਤ ਨਾਲ ਪਾਸ ਕਰ ਦਿੱਤਾ ਗਿਆ। ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ’ਤੇ ਪੁਲਿਸ ਕਾਰਵਾਈ, ਚੜ੍ਹਾਵੇ ਦੀ ਚੋਰੀ ਅਤੇ ਹੋਰ ਮੁੱਦਿਆਂ ਨੂੰ ਲੈ ਕੇ ਵਿਰੋਧੀ ਧਿਰ ਸਰਕਾਰ ਨੂੰ ਘੇਰਦਾ ਰਿਹਾ। ਇਸ ਕਾਰਨ ਪ੍ਰਸ਼ਨਕਾਲ ਨਹੀਂ ਚੱਲ ਸਕਿਆ ਅਤੇ ਆਖ਼?ਰਕਾਰ ਦੋਵੇਂ ਸਦਨਾਂ ਦੀ ਕਾਰਵਾਈ ਸੋਮਵਾਰ ਤੱਕ ਲਈ ਮੁਲਤਵੀ ਕਰ ਦਿੱਤੀ ਗਈ। ਹੰਗਾਮੇ ਦੇ ਬਾਵਜੂਦ ਇਸ ਸੈਸ਼ਨ ਵਿੱਚ ਹੁਣ ਤੱਕ ਲੋਕ ਪ੍ਰੀਖਿਆ (ਅਨੁਚਿਤ ਸਾਧਨਾਂ ਦੀ ਰੋਕਥਾਮ) ਸੰਸ਼ੋਧਨ ਵਿਧੇਯਕ ਅਤੇ ਰਾਸ਼ਟਰੀ ਸਨਮਾਨ ਦੇ ਅਪਮਾਨ ਦੀ ਰੋਕਥਾਮ (ਸੰਸ਼ੋਧਨ) ਵਿਧੇਯਕ ਦੋਵੇਂ ਸਦਨਾਂ ਤੋਂ ਪਾਸ ਕਰਵਾਏ ਜਾ ਚੁੱਕੇ ਹਨ। ਪ੍ਰਸ਼ਨਕਾਲ ਸ਼ੁਰੂ ਹੁੰਦੇ ਹੀ ਵਿਰੋਧੀ ਮੈਂਬਰ ਨਾਅਰੇਬਾਜ਼ੀ ਕਰਦੇ ਹੋਏ ਸਪੀਕਰ ਦੀ ਕੁਰਸੀ ਦੇ ਸਾਹਮਣੇ ਆ ਗਏ। ਲੋਕ ਸਭਾ ਸਪੀਕਰ ਓਮ ਬਿਰਲਾ ਦੀ ਅਪੀਲ ਨੂੰ ਵੀ ਉਨ੍ਹਾਂ ਨੇ ਅਣਸੁਣਿਆ ਕਰ ਦਿੱਤਾ। ਬਿਰਲਾ ਨੇ ਕਿਹਾ ਕਿ




ਪ੍ਰਸ਼ਨਕਾਲ ਸਰਕਾਰ ਦੀ ਜਵਾਬਦੇਹੀ ਤੈਅ ਕਰਨ ਦਾ ਸਭ ਤੋਂ ਪ੍ਰਭਾਵਸ਼ਾਲੀ ਮਾਧਿਅਮ ਹੈ, ਪਰ ਵਿਰੋਧੀ ਧਿਰ ਇਸ ਨੂੰ ਚੱਲਣ ਨਹੀਂ ਦੇ ਰਹੀ। ਉਨ੍ਹਾਂ ਕਿਹਾ ਕਿ ਕੁਝ ਮੈਂਬਰ ਸੰਸਦ ਪਰਿਸਰ ਵਿੱਚ ਵੱਖ-ਵੱਖ ਪਹਿਰਾਵਿਆਂ ਵਿੱਚ ਪ੍ਰਦਰਸ਼ਨ ਕਰਕੇ ਸਦਨ ਦੀ ਮਰਿਆਦਾ ਨੂੰ ਪ੍ਰਭਾਵਿਤ ਕਰ ਰਹੇ ਹਨ। ਇਸ ਤੋਂ ਬਾਅਦ ਕਾਰਵਾਈ ਦੁਪਹਿਰ ਤੱਕ ਮੁਲਤਵੀ ਕਰ ਦਿੱਤੀ ਗਈ। ਦੁਪਹਿਰ ਨੂੰ ਸਦਨ ਦੀ ਕਾਰਵਾਈ ਮੁੜ ਸ਼ੁਰੂ ਹੋਣ ’ਤੇ ਵਿਰੋਧੀ ਧਿਰ ਦੇ ਹੰਗਾਮੇ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਸਦਨ ਵਿੱਚ ਬੁਲਾਉਣ ਦੀ ਮੰਗ ਵਿਚਕਾਰ ਸਰਕਾਰ ਨੇ ਵਿਧੇਯਕ ਚਰਚਾ ਅਤੇ ਪਾਸ ਕਰਨ ਲਈ ਪੇਸ਼ ਕੀਤਾ। ਭਾਰੀ ਸ਼ੋਰ-ਸ਼ਰਾਬੇ ਦੇ ਵਿਚਕਾਰ ਇਹ ਵਿਧੇਯਕ ਧੁਨੀ ਮਤ ਨਾਲ ਪਾਸ ਕਰ ਦਿੱਤਾ ਗਿਆ। ਸੰਸਦੀ ਕਾਰਜ ਮੰਤਰੀ ਕਿਰਨ ਰਿਜਿਜੂ ਨੇ ਕਿਹਾ ਕਿ ਸਰਕਾਰ ਇਸ ਵਿਧੇਯਕ ’ਤੇ ਚਰਚਾ ਚਾਹੁੰਦੀ ਸੀ, ਪਰ ਵਿਰੋਧੀ ਧਿਰ ਨੇ ਹਿੱਸਾ ਨਹੀਂ ਲਿਆ। ਉਨ੍ਹਾਂ ਇਸ ਨੂੰ ਮੰਦਭਾਗਾ ਦੱਸਿਆ ਅਤੇ ਕਿਹਾ ਕਿ ਜਨਤਾ ਆਪਣੇ ਪ੍ਰਤੀਨਿਧੀਆਂ ਤੋਂ ਜਵਾਬ ਮੰਗੇਗੀ। ਰਾਜ ਸਭਾ ਵਿੱਚ ਵੀ ਵਿਰੋਧੀ ਧਿਰ ਦੇ ਹੰਗਾਮੇ ਕਾਰਨ ਕੋਈ ਕੰਮਕਾਜ ਨਹੀਂ ਹੋ ਸਕਿਆ। ਵਿਰੋਧੀ ਮੈਂਬਰਾਂ ਨੇ ਵਿਦਿਆਰਥੀਆਂ ’ਤੇ ਪੁਲਿਸ ਕਾਰਵਾਈ, ਰਾਮ ਮੰਦਰ ਚੜ੍ਹਾਵਾ ਵਿਵਾਦ ਅਤੇ ਹੋਰ ਮੁੱਦਿਆਂ ’ਤੇ ਸਰਕਾਰ ਖ਼?ਲਾਫ਼ ਨਾਅਰੇਬਾਜ਼ੀ ਕੀਤੀ। ਸਭਾਪਤੀ ਸੀਪੀ ਰਾਧਾਕ੍ਰਿਸ਼ਨਨ ਨੇ ਵਿਰੋਧੀ ਧਿਰ ਦੇ ਰਵੱਈਏ ਦੀ ਆਲੋਚਨਾ ਕਰਦੇ ਹੋਏ ਸਦਨ ਦੀ ਕਾਰਵਾਈ ਪੂਰੇ ਦਿਨ ਲਈ ਮੁਲਤਵੀ ਕਰ ਦਿੱਤੀ। ਜਨਮ ਅਤੇ ਮੌਤ ਪੰਜੀਕਰਨ (ਸੰਸ਼ੋਧਨ) ਵਿਧੇਯਕ ਦਾ ਉਦੇਸ਼ ਜਨਮ ਅਤੇ ਮੌਤ ਦੀ ਸਮੇਂ ਸਿਰ ਰਜਿਸਟ?ਰੇਸ਼ਨ ਨੂੰ ਉਤਸ਼ਾਹਿਤ ਕਰਨਾ ਅਤੇ ਦੇਰੀ ਨਾਲ ਹੋਣ ਵਾਲੀ ਰਜਿਸਟ?ਰੇਸ਼ਨ ਪ੍ਰਕਿਰਿਆ ਨੂੰ ਹੋਰ ਸਖ਼ਤ ਬਣਾਉਣਾ ਹੈ। ਨਵੇਂ ਨਿਯਮਾਂ ਮੁਤਾਬਕ ਜੇਕਰ ਜਨਮ ਜਾਂ ਮੌਤ ਦੀ ਜਾਣਕਾਰੀ ਦੋ ਸਾਲ ਤੋਂ ਵੱਧ ਸਮੇਂ ਬਾਅਦ ਰਜਿਸਟਰਾਰ ਨੂੰ ਦਿੱਤੀ ਜਾਂਦੀ ਹੈ ਤਾਂ ਰਜਿਸਟ?ਰੇਸ਼ਨ ਲਈ ਪਹਿਲੀ ਸ਼੍ਰੇਣੀ ਦੇ ਨਿਆਂਇਕ ਮੈਜਿਸਟ?ਰੇਟ ਦੇ ਹੁਕਮ ਦੀ ਲੋੜ ਹੋਵੇਗੀ। ਮੌਜੂਦਾ ਨਿਯਮਾਂ ਅਨੁਸਾਰ ਇੱਕ ਸਾਲ ਤੋਂ ਵੱਧ ਦੇਰੀ ਵਾਲੇ ਮਾਮਲਿਆਂ ਵਿੱਚ ਜ਼ਿਲ੍ਹਾ ਮੈਜਿਸਟ?ਰੇਟ, ਉਪ ਮੰਡਲ ਮੈਜਿਸਟ?ਰੇਟ ਜਾਂ ਅਧਿਕ੍ਰਿਤ ਕਾਰਜਕਾਰੀ ਮੈਜਿਸਟ?ਰੇਟ ਦੇ ਹੁਕਮ ਨਾਲ ਰਜਿਸਟ?ਰੇਸ਼ਨ ਹੋ ਸਕਦੀ ਹੈ। ਸੰਸ਼ੋਧਨ ਤੋਂ ਬਾਅਦ ਇਹ ਪ੍ਰਬੰਧ ਇੱਕ ਸਾਲ ਤੋਂ ਵੱਧ ਅਤੇ ਦੋ ਸਾਲ ਤੱਕ ਦੀ ਦੇਰੀ ਵਾਲੇ ਮਾਮਲਿਆਂ ਵਿੱਚ ਲਾਗੂ ਰਹੇਗਾ, ਜਦਕਿ ਦੋ ਸਾਲ ਤੋਂ ਵੱਧ ਦੇਰੀ ਹੋਣ ’ਤੇ ਨਿਆਂਇਕ ਮੈਜਿਸਟ?ਰੇਟ ਦੀ ਮਨਜ਼ੂਰੀ ਲੈਣੀ ਲਾਜ਼ਮੀ ਹੋਵੇਗੀ।

# ਅਨੋਖਾ ਵਿਆਹ: ਜੁੜਵਾਂ ਲਾੜੇ, ਜੁੜਵਾਂ ਲਾੜੀਆਂ ਤੇ ਵਿਆਹ ਕਰਵਾਉਣ ਵਾਲੇ ਪਾਦਰੀ ਵੀ ਜੁੜਵਾਂ

ਕੇਰਲ 6 ਅਗਸਤ। ਕੇਰਲ ਦੇ ਚਾਂਗਨਾਸੇਰੀ ਵਿੱਚ ਇੱਕ ਅਜਿਹਾ ਵਿਆਹ ਹੋਇਆ ਹੈ, ਜਿਸ ਨੇ ਆਪਣੀ ਅਨੋਖੀ ਥੀਮ ਕਾਰਨ ਸਭ ਦਾ ਧਿਆਨ ਆਪਣੇ ਵੱਲ ਖਿੱਚ ਲਿਆ ਹੈ। ਇਸ ਵਿਆਹ ਸਮਾਗਮ ਦੀ ਸਭ ਤੋਂ ਦਿਲਚਸਪ ਗੱਲ ਇਹ ਰਹੀ ਕਿ ਇਸ ਵਿੱਚ ਲਾੜਾ-ਲਾੜੀ ਤੋਂ ਲੈ ਕੇ ਪਾਦਰੀ ਅਤੇ ਵੇਦੀ ਸੇਵਕਾਂ ਤੱਕ, ਲਗਭਗ ਹਰ ਮਹੱਤਵਪੂਰਨ ਭੂਮਿਕਾ ਜੁੜਵਾਂ ਲੋਕਾਂ ਨੇ ਨਿਭਾਈ। ਲਾੜੇ ਅਖਿਲ ਅਤੇ ਨਿਖਿਲ, ਚਾਂਗਨਾਸੇਰੀ ਦੇ ਵੇਟੂਪਾਰਮਬਿਲ ਨਿਵਾਸੀ ਕੁੰਜੂਮੋਨ ਥਾਮਸ ਅਤੇ ਜੋਮੋਲ ਦੇ ਜੁੜਵਾਂ ਪੁੱਤਰ ਹਨ। ਉੱਥੇ ਹੀ, ਲਾੜੀਆਂ ਮੈਗੀ ਅਤੇ ਮਾਰੀਆ, ਪਠਾਨਮਥਿੱਟਾ ਜ਼ਿਲ੍ਹੇ ਦੇ ਕੁਲਥੂਰ ਨਿਵਾਸੀ ਟੋਮੀਚਨ ਅਤੇ ਮੈਰੀਕੁੱਟੀ ਦੀਆਂ ਜੁੜਵਾਂ ਧੀਆਂ ਹਨ। ਦੋਵਾਂ ਪਰਿਵਾਰਾਂ ਦਾ ਸਾਲਾਂ ਤੋਂ ਇਹ ਸੁਪਨਾ ਸੀ ਕਿ ਜੁੜਵਾਂ ਬੱਚਿਆਂ ਦਾ ਵਿਆਹ ਕਿਸੇ ਖਾਸ ਅਤੇ ਅਨੋਖੇ ਅੰਦਾਜ਼ ਵਿੱਚ ਹੋਵੇ, ਜੋ ਹੁਣ ਸਾਕਾਰ ਹੋ ਗਿਆ ਹੈ। ਸਮਾਗਮ ਨੂੰ ਹੋਰ ਵੀ ਵਿਸ਼ੇਸ਼ ਬਣਾਉਣ ਲਈ ਕਾਂਜੀਰਾਪੱਲੀ ਡਾਇਓਸਿਸ ਦੇ ਜੁੜਵਾਂ ਪਾਦਰੀ ਫਾਦਰ ਐਂਟੋ ਪੇਜ਼ੂਮਕੱਟਿਲ ਅਤੇ ਫਾਦਰ ਅਜੋ ਪੇਜ਼ੂਮਕੱਟਿਲ ਨੇ ਵਿਆਹ ਦੀਆਂ ਰਸਮਾਂ ਸੰਪੂਰਨ ਕਰਵਾਈਆਂ। ਉਨ੍ਹਾਂ ਦੀ ਸਹਾਇਤਾ ਲਈ ਵੇਦੀ ’ਤੇ ਜੇਰੋਨ ਜੇਮਜ਼ ਅਤੇ ਜੌਨ ਜੇਮਜ਼



ਨਾਮਕ ਜੁੜਵਾਂ ਭਰਾ ਮੌਜੂਦ ਸਨ। ਲਾੜੀਆਂ ਨੇ ਦੱਸਿਆ ਕਿ ਉਨ੍ਹਾਂ ਨੇ ਵਿਸ਼ੇਸ਼ ਤੌਰ ’ਤੇ ਅਜਿਹੇ ਪਾਦਰੀਆਂ ਦੀ ਭਾਲ ਕੀਤੀ ਸੀ ਕਿਉਂਕਿ ਉਨ੍ਹਾਂ ਦਾ ਬਚਪਨ ਤੋਂ ਹੀ ਸੁਪਨਾ ਸੀ ਕਿ ਉਨ੍ਹਾਂ ਦੇ ਵਿਆਹ ਵਿੱਚ ਜੁੜਵਾਂ ਲੋਕਾਂ ਦੀ ਵਿਸ਼ੇਸ਼ ਭੂਮਿਕਾ ਹੋਵੇ। ਜੇਕਰ ਪੇਸ਼ੇ ਦੀ ਗੱਲ ਕਰੀਏ ਤਾਂ ਦੋਵੇਂ ਭਰਾ (ਲਾੜੇ) ਮਰਚੈਂਟ ਨੇਵੀ ਵਿੱਚ ਕੰਮ ਕਰਦੇ ਹਨ, ਜਦੋਂ ਕਿ ਦੋਵੇਂ ਭੈਣਾਂ (ਲਾੜੀਆਂ) ਆਈ.ਟੀ. (9“) ਸੈਕਟਰ ਵਿੱਚ ਕਾਰਜਸ਼ੀਲ ਹਨ। ਫਾਦਰ ਐਂਟੋ ਅਤੇ ਫਾਦਰ ਅਜੋ ਨੇ ਇਸ ਤਜ਼ਰਬੇ ਨੂੰ ਅਭੁੱਲ ਦੱਸਦਿਆਂ ਕਿਹਾ ਕਿ ਜਿਸ ਤਰ੍ਹਾਂ ਇਹ ਭੈਣ-ਭਰਾ ਇਕੱਠੇ ਪੈਦਾ ਹੋਏ ਸਨ ਅਤੇ ਹੁਣ ਜੀਵਨ ਦੇ ਨਵੇਂ ਸਫ਼ਰ ਦੀ ਸ਼ੁਰੂਆਤ ਵੀ ਇਕੱਠੇ ਕਰ ਰਹੇ ਹਨ, ਉਹ ਬਹੁਤ ਹੀ ਭਾਵੁਕ ਪਲ ਹੈ। ਮਹਿਮਾਨਾਂ ਲਈ ਵੀ ਇਹ ਵਿਆਹ ਕਿਸੇ ਯਾਦਗਾਰ ਉਤਸਵ ਤੋਂ ਘੱਟ ਨਹੀਂ ਸੀ।

# ਕਾਰਗਿਲ ’ਚ ਬਾਦਲ ਫਟਣ ਨਾਲ ਤਬਾਹੀ! ਅਚਾਨਕ ਆਏ ਹੜ੍ਹ ਕਾਰਨ ਸੜਕੀ ਆਵਾਜਾਈ ਠੱਪ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 6 ਅਗਸਤ। ਕੇਂਦਰ ਸ਼ਾਸਿਤ ਪ੍ਰਦੇਸ਼ ਲੱਦਾਖ ’ਚ ਭਾਰੀ ਮੀਂਹ ਅਤੇ ਬੱਦਲ ਫਟਣ ਕਾਰਨ ਕਾਰਗਿਲ ਖੇਤਰ ਦੇ ਕਈ ਹਿੱਸਿਆਂ ’ਚ ਅਚਾਨਕ ਹੜ੍ਹ ਆ ਗਏ, ਜਿਸ ਨਾਲ ਬੁਨਿਆਦੀ ਢਾਂਚੇ ਨੂੰ ਨੁਕਸਾਨ ਪਹੁੰਚਿਆ ਤੇ ਸੜਕੀ ਸੰਪਰਕ ਵਿਘਨ ਪਿਆ। ਐਤਵਾਰ ਸ਼ਾਮ ਨੂੰ ਕਾਰਗਿਲ ਜ਼ਿਲ੍ਹੇ ਦੇ ਹਰਦਾਸ ਅਤੇ ਤੁਮੈਲ ਪਿੰਡਾਂ ’ਚ ਭਾਰੀ ਮੀਂਹ ਕਾਰਨ ਅਚਾਨਕ ਹੜ੍ਹ ਆ ਗਿਆ, ਜਿਸ ਨਾਲ ਰਿਹਾਇਸ਼ੀ ਖੇਤਰ ਡੁੱਬ ਗਏ ਤੇ ਸੜਕਾਂ ਅਤੇ ਹੋਰ ਜਨਤਕ ਬੁਨਿਆਦੀ ਢਾਂਚੇ ਨੂੰ ਨੁਕਸਾਨ ਪਹੁੰਚਿਆ। ਅਚਾਨਕ ਹੜ੍ਹਾਂ ਨੇ ਫੌਜ, ਪੁਲਸ ਅਤੇ ਸਿਵਲ ਪ੍ਰਸ਼ਾਸਨ ਨੂੰ ਰਾਹਤ ਅਤੇ ਬਚਾਅ ਕਾਰਜ ਸ਼ੁਰੂ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਥਾਨਕ ਪ੍ਰਸ਼ਾਸਨ ਅਤੇ ਆਫ਼ਤ ਰਾਹਤ ਟੀਮਾਂ ਤੁਰੰਤ ਪ੍ਰਭਾਵਿਤ ਖੇਤਰਾਂ ਵਿੱਚ ਪਹੁੰਚ ਗਈਆਂ ਤਾਂ ਜੋ ਨੁਕਸਾਨ ਦਾ ਮੁਲਾਂਕਣ ਕੀਤਾ ਜਾ ਸਕੇ ਅਤੇ ਰਾਹਤ ਕਾਰਜ ਸ਼ੁਰੂ ਕੀਤੇ ਜਾ ਸਕਣ। ਫੌਜ ਨੇ ਕਿਹਾ ਕਿ ਹਰਦਾਸ ਦੇ ਗੁੰਡ ਖੇਤਰ ਵਿੱਚ ਬੱਦਲ ਫਟਣ ਤੋਂ ਬਾਅਦ ਅਚਾਨਕ ਹੜ੍ਹ ਆ ਗਏ, ਜਿਸ ਨਾਲ ਸੜਕੀ ਸੰਪਰਕ ਵਿਘਨ ਪਿਆ ਅਤੇ ਬਹੁਤ ਸਾਰੇ ਲੋਕ ਫਸ ਗਏ। ਫਾਰਐਵਰ ਇਨ ਫੌਜ ਨੇ ਸਿਵਲ ਪ੍ਰਸ਼ਾਸਨ ਦੇ ਸਹਿਯੋਗ ਨਾਲ ਮਲਬਾ ਹਟਾਉਣ ਅਤੇ ਸੜਕਾਂ, ਪਾਣੀ ਦੀ ਸਪਲਾਈ



ਆਪ੍ਰੇਸ਼ਨ ਡਿਵੀਜ਼ਨ ਦੇ ਜਵਾਨਾਂ ਨੇ ਤੁਰੰਤ ਬਚਾਅ ਅਤੇ ਰਾਹਤ ਕਾਰਜ ਸ਼ੁਰੂ ਕੀਤੇ। ਫੌਜ ਦੇ ਅਧਿਕਾਰੀਆਂ ਨੇ ਦੱਸਿਆ ਕਿ ਸੈਨਿਕਾਂ ਨੇ ਪ੍ਰਭਾਵਿਤ ਪਿੰਡ ਵਾਸੀਆਂ ਨੂੰ ਸੁਰੱਖਿਅਤ ਥਾਵਾਂ ’ਤੇ ਪਹੁੰਚਾਇਆ, ਮੁੱਢਲੀ ਸਹਾਇਤਾ ਪ੍ਰਦਾਨ ਕੀਤੀ ਅਤੇ ਪ੍ਰਤੀਕੂਲ ਮੌਸਮ ਦੇ ਵਿਚਕਾਰ ਪੀਣ ਵਾਲਾ ਪਾਣੀ, ਜ਼ਰੂਰੀ ਸਪਲਾਈ ਅਤੇ ਭੋਜਨ ਵੰਡਿਆ। ਉਨ੍ਹਾਂ ਨੇ ਅੱਗੇ ਕਿਹਾ ਕਿ ਇੱਕ ਹੋਰ ਖੇਤਰ ਵਿੱਚ, ਅਤੇ ਬਿਜਲੀ ਨੂੰ ਬਹਾਲ ਕਰਨ ਵਿੱਚ ਸਹਾਇਤਾ ਕੀਤੀ, ਪ੍ਰਭਾਵਿਤ ਪਿੰਡਾਂ ਵਿੱਚ ਸੁਚਾਰੂ ਰਾਹਤ ਕਾਰਜਾਂ ਨੂੰ ਯਕੀਨੀ ਬਣਾਇਆ। ਪੁਲਿਸ ਨੇ ਦੱਸਿਆ ਕਿ ਸ਼ਨੀਵਾਰ ਨੂੰ ਮੀਨਾਮਾਰਗ ਨੇੜੇ ਮੀਨਾ-2 ਖੇਤਰ ਵਿੱਚ ਬੱਦਲ ਫਟਣ ਨਾਲ ਅਚਾਨਕ ਹੜ੍ਹ ਅਤੇ ਜ਼ਮੀਨ ਖਿਸਕਣ ਸ਼ੁਰੂ ਹੋ ਗਏ, ਜਿਸ ਨਾਲ ਲਗਭਗ 20 ਬਕਰਵਾਲ ਪਰਿਵਾਰਾਂ ਦੇ ਚਾਰ ਅਸਥਾਈ ਆਸਰਾ ਪ੍ਰਭਾਵਿਤ ਹੋਏ। ਉਨ੍ਹਾਂ ਦੱਸਿਆ ਕਿ ਮੀਨਾਮਾਰਗ ਪੁਲਿਸ ਚੌਕੀ ਦੇ ਕਰਮਚਾਰੀਆਂ ਨੇ ਬਚਾਅ ਕਾਰਜ ਸ਼ੁਰੂ ਕੀਤਾ ਅਤੇ ਸਾਰੇ ਪ੍ਰਭਾਵਿਤ ਪਰਿਵਾਰਾਂ ਨੂੰ ਬਾਹਰ ਕੱਢਿਆ। ਪੁਲਸ ਦੇ ਅਨੁਸਾਰ ਤੇਜ਼ ਕਰੰਟ ਕਾਰਨ ਇੱਕ ਕਾਰ ਵਹਿ ਗਈ, ਪਰ ਸਾਰੇ ਯਾਤਰੀ ਸੁਰੱਖਿਅਤ ਬਚ ਗਏ। ਅਧਿਕਾਰੀਆਂ ਨੇ ਦੱਸਿਆ ਕਿ ਜ਼ਮੀਨ ਖਿਸਕਣ ਅਤੇ ਮਲਬੇ ਕਾਰਨ ਦਰਾਸ-ਸ਼੍ਰੀਨਗਰ ਰਾਸ਼ਟਰੀ ਰਾਜਮਾਰਗ ’ਤੇ ਆਵਾਜਾਈ ਨੂੰ ਅਸਥਾਈ ਤੌਰ ’ਤੇ ਮੁਅੱਤਲ ਕਰ ਦਿੱਤਾ ਗਿਆ ਹੈ, ਅਤੇ ਸੜਕ ਨੂੰ ਬਹਾਲ ਕਰਨ ਦਾ ਕੰਮ ਚੱਲ ਰਿਹਾ ਹੈ। ਪੁਲਸ ਨੇ ਯਾਤਰੀਆਂ, ਸੈਲਾਨੀਆਂ ਅਤੇ ਸਥਾਨਕ ਲੋਕਾਂ ਨੂੰ ਮੌਸਮ ਆਮ ਹੋਣ ਤੱਕ ਓਵਰਫਲੋਅ ਨਾਲਿਆਂ, ਨਦੀਆਂ ਅਤੇ ਹੜ੍ਹ ਪ੍ਰਭਾਵਿਤ ਖੇਤਰਾਂ ਨੂੰ ਪਾਰ ਨਾ ਕਰਨ ਦੀ ਸਲਾਹ ਦਿੱਤੀ ਹੈ। ਅਧਿਕਾਰੀਆਂ ਨੇ ਦੱਸਿਆ ਕਿ ਦਰਾਸ ਦੇ ਡਿਪਟੀ ਕਮਿਸ਼ਨਰ ਇਮਤਿਆਜ਼ ਕਾਚੋ ਨੇ ਸਥਿਤੀ ਦਾ ਮੁਲਾਂਕਣ ਕਰਨ, ਵਿਕਾਸ ਦੀਆਂ ਜ਼ਰੂਰਤਾਂ ਦੀ ਸਮੀਖਿਆ ਕਰਨ ਅਤੇ ਸਥਾਨਕ ਲੋਕਾਂ ਨਾਲ ਗੱਲਬਾਤ ਕਰਨ ਲਈ ਮਤਾਯੇਨ ਅਤੇ ਪਾਂਡਰਸ ਪਿੰਡਾਂ ਦਾ ਦੌਰਾ ਕੀਤਾ।

# ਸਰਕਾਰੀ ਬਹੁਤਕਨੀਕੀ ਕਾਲਜ ਫਿਰੋਜ਼ਪੁਰ ’ਚ ਦਾਖਲਿਆਂ ਲਈ ਰਜਿਸਟਰੇਸ਼ਨ ਸ਼ੁਰੂ

ਫਿਰੋਜਪੁਰ 6 ਅਗਸਤ। ਸਰਕਾਰੀ ਬਹੁਕਨੀਕੀ ਕਾਲਜ, ਦੁਲਚੀ ਕੇ ਰੋਡ ਫਿਰੋਜ਼ਪੁਰ ਦੇ ਪ੍ਰਿੰਸੀਪਲ ਜਤਿੰਦਰ ਪਾਲ ਵਲੋਂ ਦੱਸਿਆ ਗਿਆ ਕਿ ਜ਼ਿਲ੍ਹਾ ਫਿਰੋਜ਼ਪੁਰ ਅਤੇ ਫਾਜ਼ਿਲਕਾ ਦੇ ਇੱਕੋ ਇਕ ਸਰਕਾਰੀ ਬਹੁਕਨੀਕੀ ਕਾਲਜ ਵਿਖੇ ਪੰਜਾਬ ਰਾਜ ਤਕਨੀਕੀ ਸਿਖਿਆ ਬੋਰਡ, ਚੰਡੀਗੜ੍ਹ ਰਾਂਹੀ ਕੀਤੇ ਜਾ ਰਹੇ ਆਨਲਾਈਨ ਦਾਖਲੇ ਅਧੀਨ ਦੂਜੇ ਰਾਊਂਡ ਦੀ ਕਾਉਂਸਲਿੰਗ ਲਈ ਰਜਿਸਟਰੇਸ਼ਨ ਮਿਤੀ 25.06.2026 ਤੋਂ ਸ਼ੁਰੂ ਹੋ ਚੁੱਕੀ ਹੈ, ਜਿਸ ਦੀ ਅੰਤਿਮ ਮਿਤੀ 08.07.2026 ਹੈ। ਉਨ੍ਹਾਂ ਦੱਸਿਆ ਕਿ ਵਿਦਿਆਰਥੀ ਦਾਖਲੇ ਲਈ ਆਨਲਾਈਨ ਰਜਿਸਟਰੇਸ਼ਨ ਕਰਨ ਉਪਰੰਤ ਜਿਸ ਟ?ਰੇਡ/ ਬ੍ਰਾਂਚ ਵਿਚ ਦਾਖਲਾ ਲੈਣਾ ਚਾਹੁੰਦਾ ਹੈ, ਉਸ ਸਬੰਧੀ ਮਿਤੀ 09.07.2026 ਤੱਕ ਆਨਲਾਈਨ ਚੁਆਇਸ ਪ੍ਰੈਫਰੈਂਸ ਦੇ ਸਕਦਾ ਹੈ। ਦੂਜੇ ਗੇੜ ਦੀ ਕਾਉਂਸਲਿੰਗ ਲਈ ਬੋਰਡ ਵੱਲੋਂ ਨਤੀਜਾ ਮਿਤੀ 13.07.2026 ਨੂੰ ਐਲਾਨਿਆ ਜਾਵੇਗਾ। ਨਤੀਜੇ ਵਿਚ ਸੀਟ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੇ ਦਸਤਾਵੇਜ਼ਾਂ ਦੀ ਵੈਰੀਫਿਕੇਸ਼ਨ ਮਿਤੀ 14.07.2026 ਤੋਂ 21.07.2026 ਤੱਕ ਕਾਲਜ ਵਿਚ ਹੀ ਕੀਤੀ ਜਾਵੇਗੀ। ਵਿਦਿਆਰਥੀ ਇਨ੍ਹਾਂ ਮਿਤੀਆਂ ਦੌਰਾਨ ਕਾਲਜ ਵਿਚ ਵਿਜ਼ਿਟ ਕਰਕੇ ਆਪਣੇ ਦਸਤਾਵੇਜ਼ਾਂ ਦੀ ਪੜਤਾਲ ਕਰਵਾਉਣ ਉਪਰੰਤ ਮਿਤੀ 22.07.2026 ਤੱਕ ਦਾਖਲਾ ਫੀਸ ਜਮਾਂ ਕਰਵਾ ਕੇ ਆਪਣੀ ਸੀਟ ਕਨਫਰਮ ਕਰਵਾ ਸਕੇਗਾ। ਉਨ੍ਹਾਂ ਦੱਸਿਆ ਕਾਲਜ ਵਿਚ 3 ਸਾਲ ਇਲੈਕਟ?ਰੀਕਲ ਇੰਜੀਨੀਅਰਿੰਗ, ਕੰਪਿਊਟਰ ਸਾਇੰਸ ਇੰਜੀਨੀਅਰਿੰਗ, ਮਕੈਨੀਕਲ ਇੰਜੀਨੀਅਰਿੰਗ ਅਤੇ ਇਲੈਕਟ?ਰੋਨਿਕਸ ਐਂਡ ਕਮਿਊਨੀਕੇਸ਼ਨ ਇੰਜੀਨੀਅਰਿੰਗ ਅਤੇ ਸਿਵਲ ਇੰਜੀਨਿਅਰਿੰਗ ਡਿਪਲੋਮਾ ਕਰਵਾਏ ਜਾਂਦੇ ਹਨ ਅਤੇ ਇਨ੍ਹਾਂ ਡਿਪਲੋਮਾ ਕੋਰਸਾਂ ਵਿਚ ਦਾਖਲੇ ਲਈ ਚਾਹਵਾਨ ਵਿਦਿਆਰਥੀਆਂ ਲਈ ਕਾਲਜ ਵਿਖੇ ਆਨਲਾਈਨ ਰਜਿਸਟਰੇਸ਼ਨ ਲਈ ਹੈਲਪਲਾਈਨ ਡੈਸਕ ਸਥਾਪਿਤ ਕੀਤਾ ਜਾ ਚੁੱਕਾ ਹੈ। ਇਸਦੇ ਨਾਲ ਹੀ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਦੀ ਜਾਣਕਾਰੀ ਹਿੱਤ ਕਾਲਜ ਦੇ ਮੁਖੀ ਵਿਭਾਗ ਅਮਰਸੀਰ ਸਿੰਘ (946-3978057) ਦੀ ਅਗਵਾਈ ਹੇਠ ਦਾਖਲਾ ਕਮੇਟੀ -ਕਮ-ਗਾਈਡੈਂਸ ਸੈੱਲ ਸਥਾਪਤ ਕੀਤਾ ਹੋਇਆ ਹੈ ਜਿਸ ਵਿਚ ਕਾਲਜ ਵਿਖੇ ਚੱਲ ਰਹੇ ਕੋਰਸਾਂ ਤੇ ਫੀਸਾਂ ਸਬੰਧੀ ਵੱਡਮੁੱਲੀ ਜਾਣਕਾਰੀ ਦਿੱਤੀ ਜਾ ਰਹੀ ਹੈ।

## ਸੜਕ ਪਾਰ ਕਰ ਰਹੀ ਔਰਤ ਨੂੰ ਤੇਜ਼ ਰਫਤਾਰ ਵਾਹਨ ਨੇ ਦਰੜਿਆ, ਹੋਈ ਮੌਤ

ਲੁਧਿਆਣਾ 6 ਅਗਸਤ। ਜੀਟੀ ਰੋਡ ਢੰਡਾਰੀ ਕਲਾਂ ਨੇੜੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਗੰਭੀਰ ਜ਼ਖਮੀ ਹੋਈ ਇੱਕ ਅਣਪਛਾਤੀ ਔਰਤ ਦੀ ਇਲਾਜ ਦੌਰਾਨ ਮੌਤ ਹੋ ਗਈ। ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਉਹ ਸੜਕ ਪਾਰ ਕਰ ਰਹੀ ਸੀ ਤੇ ਇੱਕ ਤੇਜ਼ ਰਫ਼ਤਾਰ ਵਾਹਨ ਨੇ ਉਸਨੂੰ ਟੱਕਰ ਮਾਰ ਦਿੱਤੀ। ਸ਼ਿਕਾਇਤਕਰਤਾ ਸ਼ਿਵ ਸ਼ੰਕਰ ਦੇ ਅਨੁਸਾਰ, 29 ਅਪ੍ਰੈਲ ਨੂੰ, ਉਹ ਜੀਟੀ ਰੋਡ ਢੰਡਾਰੀ ਕਲਾਂ ’ਤੇ ਜੀਓ ਪੈਟਰੋਲ ਪੰਪ (ਕੰਗਣਵਾਲ ਕੱਟ) ਨੇੜੇ ਕਰਿਆਨੇ ਦੀ ਖਰੀਦਦਾਰੀ ਕਰਨ ਲਈ ਆਪਣੇ ਮੋਟਰਸਾਈਕਲ ’ਤੇ ਸੀ। ਉਸਨੇ ਪੈਟਰੋਲ ਪੰਪ ਦੇ ਸਾਹਮਣੇ ਇੱਕ ਅਣਪਛਾਤੀ ਔਰਤ, ਲਗਭਗ 40 ਸਾਲ ਦੀ, ਸੜਕ ਪਾਰ ਕਰਦੇ ਹੋਏ ਵੇਖੀ। ਅਣਪਛਾਤੇ ਵਾਹਨ ਚਾਲਕ ਨੇ ਲਾਪਰਵਾਹੀ ਨਾਲ ਗੱਡੀ ਚਲਾਉਂਦੇ ਹੋਏ ਔਰਤ ਨੂੰ ਸਿੱਧਾ ਟੱਕਰ ਮਾਰ ਦਿੱਤੀ ਅਤੇ ਮੌਕੇ ਤੋਂ ਭੱਜ ਗਿਆ। ਹਾਦਸੇ ਤੋਂ ਬਾਅਦ, ਗੰਭੀਰ ਜ਼ਖਮੀ ਔਰਤ ਨੂੰ ਤੁਰੰਤ ਇਲਾਜ ਲਈ ਪਟਿਆਲਾ ਦੇ ਰਾਜਿੰਦਰਾ ਹਸਪਤਾਲ ਰੈਫਰ ਕਰ ਦਿੱਤਾ ਗਿਆ। ਆਪਣੀ ਜਾਨ ਦੀ ਲੜਾਈ ਲੜਦਿਆਂ, ਔਰਤ ਨੇ ਅੰਤ ਵਿੱਚ 13 ਜੁਲਾਈ ਨੂੰ ਆਪਣੀ ਸੱਟਾਂ ਦੀ ਤਾਬ ਨਾ ਝੱਲਦਿਆਂ ਦਮ ਤੋੜ ਦਿੱਤਾ। ਸ਼ਿਕਾਇਤਕਰਤਾ ਦੇ ਬਿਆਨ ਦੇ ਆਧਾਰ ’ਤੇ, ਸਾਹਨੇਵਾਲ ਪੁਲਸ ਸਟੇਸ਼ਨ ਨੇ ਮਾਮਲਾ ਦਰਜ ਕਰ ਲਿਆ ਹੈ। ਪੁਲਸ ਅਣਪਛਾਤੇ ਵਾਹਨ ਅਤੇ ਉਸਦੇ ਡਰਾਈਵਰ ਦੀ ਪਛਾਣ ਕਰਨ ਲਈ ਨੇੜਲੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕਰ ਰਹੀ ਹੈ।

# ਦੇਸ਼ ਦੀਆਂ ਅਦਾਲਤਾਂ ’ਚ ਕੇਸਾਂ ਦਾ ਅੰਬਾਰ, 30 ਸਾਲਾਂ ਤੋਂ ਇਨਸਾਫ਼ ਦੀ ਉਡੀਕ ’ਚ 80,000 ਮਾਮਲੇ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 6 ਅਗਸਤ। ਕਈ ਕੋਸ਼ਿਸ਼ਾਂ ਦੇ ਬਾਵਜੂਦ ਲੋਕਾਂ ਨੂੰ ਇਨਸਾਫ਼ ਲਈ ਲੰਬੀ ਉਡੀਕ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜਦੋਂ ਕਿ ਸੁਪਰੀਮ ਕੋਰਟ ਨੇ ਲਗਾਤਾਰ ਲੰਬਿਤ ਮਾਮਲਿਆਂ ਦੀ ਤੇਜ਼ੀ ਨਾਲ ਸੁਣਵਾਈ ਅਤੇ ਹੱਲ ਦੀ ਵਕਾਲਤ ਕੀਤੀ ਹੈ, ਕੋਈ ਮਹੱਤਵਪੂਰਨ ਸੁਧਾਰ ਦਿਖਾਈ ਨਹੀਂ ਦੇ ਰਿਹਾ ਹੈ। 2011 ਤੋਂ ਅਦਾਲਤੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਅਤੇ ਤਕਨਾਲੋਜੀ ਨੂੰ ਨਿਆਂਇਕ ਪ੍ਰਣਾਲੀ ਵਿੱਚ ਜੋੜਨ ਲਈ ਲਗਭਗ ?10,000 ਕਰੋੜ ਖਰਚ ਕਰਨ ਦੇ ਬਾਵਜੂਦ, ਇਸ ਪਹਿਲਕਦਮੀ ਦਾ ਦਹਾਕਿਆਂ ਤੋਂ ਲੰਬਿਤ ਪਏ ਵੱਡੀ ਗਿਣਤੀ ਵਿੱਚ ਮਾਮਲਿਆਂ ਨੂੰ ਹੱਲ ਕਰਨ ’ਤੇ ਬਹੁਤ ਘੱਟ ਪ੍ਰਭਾਵ ਪਿਆ ਹੈ। ਸੁਪਰੀਮ ਕੋਰਟ ਵਿੱਚ ਇੱਕ ਦਹਾਕੇ ਤੋਂ ਵੱਧ ਸਮੇਂ ਤੋਂ 10,000 ਤੋਂ ਵੱਧ ਕੇਸ ਪੈਂਡਿੰਗ ਹਨ। ਇਨ੍ਹਾਂ ਵਿੱਚੋਂ, 558 ਕੇਸ 20 ਸਾਲਾਂ ਤੋਂ ਵੱਧ ਸਮੇਂ ਤੋਂ ਅਤੇ 26 ਕੇਸ 30 ਸਾਲਾਂ ਤੋਂ ਵੱਧ ਸਮੇਂ ਤੋਂ। ਦੇਸ਼ ਦੀਆਂ 25 ਹਾਈ ਕੋਰਟਾਂ ਵਿੱਚ, 80,000 ਤੋਂ ਵੱਧ ਕੇਸ ਤਿੰਨ ਦਹਾਕਿਆਂ ਤੋਂ ਵੱਧ ਸਮੇਂ ਤੋਂ ਅਣਸੁਲਝੇ ਪਏ ਹਨ। ਪਿਛਲੇ ਹਫ਼ਤੇ ਸੰਸਦ ਵਿੱਚ ਇੱਕ ਸਵਾਲ ਦੇ ਲਿਖਤੀ ਜਵਾਬ ਵਿੱਚ, ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਲੰਬਿਤ ਮਾਮਲਿਆਂ ਦੇ ਹੱਲ ਦੀ ਜ਼ਿੰਮੇਵਾਰੀ ਨਿਆਂਪਾਲਿਕਾ ’ਤੇ ਪਾ ਦਿੱਤੀ, ਇਹ ਨੋਟ ਕਰਦੇ ਹੋਏ



ਕਿ ਅਦਾਲਤਾਂ ਨੇ ਉਨ੍ਹਾਂ ਦੇ ਨਿਪਟਾਰੇ ਲਈ ਕੋਈ ਖਾਸ ਸਮਾਂ-ਸੀਮਾ ਨਿਰਧਾਰਤ ਨਹੀਂ ਕੀਤੀ ਹੈ। ਉਨ੍ਹਾਂ ਅੱਗੇ ਕਿਹਾ, ਅਦਾਲਤਾਂ ਵਿੱਚ ਮਾਮਲਿਆਂ ਦਾ ਸਮੇਂ ਸਿਰ ਨਿਪਟਾਰਾ ਕਈ ਕਾਰਕਾਂ ’ਤੇ ਨਿਰਭਰ ਕਰਦਾ ਹੈ, ਜਿਸ ਵਿੱਚ ਲੋੜੀਂਦੀ ਗਿਣਤੀ ਵਿੱਚ ਜੱਜਾਂ ਅਤੇ ਨਿਆਂਇਕ ਅਧਿਕਾਰੀਆਂ, ਅਦਾਲਤੀ ਸਹਾਇਤਾ ਸਟਾਫ਼ ਅਤੇ ਭੌਤਿਕ ਬੁਨਿਆਦੀ ਢਾਂਚੇ ਦੀ ਉਪਲਬਧਤਾ, ਮਾਮਲਿਆਂ ਦੀ ਗੁੰਝਲਤਾ, ਸਬੂਤਾਂ ਦੀ ਪ੍ਰਕਿਰਤੀ, ਹਿੱਸੇਦਾਰਾਂ (ਜਿਵੇਂ ਕਿ ਬਾਰ, ਜਾਂਚ ਏਜੰਸੀਆਂ, ਗਵਾਹ ਅਤੇ ਮੁਕੱਦਮੇਬਾਜ਼) ਦਾ ਸਹਿਯੋਗ ਅਤੇ ਨਿਯਮਾਂ ਅਤੇ ਪ੍ਰਕਿਰਿਆਵਾਂ ਦੀ ਪਾਲਣਾ ਸ਼ਾਮਲ ਹੈ। ਹਾਲਾਂਕਿ ਸੁਪਰੀਮ ਕੋਰਟ ਖਾਲੀ ਅਸਾਮੀਆਂ ਨੂੰ ਭਰਨ ਲਈ ਜੱਜਾਂ ਦੀ ਨਿਯੁਕਤੀ ਨੂੰ ਤੇਜ਼ ਕਰ ਰਿਹਾ ਹੈ, ਪਰ 25 ਹਾਈ ਕੋਰਟਾਂ ਅਤੇ ਹੇਠਲੀਆਂ ਅਦਾਲਤਾਂ ਵਿੱਚ ਸਥਿਤੀ ਵੱਖਰੀ ਹੈ। ਹਾਈ ਕੋਰਟਾਂ ਵਿੱਚ, 1,122 ਜੱਜਾਂ ਦੀ ਮਨਜ਼ੂਰਸ਼ੁਦਾ ਤਾਕਤ ਵਿੱਚੋਂ 341 ਅਸਾਮੀਆਂ ਖਾਲੀ ਹਨ। ਹੇਠਲੀਆਂ ਅਦਾਲਤਾਂ ਵਿੱਚ ਸਥਿਤੀ ਹੋਰ ਵੀ ਨਾਜ਼ੁਕ ਹੈ, ਜਿੱਥੇ 30,868 ਦੀ ਮਨਜ਼ੂਰਸ਼ੁਦਾ ਤਾਕਤ ਵਿੱਚੋਂ 7,311 ਨਿਆਂਇਕ ਅਸਾਮੀਆਂ ਖਾਲੀ ਹਨ।

# ਪੰਜਾਬ ’ਚ ਦੇਹ ਵਪਾਰ ਦਾ ਵੱਡਾ ਅੱਡਾ ਬੇਨਕਾਬ, ਰੇਡ ਕਰਨ ਗਈ ਪੁਲਸ ਦੇ ਵੀ ਉਡੇ ਹੋਸ਼

ਖੰਨਾ 6 ਅਗਸਤ। ਖੰਨਾ ਦੇ ਸਿਟੀ ਸੈਂਟਰ ਵਿਚ ਪੁਲਸ ਨੇ ਵੱਡੀ ਕਾਰਵਾਈ ਕਰਦਿਆਂ ਸਪਾ ਸੈਂਟਰਾਂ ਦੀ ਆੜ ਵਿਚ ਚੱਲ ਰਹੇ ਦੇਹ ਵਪਾਰ ਦੇ ਰੈਕਟ ਦਾ ਪਰਦਾਫਾਸ਼ ਕੀਤਾ ਹੈ। ਪੁਲਸ ਵੱਲੋਂ ਕੀਤੀ ਗਈ ਛਾਪੇਮਾਰੀ ਦੌਰਾਨ ਛੇ ਵਿਦੇਸ਼ੀ ਕੁੜੀਆਂ ਨੂੰ ਹਿਰਾਸਤ ਵਿਚ ਲਿਆ ਗਿਆ, ਜਦਕਿ ਦੋ ਸਪਾ ਸੈਂਟਰ ਸੰਚਾਲਕ ਮੌਕੇ ਤੋਂ ਫਰਾਰ ਹੋ ਗਏ। ਪੁਲਸ ਨੇ ਦੋਵਾਂ ਖ਼?ਲਾਫ਼ ਮੁਕੱਦਮਾ ਦਰਜ ਕਰਕੇ ਉਨ੍ਹਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਅਨੁਸਾਰ ਪੁਲਸ ਨੂੰ ਸ਼ਿਕਾਇਤਾਂ ਮਿਲ ਰਹੀਆਂ ਸਨ ਕਿ ਸਿਟੀ ਸੈਂਟਰ ਵਿਚ ਚੱਲ ਰਹੇ ਕੁਝ ਸਪਾ ਸੈਂਟਰਾਂ ਦੀ ਆੜ ’ਚ ਗੈਰ-ਕਾਨੂੰਨੀ ਗਤੀਵਿਧੀਆਂ ਚਲਾਈਆਂ ਜਾ ਰਹੀਆਂ ਹਨ। ਇਸ ਸੂਚਨਾ ਦੇ ਆਧਾਰ ’ਤੇ ਥਾਣਾ ਸਿਟੀ-2 ਦੀ ਪੁਲਸ ਨੇ ਯੋਜਨਾਬੱਧ ਢੰਗ ਨਾਲ ਛਾਪੇਮਾਰੀ ਕੀਤੀ। ਰੇਡ ਦੌਰਾਨ ਤਿੰਨ ਸਪਾ ਸੈਂਟਰਾਂ ਦੀ ਜਾਂਚ ਕੀਤੀ ਗਈ, ਹੈਰਾਨੀ ਦੀ ਗੱਲ ਇਹ ਹੈ ਕਿ ਇਥੋਂ ਛੇ ਵਿਦੇਸ਼ੀ ਲੜਕੀਆਂ ਅਤੇ ਇਕ ਮੈਨੇਜਰ ਨੂੰ ਕਾਬੂ ਕੀਤਾ ਗਿਆ। ਪੁਲਸ ਦਾ ਦਾਅਵਾ ਹੈ ਕਿ ਇਨ੍ਹਾਂ ਤੋਂ ਦੇਹ ਵਪਾਰ ਕਰਵਾਇਆ ਜਾ ਰਿਹਾ ਸੀ। ਮੁੱਢਲੀ ਜਾਂਚ ਵਿਚ ਸਾਹਮਣੇ ਆਇਆ ਹੈ ਕਿ ਇਕ ਸਪਾ ਸੈਂਟਰ ਦਾ ਸੰਚਾਲਕ ਕਪਤਾਨ ਸਿੰਘ ਜੋ ਹਰਿਆਣਾ ਦੇ ਅੰਬਾਲਾ ਦਾ ਰਹਿਣ ਵਾਲਾ ਦੱਸਿਆ ਜਾ ਰਿਹਾ ਹੈ ਅਤੇ ਦੂਜਾ ਸੰਚਾਲਕ ਮਨੋਜ ਪੁਲਸ ਦੀ ਰੇਡ ਤੋਂ ਪਹਿਲਾਂ ਹੀ ਫਰਾਰ ਹੋ ਗਏ। ਦੋਵਾਂ ਖ਼?ਲਾਫ਼ ਸੰਬੰਧਤ ਧਾਰਾਵਾਂ ਤਹਿਤ ਕੇਸ ਦਰਜ ਕਰਕੇ ਉਨ੍ਹਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਪੁਲਸ ਜਾਂਚ ਦੌਰਾਨ ਇਹ ਵੀ ਗੱਲ ਸਾਹਮਣੇ ਆਈ ਹੈ ਕਿ ਇਹ ਗਿਰੋਹ ਕਾਫੀ ਸਮੇਂ ਤੋਂ ਵੱਖ-ਵੱਖ ਥਾਵਾਂ ’ਤੇ ਆਪਣਾ ਟਿਕਾਣਾ ਬਦਲ ਕੇ ਗੈਰ-ਕਾਨੂੰਨੀ ਧੰਦਾ ਚਲਾ ਰਿਹਾ ਸੀ। ਦੱਸਿਆ ਜਾ ਰਿਹਾ ਹੈ ਕਿ ਹਾਲ ਹੀ ਵਿਚ ਇਨ੍ਹਾਂ ਨੇ ਸਿਟੀ ਸੈਂਟਰ ਵਿਚ ਆਪਣੇ ਸਪਾ ਸੈਂਟਰ ਸ਼ੁਰੂ ਕੀਤੇ ਸਨ। ਜਿਵੇਂ ਹੀ ਪੁਲਸ ਨੂੰ ਭਰੋਸੇਯੋਗ ਸੂਚਨਾ ਮਿਲੀ, ਤੁਰੰਤ ਕਾਰਵਾਈ ਕਰਦਿਆਂ ਰੇਡ ਕੀਤੀ ਗਈ। ਥਾਣਾ ਸਿਟੀ-2 ਦੇ ਮੁਖੀ ਇੰਸਪੈਕਟਰ ਸੰਚਾਲਕ ਕਪਤਾਨ ਸਿੰਘ ਜੋ ਹਰਿਆਣਾ ਦੇ ਅੰਬਾਲਾ ਦਾ ਰਹਿਣ ਵਾਲਾ ਦੱਸਿਆ ਜਾ ਰਿਹਾ ਹੈ ਅਤੇ ਦੂਜਾ ਸੰਚਾਲਕ ਮਨੋਜ ਪੁਲਸ ਦੀ ਰੇਡ ਤੋਂ ਪਹਿਲਾਂ ਹੀ ਫਰਾਰ ਹੋ ਗਏ। ਦੋਵਾਂ ਖ਼?ਲਾਫ਼ ਸੰਬੰਧਤ ਧਾਰਾਵਾਂ ਤਹਿਤ ਕੇਸ ਦਰਜ ਕਰਕੇ ਉਨ੍ਹਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀਤਰਵਿੰਦਰ ਕੁਮਾਰ ਬੇਦੀ ਨੇ ਦੱਸਿਆ ਕਿ ਪੁਲਸ ਨੇ ਮਾਮਲੇ ਵਿਚ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਹੈ। ਹਿਰਾਸਤ ਵਿਚ ਲਈਆਂ ਗਈਆਂ ਮਹਿਲਾਵਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਫਰਾਰ ਮੁਲਜ਼ਮਾਂ ਦੀ ਭਾਲ ਲਈ ਟੀਮਾਂ ਬਣਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਜੇ ਜਾਂਚ ਦੌਰਾਨ ਹੋਰ ਵਿਅਕਤੀਆਂ ਦੀ ਭੂਮਿਕਾ ਸਾਹਮਣੇ ਆਉਂਦੀ ਹੈ ਤਾਂ ਉਨ੍ਹਾਂ ਖ਼?ਲਾਫ਼ ਵੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਬੀਕਾਨੇਰ ਸਵੀਟ ਸ਼ਾਪ ’ਚ ਨਾਬਾਲਗ ਦੀਆਂ ਚੋਰੀ-ਛਿਪੇ ਤਸਵੀਰਾਂ ਖਿੱਚਣ ਦਾ ਦੋਸ਼

ਲੁਧਿਆਣਾ 6 ਅਗਸਤ। ਸ਼ਹਿਰ ਦੇ ਫੀਲਡ ਗੰਜ ਇਲਾਕੇ ਵਿੱਚ ਸਥਿਤ ਬੀਕਾਨੇਰ ਸਵੀਟ ਸ਼ਾਪ ਵਿੱਚ ਇੱਕ ਨਾਬਾਲਗ ਲੜਕੀ ਦੀ ਉਸ ਦੀ ਮਰਜ਼ੀ ਤੋਂ ਬਿਨਾਂ ਤਸਵੀਰਾਂ ਖਿੱਚਣ ਅਤੇ ਉਸ ਵੱਲ ਅਸ਼ਲੀਲਤਾ ਪੂਰਨ ਰਵੱਈਆ ਅਪਣਾਉਣ ਦੇ ਦੋਸ਼ ਹੇਠ ਪੁਲਿਸ ਨੇ ਇੱਕ ਨੌਜਵਾਨ ਖ਼?ਲਾਫ਼ ਕੇਸ ਦਰਜ ਕੀਤਾ ਹੈ। ਥਾਣਾ ਡਿਵੀਜ਼ਨ ਨੰਬਰ-2 ਦੀ ਪੁਲਿਸ ਨੇ ਅਮਰਪੁਰਾ ਵਾਸੀ ਇਕ ਲੜਕੀ ਦੀ ਸ਼ਿਕਾਇਤ ’ਤੇ ਕਾਮਰਾਨ ਰੋਡ ਇਲਾਕੇ ਦੇ ਰਹਿਣ ਵਾਲੇ ਪ੍ਰੀਤ ਸਿੰਘ ਖ਼?ਲਾਫ਼ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀ ਧਾਰਾ 74 ਤਹਿਤ ਮਾਮਲਾ ਦਰਜ ਕੀਤਾ ਹੈ। ਲੜਕੀ ਦੇ ਪਿਤਾ ਨੇ ਪੁਲਿਸ ਨੂੰ ਦੱਸਿਆ ਕਿ ਫੀਲਡ ਗੰਜ ਵਿੱਚ ਉਸ ਦੀ ਆਰਟੀਫ਼?ਸ਼ਲ ਗਹਿਣਿਆਂ ਦੀ ਦੁਕਾਨ ਹੈ। ਬੀਤੇ ਦਿਨੀ ਸ਼ਾਮ ਕਰੀਬ 6:40 ਵਜੇ ਉਸ ਦੀ ਨਾਬਾਲਗ ਧੀ ਆਪਣੇ ਭਰਾ ਨਾਲ ਨੇੜਲੇ ਬੀਕਾਨੇਰ ਸਵੀਟ ਸ਼ਾਪ ਵਿੱਚ ਖਾਣਾ ਖਾਣ ਗਈ ਸੀ। ਇਸ ਦੌਰਾਨ ਦੋਸ਼ੀ ਪ੍ਰੀਤ ਸਿੰਘ ਨੇ ਉਸ ਦੀ ਮਰਜ਼ੀ ਤੋਂ ਬਿਨਾਂ ਮੋਬਾਈਲ ਫ਼ੋਨ ਨਾਲ ਉਸ ਦੀਆਂ ਤਸਵੀਰਾਂ ਖਿੱਚੀਆਂ। ਸ਼ਿਕਾਇਤ ਵਿੱਚ ਇਹ ਵੀ ਦੋਸ਼ ਲਗਾਇਆ ਗਿਆ ਹੈ ਕਿ ਉਹ ਨਾਬਾਲਗ ਵੱਲ ਅਸ਼ਲੀਲ ਢੰਗ ਨਾਲ ਦੇਖ ਰਿਹਾ ਸੀ। ਪੁਲਿਸ ਦੀ ਵੱਡੀ ਸਫ਼ਲਤਾ: ਨਸ਼ੀਲੇ ਪਦਾਰਥ ‘ਆਈਸ’ ਅਤੇ ਅਸਲੇ ਸਮੇਤ 3 ਗ੍ਰਿਫ਼ਤਾਰ, ਨਸ਼ਾ ਤਸਕਰਾਂ ’ਤੇ ਪੁਲਿਸ ਦਾ ਸ਼ਿਕੰਜਾ ਪੁਲਿਸ ਨੇ ਸ਼ਿਕਾਇਤ ਦੇ ਆਧਾਰ ’ਤੇ ਕੇਸ ਦਰਜ ਕਰਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਫਿਰੋਜ਼ਪੁਰ ਦੇ ਪਿੰਡ ਅਲੀਕੇ ’ਚ ਵੱਡੀ ਘਟਨਾ, ਪੁਰਾਣੀ ਰੰਜਿਸ਼ ਨੇ ਪੁਆ ਦਿੱਤੇ ਵੈਣ

ਫਿਰੋਜ਼ਪੁਰ 6 ਅਗਸਤ। ਫਿਰੋਜ਼ਪੁਰ ਦੇ ਪਿੰਡ ਅਲੀਕੇ ’ਚ ਵੱਡੀ ਖ਼ਬਰ ਸਾਹਮਣੇ ਆਈ ਹੈ। ਇੱਥੇ ਪੁਰਾਣੀ ਰੰਜਿਸ਼ ਕਾਰਨ ਹੋਏ ਝਗੜੇ ਦੌਰਾਨ ਇਕ ਵਿਅਕਤੀ ਦੀ ਮੌਤ ਹੋ ਗਈ ਹੈ। ਜਾਣਕਾਰੀ ਮੁਤਾਬਕ ਮ੍ਰਿਤਕ ਦੀ ਪਛਾਣ ਗੁਰਬਚਨ ਸਿੰਘ ਵਜੋਂ ਹੋਈ ਹੈ। ਮ੍ਰਿਤਕ ਦੀ ਪਤਨੀ ਨੇ ਦੱਸਿਆ ਕਿ ਬੀਤੀ ਰਾਤ ਉਨ੍ਹਾਂ ਦੇ ਘਰ ਵੜ ਕੇ ਕੁੱਝ ਲੋਕਾਂ ਨੇ ਹਮਲਾ ਕਰ ਦਿੱਤਾ ਸੀ। ਇਸ ਦੌਰਾਨ ਉਸ ਦੇ ਪਤੀ ਗੁਰਬਚਨ ਸਿੰਘ ਦੀ ਮੌਤ ਹੋ ਗਈ। ਪਰਿਵਾਰ ਨੇ ਗੰਭੀਰ ਦੋਸ਼ ਲਾਏ ਕਿ ਝਗੜਾ ਕਿਸੇ ਹੋਰ ਦਾ ਸੀ, ਜਦੋਂ ਕਿ ਸਾਡੇ ਪਰਿਵਾਰਕ ਮੈਂਬਰ ਦੀ ਉਨ੍ਹਾਂ ਨੂੰ ਬਚਾਉਂਦੇ ਹੋਏ ਹੀ ਮੌਤ ਹੋ ਗਈ। ਫਿਲਹਾਲ ਐੱਸ. ਐੱਚ. ਓ. ਥਾਣਾ ਸਦਰ ਗੁਰਵਿੰਦਰ ਕੁਮਾਰ ਦਾ ਕਹਿਣਾ ਹੈ ਕਿ ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ ਅਤੇ ਅੱਗੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਪੰਜਾਬ ਕਾਂਗਰਸ ਦੀ ਖਿੱਚੋਤਾਣ ਨੂੰ ਲੈ ਕੇ ਭਾਵੁਕ ਹੋਏ ਰਾਜਾ ਵੜਿੰਗ, ਕਿਹਾ- ’ਆਪਣੇ ਨਾਅਰੇ ਲਗਵਾਉਣ ਵਾਲਾ...’

**ਕੌਮੀ ਪਤ੍ਰਿਕਾ**

ਸ੍ਰੀ ਮੁਕਤਸਰ ਸਾਹਿਬ 6 ਅਗਸਤ। ਪੰਜਾਬ ਕਾਂਗਰਸ ਵਿਚਾਲੇ ਚੱਲ ਰਹੇ ਖਿੱਚੋਤਾਣ ਨੂੰ ਲੈ ਕੇ ਅੱਜ ਪਾਰਟੀ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਸਟੇਜ ਤੋਂ ਸੰਬੋਧਨ ਕਰਦਿਆਂ ਭਾਵੁਕ ਹੋ ਗਏ। ਸ੍ਰੀ ਮੁਕਤਸਰ ਸਾਹਿਬ ਵਿਖੇ ’ਹਰ ਬੂਥ ਕਾਂਗਰਸ ਮਜਬੂਤ’ ਮੁਹਿੰਮ ਤਹਿਤ ਕਰਵਾਏ ਗਏ ਸਮਾਗਮ ਨੂੰ ਸੰਬੋਧਨ ਕਰਦਿਆਂ ਰਾਜਾ ਵੜਿੰਗ ਨੇ ਕਿਹਾ ਕਿ ਸ਼?ਰੋਮਣੀ ਅਕਾਲੀ ਦਲ, ਭਾਜਪਾ ਅਤੇ ਆਮ ਆਦਮੀ ਪਾਰਟੀ ਵਾਲਿਆਂ ਦੇ ਨਾਲ-ਨਾਲ ਕੁਝ ਆਪਣੇ ਵੀ ਉਨ੍ਹਾਂ ਨੂੰ ਖ਼ਤਮ ਕਰਨਾ ਚਾਹੁੰਦੇ ਹਨ। ਇਸ ਦੇ ਨਾਲ ਹੀ ਵੜਿੰਗ ਨੇ ਪਾਰਟੀ ਦੇ ਕਿਸੇ ਵੀ ਲੀਡਰ ਦਾ ਨਾਂ ਲਏ ਬਗੈਰ ਕਈਆਂ ’ਤੇ ਤਿੱਖੇ ਨਿਸ਼ਾਨੇ ਵਿੰਨ੍ਹੇ। ਸ੍ਰੀ ਮੁਕਤਸਰ ਸਾਹਿਬ ਵਿਖੇ ਸੰਬੋਧਨ ਕਰਦਿਆਂ ਵੜਿੰਗ ਨੇ ਕਿਹਾ ਕਿ ਕੁਝ ਆਪਣੇ ਵੀ ਐਸੇ ਬੇਗਾਨੇ ਹੋ ਗਏ ਕਿ ਉਹ ਮੈਨੂੰ ਖ਼ਤਮ ਕਰਨਾ ਚਾਹੁੰਦੇ ਹਨ। ਵੜਿੰਗ ਨੇ ਕਿਹਾ ਕਿ ਉਨ੍ਹਾਂ ਨੇ ਕੋਈ ਗੁਨਾਹ ਨਹੀਂ ਕੀਤਾ। ਜਦੋਂ ਕਾਂਗਰਸ ਪਾਰਟੀ 80 ਵਿਚੋਂ 18 ਸੀਟਾਂ ’ਤੇ ਆ ਗਈ, ਸਾਰੇ ਮੁੱਖ ਮੰਤਰੀ ਹਾਰ ਗਏ ਤੇ ਸਾਡੇ ਮੰਤਰੀ ਪਾਰਟੀ ਛੱਡ ਕੇ ਭਾਰਤੀ ਜਨਤਾ ਪਾਰਟੀ ਵਿਚ ਚਲੇ ਗਏ, ਜਦੋਂ ਲੋਕ ਪਾਰਟੀ ਛੱਡ ਕੇ 9-9 ਮਹੀਨਿਆਂ ਲਈ ਵਿਦੇਸ਼ ਚਲੇ ਗਏ, ਉਸ ਦੌਰ ਵਿਚ ਉਨ੍ਹਾਂ ਨੂੰ ਪਾਰਟੀ ਦੀ ਕਮਾਨ ਸੌਂਪੀ ਗਈ ਸੀ। ਜਦੋਂ ਉਨ੍ਹਾਂ ਨੇ ਪਹਿਲਾ ਧਰਨਾ ਲਗਾਇਆ ਤਾਂ ਉਸ ਵਿਚ ਸਿਰਫ਼ 90 ਲੋਕ ਹੀ ਪਹੁੰਚੇ ਸਨ, ਪਰ ਅੱਜ ਕਾਂਗਰਸ ਦੇ ਪ੍ਰੋਗਰਾਮਾਂ ਵਿਚ ਇਕੱਠ ਹੋਣ ਲੱਗ ਪਿਆ ਹੈ। ਵੜਿੰਗ ਨੇ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਕੋਲ 80 ਵਿਧਾਇਕ ਸੀ ਤਾਂ ਉਹ ਪੰਜਾਬ ਵਿਚੋਂ 8 ਲੋਕ ਸਭਾ ਸੀਟਾਂ ਪਾਰਟੀ ਨੂੰ ਜਿਤਾ ਸਕੇ ਸਨ ਤੇ ਹੁਣ ਕਾਂਗਰਸ ਦੇ 18 ਵਿਧਾਇਕ ਹੋਣ




ਦੇ ਬਾਵਜੂਦ ਉਨ੍ਹਾਂ ਨੇ 7 ਲੋਕ ਸਭਾ ਸੀਟਾਂ ਜਿਤਵਾਈਆਂ। ਉਨ੍ਹਾਂ ਕਿਹਾ ਕਿ 2022 ਵਿਚ ਮਾਲਵੇ ਦੀਆਂ 69 ਵਿਧਾਨ ਸਭਾ ਸੀਟਾਂ ਵਿਚੋਂ ਕਾਂਗਰਸ ਸਿਰਫ਼ 2 ਸੀਟਾਂ, ਗਿੱਦੜਬਾਹਾ ਤੇ ਅਬੋਹਰ ਹੀ ਜਿੱਤ ਸਕੀ ਸੀ। ਉਨ੍ਹਾਂ ਦੀ ਪ੍ਰਧਾਨਗੀ ਵਿਚ 7 ਲੋਕ ਸਭਾ ਸੀਟਾਂ ਵਿਚੋਂ 4 ਸੀਟਾਂ ਕਾਂਗਰਸ ਨੇ ਜਿੱਤੀਆਂ। ਵੜਿੰਗ ਨੇ ਇਹ ਵੀ ਕਿਹਾ ਕਿ ਵਿਰੋਧੀਆਂ ਵੱਲੋਂ ਜਾਣਬੁੱਝ ਕੇ ਉਨ੍ਹਾਂ ਦੇ ਪ੍ਰੋਗਰਾਮਾਂ ਵਿਚ ਨਾਅਰੇਬਾਜ਼ੀ ਕਰਵਾ ਕੇ ਪ੍ਰੋਗਰਾਮ ਖ਼ਰਾਬ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਪੁੱਛਿਆ ਕਿ ਅੱਜ ਸ੍ਰੀ ਮੁਕਤਸਰ ਸਾਹਿਬ ਵਿਚ ਇਹ ਨਾਅਰੇਬਾਜ਼ੀ ਕਿਉਂ ਨਹੀਂ ਹੋਈ, ਕਿਉਂਕਿ ਇਹ ਕਾਂਗਰਸੀਆਂ ਦਾ ਗੜ੍ਹ ਹੈ। ਵੜਿੰਗ ਨੇ ਕਿਹਾ ਕਿ ਜੇ ਉਹ ਚਾਹੁਣ ਤਾਂ ਪੂਰੀ ਸਭਾ ਵਿਚ ਆਪਣੇ ਨਾਅਰੇ ਲਗਵਾ ਸਕਦੇ ਹਨ, ਪਰ ਜਿਹੜਾ ਲੀਡਰ ਆਪਣੇ ਹੀ ਨਾਅਰੇ ਲਗਵਾਉਂਦਾ ਰਹੇ, ਉਹ ਕਿੱਥੋਂ ਦਾ ਲੀਡਰ ਹੋਇਆ? ਪੰਜਾਬ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਉਹ ਨੌਜਵਾਨਾਂ ਨੂੰ ਅੱਗੇ ਲਿਆਉਣਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਕਈ ਪਰਿਵਾਰ ਅਜਿਹੇ ਹਨ ਜਿਨ੍ਹਾਂ ਨੂੰ ਆਜ਼ਾਦੀ ਤੋਂ ਬਾਅਦ ਲਗਾਤਾਰ ਕਾਂਗਰਸ ਦੀ ਟਿਕਟ ਮਿਲਦੀ ਰਹੀ, ਫ਼?ਰ ਵੀ ਉਹ ਨਹੀਂ ਰੱਜੇ। ਉਹ ਹੁਣ ਵੀ ਕਹਿੰਦੇ ਹਨ ਜੇ ਸਾਡੇ ਕੋਲ ਟਿਕਟ ਆਵੇਗੀ ਤਾਂ ਹੀ ਕਾਂਗਰਸ ਵਿਚ ਰਹਾਂਗੇ, ਨਹੀਂ ਤਾਂ ਕਾਂਗਰਸ ਨੂੰ ਮਾਰ ਦਿਆਂਗੇ। ਵੜਿੰਗ ਨੇ ਕਿਹਾ ਕਿ ਕਾਂਗਰਸ ਨੂੰ ਕਿਸੇ ਗੱਲ ਦੀ ਕਮੀ ਨਹੀਂ ਹੈ, ਲੋਕਾਂ ਨੂੰ ਸਿਰਫ਼ ਉਨ੍ਹਾਂ ਚਿਹਰਿਆਂ ਤੋਂ ਨਫ਼ਰਤ ਸੀ। ਲੋਕ ਚਿਹਰਾ ਬਦਲਣਾ ਚਾਹੁੰਦੇ ਹਨ ਤੇ ਕਾਂਗਰਸ ਨੂੰ ਦੁਬਾਰਾ ਸੱਤਾ ਵਿਚ ਵਾਪਸ ਲਿਆਉਣਾ ਚਾਹੁੰਦੇ ਹਨ। ਵੜਿੰਗ ਨੇ ਸਪਸ਼ਟ ਕੀਤਾ ਕਿ ਉਨ੍ਹਾਂ ਨੂੰ ਮੁੱਖ ਮੰਤਰੀ ਬਣਨ ਦੀ ਕੋਈ ਇੱਛਾ ਨਹੀਂ ਹੈ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਭਾਵੇਂ ਸਵੇਰੇ ਹੀ ਉਨ੍ਹਾਂ ਨੂੰ ਪ੍ਰਧਾਨਗੀ ਤੋਂ ਹਟਾ ਦੇਣ, ਫ਼?ਰ ਵੀ ਉਹ ਕਾਂਗਰਸ ਪਾਰਟੀ ਦਾ ਸਾਥ ਨਹੀਂ ਛੱਡਣਗੇ। ਇਸ ਦੌਰਾਨ ਉਨ੍ਹਾਂ ਇਹ ਵੀ ਦੱਸਿਆ ਕਿ ਉਨ੍ਹਾਂ ਨੂੰ ਕਿਸੇ ਅਣਪਛਾਤੇ ਨੰਬਰ ਤੋਂ ਧਮਕੀ ਦਿੱਤੀ ਗਈ ਕਿ ਮਾਨਸਾ ਤੇ ਬਠਿੰਡਾ ਵਿਚ ਉਨ੍ਹਾਂ ਉੱਪਰ ਆਂਡੇ ਤੇ ਸਿਆਹੀ ਸੁੱਟੀ ਜਾਵੇਗੀ। ਉਨ੍ਹਾਂ ਕਿਹਾ ਕਿ ਉਹ ਇਨ੍ਹਾਂ ਚੀਜ਼ਾਂ ਤੋਂ ਡਰਨ ਵਾਲੇ ਨਹੀਂ ਹਨ।